ਬੁੱਧਵਾਰ, 8 ਅਪ੍ਰੈਲ, 2026
26 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 307

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 8 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਟਰੰਪ ਵੱਲੋਂ ਈਰਾਨੀ ਸੱਭਿਅਤਾ ਹੀ ਖਤਮ ਕਰ ਦੇਣ ਦੀ ਧਮਕੀ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਮੰਗਲਵਾਰ ਰਾਤ ਇੱਕ ਪੂਰੀ ਸਭਿਅਤਾ ਖਤਮ ਹੋ ਜਾਵੇਗੀ, ਪਰ ਨਾਲ ਹੀ ਇਹ ਵੀ ਕਿਹਾ ਕਿ ਅਮਰੀਕਾ ਵੱਲੋਂ ਤੈਅ ਕੀਤੀ ਗਈ ਰਾਤ 8 ਵਜੇ ਦੀ ਸਮਾਂ ਸੀਮਾ ਤੋਂ ਪਹਿਲਾਂ ਈਰਾਨ ਕੋਲ ਆਤਮ-ਸਮਰਪਣ (ਸਮਝੌਤਾ) ਕਰਨ ਦਾ ਸਮਾਂ ਹੈ। ਟਰੰਪ ਨੇ ਈਰਾਨ ਨੂੰ ਹਾਰਮੁਜ਼ ਜਲ ਮਾਰਗ ਨੂੰ ਮੁੜ ਖੋਲ੍ਹਣ ਸਮੇਤ ਹੋਰ ਸ਼ਰਤਾਂ 'ਤੇ ਸਹਿਮਤ ਹੋਣ ਲਈ 12 ਘੰਟੇ ਦਾ ਸਮਾਂ ਦਿੱਤਾ ਹੈ, ਅਜਿਹਾ ਨਾ ਕਰਨ 'ਤੇ ਉਸ ਨੂੰ ਭਿਆਨਕ ਹਮਲਿਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਟਰੰਪ ਨੇ ਆਪਣੇ ਸੋਸ਼ਲ ਮੀਡੀਆ ਸਾਈਟ 'ਤੇ ਲਿਖਿਆ, 'ਅੱਜ ਰਾਤ ਇੱਕ ਪੂਰੀ ਸਭਿਅਤਾ ਮਰ ਜਾਵੇਗੀ, ਜੋ ਕਦੇ ਵਾਪਸ ਨਹੀਂ ਆਵੇਗੀ। ਮੈਂ ਨਹੀਂ ਚਾਹੁੰਦਾ ਕਿ ਅਜਿਹਾ ਹੋਵੇ, ਪਰ ਸ਼ਾਇਦ ਅਜਿਹਾ ਹੀ ਹੋਵੇਗਾ।' ਹਾਲਾਂਕਿ, ਟਰੰਪ ਨੇ ਉਮੀਦ ਦੀ ਇੱਕ ਖਿੜਕੀ ਖੁੱਲ੍ਹੀ ਰੱਖਦਿਆਂ ਕਿਹਾ, 'ਸ਼ਾਇਦ ਕੁਝ ਕ੍ਰਾਂਤੀਕਾਰੀ ਅਤੇ ਸ਼ਾਨਦਾਰ ਵਾਪਰ



ਸਕਦਾ ਹੈ।' ਟਰੰਪ ਨੇ ਕਿਹਾ ਕਿ ਜੇ ਮੰਗਲਵਾਰ ਰਾਤ 8 ਵਜੇ ਤੱਕ ਸਮਝੌਤਾ ਨਾ ਹੋਇਆ, ਤਾਂ ਈਰਾਨ ਦੇ ਸਾਰੇ ਪਾਵਰ ਪਲਾਂਟ ਅਤੇ ਪੁਲ ਤਬਾਹ ਕਰ ਦਿੱਤੇ ਜਾਣਗੇ। ਮਿਸਰ, ਪਾਕਿਸਤਾਨ ਅਤੇ ਤੁਰਕੀ ਵੱਲੋਂ ਵਿਚੋਲਗੀ ਦੀਆਂ ਕੋਸ਼ਿਸ਼ਾਂ ਜਾਰੀ ਸਨ, ਪਰ ਈਰਾਨ ਦਾ ਕਹਿਣਾ ਹੈ ਕਿ ਉਹ ਅਮਰੀਕਾ 'ਤੇ ਭਰੋਸਾ ਨਹੀਂ ਕਰ ਸਕਦਾ। ਇਸੇ ਦੌਰਾਨ ਭਾਰਤ ਵਿੱਚ ਈਰਾਨ ਦੇ ਰਾਜਦੂਤ ਮੁਹੰਮਦ ਫਤਾਲੀ ਨੇ ਈਰਾਨੀ ਬੁਨਿਆਦੀ ਢਾਂਚੇ 'ਤੇ ਕਿਸੇ ਵੀ ਹਮਲੇ ਦੇ ਵਿਰੁੱਧ ਸਖਤ ਚਿਤਾਵਨੀ ਜਾਰੀ ਕੀਤੀ ਹੈ। ਉਨ੍ਹਾ ਕਿਹਾ ਕਿ ਜੇ ਕੋਈ ਵੱਡਾ ਸੰਘਰਸ਼ ਸ਼ੁਰੂ ਹੁੰਦਾ ਹੈ, ਤਾਂ ਇਹ ਕਾਬੂ ਤੋਂ ਬਾਹਰ ਹੋ ਸਕਦਾ ਹੈ। ਫਤਾਲੀ ਨੇ ਕਿਹਾ, 'ਅਸੀਂ ਕਿਹਾ ਹੈ ਕਿ ਜੇ ਤੁਸੀਂ ਜੰਗ ਸ਼ੁਰੂ ਕਰਦੇ ਹੋ, ਤਾਂ ਤੁਸੀਂ ਇਸ ਨੂੰ ਖਤਮ ਨਹੀਂ ਕਰ ਸਕੋਗੇ। ਅਸੀਂ ਫਿਰ ਕਹਿ ਰਹੇ ਹਾਂ : ਜੇਕਰ ਤੁਸੀਂ ਸਾਡੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਂਦੇ ਹੋ... ਤਾਂ ਪਿਛਲੀਆਂ ਗਲਤੀਆਂ ਤੋਂ ਸਬਕ ਸਿੱਖੋ।'

## ਮਨੀਪੁਰ 'ਚ 2 ਬੱਚਿਆਂ ਦੀ ਮੌਤ ਤੋਂ ਬਾਅਦ ਹਿੰਸਾ, ਫਾਇਰਿੰਗ 'ਚ 2 ਮੌਤਾਂ

**ਇੰਫਾਲ** : ਮਨੀਪੁਰ ਦੇ ਗ੍ਰਹਿ ਮੰਤਰੀ ਗੋਵਿੰਦਾਸ ਕੋਥੌਜਮ ਨੇ ਦੱਸਿਆ ਕਿ ਬਿਸ਼ਨੂਪੁਰ ਜ਼ਿਲ੍ਹੇ ਵਿੱਚ ਗੁੱਸੇ 'ਚ ਆਈ ਭੀੜ ਨੇ ਸੀ ਆਰ ਪੀ ਐੱਫ ਦੇ ਕੈਂਪ ਵਿਚ ਦਾਖਲ ਹੋ ਕੇ ਭੰਨਤੋੜ ਕੀਤੀ। ਇਹ ਲੋਕ ਮੋਇਰੰਗ ਤ੍ਰੋਂਗਲਾਓਬੀ ਖੇਤਰ ਵਿੱਚ ਹੋਏ ਇੱਕ ਬੰਬ ਹਮਲੇ ਵਿੱਚ ਦੋ ਬੱਚਿਆਂ ਦੀ ਮੌਤ ਦਾ ਵਿਰੋਧ ਕਰ ਰਹੇ ਸਨ। ਪ੍ਰਦਰਸ਼ਨਕਾਰੀਆਂ ਨੇ ਕੈਂਪ ਵਿੱਚ ਦਾਖਲ ਹੋ ਕੇ ਵਾਹਨ ਸਾੜ ਦਿੱਤੇ ਅਤੇ ਕੈਂਪ ਦੀ ਜਾਇਦਾਦ ਨੂੰ ਕਾਫੀ ਨੁਕਸਾਨ ਪਹੁੰਚਾਇਆ। ਭੀੜ ਨੇ ਇੱਕ ਪੈਟਰੋਲ ਪੰਪ ਕੋਲ ਦੋ ਆਇਲ ਟੈਂਕਰਾਂ ਤੇ ਇੱਕ ਟਰੱਕ ਨੂੰ ਵੀ ਅੱਗ ਲਾ ਦਿੱਤੀ।

ਮੰਗਲਵਾਰ ਤੜਕੇ ਮੈਤੇਈ ਬਹੁਗਿਣਤੀ ਵਾਲੀ ਵਾਦੀ ਤੇ • ਬਾਕੀ ਸਫਾ 2 'ਤੇ

## ਭਗਵੰਤ ਮਾਨ ਵੱਲੋਂ ਹੁਸ਼ਿਆਰਪੁਰ ਨੂੰ 268 ਕਰੋੜ ਦੀਆਂ ਵਿਸ਼ਵ ਪੱਧਰੀ ਸਹੂਲਤਾਂ ਦਾ ਤੋਹਫਾ

**ਹੁਸ਼ਿਆਰਪੁਰ (ਬਲਬੀਰ ਸੈਣੀ, ਓ ਪੀ ਰਾਣਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਹੁਸ਼ਿਆਰਪੁਰ ਵਿੱਚ 516 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ, ਜਿਸ ਵਿੱਚ ਸ਼ਾਮ ਚੁਰਾਸੀ ਵਿਧਾਨ ਸਭਾ ਹਲਕੇ ਵਿੱਚ ਸਿਹਤ ਸੰਭਾਲ ਬੁਨਿਆਦੀ ਢਾਂਚੇ ਦਾ ਵੱਡੇ ਪੱਧਰ 'ਤੇ ਵਿਸਥਾਰ ਅਤੇ ਜ਼ਮੀਨੀ ਪੱਧਰ 'ਤੇ ਨਵੇਂ ਪ੍ਰੋਜੈਕਟ ਸ਼ਾਮਲ ਹਨ। ਰਾਜ ਪੱਧਰੀ ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਦੋ ਸਾਲਾਂ ਦੇ ਅੰਦਰ ਪੂਰਾ ਹੋ ਜਾਵੇਗਾ, ਜਿੱਥੇ ਸਾਲਾਨਾ 100 ਐੱਮ ਬੀ ਬੀ ਐੱਸ ਡਾਕਟਰਾਂ ਨੂੰ ਸਿਖਲਾਈ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਓ ਪੀ ਡੀ, ਐੱਮ ਆਰ ਆਈ, ਸੀ ਟੀ ਸਕੈਨ ਅਤੇ ਵਿਸ਼ੇਸ਼ ਵਿਭਾਗਾਂ ਸਮੇਤ ਉੱਨਤ ਸਹੂਲਤਾਂ ਨਾਲ



ਲੈਸ 300 ਬਿਸਤਰਿਆਂ ਵਾਲਾ ਹਸਪਤਾਲ ਵੀ ਬਣਾਇਆ ਜਾਵੇਗਾ।ਮਾਨ ਨੇ ਸ਼ਾਮ ਚੁਰਾਸੀ ਵਿੱਚ 30 ਬਿਸਤਰਿਆਂ ਵਾਲੇ ਕਮਿਊਨਿਟੀ ਹੈੱਲਥ ਸੈਂਟਰ ਦਾ ਨੀਂਹ ਪੱਥਰ ਰੱਖਿਆ, ਜੋ ਆਧੁਨਿਕ ਅਪ੍ਰੇਸ਼ਨ ਥੀਏਟਰ, ਲੈਬ, ਐਕਸ-ਰੇ, ਟੀਕਾਕਰਨ ਅਤੇ ਜਣੇਪਾ ਸੰਭਾਲ ਸੇਵਾਵਾਂ ਨਾਲ ਲੈਸ ਹੈ, ਜਿਸ ਨਾਲ 40 ਤੋਂ ਵੱਧ ਪਿੰਡਾਂ ਨੂੰ ਲਾਭ ਹੋਵੇਗਾ। ਉਨ੍ਹਾ ਹਲਕੇ ਵਿੱਚ ਸੱਤ ਹੋਰ ਹੈੱਲਥ ਤੇ ਵੈੱਲਨੈੱਸ ਕੇਂਦਰਾਂ ਦੇ • ਬਾਕੀ ਸਫਾ 2 'ਤੇ






## ਨਗਰ ਨਿਗਮ ਚੋਣਾਂ ਦੀ ਤਿਆਰੀ ਸ਼ੁਰੂ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ ਨਗਰ ਨਿਗਮਾਂ ਦੀਆਂ ਚੋਣਾਂ ਕਰਵਾਉਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਜਿਨ੍ਹਾਂ ਨਿਗਮਾਂ ਦੀ ਮਿਆਦ ਖਤਮ ਹੋ ਰਹੀ ਹੈ, ਉਨ੍ਹਾਂ ਵਿੱਚ ਪ੍ਰਸ਼ਾਸਕਾਂ ਦੀ ਨਿਯੁਕਤੀ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਚੋਣਾਂ ਦੀ ਤਰੀਕ ਦਾ ਐਲਾਨ ਇਸੇ ਮਹੀਨੇ ਦੇ ਅਖੀਰ ਵਿੱਚ ਕੀਤਾ ਜਾਣਾ ਹੈ ਅਤੇ ਚੋਣਾਂ ਮਈ ਵਿੱਚ ਹੋਣ ਦੀ ਸੰਭਾਵਨਾ ਹੈ। ਮੁਹਾਲੀ, ਹੁਸ਼ਿਆਰਪੁਰ, ਮੋਗਾ, ਬਠਿੰਡਾ, ਬਟਾਲਾ, ਕਪੂਰਥਲਾ, ਅਬੋਹਰ ਅਤੇ ਪਠਾਨਕੋਟ ਦੀਆਂ ਅੱਠ ਨਿਗਮਾਂ ਦੀ ਮਿਆਦ ਇਸੇ ਮਹੀਨੇ ਖਤਮ ਹੋਣ ਵਾਲੀ ਹੈ, ਜਦੋਂ ਕਿ ਨਵੀਂ ਬਣੀ ਬਰਨਾਲਾ ਨਿਗਮ ਦੀਆਂ ਚੋਣਾਂ ਪਹਿਲੀ ਵਾਰ ਕਰਵਾਈਆਂ ਜਾਣੀਆਂ ਹਨ। ਇਨ੍ਹਾਂ ਚੋਣਾਂ ਨੂੰ ਵਿਧਾਨ ਸਭਾ ਚੋਣਾਂ ਦੀ 'ਵੱਡੀ ਸਿਆਸੀ ਜੰਗ' ਤੋਂ ਪਹਿਲਾਂ ਦਾ ਸੈਮੀਫਾਈਨਲ ਮੰਨਿਆ ਜਾ ਰਿਹਾ ਹੈ, ਜੋ ਕਿ ਹੁਣ ਤੋਂ ਕੁਝ ਮਹੀਨਿਆਂ ਬਾਅਦ ਹੋਣੀਆਂ ਹਨ। ਇਹ ਚੋਣਾਂ ਪਾਰਟੀ ਚੋਣ ਨਿਸ਼ਾਨਾਂ 'ਤੇ ਲੜੀਆਂ ਜਾਣਗੀਆਂ ਅਤੇ ਸਾਰੀਆਂ ਸਿਆਸੀ ਪਾਰਟੀਆਂ ਇਨ੍ਹਾਂ ਚੋਣਾਂ ਰਾਹੀਂ ਸੂਬੇ ਦੇ ਸ਼ਹਿਰੀ ਖੇਤਰਾਂ ਵਿੱਚ ਆਪਣੀ ਤਾਕਤ ਦੀ ਪਰਖ ਕਰਨਗੀਆਂ।

## ਵਿਸਾਖੀ ਤੱਕ ਕਈ ਛੁੱਟੀਆਂ!

**ਚੰਡੀਗੜ੍ਹ** : ਪੰਜਾਬ ਵਿੱਚ ਅੱਠ ਤੋਂ 14 ਅਪਰੈਲ ਦਰਮਿਆਨ ਕਈ ਦਿਨ ਛੁੱਟੀਆਂ ਪੈ ਰਹੀਆਂ ਹਨ। ਅੱਠ ਅਪਰੈਲ ਨੂੰ ਨਾਭਾ ਦਾਸ ਜੀ ਦੇ ਜਨਮ ਦਿਵਸ 'ਤੇ ਗਜ਼ਟਿਡ ਛੁੱਟੀ ਐਲਾਨੀ ਗਈ ਹੈ, ਜਿਸ ਦੇ ਚੱਲਦੇ ਸਕੂਲ, ਕਾਲਜ ਅਤੇ ਸਰਕਾਰੀ ਦਫਤਰ ਬੰਦ ਰਹਿਣਗੇ। ਇਸ ਤੋਂ ਬਾਅਦ ਦੂਜਾ ਸਨਿੱਚਰਵਾਰ 11 ਅਪਰੈਲ ਨੂੰ ਆ ਰਿਹਾ ਹੈ ਤੇ 12 ਅਪਰੈਲ ਨੂੰ ਐਤਵਾਰ ਹੈ। ਵਿਸਾਖੀ 13 ਜਾਂ 14 ਅਪਰੈਲ ਨੂੰ ਮਨਾਈ ਜਾਂਦੀ ਹੈ। 14 ਅਪ੍ਰੈਲ ਨੂੰ ਸਰਕਾਰੀ ਛੁੱਟੀ ਹੋਵੇਗੀ। ਇਸ ਦਿਨ ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਨ ਵੀ ਹੈ, ਜਿਸ ਦੇ ਚੱਲਦੇ ਪੰਜਾਬ ਵਿੱਚ ਗਜ਼ਟਿਡ ਛੁੱਟੀ ਦਾ ਐਲਾਨ ਕੀਤਾ ਗਿਆ ਹੈ, ਇਸ ਦਿਨ ਵੀ ਸੂਬੇ ਭਰ ਦੇ ਸਕੂਲ, ਕਾਲਜ ਤੇ ਸਰਕਾਰੀ ਦਫਤਰ ਬੰਦ ਰਹਿਣਗੇ।

## ਬੈਂਕ ਲੁੱਟਣ ਵਾਲਾ ਗ੍ਰਿਫਤਾਰ

**ਜਲੰਧਰ** : ਕਮਿਸ਼ਨਰੇਟ ਪੁਲਸ ਨੇ ਖੁਰਲਾ ਕਿੰਗਰਾ ਸਥਿਤ ਪੀ ਐੱਨ ਬੀ ਬੈਂਕ ਵਿੱਚ ਸੋਮਵਾਰ ਹੋਈ ਡਕੈਤੀ ਦੇ ਮਾਮਲੇ ਸਿਮਰਨਜੀਤ ਸਿੰਘ ਨੂੰ ਗ੍ਰਿਫਤਾਰ ਕੀਤਾ ਹੈ, ਜੋ ਕਿ ਮਰਹੂਮ ਡੀ ਐੱਸ ਪੀ ਦਾ ਪੁੱਤਰ ਹੈ।



ਪੁਲਸ ਮੁਤਾਬਕ ਪਿਤਾ ਦੀ ਮੌਤ ਤੋਂ ਬਾਅਦ ਸਿਮਰਨਜੀਤ ਨਸ਼ਿਆਂ ਦਾ ਆਦੀ ਹੋ ਗਿਆ ਸੀ। ਲਤ ਪੂਰੀ ਕਰਨ ਲਈ ਉਸ ਨੇ ਬੈਂਕ ਲੁੱਟਣ ਦੀ ਯੋਜਨਾ ਬਣਾਈ। ਪੁਲਸ ਨੇ ਉਸ ਕੋਲੋਂ ਰਿਵਾਲਵਰ ਤੇ ਤਿੰਨ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਸਿਮਰਨਜੀਤ ਸਿੰਘ ਉਰਫ ਅਮਰੀਕ ਸਿੰਘ ਗ੍ਰੀਨ ਮਾਡਲ ਟਾਊਨ ਦਾ ਰਹਿਣ ਵਾਲਾ ਹੈ। ਪੁਲਸ ਮੁਤਾਬਕ ਲੁੱਟ ਦੀ ਰਕਮ ਨੂੰ ਦੋਵਾਂ ਮੁਲਜ਼ਮਾਂ ਨੇ ਆਪਸ 'ਚ 3-3 ਲੱਖ ਰੁਪਏ 'ਚ ਵੰਡ ਲਿਆ ਸੀ। 3 ਲੱਖ ਰੁਪਏ ਸਿਮਰਨਜੀਤ ਸਿੰਘ ਕੋਲੋਂ ਬਰਾਮਦ ਹੋ ਗਏ ਹਨ। ਬਾਕੀਆਂ ਦੀ ਬਰਾਮਦਗੀ ਲਈ ਫਰਾਰ ਮੁਲਜ਼ਮ ਦੀ ਭਾਲ ਕੀਤੀ ਜਾ ਰਹੀ ਹੈ।

## ਮੱਖਣ ਬਰਾੜ ਦੀ ਘਰ ਵਾਪਸੀ



**ਮੋਗਾ** : ਬਰਜਿੰਦਰ ਸਿੰਘ ਮੱਖਣ ਬਰਾੜ ਅਕਾਲੀ ਦਲ (ਪੁਨਰ ਸੁਰਜੀਤ) ਨੂੰ ਛੱਡ ਕੇ ਮੰਗਲਵਾਰ ਪਿੰਡ ਬਾਦਲ ਵਿਖੇ ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਵਿੱਚ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋ ਗਏ। ਉਨ੍ਹਾ ਨੂੰ ਸੁਖਬੀਰ ਸਿੰਘ ਬਾਦਲ ਨੇ ਸਿਰੋਪਾਓ ਪਾ ਕੇ ਪਾਰਟੀ 'ਚ ਸ਼ਾਮਲ ਕੀਤਾ। ਮੱਖਣ ਬਰਾੜ ਨੇ ਕਿਹਾ ਕਿ ਸਥਿਤੀਆਂ ਕੁਝ ਅਜਿਹੀਆਂ ਸਨ ਕਿ ਉਨ੍ਹਾ ਨੂੰ ਮਾਂ ਪਾਰਟੀ ਤੋਂ ਥੋੜ੍ਹੇ ਸਮੇਂ ਲਈ ਪਾਸੇ ਰਹਿਣਾ ਪਿਆ, ਪਰ ਉਹ ਹੁਣ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਪੂਰੀ ਮਿਹਨਤ ਕਰਨਗੇ।

## 70 ਅਸਾਮੀਆਂ ਲਈ ਸਿੱਧੀ ਭਰਤੀ ਨੂੰ ਮਨਜ਼ੂਰੀ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਮੰਗਲਵਾਰ ਯੋਜਨਾਬੰਦੀ ਵਿਭਾਗ ਵਿੱਚ 70 ਅਸਾਮੀਆਂ ਲਈ ਸਿੱਧੀ ਭਰਤੀ ਪ੍ਰਕਿਰਿਆ ਨੂੰ ਰਸਮੀ ਤੌਰ 'ਤੇ ਪ੍ਰਵਾਨਗੀ ਦੇ ਦਿੱਤੀ ।ਅੰਕੜਾ ਡਾਇਰੈਕਟੋਰੇਟ ਅਤੇ ਆਰਥਿਕ ਨੀਤੀ ਤੇ ਯੋਜਨਾ ਬੋਰਡ ਦੇ ਅਧੀਨ ਆਉਂਦੀਆਂ ਵੱਖ-ਵੱਖ ਗਰੁੱਪ ਏ, ਬੀ ਅਤੇ ਸੀ ਦੀਆਂ ਅਸਾਮੀਆਂ ਲਈ ਸਿੱਧੀ ਭਰਤੀ ਸ਼ੁਰੂ ਕਰਨ ਲਈ ਰਸਮੀ ਮਨਜ਼ੂਰੀ ਦੇ ਦਿੱਤੀ ਗਈ ਹੈ। ਚੀਮਾ ਨੇ ਕਿਹਾ ਕਿ ਕੁੱਲ 70 ਖਾਲੀ ਅਸਾਮੀਆਂ ਵਿੱਚੋਂ 68 ਅਸਾਮੀਆਂ ਅੰਕੜਾ ਡਾਇਰੈਕਟੋਰੇਟ ਵਿੱਚ ਭਰੀਆਂ ਜਾਣਗੀਆਂ। ਇਸ ਵਿੱਚ 14 ਸਹਾਇਕ ਖੋਜ ਅਫ਼ਸਰਾਂ, 4 ਸੀਨੀਅਰ ਸਹਾਇਕਾਂ ਅਤੇ 50 ਇਨਵੈਸਟੀਗੇਟਰਾਂ ਦੀ ਸਿੱਧੀ ਭਰਤੀ ਸ਼ਾਮਲ ਹੈ। ਬਾਕੀ ਦੋ ਅਸਾਮੀਆਂ ਆਰਥਿਕ ਨੀਤੀ ਅਤੇ ਯੋਜਨਾ ਬੋਰਡ ਨੂੰ ਅਲਾਟ ਕੀਤੀਆਂ ਗਈਆਂ ਹਨ, ਜਿਸ ਵਿੱਚ ਇੱਕ ਗਰੁੱਪ-ਏ ਪ੍ਰੋਗਰਾਮਰ ਅਤੇ ਇੱਕ ਸੀਨੀਅਰ ਸਹਾਇਕ ਦੀ ਭਰਤੀ ਸ਼ਾਮਲ ਹੋਵੇਗੀ।

## ਡਾ. ਨਵਜੋਤ ਕੌਰ ਨੇ ਪਾਰਟੀ ਬਣਾਈ




**ਚੰਡੀਗੜ੍ਹ** : ਪੰਜਾਬ ਦੀ ਸਿਆਸਤ ਵਿੱਚ ਮੰਗਲਵਾਰ ਹਲਚਲ ਵੇਖਣ ਨੂੰ ਮਿਲੀ, ਜਦੋਂ ਸਾਬਕਾ ਕ੍ਰਿਕਟਰ ਤੇ ਕਾਂਗਰਸੀ ਆਗੂ ਨਵਜੋਤ ਸਿੰਘ ਸਿੱਧੂ ਦੀ ਪਤਨੀ ਡਾ. ਨਵਜੋਤ ਕੌਰ ਸਿੱਧੂ ਨੇ ਆਪਣੀ 'ਭਾਰਤੀ ਰਾਸ਼ਟਰਵਾਦੀ ਪਾਰਟੀ' ਬਣਾਉਣ ਦਾ ਐਲਾਨ ਕੀਤਾ। 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਲਏ ਗਏ ਇਸ ਫੈਸਲੇ ਨੇ ਸੂਬੇ ਦੇ ਸਿਆਸੀ ਸਮੀਕਰਨਾਂ ਨੂੰ ਗੁੰਝਲਦਾਰ ਬਣਾ ਦਿੱਤਾ ਹੈ। ਇਹ ਐਲਾਨ ਡਾ. ਸਿੱਧੂ ਨੂੰ ਕਾਂਗਰਸ ਵਿੱਚੋਂ ਕੱਢਣ ਦੇ ਮਹਿਜ਼ ਦੋ ਮਹੀਨੇ ਬਾਅਦ ਹੋਇਆ ਹੈ।

ਡਾ. ਸਿੱਧੂ ਨੇ ਸੋਸ਼ਲ ਮੀਡੀਆ 'ਤੇ ਇਸ ਫੈਸਲੇ ਨੂੰ 'ਰੱਬੀ ਫੁਰਮਾਨ' ਦੱਸਦਿਆਂ ਕਿਹਾ ਕਿ ਉਨ੍ਹਾ ਦੀ ਪਾਰਟੀ ਪੰਜਾਬ ਦੀ ਗੁਆਚੀ ਹੋਈ ਸ਼ਾਨ ਬਹਾਲ ਕਰਕੇ ਇਸ ਨੂੰ ਮੁੜ 'ਸੁਨਹਿਰੀ ਰਾਜ' ਬਣਾਉਣ ਲਈ ਕੰਮ ਕਰੇਗੀ। ਉਨ੍ਹਾ ਕਿਹਾ ਕਿ ਇਹ ਪਾਰਟੀ ਨਿਆਂ, ਸ਼ਾਂਤੀ ਅਤੇ ਅਧਿਆਤਮਕ ਗੁਣਾਂ 'ਤੇ ਅਧਾਰਤ ਹੋਵੇਗੀ। ਹਾਲਾਂਕਿ, ਨਵਜੋਤ ਸਿੰਘ ਸਿੱਧੂ ਦੀ ਇਸ ਨਵੀਂ ਪਾਰਟੀ ਵਿੱਚ ਭੂਮਿਕਾ ਅਜੇ ਵੀ ਰਹੱਸ ਬਣੀ ਹੋਈ ਹੈ, ਕਿਉਂਕਿ ਉਨ੍ਹਾ ਦੇ ਸੋਸ਼ਲ ਮੀਡੀਆ ਖਾਤਿਆਂ 'ਤੇ ਅਜੇ ਵੀ ਗਾਂਧੀ ਪਰਵਾਰ ਦੀਆਂ ਤਸਵੀਰਾਂ ਹਨ ਅਤੇ ਉਹ ਸਿਆਸਤ ਤੋਂ ਦੂਰ ਸ਼ੋਅਬਿਜ਼ ਵਿੱਚ ਰੁੱਝੇ ਹੋਏ ਹਨ। ਸਿਆਸੀ ਮਾਹਰ ਇਸ ਕਦਮ ਨੂੰ ਵਿਰੋਧੀ ਵੋਟਾਂ ਦੇ ਖਿੰਡਾਅ ਵਜੋਂ ਦੇਖ ਰਹੇ ਹਨ।

## ਧਾਲੀਵਾਲ ਨੇ ਛੱਪੜ 'ਚ ਪਿੱਲੀਆਂ ਇੱਟਾਂ ਲਾਉਂਦੇ ਫੜੇ



**ਰਮਦਾਸ** : ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਪੰਜਾਬ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਨੇ ਮੰਗਲਵਾਰ ਸਰਹੱਦੀ ਕਸਬਾ ਰਮਦਾਸ ਵਿਖੇ ਪਿੱਲੀਆਂ ਇੱਟਾਂ ਲਗਾ ਕੇ ਪੱਕੇ ਕੀਤੇ ਜਾ ਰਹੇ ਛੱਪੜ ਵਾਲੇ ਸਥਾਨ 'ਤੇ ਪਹੁੰਚ ਕੇ ਠੇਕੇਦਾਰ ਵਿਰੁੱਧ ਪਰਚਾ ਦਰਜ ਕਰਨ ਅਤੇ ਸੰਬੰਧਤ ਅਧਿਕਾਰੀਆਂ ਵਿਰੁੱਧ ਕਾਰਵਾਈ ਕਰਨ ਦੇ ਆਦੇਸ਼ ਦਿੱਤੇ। ਧਾਲੀਵਾਲ ਨੂੰ ਸ਼ਿਕਾਇਤ ਮਿਲੀ ਸੀ ਕਿ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਰਮਦਾਸ ਕਸਬੇ ਵਿੱਚ ਪੱਕੇ ਕੀਤੇ ਜਾ ਰਹੇ ਛੱਪੜ ਵਿੱਚ ਘਟੀਆ ਮਟੀਰੀਅਲ ਵਰਤਿਆ ਜਾ ਰਿਹਾ ਹੈ ਅਤੇ ਇਸ ਬਾਰੇ ਤੁਰੰਤ ਐਕਸ਼ਨ ਕਰਦਿਆਂ ਉਹ ਸਵੇਰੇ ਮੌਕੇ 'ਤੇ ਪਹੁੰਚੇ ਅਤੇ ਠੇਕੇਦਾਰ ਵਲੋਂ ਛੱਪੜ ਵਿੱਚ ਪਿੱਲੀਆਂ ਇੱਟਾਂ ਅਤੇ ਘਟੀਆ ਮਟੀਰੀਅਲ ਵਰਤਿਆ ਜਾਂਦਾ ਵੇਖ ਗੁੱਸੇ ਵਿੱਚ ਆ ਗਏ ਅਤੇ ਤੁਰੰਤ ਕੰਮ ਬੰਦ ਕਰਵਾ ਦਿੱਤਾ। ਉਨ੍ਹਾ ਤੁਰੰਤ ਨਗਰ ਕੌਂਸਲ ਦੇ ਈ ਓ ਨੂੰ ਆਦੇਸ਼ ਦਿੱਤੇ ਕਿ ਤੁਰੰਤ ਰਿਪੋਰਟ ਤਿਆਰ ਕਰਕੇ ਠੇਕੇਦਾਰ ਵਿਰੁੱਧ ਕੇਸ ਦਰਜ ਕਰਨ • ਬਾਕੀ ਸਫਾ 2 'ਤੇ

## ਅੱਜ-ਨਾਮਾ

ਫਸਿਆ ਪੁਲਸ ਦਾ ਸੁਣੀਂਦਾ ਹੋਰ ਅਫਸਰ,
ਚੋਖਾ ਰਿਸ਼ਵਤ ਨੂੰ ਹੱਥ ਗਿਆ ਮਾਰ ਬੇਲੀ।
ਡਰੱਗ ਦੇ ਕੇਸ ਵਿੱਚ ਬੜੇ ਉਸ ਲਏ ਪੈਸੇ,
ਮਗਰੋਂ ਕਈ ਥਾਂ ਜੁੜਦੀ ਗਈ ਤਾਰ ਬੇਲੀ।
ਫਸਿਆ ਬੇਸ਼ੱਕ ਸੀ ਕਈਆਂ ਹਫਤਿਆਂ ਦਾ,
ਮਨਜ਼ੂਰੀ ਦਿੱਤੀ ਉਹ ਕੱਲ੍ਹ ਸਰਕਾਰ ਬੇਲੀ।
ਕਹਿੰਦੇ 'ਕੱਲਾ ਨਾ ਫਸਿਆ ਆਪ ਅਫਸਰ,
ਫਸਦੇ ਨਾਲ ਕਈ ਉਹਦੇ ਹਨ ਯਾਰ ਬੇਲੀ।
ਜਿਨ੍ਹਾਂ ਦੀ ਡਿਊਟੀ ਅਪਰਾਧ ਹੈ ਰੋਕਣੇ ਦੀ,
ਲੱਗ ਪਏ ਖੁਦ ਅਪਰਾਧ ਉਹ ਕਰਨ ਬੇਲੀ।
ਕਿੰਨੀ ਦੇਰ ਖੈਰਾਂ ਮਨਾਊਗੀ ਮਾਂ ਬੱਕਰੇ ਦੀ,
ਅਫਸਰੀ ਹੋਈ ਪਈ ਜਾਪਦੀ ਹਰਨ ਬੇਲੀ।

-ਤੀਸ ਮਾਰ ਖਾਂ

## ਸਵਾ ਦੋ ਲੱਖ 'ਚ ਬੱਚਾ ਵੇਚਣ ਲਈ ਮਜਬੂਰ ਹੋਇਆ ਮਜ਼ਦੂਰ ਜੋੜਾ

**ਰੋਹਤਕ** : ਪੰਜਾਬ ਦੇ ਇੱਕ ਦਿਹਾੜੀਦਾਰ ਮਜ਼ਦੂਰ ਜੋੜੇ ਨੇ ਆਪਣੇ ਤਿੰਨ ਦਿਨਾਂ ਦੇ ਪੁੱਤਰ ਨੂੰ ਇੱਕ ਅੰਤਰਰਾਜੀ ਬੱਚਾ ਤਸਕਰੀ ਕਰਨ ਵਾਲੇ ਗਰੋਹ ਨੂੰ ਇਸ ਵਿਸ਼ਵਾਸ ਨਾਲ ਵੇਚ ਦਿੱਤਾ ਕਿ ਗੋਦ ਲੈਣ ਵਾਲਾ ਪਰਵਾਰ ਉਸ ਨੂੰ ਬਿਹਤਰ ਭਵਿੱਖ ਦੇਵੇਗਾ, ਕਿਉਂਕਿ ਉਹ ਪਹਿਲਾਂ ਹੀ ਦੋ ਬੱਚਿਆਂ ਦੀ ਪਰਵਰਿਸ਼ ਕਰਦੇ ਹੋਏ ਤੀਜੇ ਬੱਚੇ ਦੀ ਦੇਖਭਾਲ ਕਰਨ ਵਿੱਚ ਅਸਮਰੱਥ ਸਨ।

ਇਸ ਗੈਰ-ਕਾਨੂੰਨੀ ਵਪਾਰ ਬਾਰੇ ਬਹਾਦਰਗੜ੍ਹ ਪੁਲਸ ਵੱਲੋਂ ਕੀਤੀ ਜਾ ਰਹੀ ਜਾਂਚ ਦੌਰਾਨ ਇਹ ਖੁਲਾਸਾ ਹੋਇਆ ਹੈ। ਇੱਕ ਹਫਤਾ ਪਹਿਲਾਂ ਬਹਾਦਰਗੜ੍ਹ (ਝੱਜਰ) ਵਿੱਚ ਪੁਲਸ ਨੇ ਇੱਕ ਨਵਜੰਮੇ ਬੱਚੇ ਨੂੰ ਛੁਡਵਾਇਆ ਸੀ, ਜਿਸ ਤੋਂ ਬਾਅਦ ਪੰਜਾਬ ਤੋਂ ਮਹਾਰਾਸ਼ਟਰ ਤੱਕ ਫੈਲੇ ਦਸ ਤੋਂ ਵੱਧ ਰਾਜਾਂ ਦੇ ਤਸਕਰੀ ਨੈੱਟਵਰਕ ਦਾ ਪਰਦਾ ਫਾਸ਼ ਹੋਇਆ ਹੈ। ਬਹਾਦਰਗੜ੍ਹ ਦੇ ਡਿਪਟੀ ਕਮਿਸ਼ਨਰ ਆਫ ਪੁਲਸ ਮਯੰਕ ਮਿਸ਼ਰਾ ਨੇ ਦੱਸਿਆ ਕਿ ਫਰੀਦਕੋਟ ਦੇ ਰਹਿਣ ਵਾਲੇ ਇਸ ਜੋੜੇ ਦੇ ਪਹਿਲਾਂ ਹੀ 15 ਅਤੇ 9 ਸਾਲ ਦੇ ਦੋ ਬੱਚੇ ਹਨ। ਉਹ ਬੜੀ ਮੁਸ਼ਕਲ ਨਾਲ ਗੁਜ਼ਾਰਾ ਕਰਦੇ ਹਨ ਅਤੇ ਆਪਣੇ ਬੱਚਿਆਂ ਲਈ ਬੁਨਿਆਦੀ ਲੋੜਾਂ ਪੂਰੀਆਂ ਕਰਨ ਲਈ ਵੀ ਸੰਘਰਸ਼ ਕਰ ਰਹੇ ਹਨ। ਤੀਜਾ ਬੱਚਾ ਅਣਚਾਹਿਆ ਸੀ। ਦਿਲਚਸਪ ਗੱਲ ਇਹ ਹੈ ਕਿ ਉਨ੍ਹਾਂ ਗਰਭਪਾਤ ਬਾਰੇ ਵੀ ਸੋਚਿਆ ਸੀ, ਪਰ ਡਾਕਟਰਾਂ ਨੇ ਮਨ੍ਹਾ ਕਰ ਦਿੱਤਾ, ਕਿਉਂਕਿ ਸਮਾਂ-ਸੀਮਾ ਲੰਘ ਚੁੱਕੀ ਸੀ। ਜੋੜੇ ਨੇ ਆਪਣੀ ਮਜਬੂਰੀ ਇੱਕ ਸਥਾਨਕ ਜਾਣਕਾਰ ਨਾਲ ਸਾਂਝੀ ਕੀਤੀ, ਜਿਸ ਨੇ ਉਨ੍ਹਾਂ ਨੂੰ ਬੱਚਾ ਵੇਚਣ ਲਈ ਉਕਸਾਇਆ ਅਤੇ ਦਾਅਵਾ ਕੀਤਾ ਕਿ ਉਸ ਦੇ ਸੰਪਰਕ ਅਜਿਹੇ ਗਰੁੱਪ ਨਾਲ ਹਨ, ਜੋ ਗੋਦ ਲੈਣ ਦਾ ਕੰਮ ਕਰਦਾ ਹੈ। ਉਸ ਨੇ ਇਹ ਵੀ ਭਰੋਸਾ • ਬਾਕੀ ਸਫਾ 2 'ਤੇ




# ਨਗਰ ਕੌਂਸਲ ਤੇ ਟ੍ਰੈਫਿਕ ਵਿਭਾਗ ਨੇ ਨਜਾਇਜ਼ ਕਬਜ਼ੇ ਹਟਵਾਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਜ਼ਾਰਾਂ ਵਿੱਚ ਦੁਕਾਨਦਾਰਾਂ ਵੱਲੋਂ ਸੜਕਾਂ 'ਤੇ ਨਜਾਇਜ਼ ਕਬਜ਼ੇ ਕਰ ਜੋ ਆਵਾਜਾਈ ਵਿੱਚ ਵਿਘਨ ਪਾਇਆ ਜਾ ਰਿਹਾ ਹੈ, ਉਸ ਨੂੰ ਨਗਰ ਕੌਂਸਲ ਮਾਛੀਵਾੜਾ ਸਾਹਿਬ ਤੇ ਟ੍ਰੈਫਿਕ ਵਿਭਾਗ ਵੱਲੋਂ ਸਖ਼ਤੀ ਨਾਲ ਹਟਾਇਆ ਗਿਆ। ਇਸ ਸਬੰਧੀ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਬਜ਼ਾਰਾਂ ਵਿੱਚ ਨਜਾਇਜ਼ ਕਬਜ਼ੇ ਰੋਕਣ ਲਈ ਦੁਕਾਨਾਂ ਅੱਗੇ ਪੀਲੀ ਪੱਟੀ ਲਗਾਈ ਗਈ ਹੈ, ਪਰ ਫਿਰ ਵੀ ਕੁਝ ਦੁਕਾਨਦਾਰ ਨਿਯਮਾਂ ਦੇ ਉਲਟ ਜਾ ਕੇ ਸੜਕਾਂ ਦੇ ਬਾਹਰ ਸਾਮਾਨ ਲਗਾ ਦਿੰਦੇ ਹਨ, ਜਿਸ ਨਾਲ ਆਵਾਜਾਈ ਵਿਚ ਵੱਡੀ ਸਮੱਸਿਆ ਖੜੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਦੁਕਾਨਦਾਰਾਂ ਵੱਲੋਂ ਨਜਾਇਜ਼ ਕਬਜ਼ਿਆਂ ਕਾਰਨ ਬਜ਼ਾਰਾਂ ਵਿੱਚ ਜਾਮ ਲੱਗ ਜਾਂਦਾ ਹੈ, ਇੱਥੋਂ ਤੱਕ ਕੁਝ ਦੁਕਾਨਦਾਰ ਆਪਣੇ ਅੱਗੇ ਸੜਕ 'ਤੇ ਸਾਮਾਨ ਵੇਚਣ ਵਾਲਿਆਂ ਦੀਆਂ ਰੇਹੜੀਆਂ ਲਗਾ ਕੇ ਉਨ੍ਹਾਂ ਤੋਂ ਪੈਸੇ ਵੀ ਵਸੂਲਦੇ ਹਨ, ਪਰ ਉਨ੍ਹਾਂ ਦੀ ਗਲਤੀ ਕਾਰਨ ਆਵਾਜਾਈ ਪ੍ਰਭਾਵਿਤ ਹੁੰਦੀ ਹੈ। ਪ੍ਰਧਾਨ ਕੁੰਦਰਾ ਨੇ ਕਿਹਾ ਕਿ ਅੱਜ ਨਗਰ ਕੌਂਸਲ ਟੀਮ ਤੇ ਟ੍ਰੈਫਿਕ ਵਿਭਾਗ ਵੱਲੋਂ ਸੰਯੁਕਤ ਰੂਪ ਵਿੱਚ ਕਾਰਵਾਈ ਕਰਦਿਆਂ ਬਜ਼ਾਰ 'ਚੋਂ ਨਜਾਇਜ਼ ਕਬਜ਼ੇ ਹਟਵਾ ਕੇ ਲੋਕਾਂ ਦਾ ਪੀਲੀ ਪੱਟੀ ਤੋਂ ਬਾਹਰ ਲੱਗਿਆ ਸਾਮਾਨ ਜ਼ਬਤ ਕਰ ਲਿਆ ਹੈ।

# ਮੰਗ ਪੱਤਰ ਲੈਣ ਲਈ ਕੋਈ ਅਧਿਕਾਰੀ ਨਾ ਪੁੱਜਣ 'ਤੇ ਕਿਸਾਨਾਂ ਘੇਰਿਆ ਬਠਿੰਡੇ ਦਾ ਬੱਸ ਅੱਡਾ



**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)**

ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਜ਼ਿਲ੍ਹਾ ਕਚਹਿਰੀਆਂ ਬਠਿੰਡਾ ਵਿਖੇ ਮੋਰਚੇ 'ਚ ਸ਼ਾਮਲ ਕਿਸਾਨ ਜਥੇਬੰਦੀਆਂ ਵੱਲੋਂ ਧਰਨਾ ਲਗਾਇਆ ਗਿਆ ਤੇ ਜ਼ੋਰਦਾਰ ਨਾਰੇਬਾਜ਼ੀ ਵੀ ਕੀਤੀ ਗਈ।ਧਰਨੇ ਤੋਂ ਬਾਅਦ ਕਿਸਾਨਾਂ ਵੱਲੋਂ ਮਾਰਚ ਵੀ ਕੀਤਾ ਗਿਆ ਤੇ ਮੰਗ ਪੱਤਰ ਲੈਣ ਲਈ ਕਿਸੇ ਜ਼ਿਲ੍ਹਾ ਅਧਿਕਾਰੀ ਦੇ ਨਾ ਪਹੁੰਚਣ ਕਾਰਨ ਕਿਸਾਨਾਂ ਨੇ ਬੱਸ ਅੱਡਾ ਬਠਿੰਡਾ ਦੇ ਸਾਹਮਣੇ ਰੋਸ ਵਜੋਂ ਜਾਮ ਲਗਾ ਦਿੱਤਾ।ਏ ਡੀ ਸੀ ਬਠਿੰਡਾ ਵੱਲੋਂ ਮੰਗ ਪੱਤਰ ਲੈਣ ਤੋਂ ਬਾਅਦ ਹੀ ਜਾਮ ਖੋਲ੍ਹਿਆ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ, ਬੀ ਕੇ ਯੂ ਉਗਰਾਹਾਂ ਦੇ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਬੀਕੇਯੂ ਡਕੌਂਦਾ ਦੇ ਸੂਬਾ ਮੀਤ ਪ੍ਰਧਾਨ ਬਲਦੇਵ ਸਿੰਘ ਭਾਈ ਰੂਪਾ, ਬੀਕੇਯੂ ਏਕਤਾ ਦੇ ਡਕੌਂਦਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਵਰਨ ਸਿੰਘ ਪੂਹਲੀ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਧਾਲੀਵਾਲ ਤੇ ਬੀਕੇਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਦਾਰਾ ਸਿੰਘ ਮਾਈਸਰਖਾਨਾ ਨੇ ਦੋਸ਼ ਲਾਇਆ ਕਿ ਸਰਕਾਰਾਂ ਪੂਰੀ ਤਰ੍ਹਾਂ ਸੰਵੇਦਨਹੀਣ ਹੋ ਚੁੱਕੀ ਹੈ, ਜਿਸ ਕਾਰਨ ਅਧਿਕਾਰੀ ਲੋਕਾਂ ਨੂੰ ਟਿੱਚ ਜਾਣਦੇ ਹਨ ਅਤੇ ਉਨ੍ਹਾਂ ਦੇ ਮੁੱਦੇ ਹੱਲ ਕਰਨ ਦੀ ਥਾਂ ਸਮਾਂ ਬਤੀਤ ਕਰ ਰਹੇ ਹਨ।ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਬੁਲਾਰਿਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਪੰਜਾਬ ਸੂਬੇ ਤੇ ਪੰਜਾਬ ਦੇ ਕਿਸਾਨਾਂ ਦੀਆਂ ਮੰਗਾਂ ਕੇਂਦਰ ਸਰਕਾਰ ਕੋਲ ਉਠਾਉਣ ਵਿੱਚ ਬੁਰੀ ਤਰ੍ਹਾਂ ਅਸਫਲ ਹੋਈ ਹੈ ਤੇ ਜੋ ਉਸ ਦੀ ਜ਼ਿੰਮੇਵਾਰੀ ਬਣਦੀ ਸੀ, ਉਸ ਅਨੁਸਾਰ ਖੁਦ ਕਿਸੇ ਵੀ ਮਸਲੇ ਦਾ ਕੋਈ ਹੱਲ ਨਹੀਂ ਕਰ ਸਕੀ।ਪੰਜਾਬ ਦਾ ਮੁੱਖ ਮੰਤਰੀ ਭਗਵੰਤ ਮਾਨ ਕੇਵਲ ਚੁਟਕਲੇ ਸੁਣਾ ਕੇ ਸਮਾਂ ਬਤੀਤ ਕਰ ਰਿਹਾ ਹੈ।ਬੀਤੇ ਦਿਨੀਂ ਬੇਮੌਸਮੀ ਬਾਰਸ਼ ਤੇ ਗੜੇਮਾਰੀ ਕਾਰਨ ਫਸਲਾਂ ਤੇ ਮਕਾਨਾਂ ਦੀ ਹੋਈ ਭਾਰੀ ਤਬਾਹੀ ਦੀ ਹਾਲੇ ਤੱਕ ਗਿਰਦਾਵਰੀ ਵੀ ਸ਼ੁਰੂ ਨਹੀਂ ਕਰਵਾ ਸਕਿਆ।ਉਨ੍ਹਾਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਫਸਲਾਂ ਦੀ ਗਿਰਦਾਵਰੀ ਕਰਵਾ ਕੇ 60 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਕਾਸ਼ਤਕਾਰ ਕਿਸਾਨਾਂ ਨੂੰ ਦਿੱਤਾ ਜਾਵੇ।ਕਿਸਾਨਾਂ ਸਿਰ ਚੜ੍ਹਿਆ ਸਾਰਾ ਕਰਜ਼ਾ ਖਤਮ ਕੀਤਾ ਜਾਵੇ, ਅਮਰੀਕਾ ਨਾਲ ਵਪਾਰ ਸਮਝੌਤਾ, ਬਿਜਲੀ ਬਿਲ ਤੇ ਸੀਡ ਬਿਲ ਨੂੰ ਰੋਕਣ ਲਈ ਪੰਜਾਬ ਸਰਕਾਰ ਵਿਧਾਨ ਸਭਾ ਅੰਦਰ ਇਨ੍ਹਾਂ ਵਿਰੁੱਧ ਮਤੇ ਪਾਸ ਕਰੇ ਤੇ ਕੇਂਦਰ ਸਰਕਾਰ ਕੋਲ ਜ਼ੋਰਦਾਰ ਤਰੀਕੇ ਨਾਲ ਇਹ ਮੰਗਾਂ ਉਠਾਵੇ। ਅੱਜ ਦੇ ਇਸ ਧਰਨੇ ਨੂੰ ਹੋਰਨਾਂ ਤੋਂ ਇਲਾਵਾ ਔਰਤ ਆਗੂ ਹਰਿੰਦਰ ਕੌਰ ਬਿੰਦੂ, ਹਰਵਿੰਦਰ ਸਿੰਘ ਕੋਟਲੀ, ਜਸਵੀਰ ਸਿੰਘ ਆਕਲੀਆ, ਹਰਜਿੰਦਰ ਸਿੰਘ ਬੱਗੀ, ਰਾਜ ਮਹਿੰਦਰ ਸਿੰਘ ਕੋਟਭਾਰਾ, ਅਮਰਜੀਤ ਸਿੰਘ ਹਨੀ, ਬੂਟਾ ਸਿੰਘ ਤੁੰਗਵਾਲੀ, ਦਰਸ਼ਨ ਸਿੰਘ ਵੱਲੋਂ ਮਿੱਠੀ, ਮਜ਼ਦੂਰ ਆਗੂ ਮਿੱਠੂ ਸਿੰਘ ਘੁੱਦਾ, ਜਗਸੀਰ ਸਿੰਘ ਝੁੰਬਾ ਮਾਸਟਰ ਨਛੱਤਰ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਮੈਲਬੌਰਨ ਸਿੱਖ ਖੇਡਾਂ 'ਚ ਜੋਬਨ ਸਿੱਧੂ ਬਣਿਆ ਸਰਵੋਤਮ ਭੰਗੜਾ ਕਲਾਕਾਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਸਟ੍ਰੇਲੀਆ ਦੇ ਸ਼ਹਿਰ ਮੈਲਬੌਰਨ ਵਿਖੇ ਬੀਤੇ ਦਿਨੀਂ ਬੜੀ ਧੂਮ-ਧਾਮ ਨਾਲ ਸੰਪੰਨ ਹੋਈਆਂ 38ਵੀਆਂ ਸਿੱਖ ਖੇਡਾਂ ਦੌਰਾਨ ਜ਼ਿਲ੍ਹਾ ਬਰਨਾਲਾ ਦੇ ਇਤਿਹਾਸਕ ਕਸਬੇ ਮਹਿਲ ਕਲਾਂ ਦੇ ਨੌਜਵਾਨ ਜੋਬਨ ਸਿੱਧੂ ਨੇ ਅੰਡਰ 18 ਵਰਗ 'ਚ ਆਪਣੀ ਕਲਾ ਦਾ ਲੋਹਾ ਮਨਵਾਉਂਦਿਆਂ 'ਸਰਵੋਤਮ ਭੰਗੜਾ ਕਲਾਕਾਰ' ਦਾ ਖ਼ਿਤਾਬ ਹਾਸਲ ਕਰਕੇ ਵਿਦੇਸ਼ੀ ਧਰਤੀ 'ਤੇ ਪਿੰਡ ਤੇ ਮਾਪਿਆਂ ਦਾ ਨਾਂਅ ਪੂਰੀ ਦੁਨੀਆ ਵਿੱਚ ਰੌਸ਼ਨ ਕੀਤਾ ਹੈ।ਪੀ.ਐੱਫ਼.ਡੀ.ਏ. ਮੈਲਬੌਰਨ ਦੀ ਅਗਵਾਈ ਹੇਠ ਭੰਗੜੇ ਦੀਆਂ ਬਰੀਕੀਆਂ ਸਿੱਖਣ ਵਾਲੇ ਇਸ ਹੋਣਹਾਰ ਨੌਜਵਾਨ ਨੇ ਸਿੱਖ ਖੇਡਾਂ ਦੇ ਵੱਡੇ ਮੰਚ 'ਤੇ ਪੰਜਾਬੀ ਸੱਭਿਆਚਾਰ ਦੀ ਅਮੀਰ ਵਿਰਾਸਤ ਪੇਸ਼ ਕਰਦਿਆਂ ਦਰਸ਼ਕਾਂ ਤੇ ਜੱਜਾਂ ਦਾ ਮਨ ਮੋਹ ਲਿਆ।ਜ਼ਿਕਰਯੋਗ ਹੈ ਕਿ ਮਹਿਲ ਕਲਾਂ ਦਾ ਇਹ ਨੌਜਵਾਨ ਜੋਬਨ ਸਿੱਧੂ ਪੁੱਤਰ ਸੋਨੀ ਸਿੱਧੂ ਇਸ ਤੋਂ ਪਹਿਲਾਂ ਵੀ ਆਸਟ੍ਰੇਲੀਆ ਭਰ ਵਿੱਚ ਹੋਣ ਵਾਲੇ ਵੱਖ-ਵੱਖ ਭੰਗੜਾ ਮੁਕਾਬਲਿਆਂ ਵਿੱਚ ਆਪਣੀ ਸ਼ਾਨਦਾਰ ਕਾਰਗੁਜ਼ਾਰੀ ਦਿਖਾ ਕੇ ਕਈ ਸਨਮਾਨ ਹਾਸਲ ਕਰ ਚੁੱਕਾ ਹੈ।ਜੋਬਨ ਦੀ ਇਸ ਪ੍ਰਾਪਤੀ 'ਤੇ ਗ੍ਰਾਮ ਪੰਚਾਇਤ ਮਹਿਲ ਕਲਾਂ ਦੀ ਸਰਪੰਚ ਬੀਬੀ ਕਿਰਨਾ ਰਾਣੀ, ਪ੍ਰੈੱਸ ਕਲੱਬ ਮਹਿਲ ਕਲਾਂ, ਸਾਹਿਤ ਸਭਾ ਮਹਿਲ ਕਲਾਂ ਦੇ ਨੁਮਾਇੰਦਿਆਂ ਨੇ ਸਿੱਧੂ ਪਰਵਾਰ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਜਿਹੇ ਨੌਜਵਾਨ ਸਾਡੀ ਆਉਣ ਵਾਲੀ ਪੀੜ੍ਹੀ ਲਈ ਪ੍ਰੇਰਣਾ ਸਰੋਤ ਹਨ, ਜੋ ਵਿਦੇਸ਼ਾਂ ਵਿੱਚ ਰਹਿ ਕੇ ਵੀ ਆਪਣੀਆਂ ਜੜ੍ਹਾਂ ਤੇ ਸੱਭਿਆਚਾਰ ਨਾਲ ਜੁੜੇ ਹੋਏ ਹਨ।ਉਨ੍ਹਾਂ ਆਸ ਪ੍ਰਗਟਾਈ ਕਿ ਜੋਬਨ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਉੱਚੀਆਂ ਬੁਲੰਦੀਆਂ ਨੂੰ ਛੋਹੇਗਾ।ਕੋਚ ਪਲਵਿੰਦਰ ਸਿੰਘ ਠੁੱਲੀਵਾਲ, ਰਵਿੰਦਰ ਸਿੰਘ, ਦਲਬੀਰ ਸਿੰਘ, ਬਲਜੀਤ ਸਿੰਘ, ਪੰਜਾਬ ਕਿਤਾਬ ਘਰ ਮੈਲਬੌਰਨ ਦੇ ਸੰਚਾਲਕ ਜਗਦੀਪ ਸਿੰਘ ਅਣਖੀ, ਰਮਨਦੀਪ ਸਿੰਘ ਸਿੱਧੂ, ਲੱਕੀ ਸਿੱਧੂ, ਗੁਲਸ਼ਨਦੀਪ ਕੌਰ, ਪ੍ਰਵੀਨ ਸਿੰਘ, ਸ਼ੈਰੀ ਕੈਲੇ, ਗਿਫ਼ਟੀ ਮਹਿਲ ਕਲਾਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਨੌਜਵਾਨ ਨੂੰ ਵਧਾਈ ਦਿੱਤੀ।

# ਸੁਨੀਤਾ ਰਾਣੀ ਦਾ ਥਾਣਾ ਮੁਖੀ ਵਜੋਂ ਅਹੁਦਾ ਸੰਭਾਲਣ 'ਤੇ ਸਵਾਗਤ



**ਕੋਟ ਈਸੇ ਖਾਂ (ਅਰੋੜਾ)**-ਪਿਛਲੇ ਦਿਨੀਂ ਮੈਡਮ ਸੁਨੀਤਾ ਰਾਣੀ ਨੇ ਥਾਣਾ ਕੋਟ ਈਸੇ ਖਾਂ ਵਿਖੇ ਬਤੌਰ ਥਾਣਾ ਮੁਖੀ ਵਜੋਂ ਅਹੁਦਾ ਸੰਭਾਲਿਆ ਸੀ, ਜਿਸ ਦੇ ਸਬੰਧ ਵਿੱਚ ਅੱਜ ਪਰਮਿੰਦਰ ਸਿੰਘ ਸਰਪੰਚ ਜਨੇਰ, ਜਗਜੀਵਨ ਸਿੰਘ ਸਰਪੰਚ ਲੋਹਾਰਾ, ਬਲਦੇਵ ਸਿੰਘ ਸਰਪੰਚ ਬਲਖੰਡੀ, ਕਰਮਜੀਤ ਸਿੰਘ ਸਾਬਕਾ ਸਰਪੰਚ, ਹਰਪ੍ਰੀਤ ਸਿੰਘ ਕਾਲਾ ਤੇ ਹੋਰ ਸ਼ਖ਼ਸੀਅਤਾਂ ਵੱਲੋਂ ਇੰਸਪੈਕਟਰ ਸੁਨੀਤਾ ਰਾਣੀ ਨਾਲ ਮੁਲਾਕਾਤ ਕੀਤੀ ਗਈ ਤੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਜੀ ਆਇਆਂ ਆਖਿਆ ਅਤੇ ਇੰਸਪੈਕਟਰ ਬਣਨ ਦੀ ਖੁਸ਼ੀ ਵਿੱਚ ਮੁਬਾਰਕਾਂ ਵੀ ਦਿੱਤੀਆਂ।ਇਸ ਮੌਕੇ ਸਰਪੰਚ ਪਰਮਿੰਦਰ ਸਿੰਘ ਤੇ ਹੋਰਨਾਂ ਨੇ ਕਿਹਾ ਕਿ ਮੈਡਮ ਸੁਨੀਤਾ ਰਾਣੀ ਜੋ ਕਿ ਬਹੁਤ ਕਾਬਲ ਅਫਸਰ ਹਨ ਤੇ ਇਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਹੀ ਉੱਚ ਅਫਸਰਾਂ ਵੱਲੋਂ ਤਰੱਕੀ ਦੇ ਕੇ ਇੰਸਪੈਕਟਰ ਬਣਾਇਆ ਹੈ, ਜਿਸ ਨਾਲ ਇਲਾਕੇ ਨੂੰ ਹੋਰ ਵੀ ਵਧੀਆ ਸੇਵਾਵਾਂ ਮਿਲਣਗੀਆਂ।ਇਸ ਮੌਕੇ ਥਾਣਾ ਮੁਖੀ ਸੁਨੀਤਾ ਰਾਣੀ ਨੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾ ਦਾ ਮੁੱਖ ਉਦੇਸ਼ ਇਲਾਕੇ ਅੰਦਰ ਕਾਨੂੰਨ ਵਿਵਸਥਾ ਨੂੰ ਕਾਇਮ ਰੱਖਣਾ ਹੈ ਤੇ ਕਿਸੇ ਨੂੰ ਵੀ ਕਾਨੂੰਨ ਤੋੜਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ।

# ਪੱਛੜੀਆਂ ਸ਼੍ਰੇਣੀਆਂ ਦੇ ਸੰਗਠਨਾਂ ਵੱਲੋਂ ਸਰਕਾਰ ਦੇ ਨਾਂਅ ਮੰਗ ਪੱਤਰ



**ਫਿਰੋਜ਼ਪੁਰ (ਗੁਰਬਚਨ ਸਿੰਘ)**

ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਵੱਖ-ਵੱਖ ਭਾਈਚਾਰਿਆਂ ਤੇ ਸੰਗਠਨਾਂ ਦੇ ਅਹੁਦੇਦਾਰਾਂ ਦੀ ਇਕ ਅਹਿਮ ਹੰਗਾਮੀ ਮੀਟਿੰਗ ਸਥਾਨਕ ਸ਼ਹੀਦ ਊਧਮ ਸਿੰਘ ਭਵਨ ਫਿਰੋਜ਼ਪੁਰ ਸ਼ਹਿਰ ਵਿਖੇ ਹੋਈ।ਇਸ ਮੀਟਿੰਗ ਵਿੱਚ ਪੱਛੜੀਆਂ ਸ਼੍ਰੇਣੀਆਂ ਨੂੰ ਦਰਪੇਸ਼ ਸਮੱਸਿਆਵਾਂ 'ਤੇ ਡੂੰਘੀ ਚਰਚਾ ਕੀਤੀ ਗਈ ਤੇ ਹੱਕਾਂ ਦੀ ਪ੍ਰਾਪਤੀ ਲਈ ਇੱਕਜੁੱਟ ਹੋ ਕੇ ਯਤਨ ਕਰਨ ਦੀ ਰੂਪ-ਰੇਖਾ ਉਲੀਕੀ ਗਈ।ਮੀਟਿੰਗ ਦੌਰਾਨ ਸਮੂਹ ਆਗੂਆਂ ਨੇ ਸਰਬਸੰਮਤੀ ਨਾਲ ਨੈਸ਼ਨਲ ਕਮਿਸ਼ਨ ਫਾਰ ਬੈਕਵਰਡ ਕਲਾਸ ਵੱਲੋਂ ਵਿੱਦਿਅਕ ਸੰਸਥਾਵਾਂ ਤੇ ਸਰਕਾਰੀ ਨੌਕਰੀਆਂ ਵਿੱਚ 25 ਪ੍ਰਤੀਸ਼ਤ ਰਾਖਵਾਂਕਰਨ ਲਾਗੂ ਕਰਨ ਸਬੰਧੀ ਪੰਜਾਬ ਸਰਕਾਰ ਨੂੰ ਭੇਜੇ ਪੱਤਰ ਨੂੰ ਤੁਰੰਤ ਅਮਲੀ ਜਾਮਾ ਪਹਿਨਾਉਣ ਦੀ ਮੰਗ ਕੀਤੀ।ਇਸ ਤੋਂ ਇਲਾਵਾ ਹੋਰ ਅਹਿਮ ਮੰਗਾਂ ਰੱਖੀਆਂ ਗਈਆਂ ਜਿਵੇਂ ਕਿ ਪੰਚਾਇਤ ਤੋਂ ਲੈ ਕੇ ਪਾਰਲੀਮੈਂਟ ਤੱਕ ਪਛੜੀਆਂ ਸ਼੍ਰੇਣੀਆਂ ਲਈ 27 ਪ੍ਰਤੀਸ਼ਤ ਰਾਖਵਾਂਕਰਨ ਯਕੀਨੀ ਬਣਾਇਆ ਜਾਵੇ, ਪੰਜਾਬ ਵਿੱਚ ਮੰਡਲ ਕਮਿਸ਼ਨ ਦੀ ਰਿਪੋਰਟ ਨੂੰ ਪੂਰਨ ਤੌਰ 'ਤੇ ਲਾਗੂ ਕੀਤਾ ਜਾਵੇ, ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਨੂੰ ਸੰਵਿਧਾਨਿਕ ਦਰਜਾ ਪ੍ਰਦਾਨ ਕੀਤਾ ਜਾਵੇ, ਰਾਖਵੇਂਕਰਨ ਦੇ ਰਾਹ ਵਿਚ ਰੁਕਾਵਟ ਬਣ ਰਹੀ 'ਕਰੀਮੀ ਲੇਅਰ' ਦੀ ਸ਼ਰਤ ਨੂੰ ਮੁਕੰਮਲ ਰੂਪ ਵਿੱਚ ਖਤਮ ਕੀਤਾ ਜਾਵੇ, ਸਰਕਾਰੀ ਨੌਕਰੀਆਂ ਵਿਚ ਤਰੱਕੀਆਂ ਅਤੇ ਲੋਕਲ ਬਾਡੀ ਸੰਸਥਾਵਾਂ ਵਿੱਚ ਰਾਖਵਾਂਕਰਨ ਤੁਰੰਤ ਲਾਗੂ ਹੋਵੇ।ਮਿਲਕ ਫੈੱਡ ਦੇ ਚੇਅਰਮੈਨ ਗੁਰਭੇਜ ਸਿੰਘ ਟਿੱਬੀ ਨੇ ਕਿਹਾ ਕਿ ਸਰਕਾਰੀ ਅਦਾਰਿਆਂ ਵਿੱਚ ਬੀ ਸੀ ਸ਼੍ਰੇਣੀ ਦੇ ਬਣਦੇ ਹੱਕਾਂ ਨੂੰ ਲਾਗੂ ਕਰਨ ਵਿੱਚ ਦੇਰੀ ਨਹੀਂ ਹੋਣੀ ਚਾਹੀਦੀ।ਇਸ ਮੌਕੇ ਮੈਂਬਰਾਂ ਵੱਲੋਂ ਪਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਡਾਕਟਰ ਮਲਕੀਤ ਥਿੰਦ ਤੇ ਹੋਰ ਬੋਰਡਾਂ ਦੇ ਚੇਅਰਮੈਨਾਂ ਨੂੰ ਮੰਗ ਪੱਤਰ ਸੌਂਪ ਕੇ ਅਪੀਲ ਕੀਤੀ ਕਿ ਉਹ ਇਹ ਮੰਗਾਂ ਸਰਕਾਰ ਤੱਕ ਪਹੁੰਚਾ ਕੇ ਇਨ੍ਹਾਂ ਦਾ ਹੱਲ ਕਰਵਾਉਣ।ਮੀਟਿੰਗ ਵਿੱਚ ਇਕਬਾਲ ਚੰਦ ਪਾਲਾ ਭੱਟੀ ਰਾਸ਼ਟਰੀ ਪ੍ਰਧਾਨ ਇੰਟਰਨੈਸ਼ਨਲ ਸਰਵ ਕੰਬੋਜ ਸਮਾਜ, ਬਾਲ ਕ੍ਰਿਸ਼ਨ ਚੇਅਰਮੈਨ ਪ੍ਰਜਾਪਤ ਭਲਾਈ ਬੋਰਡ, ਮੱਖਣ ਪਲਾਂ ਚੇਅਰਮੈਨ ਸੈਨ ਭਲਾਈ ਬੋਰਡ, ਕੇਸ਼ਵ ਵਰਮਾ ਚੇਅਰਮੈਨ ਸੁਨਿਆਰ ਭਲਾਈ ਬੋਰਡ, ਸੁਖਵਿੰਦਰ ਸਿੰਘ ਕੰਬੋਜ ਚੇਅਰਮੈਨ ਕੰਬੋਜ ਭਲਾਈ ਬੋਰਡ, ਡਾਕਟਰ ਮਲਕੀਤ ਥਿੰਦ ਚੇਅਰਮੈਨ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ, ਜਸਪਾਲ ਹਾਂਡਾ, ਮਾਸਟਰ ਕੁਲਦੀਪ ਸਿੰਘ, ਐਡਵੋਕੇਟ ਬਲਜੀਤ ਸਿੰਘ, ਜਸਵੰਤ ਸਿੰਘ ਮੈਂਬਰ ਸੈਨ ਭਲਾਈ ਬੋਰਡ, ਸੁਖਦੇਵ ਸਿੰਘ ਕੰਬੋਜ ਚੇਅਰਮੈਨ ਪੰਜਾਬ ਸਟੇਟ ਵਪਾਰੀ ਕਮਿਸ਼ਨ, ਪਰਮਜੀਤ ਸਿੰਘ ਕਲਸੀ ਸੀਨੀਅਰ ਵਾਈਸ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਮਨਜੀਤ ਸਿੰਘ ਔਲਖ ਪ੍ਰਧਾਨ ਬੀ ਸੀ ਵਿੰਗ ਪੰਜਾਬ, ਦਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਬੀਸੀ ਵਿੰਗ, ਸਰਬਜੀਤ ਸਿੰਘ ਲਾਡੀ ਕੌਮੀ ਪ੍ਰਧਾਨ ਰਾਮਗੜ੍ਹੀਆ ਸੋਸਾਇਟੀ ਆਦਿ ਹਾਜ਼ਰ ਸਨ।

# ਗੁਰਦੁਆਰਾ ਭਾਈ ਕੀ ਸਮਾਧ ਵਿਖੇ ਵਿਸਾਖੀ ਦਾ ਦਿਹਾੜਾ 13 ਨੂੰ

**ਲੌਂਗੋਵਾਲ (ਪ੍ਰਦੀਪ ਸੱਪਲ)**-ਸਲਾਇਟ ਦੇ ਗੁਰਦੁਆਰਾ ਭਾਈ ਕੀ ਸਮਾਧ ਵਿਖੇ ਸਮੂਹ ਸਲਾਇਟ ਪਰਵਾਰ ਤੇ ਵੱਖ-ਵੱਖ ਕੋਰਸ ਕਰ ਰਹੇ ਵਿਦਿਆਰਥੀਆਂ ਵੱਲੋਂ 13 ਅਪ੍ਰੈਲ ਨੂੰ ਵਿਸਾਖੀ ਦਾ ਦਿਹਾੜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੜੀ ਧੂਮ-ਧਾਮ ਨਾਲ ਮਨਾਇਆ ਜਾਵੇਗਾ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਾਹਿਬ ਦੇ ਮੈਨੇਜਰ ਅਮਰੀਕ ਸਿੰਘ ਬਰਨਾਲਾ ਤੇ ਹੈੱਡ ਗ੍ਰੰਥੀ ਭਾਈ ਧਨਵੰਤ ਸਿੰਘ ਨੇ ਦੱਸਿਆ ਕਿ ਇਸ ਵਿਸਾਖੀ ਦੇ ਸ਼ੁਭ ਦਿਹਾੜੇ ਨੂੰ ਮਨਾਉਣ ਦੇ ਸਬੰਧ ਵਿੱਚ 11 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਪ੍ਰਕਾਸ਼ ਕਰਵਾਏ ਜਾਣਗੇ ਤੇ 13 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਦੇ ਪਾਠਾਂ ਦੇ ਭੋਗ ਪਾਏ ਜਾਣਗੇ ਅਤੇ ਭਾਰੀ ਦੀਵਾਨ ਹੋਵੇਗਾ।ਇਸ ਮੌਕੇ ਸਾਬਕਾ ਸਰਪੰਚ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਸੰਸਥਾ ਡਾਇਰੈਕਟਰ ਪ੍ਰੋਫੈਸਰ ਮਨੀਕਾਂਤ ਪਾਸਵਾਨ, ਪ੍ਰੋ: ਡੀਨ ਵੀ. ਕੇ. ਕੁਕਰੇਜਾ, ਸਟੂਡੈਂਟ ਵੈੱਲਫੇਅਰ ਪ੍ਰੋ: ਇੰਦਰਜੀਤ ਸਿੰਘ ਤੋਂ ਇਲਾਵਾ ਭਾਈ ਪਵਿੱਤਰ ਸਿੰਘ ਸਾਹੋਕੇ, ਜਗਸੀਰ ਸਿੰਘ ਗਾਂਧੀ, ਭਾਈ ਗੁਰਪ੍ਰੀਤ ਸਿੰਘ ਸਤੌਜ ਤੋਂ ਇਲਾਵਾ ਸਮੂਹ ਸੰਗਤ ਵਿਸਾਖੀ ਦੇ ਦਿਹਾੜੇ ਨੂੰ ਮਨਾਉਣ ਦੇ ਸਬੰਧ ਪੁੱਜਣਗੇ।

# ਏਮਜ਼ ਵੱਲੋਂ ਆਟਿਜ਼ਮ ਸਪੈਕਟ੍ਰਮ ਡਿਸਆਰਡਰ 'ਤੇ ਸੀ ਐੱਮ ਈ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕਾਰਜਕਾਰੀ ਨਿਰਦੇਸ਼ਕ ਪ੍ਰੋ. (ਡਾ.) ਰਤਨ ਗੁਪਤਾ ਦੀ ਦੂਰਦਰਸ਼ੀ ਅਗਵਾਈ ਹੇਠ, ਏਮਜ਼ ਬਠਿੰਡਾ ਦੇ ਬਾਲ ਰੋਗ ਵਿਭਾਗ ਵੱਲੋਂ ਆਟਿਜ਼ਮ ਸਪੈਕਟ੍ਰਮ ਡਿਸਆਰਡਰ : ਸੰਪੂਰਨ ਦੇਖਭਾਲ ਅਪਡੇਟ ਵਿਸ਼ੇ 'ਤੇ ਇਕ ਲਗਾਤਾਰ ਚਿਕਿਤਸਾ ਸਿੱਖਿਆ (ਸੀਐੱਮਈ) ਪ੍ਰੋਗਰਾਮ ਦਾ ਸਫਲ ਆਯੋਜਨ ਕੀਤਾ ਗਿਆ।ਇਹ ਪ੍ਰੋਗਰਾਮ ਵਿਸ਼ਵ ਆਟਿਜ਼ਮ ਜਾਗਰੂਕਤਾ ਦਿਵਸ ਮੌਕੇ ਕਰਵਾਇਆ ਗਿਆ।ਇਸ ਸੀਐੱਮਈ ਵਿੱਚ ਦੇਸ਼ ਭਰ ਦੇ ਮਾਹਰਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚ ਪੀ ਜੀ ਆਈ ਐੱਮ ਈ ਆਰ ਚੰਡੀਗੜ੍ਹ ਦੇ ਪੂਰਵ ਮੁਖੀ ਡਾ. ਸੁਰਜੀਤ ਸਿੰਘ, ਵੀ ਐੱਮ ਐੱਮ ਸੀ ਤੇ ਸਫਦਰਜੰਗ ਹਸਪਤਾਲ ਨਵੀਂ ਦਿੱਲੀ ਦੀ ਬਾਲ ਤੰਤਰਿਕ ਵਿਗਿਆਨ ਦੀ ਪ੍ਰੋਫੈਸਰ ਡਾ. ਰਚਨਾ ਸਹਿਗਲ ਤੇ ਐੱਲ ਐੱਚ ਐੱਮ ਸੀ, ਨਵੀਂ ਦਿੱਲੀ ਦੇ ਮਨੋਚਿਕਿਤਸਾ ਵਿਭਾਗ ਦੇ ਪ੍ਰੋਫੈਸਰ ਡਾ. ਓਮ ਸਾਈ ਰਮੇਸ਼ ਵੀ ਸ਼ਾਮਲ ਸਨ।ਇਸ ਪ੍ਰੋਗਰਾਮ ਵਿੱਚ ਮਾਹਰਾਂ ਵੱਲੋਂ ਗਿਆਨਵਰਧਕ ਤੇ ਰੁਚਿਕਰ ਸੈਸ਼ਨ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਆਟਿਜ਼ਮ ਦੀ ਸ਼ੁਰੂਆਤੀ ਪਹਿਚਾਣ, ਬਹੁ-ਵਿਭਾਗੀ ਪ੍ਰਬੰਧਨ ਤੇ ਇਲਾਜ ਵਿੱਚ ਨਵੀਆਂ ਤਰੱਕੀਆਂ 'ਤੇ ਖ਼ਾਸ ਧਿਆਨ ਦਿੱਤਾ ਗਿਆ।ਆਯੋਜਕ ਚੇਅਰਪਰਸਨ ਡਾ. ਅਰਵਿੰਦਰ ਵਾਂਡਰ ਤੇ ਦਿਵਿਆਂਗ ਸ਼ਿਕਾਇਤ ਨਿਵਾਰਣ ਅਧਿਕਾਰੀ ਡਾ. ਅਨੁਪਿੰਦਰ ਥਿੰਦ ਨੇ ਮਾਤਾ-ਪਿਤਾ ਆਧਾਰਤ ਰਣਨੀਤੀਆਂ, ਸਮੇਂ ਸਿਰ ਦਖ਼ਲਅੰਦਾਜ਼ੀ ਤੇ ਸਿਹਤ ਸੇਵਾ ਪ੍ਰਦਾਤਾਵਾਂ ਵਿਚਕਾਰ ਸਹਿਯੋਗੀ ਦ੍ਰਿਸ਼ਟੀਕੋਣ ਦੀ ਲੋੜ 'ਤੇ ਜ਼ੋਰ ਦਿੱਤਾ।ਇਨ੍ਹਾਂ ਚਰਚਾਵਾਂ ਦਾ ਉਦੇਸ਼ ਸਿਹਤ ਪੇਸ਼ੇਵਰਾਂ ਦੀ ਸਮਰੱਥਾ ਵਿੱਚ ਵਾਧਾ ਕਰਨਾ ਸੀ, ਤਾਂ ਜੋ ਉਹ ਆਟਿਜ਼ਮ ਦੇ ਸ਼ੁਰੂਆਤੀ ਲੱਛਣਾਂ ਦੀ ਪਛਾਣ ਕਰ ਸਕਣ ਤੇ ਸਹੀ ਨਿਦਾਨ ਤੇ ਪ੍ਰਬੰਧਨ ਯਕੀਨੀ ਬਣਾਉਣ, ਜਿਸ ਨਾਲ ਪ੍ਰਭਾਵਿਤ ਬੱਚਿਆਂ ਦੀ ਜੀਵਨ ਗੁਣਵੱਤਾ ਵਿੱਚ ਸੁਧਾਰ ਹੋ ਸਕੇ।ਇਸ ਤਰ੍ਹਾਂ ਦੀਆਂ ਅਕਾਦਮਿਕ ਪਹਿਲਾਂ ਏਮਜ਼ ਬਠਿੰਡਾ ਦੀ ਚਿਕਿਤਸਾ ਗਿਆਨ ਨੂੰ ਅੱਗੇ ਵਧਾਉਣ, ਕਲੀਨਿਕਲ ਮਹਾਰਤ ਨੂੰ ਮਜ਼ਬੂਤ ਕਰਨ ਤੇ ਬਿਹਤਰ ਬਾਲ ਸਿਹਤ ਅਤੇ ਵਿਕਾਸ ਲਈ ਜਾਗਰੂਕਤਾ ਫੈਲਾਉਣ ਦੀ ਵਚਨਬੱਧਤਾ ਨੂੰ ਦੁਹਰਾਉਂਦੀਆਂ।

# ਭਾਜਪਾ ਦਫਤਰ ਵਿਖੇ ਮਨਾਇਆ ਪਾਰਟੀ ਦਾ ਸਥਾਪਨਾ ਦਿਵਸ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਜਪਾ ਦੇ ਜ਼ਿਲ੍ਹਾ ਦਫ਼ਤਰ ਮੋਗਾ ਵਿਖੇ ਭਾਰਤੀ ਜਨਤਾ ਪਾਰਟੀ ਦਾ 47ਵਾਂ ਸਥਾਪਨਾ ਦਿਵਸ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਵੱਲੋਂ ਭਾਰਤੀਯ ਜਨਤਾ ਪਾਰਟੀ ਦਾ ਝੰਡਾ ਲਹਿਰਾ ਕੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਉਨ੍ਹਾਂ ਨਾਲ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਜੋਤ ਕਮਲ, ਪੰਜਾਬ ਮਹਿਲਾ ਮੋਰਚਾ ਦੀ ਉਪ ਪ੍ਰਧਾਨ ਰਾਸ਼ੀ ਅੱਗਰਵਾਲ, ਮੁਖਤਿਆਰ ਸਿੰਘ ਐੱਸਪੀ ਜ਼ਿਲ੍ਹਾ ਮਹਾਮੰਤਰੀ, ਸਾਬਕਾ ਜ਼ਿਲ੍ਹਾ ਪ੍ਰਧਾਨ ਵਿਨੈ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਰਾਕੇਸ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਵਿਜੈ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਹੀਰਾ ਲਾਲ ਸ਼ਰਮਾ, ਰਾਜਪਾਲ ਠਾਕੁਰ ਜ਼ਿਲ੍ਹਾ ਮਹਾਮੰਤਰੀ, ਭਾਜਪਾ ਹਲਕਾ ਧਰਮਕੋਟ ਦੇ ਇੰਚਾਰਜ ਸ਼ਮਸ਼ੇਰ ਸਿੰਘ ਕੈਲਾ, ਸੀਨੀਅਰ ਭਾਜਪਾ ਆਗੂ ਲਖਵੰਤ ਸਿੰਘ ਸਾਫੂਵਾਲਾ, ਸਾਬਕਾ ਜ਼ਿਲ੍ਹਾ ਪ੍ਰਧਾਨ ਹੀਰਾ ਲਾਲ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਵਿਨੈ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਰਾਕੇਸ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਵਿਜੈ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾ ਦੇ ਆਗੂ ਤੇ ਵਰਕਰ ਹਾਜ਼ਰ ਸਨ।ਇਸ ਮੌਕੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਭਾਜਪਾ ਦੇ ਜਨਰਲ ਸਕੱਤਰ ਅਨਿਲ ਸਰੀਨ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਬੁਲੰਦੀਆਂ ਸਰ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਇਹ ਸਥਾਪਨਾ ਦਿਵਸ ਪੂਰਾ ਇੱਕ ਹਫਤਾ ਮਨਾਇਆ ਜਾਵੇਗਾ।ਉਨ੍ਹਾਂ ਕਿਹਾ ਕਿ 2027 ਵਿੱਚ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਨਰੋਲ ਭਾਜਪਾ ਦੀ ਸਰਕਾਰ ਸਥਾਪਤ ਹੋਵੇਗੀ ਅਤੇ ਸਰਕਾਰ ਬਣਦਿਆਂ ਹੀ ਭਾਜਪਾ ਵੱਲੋਂ ਪੰਜਾਬ ਨੂੰ ਨਸ਼ਾ ਰਹਿਤ ਕਰਨ ਦੇ ਨਾਲ ਨਾਲ ਨੌਜਵਾਨਾਂ ਨੂੰ ਰੁਜ਼ਗਾਰ ਤੇ ਕਿਸਾਨਾਂ ਲਈ ਵੀ ਅਨੇਕਾਂ ਸਕੀਮਾਂ ਬਣਾਈਆਂ ਜਾਣਗੀਆਂ।

# ਜਸਨੂਰ ਸਿੰਘ ਸੀ ਡੀ ਐੱਸ ਮੈਰਿਟ ਸੂਚੀ 'ਚ ਪੂਰੇ ਭਾਰਤ 'ਚੋਂ ਅੱਵਲ

**ਚੰਡੀਗੜ੍ਹ (ਗੁਰਜੀਤ ਬਿੱਲਾ/ ਸੁਰਜੀਤ ਸੁਮਨ/ਕ੍ਰਿਸ਼ਨ ਗਰਗ)**



ਜਸਨੂਰ ਸਿੰਘ, ਸੁਖਰਾਜ ਸਿੰਘ ਹੀਰਾ

ਰੱਖਿਆ ਬਲਾਂ ਲਈ ਤਿਆਰੀ ਸੰਬੰਧੀ ਸਿੱਖਿਆ ਵਿੱਚ ਪੰਜਾਬ ਦੇ ਵਧਦੇ ਦਬਦਬੇ ਦੀ ਸ਼ਾਨਦਾਰ ਤਸਵੀਰ ਪੇਸ਼ ਕਰਦਿਆਂ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਨੇ ਇੱਕ ਵਾਰ ਫਿਰ ਕੌਮੀ ਪੱਧਰ ਮੀਲ ਪੱਥਰ ਸਥਾਪਤ ਕੀਤਾ ਹੈ। ਇਸ ਇੰਸਟੀਚਿਊਟ ਦੇ 10ਵੇਂ ਕੋਰਸ ਦੇ ਕੈਡਿਟ ਜਸਨੂਰ ਸਿੰਘ ਨੇ ਕੰਬਾਈਨਡ ਡਿਫੈਂਸ ਸਰਵਿਸਿਜ਼ (ਸੀ ਡੀ ਐੱਸ) ਏਅਰ ਫੋਰਸ ਸੂਚੀ ਵਿੱਚ ਆਲ ਇੰਡੀਆ ਰੈਂਕ ਵਿੱਚ ਸਿਖਰਲਾ ਸਥਾਨ ਹਾਸਲ ਕੀਤਾ ਹੈ।ਪਠਾਨਕੋਟ ਦੇ ਇੱਕ ਕਾਰੋਬਾਰੀ ਦਾ ਪੁੱਤਰ ਜਸਨੂਰ ਸਿੰਘ ਹੁਣ ਪ੍ਰੀ-ਫਲਾਇੰਗ ਸਿਖਲਾਈ ਕੋਰਸ ਲਈ ਹੈਦਰਾਬਾਦ ਵਿੱਚ ਏਅਰ ਫੋਰਸ ਅਕੈਡਮੀ ਜਾਵੇਗਾ। ਜਸਨੂਰ ਦੀ ਇਸ ਪ੍ਰਾਪਤੀ ਨਾਲ ਸੰਸਥਾ ਨੇ ਦੇਸ਼ ਭਰ ਵਿੱਚ ਪੰਜਵੀਂ ਵਾਰ ਸਿਖਰਲਾ ਰੈਂਕ ਪ੍ਰਾਪਤ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ ਅਤੇ ਪਿਛਲੇ ਦੋ ਸਾਲਾਂ ਵਿੱਚ ਸੰਸਥਾ ਦਾ ਇਹ ਤੀਜਾ ਸਨਮਾਨ ਹੈ, ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਦੇ ਸੁਪਨੇ ਸਾਕਾਰ ਕਰਨ ਲਈ ਕੀਤੇ ਜਾ ਰਹੇ ਠੋਸ ਯਤਨਾਂ ਦਾ ਪ੍ਰਤੱਖ ਪ੍ਰਮਾਣ ਹੈ।ਇਸ ਤੋਂ ਇਲਾਵਾ ਰੋਪੜ ਤੋਂ ਕੈਡਿਟ ਸੁਖਰਾਜ ਸਿੰਘ ਹੀਰਾ ਨੇ ਚੌਥਾ ਆਲ ਇੰਡੀਆ ਰੈਂਕ ਪ੍ਰਾਪਤ ਕੀਤਾ ਹੈ ਅਤੇ ਸੁਖਰਾਜ ਹੁਣ ਜੂਨ 2026 ਵਿੱਚ ਸ਼ੁਰੂ ਹੋਣ ਵਾਲੇ 161ਵੇਂ ਕੋਰਸ ਲਈ ਇੰਡੀਅਨ ਮਿਲਟਰੀ ਅਕੈਡਮੀ (ਆਈ ਐੱਮ ਏ) ਦੇਹਰਾਦੂਨ ਵਿੱਚ ਸ਼ਾਮਲ ਹੋਵੇਗਾ।ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਇਨ੍ਹਾਂ ਦੋਵਾਂ ਕੈਡਿਟਾਂ ਨੂੰ ਦਿਲੋਂ ਵਧਾਈਆਂ ਦਿੰਦੇ ਹੋਏ ਕਿਹਾ, 'ਇਹ ਭਾਰਤ ਦੇ ਰੱਖਿਆ ਬਲਾਂ ਦੇ ਭਵਿੱਖੀ ਅਧਿਕਾਰੀ ਬਣਨ ਲਈ ਉਨ੍ਹਾਂ ਦੇ ਸਫ਼ਰ ਦਾ ਆਗਾਜ਼ ਹੈ। ਮੈਂ ਉਨ੍ਹਾਂ ਨੂੰ ਪੂਰੇ ਸਮਰਪਣ ਅਤੇ ਸੰਜੀਦਗੀ ਨਾਲ ਆਪਣੀ ਸਿਖਲਾਈ ਪੂਰੀ ਕਰਨ ਲਈ ਸ਼ੁਭਇੱਛਾਵਾਂ ਦਿੰਦਾ ਹਾਂ। ਪੰਜਾਬ ਨੂੰ ਇਨ੍ਹਾਂ ਹੋਣਹਾਰ ਨੌਜਵਾਨਾਂ ਦੀ ਪ੍ਰਾਪਤੀ 'ਤੇ ਸੱਚਮੁੱਚ ਮਾਣ ਹੈ।' ਇੰਸਟੀਟਿਊਟ ਦੇ ਡਾਇਰੈਕਟਰ ਮੇਜਰ ਜਨਰਲ (ਸੇਵਾਮੁਕਤ) ਅਜੈ ਐੱਚ ਚੌਹਾਨ, ਵੀ ਐੱਸ ਐੱਮ ਨੇ ਕੈਡਿਟ ਜਸਨੂਰ ਅਤੇ ਸੁਖਰਾਜ ਨੂੰ ਸੰਸਥਾ ਅਤੇ ਪੰਜਾਬ ਦਾ ਮਾਣ ਵਧਾਉਣ ਲਈ ਵਧਾਈ ਦਿੱਤੀ ਅਤੇ ਕਿਹਾ, 'ਅਸੀਂ ਐੱਨ ਡੀ ਏ-156 ਕੋਰਸ ਦੀ ਮੈਰਿਟ ਸੂਚੀ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਾਂ, ਜਿਸ ਤੋਂ ਸਾਨੂੰ ਇੱਕ ਹੋਰ ਸ਼ਾਨਦਾਰ ਪ੍ਰਦਰਸ਼ਨ ਦੀ ਉਮੀਦ ਹੈ।'

# 45 ਲੱਖ ਦੀ ਠੱਗੀ 'ਚ ਇੱਕ ਹੋਰ ਬੀਬੀ ਗ੍ਰਿਫ਼ਤਾਰ

**ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਾਈਬਰ ਠੱਗਾਂ ਦੇ ਅਜਿਹੇ ਗਰੋਹ ਦਾ ਪਰਦਾ ਫਾਸ਼ ਕੀਤਾ ਗਿਆ ਹੈ, ਜਿਸ ਨੇ ਸੋਸ਼ਲ ਮੀਡੀਆ, ਖਾਸ ਕਰਕੇ ਇੰਸਟਾਗ੍ਰਾਮ 'ਤੇ ਫਰਜ਼ੀ ਨਿਵੇਸ਼ ਸਕੀਮਾਂ ਰਾਹੀਂ ਲੋਕਾਂ ਨਾਲ 45 ਲੱਖ ਰੁਪਏ ਤੋਂ ਵੱਧ ਦੀ ਠੱਗੀ ਮਾਰੀ। ਪੁਲਸ ਨੇ ਇਸ ਮਾਮਲੇ ਵਿੱਚ ਮੁੱਖ ਮੁਲਜ਼ਮ ਨਵਦੀਪ ਕੌਰ ਉਰਫ ਨਿਸ਼ਾ ਰਾਣੀ (ਵਾਸੀ ਪਟਿਆਲਾ, ਹਾਲ ਵਾਸੀ ਅਬੋਹਰ) ਨੂੰ ਗ੍ਰਿਫਤਾਰ ਕਰ ਲਿਆ ਹੈ, ਜਦੋਂ ਕਿ ਉਸ ਦਾ ਪਤੀ ਰਣਜੀਤ ਸਿੰਘ ਅਤੇ ਚੰਡੀਗੜ੍ਹ ਦਾ ਰਹਿਣ ਵਾਲਾ ਸਾਥੀ ਰਮਨਦੀਪ ਸਿੰਘ ਅਜੇ ਫਰਾਰ ਹਨ। ਗਰੋਹ ਦੀ ਇੱਕ ਹੋਰ ਮੈਂਬਰ ਮਨਪ੍ਰੀਤ ਕੌਰ (ਪਟਿਆਲਾ) ਨੂੰ ਪਹਿਲਾਂ ਹੀ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਡੀ ਐੱਸ ਪੀ ਹਰਜੀਤ ਸਿੰਘ ਨੇ ਦੱਸਿਆ ਕਿ ਇਹ ਗਰੋਹ ਕੁਝ ਹੀ ਦਿਨਾਂ ਵਿੱਚ ਪੈਸੇ ਦੁੱਗਣੇ ਜਾਂ ਚੌਗੁਣੇ ਕਰਨ ਦਾ ਲਾਲਚ ਦਿੰਦਾ ਸੀ। ਭਰੋਸਾ ਜਿੱਤਣ ਲਈ ਸ਼ੁਰੂ ਵਿੱਚ ਛੋਟਾ ਮੁਨਾਫਾ ਦਿੱਤਾ ਜਾਂਦਾ ਸੀ, ਜਿਸ ਤੋਂ ਬਾਅਦ ਪੀੜਤਾਂ ਨੂੰ ਵੱਡੀ ਰਕਮ ਨਿਵੇਸ਼ ਕਰਨ ਲਈ ਮਨਾ ਲਿਆ ਜਾਂਦਾ ਸੀ ਅਤੇ ਫਿਰ ਮੁਲਜ਼ਮ ਗਾਇਬ ਹੋ ਜਾਂਦੇ ਸਨ। ਗਰੋਹ ਜ਼ਿਆਦਾਤਰ ਘੱਟ ਪੜ੍ਹੇ-ਲਿਖੇ ਲੋਕਾਂ ਨੂੰ ਨਿਸ਼ਾਨਾ ਬਣਾਉਂਦਾ ਸੀ।

ਪਿਛਲੇ ਸਾਲ ਅਕਤੂਬਰ ਵਿੱਚ ਦਰਜ ਹੋਏ ਇੱਕ ਮਾਮਲੇ ਵਿੱਚ ਮਲੋਟ ਦੀ ਕੁਲਵਿੰਦਰ ਕੌਰ ਨਾਲ ਕਰੀਬ 14.92 ਲੱਖ ਰੁਪਏ ਦੀ ਠੱਗੀ ਹੋਈ ਸੀ। ਇਸੇ ਤਰ੍ਹਾਂ ਅਪਰੈਲ ਵਿੱਚ ਦਰਜ ਹੋਏ ਇੱਕ ਹੋਰ ਮਾਮਲੇ ਵਿੱਚ ਮਲਕੀਤ ਕੌਰ ਅਤੇ ਰਜਨੀ ਵਰਮਾ ਸਮੇਤ ਕਈਆਂ ਨੇ ਇੰਸਟਾਗ੍ਰਾਮ ਰਾਹੀਂ ਚਲਾਈਆਂ ਜਾ ਰਹੀਆਂ ਅਜਿਹੀਆਂ ਸਕੀਮਾਂ ਵਿੱਚ 27 ਲੱਖ ਰੁਪਏ ਤੋਂ ਵੱਧ ਗੁਆ ਦਿੱਤੇ। ਨਵਦੀਪ ਕੌਰ ਨੂੰ ਅਦਾਲਤ ਵਿੱਚ ਪੇਸ਼ ਕਰਕੇ ਦੋ ਦਿਨਾਂ ਦੇ ਪੁਲਸ ਰਿਮਾਂਡ 'ਤੇ ਲਿਆ ਗਿਆ ਹੈ।

# ਸ਼ਹੀਦ ਊਧਮ ਸਿੰਘ ਕਾਲਜ 'ਚ ਵਿਸ਼ਵ ਸਿਹਤ ਦਿਵਸ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਵਿਖੇ ਐਨਐਸਐਸ ਵਿਭਾਗ ਤੇ ਰੈੱਡ ਕਰਾਸ ਵਿਭਾਗ ਵੱਲੋਂ ਪ੍ਰਿੰਸੀਪਲ (ਡੀ. ਡੀ. ਓ) ਸ਼ਾਮ ਸੁੰਦਰ ਸ਼ਰਮਾ ਦੀ ਰਹਿਨੁਮਾਈ ਹੇਠ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ।ਇਸ ਮੌਕੇ ਵਾਇਸ ਪ੍ਰਿੰਸੀਪਲ ਡਾਕਟਰ ਅੰਚਲਾਂ ਨੇ ਐੱਨ ਐੱਸ ਐੱਸ ਵਲੰਟੀਅਰਸ ਨੂੰ ਸਿਹਤ ਦਿਵਸ ਦੀ ਮਹੱਤਤਾ ਬਾਰੇ ਦੱਸਦੇ ਹੋਏ ਸਿਹਤ ਤੇ ਵਾਤਾਵਰਨ ਦੇ ਸਬੰਧ ਬਾਰੇ ਚਰਚਾ ਕੀਤੀ।ਇਸ ਮੌਕੇ ਐੱਨ ਐੱਸ ਐੱਸ ਵਿਭਾਗ ਤੇ ਰੈੱਡ ਕਰਾਸ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਪਾਰਕ ਵਿੱਚ ਪੌਦੇ ਲਗਾਏ ਗਏ।ਵਲੰਟੀਅਰਜ਼ ਨੇ ਵਿਸ਼ਵ ਸਹਿਤ ਦਿਵਸ ਮੌਕੇ ਆਪਣੇ ਵਿਚਾਰ ਪੇਸ਼ ਕਰਦੇ ਦੱਸਿਆ ਕਿ ਚੰਗੀ ਸਿਹਤ ਲਈ ਚੰਗੀ ਖੁਰਾਕ ਦੀ ਕੀ ਮਹੱਤਤਾ ਹੈ।ਇਸ ਮੌਕੇ ਐੱਨ ਐੱਸ ਐੱਸ ਵਿਭਾਗ ਵੱਲੋਂ ਪ੍ਰੋਫੈਸਰ ਗੁਰਪ੍ਰੀਤ ਸਿੰਘ ਤੇ ਰੈੱਡ ਕ੍ਰਾਸ ਵਿਭਾਗ ਵੱਲੋਂ ਪ੍ਰੋਫੈਸਰ ਮੁਖਤਿਆਰ ਸਿੰਘ ਨੇ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਡਾਕਟਰ ਮਨੀਤਾ ਜੋਸ਼ੀ, ਪ੍ਰੋਫੈਸਰ ਕਾਲਾ ਸਿੰਘ, ਡਾਕਟਰ ਮਨਪ੍ਰੀਤ ਹਾਂਡਾ, ਰਘਵੀਰ ਸਿੰਘ, ਗੁਰਮੁਖ ਸਿੰਘ, ਵਿਜੇ ਕੁਮਾਰ ਹਾਜ਼ਰ ਰਹੇ।

# ਮਿਹਰ ਸਿੰਘ ਬਣੇ ਦੋਨਾ ਰਹਿਮਤ ਵਾਲਾ ਦੇ ਅਧਿਕਾਰਤ ਪੰਚ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਆਮ ਆਦਮੀ ਪਾਰਟੀ ਦੇ ਪੁਰਾਣੇ ਤੇ ਸੀਨੀਅਰ ਆਗੂ ਮੇਹਰ ਸਿੰਘ ਨੂੰ ਪਿੰਡ ਦੋਨਾਂ ਰਹਿਮਤ ਵਾਲੇ ਦੇ ਸਮੂਹ ਮੈਂਬਰ ਪੰਚਾਇਤਾਂ ਤੇ ਪਿੰਡ ਨਿਵਾਸੀਆਂ ਦੇ ਸਹਿਯੋਗ ਦੇ ਨਾਲ ਸਰਬਸੰਮਤੀ ਨਾਲ ਅਧਿਕਾਰਤ ਪੰਚ ਚੁਣ ਲਿਆ ਗਿਆ ਹੈ। ਉਨ੍ਹਾਂ ਨੂੰ ਅਧਿਕਾਰਤ ਪੰਚ ਬਣਾਏ ਜਾਣ 'ਤੇ ਹਲਕਾ ਵਿਧਾਇਕ ਐਡਵੋਕੇਟ ਰਜਨੀਸ਼ ਕੁਮਾਰ ਦਹੀਆ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਪਿੰਡ ਦੀ ਵਿਕਾਸ ਕਾਰਜਾਂ ਲਈ ਕੰਮ ਕਰਨ ਲਈ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਉਨ੍ਹਾਂ ਦੇ ਨਾਲ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਤਰਸੇਮ ਸਿੰਘ ਸੋਨੂ ਛੱਪੜ ਮਮਦੋਟ ਅਤੇ ਹੋਰ ਬਹੁਤ ਸਾਰੇ ਵਰਕਰ ਤੇ ਅਹੁਦੇਦਾਰ ਹਾਜ਼ਰ ਸਨ।

# ਮਾਡਰਨ ਗਰੁੱਪ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ



ਚੀਮਾ ਮੰਡੀ (ਰਵਿੰਦਰ ਚੀਮਾ)-ਮਾਡਰਨ ਗਰੁੱਪ ਆਫ ਇੰਸਟੀਚਿਊਟ ਬੀਰ ਕਲਾਂ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਐੱਨ ਐੱਸ ਐੱਸ ਵਿਭਾਗ ਦੇ ਮੁਖੀ ਪ੍ਰੋਫੈਸਰ ਗੁਰਸੇਵਕ ਸਿੰਘ ਵੱਲੋਂ ਇੱਕ ਸਮਾਗਮ ਕਾਲਜ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਮਨੁੱਖੀ ਸਿਹਤ ਨਾਲ ਜੁੜੇ ਮਸਲਿਆਂ ਉੱਪਰ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਬੋਲਦਿਆਂ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਕਿਹਾ ਕਿ ਮਨੁੱਖੀ ਸਿਹਤ ਕੁਦਰਤ ਦਾ ਇੱਕ ਅਦਭੁਤ ਨਮੂਨਾ ਅਤੇ ਨਿਵੇਕਲੀ ਦੇਣ ਹੈ ਸਾਨੂੰ ਇਸ ਦਾ ਖਿਆਲ ਰੱਖਣਾ ਚਾਹੀਦਾ ਹੈ, ਇੱਕ ਚੰਗਾ ਤੇ ਤੰਦਰੁਸਤ ਸਰੀਰ ਹੀ ਖੁਸ਼ਹਾਲ ਜੀਵਨ ਪ੍ਰਦਾਨ ਕਰਦਾ ਹੈ।ਇਸ ਮੌਕੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਇਸ ਦਿਵਸ ਦੇ ਇਤਿਹਾਸ ਉੱਪਰ ਚਾਨਣਾ ਪਾਇਆ।ਉਨ੍ਹਾਂ ਦੱਸਿਆ ਕਿ ਹਰ ਸਾਲ 7 ਅਪ੍ਰੈਲ ਨੂੰ ਪੂਰੇ ਵਿਸ਼ਵ ਵਿੱਚ ਮਨੁੱਖੀ ਸਿਹਤ ਦੀ ਸਾਂਭ ਸੰਭਾਲ ਦੇ ਮੱਦੇਨਜ਼ਰ ਵਿਸ਼ਵ ਸਿਹਤ ਦਿਵਸ ਮਨਾਇਆ ਜਾਂਦਾ ਹੈ।ਇਸ ਮੌਕੇ ਇੱਕ ਚਾਰਟ ਮੇਕਿੰਗ ਕੰਪੀਟੀਸ਼ਨ ਵੀ ਕਰਵਾਇਆ ਗਿਆ, ਜਿਸ ਵਿਚ ਕਾਲਜ ਦੇ ਵਿਦਿਆਰਥੀਆਂ ਵੱਲੋਂ ਵਿਸ਼ਵ ਸਿਹਤ ਦਿਵਸ ਨਾਲ ਸੰਬੰਧਤ ਵੱਖ-ਵੱਖ ਤਰ੍ਹਾਂ ਦੇ ਚਾਰਟ ਬਣਾਏ।ਇਸ ਮੌਕੇ ਕਾਲਜ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਰਹੇ।

# ਹਰਗੋਬਿੰਦ ਪਬਲਿਕ ਸਕੂਲ 'ਚ ਪ੍ਰਕਾਸ਼ ਪੁਰਬ ਮਨਾਇਆ



**ਬਠਿੰਡਾ (ਰਾਜੀਵ ਗੋਇਲ)**-ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿਖੇ ਵਿਸ਼ਵ ਸਿਹਤ ਦਿਵਸ ਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਪੁਰਬ ਧੂਮਧਾਮ ਨਾਲ ਮਨਾਇਆ।ਬੱਚਿਆਂ ਨੇ ਸਿਹਤ ਸਬੰਧੀ ਭਾਸ਼ਣ ਤੇ ਧਾਰਮਿਕ ਕਵੀਸ਼ਰੀਆਂ ਪੇਸ਼ ਕੀਤੀਆਂ।ਪ੍ਰਿੰਸੀਪਲ ਸੋਨੂੰ ਕੁਮਾਰ ਨੇ ਬੱਚਿਆਂ ਨੂੰ ਗੁਰੂ ਜੀ ਦੇ ਦੱਸੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੱਤੀ।ਸਕੂਲ ਦੇ ਧਾਰਮਿਕ ਅਧਿਆਪਕਾ ਪਲਵਿੰਦਰ ਕੌਰ ਨੇ ਗੁਰੂ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ।ਮੈਡਮ ਸਵਰਨਜੀਤ ਕੌਰ ਨੇ ਵੱਧ ਰਹੀਆਂ ਸਿਹਤ ਸਬੰਧੀ ਸਮੱਸਿਆਵਾਂ ਤੋਂ ਜਾਣੂ ਕਰਵਾਉਂਦੇ ਹੋਏ ਬੱਚਿਆਂ ਨੂੰ ਆਪਣੀ ਸਿਹਤ ਸਬੰਧੀ ਜਾਗਰੂਕ ਹੋਣ ਲਈ ਪ੍ਰੇਰਣਾ ਦਿੱਤੀ।ਇਸ ਮੌਕੇ ਮੈਡਮ ਨੀਤੂ ਸ਼ਰਮਾ, ਬਲਵਿੰਦਰ ਕੌਰ, ਰਣਜੀਤ ਕੌਰ, ਗੁਰਪ੍ਰੀਤ ਕੌਰ, ਪਵਨਪ੍ਰੀਤ ਕੌਰ, ਰਣਦੀਪ ਕੌਰ, ਜਸਵੀਰ ਕੌਰ, ਤਰਨਵੀਰ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਲਵਪ੍ਰੀਤ ਕੌਰ, ਮੰਦਰ ਸਿੰਘ ਤੇ ਦਵਿੰਦਰ ਕੁਮਾਰ ਆਦਿ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਭਗਵੰਤ ਮਾਨ ਨੇ ਹੁਸ਼ਿਆਰਪੁਰ...

ਨਾਲ-ਨਾਲ 40 ਤੋਂ ਵੱਧ ਪਿੰਡਾਂ ਨੂੰ ਲਾਭ ਪਹੁੰਚਾਉਣ ਲਈ 9.18 ਕਰੋੜ ਰੁਪਏ ਦੇ ਕਮਿਊਨਿਟੀ ਹੈਲਥ ਸੈਂਟਰ ਦਾ ਨੀਂਹ ਪੱਥਰ ਵੀ ਰੱਖਿਆ। ਮਾਨ ਨੇ 99 ਕਰੋੜ ਰੁਪਏ ਦੇ ਬਲਾਚੌਰ-ਗੜ੍ਹਸ਼ੰਕਰ-ਹੁਸ਼ਿਆਰਪੁਰ-ਦਸੂਹਾ ਸੜਕ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ, ਜੋ 105 ਕਿਲੋਮੀਟਰ ਲੰਮਾ ਕੋਰੀਡੋਰ ਹੈ, ਜੋ ਚੰਡੀਗੜ੍ਹ, ਪਠਾਨਕੋਟ ਅਤੇ ਜੰਮੂ-ਕਸ਼ਮੀਰ ਵਿਚਕਾਰ ਸੰਪਰਕ ਵਧਾਉਣ, ਜੰਮੂ ਅਤੇ ਦਿੱਲੀ ਵਿਚਕਾਰ ਯਾਤਰਾ ਦੇ ਸਮੇਂ ਨੂੰ ਘਟਾਉਣ ਅਤੇ ਆਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ ਅਤੇ ਮਾਤਾ ਜਵਾਲਾ ਜੀ ਦੀ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਲਈ ਸੁਚਾਰੂ ਪਹੁੰਚ ਦੀ ਸਹੂਲਤ ਪ੍ਰਦਾਨ ਕਰੇਗਾ।ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ—ਆਜ਼ਾਦੀ ਤੋਂ ਬਾਅਦ ਦੇ 70 ਸਾਲਾਂ ਤੋਂ ਵੱਧ ਸਮੇਂ ਤੱਕ ਰਵਾਇਤੀ ਵਿਰੋਧੀ ਪਾਰਟੀਆਂ ਨੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ। ਇਨ੍ਹਾਂ ਪਾਰਟੀਆਂ ਦੀਆਂ ਪਿਛਾਖੜੀ ਅਤੇ ਵੰਡਪਾਊ ਨੀਤੀਆਂ ਕਾਰਨ ਸੂਬਾ ਵਿਕਾਸ ਦੀ ਰਫ਼ਤਾਰ ਤੋਂ ਪਛੜ ਗਿਆ ਹੈ, ਜਿਸ ਕਾਰਨ ਲੋਕਾਂ ਨੂੰ ਨੁਕਸਾਨ ਝੱਲਣਾ ਪਿਆ ਸੀ। ਹਾਲਾਂਕਿ ਪਿਛਲੇ ਚਾਰ ਸਾਲਾਂ ਵਿੱਚ ਸੂਬੇ ਦਾ ਸੰਪੂਰਨ ਵਿਕਾਸ ਯਕੀਨੀ ਬਣਾਇਆ ਗਿਆ ਹੈ ਅਤੇ ਪਹਿਲੀ ਵਾਰ ਸੂਬਾ ਸਰਕਾਰ ਨੇ ਏਨੇ ਘੱਟ ਸਮੇਂ ਵਿੱਚ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਹਨ।

ਉਨ੍ਹਾ ਕਿਹਾ, 'ਅੱਜ ਸ਼ਾਮ ਚੁਰਾਸੀ ਵਿਖੇ 385 ਕਰੋੜ ਰੁਪਏ ਦੇ ਵਿਕਾਸ ਕਾਰਜ ਸ਼ੁਰੂ ਕੀਤੇ ਗਏ ਹਨ, ਜੋ ਇਸ ਖੇਤਰ ਦੀ ਤਰੱਕੀ ਅਤੇ ਖੁਸ਼ਹਾਲੀ ਨੂੰ ਹੁਲਾਰਾ ਦੇਣਗੇ। ਉਨ੍ਹਾ ਕਿਹਾ ਕਿ ਹੁਸ਼ਿਆਰਪੁਰ ਵਿਖੇ 268 ਕਰੋੜ ਰੁਪਏ ਦੀ ਲਾਗਤ ਨਾਲ ਮੈਡੀਕਲ ਕਾਲਜ ਅਤੇ 300 ਬਿਸਤਰਿਆਂ ਵਾਲਾ ਹਸਪਤਾਲ ਬਣੇਗਾ, ਜੋ ਆਮ ਲੋਕਾਂ ਲਈ ਵੱਡਾ ਤੋਹਫ਼ਾ ਹੋਵੇਗਾ।ਮਾਨ ਨੇ ਕਿਹਾ, "ਵਿਰੋਧੀ ਪਾਰਟੀਆਂ ਮੈਨੂੰ ਬਦਨਾਮ ਕਰਨ ਲਈ ਸਾਜ਼ਿਸ਼ਾਂ ਰਚ ਰਹੀਆਂ ਹਨ, ਕਿਉਂਕਿ ਉਹ ਸੂਬਾ ਸਰਕਾਰ ਵੱਲੋਂ ਜਨਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਤੋਂ ਈਰਖਾ ਕਰਦੀਆਂ ਹਨ। ਇਹ ਆਗੂ ਇਕ-ਦੂਜੇ ਨਾਲ ਹੱਥ ਮਿਲਾ ਕੇ ਚੱਲ ਰਹੇ ਹਨ ਅਤੇ ਸੱਤਾ ਵਿੱਚ ਰਹਿੰਦਿਆਂ ਇਕ-ਦੂਜੇ ਦੇ ਹਿੱਤਾਂ ਨੂੰ ਸੁਰੱਖਿਅਤ ਕਰਨ ਲਈ ਵਾਰੀ-ਵਾਰੀ ਰਾਜ ਕਰਨ ਦੀਆਂ ਖੇਡਾਂ ਖੇਡਦੇ ਸਨ, ਪਰ 'ਆਪ' ਸਰਕਾਰ ਨੇ ਉਨ੍ਹਾਂ ਨੂੰ ਸੱਤਾ ਤੋਂ ਬੇਦਖ਼ਲ ਕਰ ਕੇ ਇਸ ਖੇਡ ਨੂੰ ਬੰਦ ਕਰ ਦਿੱਤਾ, ਜਿਸ ਨਾਲ ਆਮ ਲੋਕਾਂ ਦੀਆਂ ਇੱਛਾਵਾਂ ਪੂਰੀਆਂ ਹੋ ਰਹੀਆਂ ਹਨ।' ਮੁੱਖ ਮੰਤਰੀ ਨੇ ਕਿਹਾ, 'ਕੈਪਟਨ ਅਮਰਿੰਦਰ ਸਿੰਘ ਅਤੇ ਪ੍ਰਕਾਸ਼ ਸਿੰਘ ਬਾਦਲ ਆਪਣੇ ਕਾਰਜਕਾਲ ਦੌਰਾਨ ਕਦੇ ਵੀ ਚੰਡੀਗੜ੍ਹ ਵਿੱਚ ਮੁੱਖ ਮੰਤਰੀਆਂ ਲਈ ਬਣੇ ਸਰਕਾਰੀ ਨਿਵਾਸ ਵਿੱਚ ਨਹੀਂ ਰਹੇ, ਇਸ ਦੀ ਬਜਾਏ ਇਹ ਆਗੂ ਆਪਣੇ ਹੀ ਮਹਿਲਾਂ ਵਰਗੇ ਘਰਾਂ ਵਿੱਚ ਰਹਿੰਦੇ ਸਨ, ਜੋ ਚੰਡੀਗੜ੍ਹ ਵਿੱਚ ਬਣਾਏ ਗਏ ਹਨ, ਕਿਉਂਕਿ ਉਹ ਸਰਕਾਰੀ ਘਰਾਂ ਵਿੱਚ ਆਰਾਮਦਾਇਕ ਮਹਿਸੂਸ ਨਹੀਂ ਕਰਦੇ ਸਨ। ਅਕਾਲੀਆਂ ਨੂੰ ਸੂਬੇ ਵਿੱਚ ਸ਼ਾਸਨ ਕਰਨ ਦੇ ਪੰਜ ਮੌਕੇ ਮਿਲੇ, ਪਰ ਲੋਕਾਂ ਦੀ ਸੇਵਾ ਕਰਨ ਦੀ ਬਜਾਏ ਉਨ੍ਹਾਂ ਨੇ ਲੋਕਾਂ ਅਤੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ।ਉਨ੍ਹਾ ਕਿਹਾ ਕਿ ਸਿਰਫ਼ ਇਹੀ ਨਹੀਂ, ਅਕਾਲੀਆਂ ਨੇ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਲਈ ਧਰਮ ਨੂੰ ਵਰਤ ਕੇ ਲੋਕਾਂ ਨਾਲ ਧੋਖਾ ਕੀਤਾ। ਸਰਵਉੱਚ ਤਖ਼ਤਾਂ ਦੇ ਜਥੇਦਾਰ ਅਕਾਲੀ ਆਗੂਆਂ ਦੀਆਂ ਜੇਬਾਂ 'ਚੋਂ ਚੁਣੇ ਜਾਂਦੇ ਰਹੇ ਹਨ। ਸਾਬਕਾ ਉਪ ਮੁੱਖ ਮੰਤਰੀ ਦਾਅਵਾ ਕਰਦੇ ਹਨ ਕਿ ਉਨ੍ਹਾਂ ਦੇ ਸ਼ਾਸਨ ਦੌਰਾਨ ਸੂਬੇ ਦਾ ਵੱਡਾ ਵਿਕਾਸ ਹੋਇਆ, ਪਰ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ 'ਤੇ ਉਹ ਅੱਖਾਂ ਮੀਟ ਲੈਂਦੇ ਹਨ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਅਤੇ ਬੇਕਸੂਰ ਮਾਰੇ ਗਏ।

### ਮਨੀਪੁਰ 'ਚ 2 ਬੱਚਿਆਂ...

ਕੁੱਕੀ ਬਹੁਗਿਣਤੀ ਵਾਲੇ ਪਹਾੜੀ ਇਲਾਕਿਆਂ ਦੀ ਹੱਦ ਦੇ ਪਿੰਡ ਅਵਾਂਗ ਲੀਕੈ ਪਿੰਡ ਵਿੱਚ ਰਾਕਟ ਵਰਗੀ ਚੀਜ਼ ਡਿੱਗਣ ਕਾਰਨ ਪੰਜ ਸਾਲ ਦਾ ਮੁੰਡਾ ਤੇ ਉਸ ਦੀ ਛੇ ਮਹੀਨਿਆਂ ਦੀ ਭੈਣ ਸੁੱਤੇ ਪਏ ਮਾਰੇ ਗਏ ਸਨ ਤੇ ਮਾਂ ਜ਼ਖ਼ਮੀ ਹੋ ਗਈ ਸੀ। ਗ੍ਰਹਿ ਮੰਤਰੀ ਅਨੁਸਾਰ ਜਦੋਂ ਪ੍ਰਦਰਸ਼ਨਕਾਰੀ ਕੈਂਪ ਦੇ ਅੰਦਰ ਦਾਖਲ ਹੋਏ ਤਾਂ ਹਿੰਸਾ ਵਧ ਗਈ। ਇਸ ਦੌਰਾਨ ਸੁਰੱਖਿਆ ਕਰਮਚਾਰੀਆਂ ਵੱਲੋਂ ਕੀਤੀ ਗਈ ਫਾਇਰਿੰਗ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਗਈ ਅਤੇ ਪੰਜ ਹੋਰ ਜ਼ਖ਼ਮੀ ਹੋ ਗਏ। ਮੰਤਰੀ ਨੇ ਦੱਸਿਆ ਕਿ ਉਨ੍ਹਾ ਨੇ ਪ੍ਰਦਰਸ਼ਨਕਾਰੀਆਂ ਨੂੰ ਪਹਿਲਾਂ ਹੀ ਅਪੀਲ ਕੀਤੀ ਸੀ ਕਿ ਉਹ ਪੁਲਸ ਅਤੇ ਸੁਰੱਖਿਆ ਬਲਾਂ ਨੂੰ ਆਪਣਾ ਕੰਮ ਕਰਨ ਦੇਣ ਅਤੇ ਮੁਲਜ਼ਮਾਂ ਨੂੰ ਫੜਨ ਲਈ ਸਹਿਯੋਗ ਦੇਣ, ਪਰ ਭੀੜ ਨੇ ਇਸ ਅਪੀਲ ਵੱਲ ਕੋਈ ਧਿਆਨ ਨਹੀਂ ਦਿੱਤਾ। ਸਥਿਤੀ ਵਿਗੜਨ ਕਾਰਨ ਵਾਦੀ ਦੇ ਪੰਜ ਜ਼ਿਲ੍ਹਿਆਂ 'ਚ ਇੰਟਰਨੈੱਟ ਸੇਵਾ ਬੰਦ ਕਰ ਦਿੱਤੀ ਗਈ ਹੈ। ਇਸੇ ਦੌਰਾਨ ਰਾਹੁਲ ਗਾਂਧੀ ਨੇ ਕਿਹ ਕਿ ਬੀ ਐੱਸ ਐੱਫ ਜਵਾਨ ਦੇ ਘਰ ਦੋ ਸੁੱਤੇ ਪਏ ਬੱਚਿਆਂ ਦੀ ਹੱਤਿਆ ਦੀ ਖਬਰ ਦਿਲ ਚੀਰਨ ਵਾਲੀ ਹੈ। ਤਿੰਨ ਸਾਲ ਬਾਅਦ ਵੀ ਬੇਗੁਨਾਹ ਬੱਚੇ ਝੁਲਸ ਰਹੇ ਹਨ। ਸ਼ਾਂਤੀ ਦਾ ਕੋਈ ਸੰਕੇਤ ਦੂਰ-ਦੂਰ ਤੱਕ ਨਜ਼ਰ ਨਹੀਂ ਆਉਂਦਾ। ਮੋਦੀ ਸਰਕਾਰ ਏਨੀ ਪੱਥਰ ਦਿਲ ਹੋ ਗਈ ਹੈ ਕਿ ਭੁੱਲ ਗਈ ਹੈ ਕਿ ਮਨੀਪੁਰ ਦੇ ਬੱਚੇ ਵੀ ਦੇਸ਼ ਦੇ ਬੱਚੇ ਹਨ, ਭਵਿੱਖ ਹਨ।

### ਸਵਾ ਦੋ ਲੱਖ 'ਚ ਬੱਚਾ...

ਦਿੱਤਾ ਕਿ ਬੱਚੇ ਦੇ ਬਦਲੇ ਗੋਦ ਲੈਣ ਵਾਲੇ ਪਰਵਾਰ ਵੱਲੋਂ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਮਾਪੇ ਅਨਪੜ੍ਹ ਸਨ ਅਤੇ ਇਸ ਗੱਲ ਤੋਂ ਅਣਜਾਣ ਸਨ ਕਿ ਜਿਨ੍ਹਾਂ ਲੋਕਾਂ ਨਾਲ ਉਹ ਸੰਪਰਕ ਵਿੱਚ ਸਨ, ਉਹ ਬੱਚਾ ਤਸਕਰੀ ਕਰਨ ਵਾਲੇ ਗਰੋਹ ਦਾ ਹਿੱਸਾ ਹਨ। ਗਰੋਹ ਦੇ ਮੈਂਬਰ ਬੱਚੇ ਦੇ ਜਨਮ ਤੋਂ ਪਹਿਲਾਂ ਹੀ ਜੋੜੇ ਦੇ ਸੰਪਰਕ ਵਿੱਚ ਸਨ। ਫਰੀਦਕੋਟ ਦੇ ਇੱਕ ਹਸਪਤਾਲ ਵਿੱਚ ਜਨਮ ਤੋਂ ਤਿੰਨ ਦਿਨ ਬਾਅਦ ਗਰੋਹ ਨੇ ਬੱਚੇ ਨੂੰ 2.25 ਲੱਖ ਰੁਪਏ ਵਿੱਚ ਲੈ ਲਿਆ। ਇਸ ਬੱਚੇ ਨੂੰ ਅੱਗੇ 9.25 ਲੱਖ ਰੁਪਏ ਵਿੱਚ ਦਿੱਲੀ ਦੇ ਇੱਕ ਪਰਵਾਰ ਨੂੰ ਵੇਚਿਆ ਜਾਣਾ ਸੀ, ਜੋ 31 ਮਾਰਚ ਨੂੰ ਬਹਾਦਰਗੜ੍ਹ ਪਹੁੰਚਣ ਵਾਲਾ ਸੀ, ਪਰ ਪੁਲਸ ਨੇ ਇਸ ਤੋਂ ਪਹਿਲਾਂ ਹੀ ਪੰਜਾਬ ਦੀ ਇੱਕ ਔਰਤ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕਰ ਲਿਆ। ਡੀ ਸੀ ਪੀ ਅਨੁਸਾਰ ਜਾਂਚ ਜਾਰੀ ਹੈ ਅਤੇ ਹੁਣ ਤੱਕ ਪੰਜਾਬ, ਯੂ ਪੀ, ਛੱਤੀਸਗੜ੍ਹ ਅਤੇ ਦਿੱਲੀ ਤੋਂ ਸੱਤ ਵਿਅਕਤੀ ਗ੍ਰਿਫਤਾਰ ਕੀਤੇ ਜਾ ਚੁੱਕੇ ਹਨ। ਹੋਰਨਾਂ ਦੀ ਭਾਲ ਲਈ ਵੱਖ-ਵੱਖ ਰਾਜਾਂ ਵਿੱਚ ਛਾਪੇਮਾਰੀ ਕੀਤੀ ਜਾ ਰਹੀ ਹੈ।

### ਧਾਲੀਵਾਲ ਨੇ ਛੱਪੜ...

ਲਈ ਪੁਲਸ ਨੂੰ ਦਿੱਤੀ ਜਾਵੇ। ਉਨ੍ਹਾ ਇਹ ਵੀ ਆਦੇਸ਼ ਦਿੱਤੇ ਕਿ ਜਿਸ ਅਧਿਕਾਰੀ ਦੀ ਇਥੇ ਡਿਊਟੀ ਹੈ, ਉਸ ਵਿਰੁੱਧ ਵੀ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਧਾਲੀਵਾਲ ਨੇ ਉੱਥੇ ਕੰਮ ਕਰ ਰਹੀ ਲੇਬਰ ਨੂੰ ਕੰਮ ਤੋਂ ਰੋਕ ਦਿੱਤਾ ਅਤੇ ਮੌਕੇ 'ਤੇ ਐੱਸ ਐੱਸ ਓ ਨੂੰ ਬੁਲਾ ਕੇ ਕਾਰਵਾਈ ਕਰਨ ਦੇ ਆਦੇਸ਼ ਜਾਰੀ ਕੀਤੇ।

ਧਾਲੀਵਾਲ ਨੇ ਕਿਹਾ ਕਿ ਲੋਕਾਂ ਦੇ ਟੈਕਸ ਦੇ ਪੈਸਿਆਂ ਦੀ ਦੁਰਵਰਤੋਂ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾ ਕਿਹਾ ਕਿ 50 ਸਾਲਾਂ ਬਾਅਦ ਬੜੀ ਮੁਸ਼ਕਲ ਨਾਲ ਪੰਜਾਬ ਵਿੱਚ ਵਿਕਾਸ ਕਾਰਜ ਸ਼ੁਰੂ ਹੋਏ ਹਨ ਅਤੇ ਉਸ ਵਿੱਚ ਵੀ ਕਈ ਅਧਿਕਾਰੀ ਅਤੇ ਠੇਕੇਦਾਰ ਚੋਰੀ ਕਰ ਰਹੇ ਹਨ, ਜੋ ਕਿ ਮਨਜ਼ੂਰ ਨਹੀਂ। ਧਾਲੀਵਾਲ ਨੇ ਕਿਹਾ ਕਿ ਕਈ ਠੇਕੇਦਾਰਾਂ ਨੂੰ ਪੁਰਾਣੀਆਂ ਸਰਕਾਰਾਂ ਦੇ ਸਮੇਂ ਦੀਆਂ ਹੇਰਾਫੇਰੀਆਂ ਦੀਆਂ ਆਦਤਾਂ ਪਈਆਂ ਹਨ, ਜੋ ਕਿ ਇਸ ਸਰਕਾਰ ਵਿੱਚ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ।

# ਫ਼ੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਲੁਧਿਆਣਾ ਜ਼ੋਨ ਦੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਪੈਨਸ਼ਨਰ ਭਵਨ ਲੁਧਿਆਣਾ ਵਿਖੇ ਫ਼ੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਪੰਜਾਬ ਲੁਧਿਆਣਾ ਜ਼ੋਨ ਦੀ ਮੀਟਿੰਗ ਅਮਰ ਸਿੰਘ ਸਿਆੜ ਕਨਵੀਨਰ-ਕਮ-ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਪੈਨਸ਼ਨਰਜ਼ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ 16% ਘੱਟ ਡੀ ਏ ਮਿਲਣ 'ਤੇ ਵਿਚਾਰ ਚਰਚਾ ਹੋਈ।ਸਾਲ 2025 ਵਿੱਚ ਕੋਈ ਮਹਿੰਗਾਈ ਭੱਤਾ ਨਹੀਂ ਦਿੱਤਾ ਗਿਆ, ਪੰਜਾਬ ਸਰਕਾਰ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਬਲਜੀਤ ਸਿੰਘ ਵੱਲੋਂ ਪੇ ਪੈਰਿਟੀ ਕੇਸ ਸਬੰਧੀ ਜਾਣਕਾਰੀ ਦਿੱਤੀ ਗਈ।ਮਲਕੀਅਤ ਸਿੰਘ ਐੱਸ ਡੀ ਓ ਨਹਿਰੀ ਵਿਭਾਗ ਨੂੰ ਜਥੇਬੰਦੀ ਦੇ ਯਤਨਾਂ ਨਾਲ ਸਾਰਾ ਬਣਦਾ ਬਕਾਇਆ ਉਨ੍ਹਾਂ ਦੇ ਖਾਤੇ ਵਿੱਚ ਜਮ੍ਹਾਂ ਕਰਵਾਇਆ ਗਿਆ, ਉਨ੍ਹਾਂ ਅੱਜ ਸਭਨਾਂ ਲਈ ਵਧੀਆ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ।ਪੰਜਾਬ ਸਰਕਾਰ ਨੂੰ ਜਾਇਜ਼ ਤੇ ਹੱਕੀ ਮੰਗਾਂ ਲਈ ਯੂਨੀਅਨ ਦੇ ਆਗੂਆਂ ਨਾਲ ਬੈਠ ਕੇ ਨਿਪਟਾਰਾ ਕਰਨ ਲਈ ਕਿਹਾ ਗਿਆ, ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਜਥੇਬੰਦੀ ਸੰਘਰਸ਼ ਕਰਨ ਤੇ ਮਜਬੂਰ ਹੋਵੇਗੀ।ਮੀਟਿੰਗ ਵਿੱਚ ਇੰਜੀ ਅਮਰ ਸਿੰਘ, ਪ੍ਰਗਟ ਸਿੰਘ ਗਰੇਵਾਲ, ਅਵਤਾਰ ਸਿੰਘ ਹਾਂਸ, ਬਿਕਰਮ ਜੀਤ ਬਾਂਸਲ, ਕੁਲਵੰਤ ਸਿੰਘ, ਮਲਕੀਅਤ ਸਿੰਘ, ਰਾਜਿੰਦਰ ਸਿੰਘ, ਜਸਵੰਤ ਸਿੰਘ ਗਰੇਵਾਲ ਆਦਿ ਹਾਜ਼ਰ ਸਨਸ਼

# ਦਿੱਲੀ ਸਟੇਟ ਐਥਲੈਟਿਕਸ ਚੈਂਪੀਅਨਸ਼ਿਪ 'ਚ ਸਟੀਫਨ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟੀਫਨ ਇੰਟਰਨੈਸ਼ਨਲ ਸਕੂਲ ਦੇ ਖਿਡਾਰੀਆਂ ਨੇ ਇੱਕ ਵਾਰ ਫਿਰ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਦਿੱਲੀ ਸਟੇਟ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਵਿਦਿਆਰਥੀਆਂ ਨੇ ਕਾਬਿਲ-ਏ-ਤਾਰੀਫ਼ ਉਪਲਬਧੀਆਂ ਹਾਸਲ ਕੀਤੀਆਂ।ਜਗਮੇਲ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਟਰਿਪਲ ਜੰਪ ਵਿੱਚ ਸੋਨੇ ਦਾ ਤਮਗਾ ਜਿੱਤਿਆ ਤੇ ਫੈਡਰੇਸ਼ਨ ਕੱਪ ਲਈ ਕਵਾਲੀਫਾਈ ਕੀਤਾ।ਇਸ ਦੇ ਨਾਲ ਹੀ ਜਸਪ੍ਰੀਤ ਨੇ ਵੀ ਵਧੀਆ ਪ੍ਰਦਰਸ਼ਨ ਕਰਦੇ ਹੋਏ ਕਾਂਸੀ ਦਾ ਤਮਗਾ ਆਪਣੇ ਨਾਮ ਕੀਤਾ।ਹੋਰ ਖਿਡਾਰੀਆਂ ਨੇ ਵੀ ਵਧੀਆ ਪ੍ਰਦਰਸ਼ਨ ਕੀਤਾ, ਜਿਸ ਵਿੱਚ ਜਸਕਰਨ ਸਿੰਘ ਨੇ 1000 ਮੀਟਰ ਦੌੜ ਵਿੱਚ 9ਵਾਂ ਸਥਾਨ ਹਾਸਲ ਕੀਤਾ ਤੇ ਅਵਿਜੋਤ ਸਿੰਘ ਨੇ ਅੰਡਰ-18 ਲੜਕਿਆਂ ਦੀ ਲਾਂਗ ਜੰਪ ਵਿੱਚ 6ਵਾਂ ਸਥਾਨ ਪ੍ਰਾਪਤ ਕੀਤਾ।ਡਾਇਰੈਕਟਰ-ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਸਾਰੇ ਜੇਤੂਆਂ ਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਸਟੀਫਨ ਇੰਟਰਨੈਸ਼ਨਲ ਸਕੂਲ ਦਾ ਸਾਰਾ ਪਰਵਾਰ ਇਸ ਉਪਲਬਧੀ 'ਤੇ ਮਾਣ ਮਹਿਸੂਸ ਕਰਦਾ ਹੈ ਤੇ ਸਾਰੇ ਖਿਡਾਰੀਆਂ ਦੇ ਚੰਗੇ ਭਵਿੱਖ ਲਈ ਸ਼ੁਭ-ਕਾਮਨਾਵਾਂ ਦਿੰਦਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਨੇ ਗਵਰਨਰ ਦੇ ਨਾਂਅ ਸੌਂਪਿਆ ਮੰਗ ਪੱਤਰ

**ਧਾਰੀਵਾਲ, (ਮਨਦੀਪ ਵਿੱਕੀ)**- ਸੰਯੁਕਤ ਕਿਸਾਨ ਮੋਰਚਾ ਅਤੇ ਮਜ਼ਦੂਰ ਜਥੇਬੰਦੀਆਂ ਤੇ ਬਿਜਲੀ ਮੁਲਾਜ਼ਮਾਂ ਦੇ ਸਾਂਝੇ ਮੋਰਚੇ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਗੁਰਦਾਸਪੁਰ ਦੇ ਅੱਗੇ ਇੱਕ ਵਿਸ਼ਾਲ ਧਰਨਾ ਦਿੱਤਾ ਗਿਆ। ਧਰਨੇ ਤੋਂ ਪਹਿਲਾਂ ਮਾਰਚ ਕੀਤਾ ਅਤੇ ਬਾਅਦ ਵਿੱਚ ਡੀਸੀ ਗੁਰਦਾਸਪੁਰ ਨੂੰ ਗਵਰਨਰ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਬੁਲਾਰਿਆਂ ਨੇ ਅਮਰੀਕਾ ਵੱਲੋਂ ਈਰਾਨ ਉਪਰ ਕੀਤੇ ਜਾ ਰਹੇ ਨਜਾਇਜ਼ ਹਮਲੇ ਦੀ ਘੋਰ ਨਿੰਦਾ ਕੀਤੀ ਤੇ ਇਸ ਜੰਗ ਨੂੰ ਫੌਰੀ ਬੰਦ ਕਰਨ ਦੀ ਮੰਗ ਕੀਤੀ। ਭਾਰਤ ਦੀ ਮੋਦੀ ਸਰਕਾਰ ਵੱਲੋਂ ਅਮਰੀਕਾ ਇਜ਼ਰਾਈਲ ਵਿਰੁੱਧ ਸਪਸ਼ਟ ਸਟੈਂਡ ਨਾ ਲੈਣ 'ਤੇ ਆਲੋਚਨਾ ਕੀਤੀ। ਭਾਰਤ-ਅਮਰੀਕਾ ਵਪਾਰ ਸਮਝੌਤਾ ਰੱਦ ਕਰਨ ਦੀ ਮੰਗ ਕੀਤੀ ਗਈ। ਮਜ਼ਦੂਰਾਂ ਉਪਰ ਲਾਗੂ ਕੀਤੇ ਚਾਰ ਕੋਡ ਵ ਫੌਰੀ ਵਾਪਸ ਲੈਣ ਦੀ ਮੰਗ ਉਠਾਈ। ਇਸ ਤੋਂ ਇਲਾਵਾ ਯੂਰੀਆ ਖਾਦ ਦੀ ਵਧੀ ਕੀਮਤ ਵਾਪਸ ਲੈਣ, ਰਿਪੇਰੀਅਨ ਕਾਨੂੰਨ ਤਹਿਤ ਸਾਰਥਕ ਵੰਡ ਕਰਨ ਦੀ ਵੀ ਗੱਲ ਆਖੀ। ਆਗੂਆਂ ਚਿੰਤਾ ਪ੍ਰਗਟ ਕੀਤੀ ਕਿ ਮੋਦੀ ਸਰਕਾਰ ਤਾਨਾਸ਼ਾਹੀ ਫੈਸਲੇ ਲੈ ਰਹੀ ਹੈ ਜੋ ਦੇਸ਼ ਦੇ ਫੈਡਰਲ ਢਾਂਚੇ ਉਪਰ ਬਹੁਤ ਵੱਡੀ ਸੱਟ ਹੈ। ਇੱਕ ਹੋਰ ਮਤੇ ਰਾਹੀਂ ਬਟਾਲਾ ਦੇ ਸੁੱਖਾ ਸਿੰਘ ਮਹਿਤਾਬ ਸਿੰਘ ਪਾਰਕ ਵਿੱਚ ਹੈਲਥ ਕਲੀਨਿਕ ਬਣਾਉਣ ਦਾ ਸਖਤ ਵਿਰੋਧ ਕੀਤਾ ਗਿਆ ਅਤੇ ਚਿਤਾਵਨੀ ਦਿੱਤੀ ਗਈ ਕਿ ਅਗਰ ਇਹ ਤਜਵੀਜ਼ ਰੱਦ ਨਾ ਕੀਤੀ ਤਾਂ ਉਥੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦਾ ਪੱਕਾ ਮੋਰਚਾ ਸ਼ੁਰੂ ਕਰ ਦਿੱਤਾ ਜਾਵੇਗਾ। ਧਰਨੇ ਦੀ ਪ੍ਰਧਾਨਗੀ ਸਾਂਝੇ ਤੌਰ 'ਤੇ ਗੁਲਜ਼ਾਰ ਸਿੰਘ ਬਸੰਤਕੋਟ, ਮੱਖਣ ਸਿੰਘ ਕੁਹਾੜ, ਬਲਵਿੰਦਰ ਸਿੰਘ ਰਾਜੂ, ਔਲਖ ਤਰਲੋਕ ਸਿੰਘ, ਹਰਭਜਨ ਸਿੰਘ ਬਟਾਲਾ, ਤਰਸੇਮ ਸਿੰਘ, ਹਰਜੀਤ ਸਿੰਘ, ਗੁਰਮੀਤ ਸਿੰਘ ਦੋਸਤਪੁਰ, ਹਰਜਿੰਦਰ ਸਿੰਘ ਆਦੀਆਂ, ਕੁਲਜੀਤ ਸਿੰਘ ਰੰਧਾਵਾ, ਬਲਬੀਰ ਸਿੰਘ ਕੱਤੋਵਾਲ, ਸਾਧ ਸਿੰਘ ਗੌਂਸਪੁਰ, ਵਿਜੇ ਸੋਹਲ, ਧਿਆਨ ਸਿੰਘ ਠਾਕੁਰ, ਦਿਲਬਾਗ ਸਿੰਘ ਜੋਗਰ, ਜੋਗਿੰਦਰ ਪਾਲ ਪਨਿਆੜ, ਸੰਜੀਵ ਸੈਣੀ, ਬਲਬੀਰ ਸਿੰਘ ਬੈਂਸ ਨੇ ਸਾਂਝੇ ਤੌਰ ਤੇ ਕੀਤੀ ਜਦਕਿ ਬਚਨ ਸਿੰਘ, ਭੰਬੋਈ, ਲਖਵਿੰਦਰ ਸਿੰਘ ਮਰੜ, ਲਖਵਿੰਦਰ ਸਿੰਘ ਮੰਜਿਆਂਵਾਲੀ, ਹਰਵਿੰਦਰ ਸਿੰਘ ਮੱਲੀ, ਦਵਿੰਦਰ ਕੌਰ ਪੁਰਾਣਾ ਸ਼ਾਲਾ, ਹਰਜੀਤ ਸਿੰਘ ਕਾਹਲੋਂ, ਗੁਰਵਿੰਦਰ ਸਿੰਘ ਜੀਵਨ ਚੱਕ, ਅਸ਼ਵਨੀ ਕੁਮਾਰ ਲਖਣ ਕਲਾਂ, ਮੰਗਤ ਸਿੰਘ ਜੀਵਨ ਚੱਕ, ਗੁਰਮੁਖ ਸਿੰਘ ਖਹਿਰਾ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਚੰਨਣ ਸਿੰਘ, ਰਘਬੀਰ ਸਿੰਘ ਚਾਹਲ, ਮੱਖਣ ਸਿੰਘ ਤਿੱਬੜ, ਸ਼ਿਵ ਕੁਮਾਰ, ਬਲਬੀਰ ਸਿੰਘ ਪੀਰਾਂ ਬਾਗ, ਸੰਜੀਵ ਸ਼ਰਮਾ, ਸੰਜੀਵ ਮਿੰਟੂ ਆਦਿ ਆਗੂ ਵੀ ਹਾਜ਼ਰ ਸਨ।



# ਟੈਗੋਰ ਕਾਲਜ ਆਫ਼ ਐਜੂਕੇਸ਼ਨ ਫ਼ਾਰ ਵਿਮੈਨ ਦਾ ਬੀਐੱਡ ਦਾ ਨਤੀਜਾ ਰਿਹਾ ਸ਼ਾਨਦਾਰ



**ਗੁਰਦਾਸਪੁਰ (ਦਿਨੇਸ਼ ਕੁਮਾਰ)**- ਟੈਗੋਰ ਕਾਲਜ ਆਫ਼ ਐਜੂਕੇਸ਼ਨ ਫ਼ਾਰ ਵੂਮੈਨ ਗੁਰਦਾਸਪੁਰ ਵਿੱਚ ਚੱਲ ਰਹੇ ਬੀਐੱਡ ਕੋਰਸ ਦੇ ਸਮੈਸਟਰ ਪਹਿਲੇ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਦੱਸਿਆ ਕਿ ਸਾਰੀਆਂ ਵਿਦਿਆਰਥਣਾਂ ਨੇ ਆਪਣੀ ਪ੍ਰੀਖਿਆ ਪਹਿਲੇ ਦਰਜੇ ਵਿੱਚ ਪਾਸ ਕੀਤੀ ।ਰਾਜੇਸ਼ਵਰੀ ਸ਼ਰਮਾ ਨੇ 7.60 ਸੀਜੀਪੀਏ ਲੈ ਕੇ ਪਹਿਲਾ, ਵਰਸ਼ਾ ਭਾਰਤੀ ਤੇ ਸਵੀਟਨ ਨੇ 7.50 ਸੀਜੀਪੀਏ ਤੋਂ ਵੱਧ ਅੰਕ ਲੈ ਕੇ ਦੂਜਾ ਅਤੇ ਸੁਨਿਧੀ ਅੱਤਰੀ ਨੇ 7.40 ਸੀਜੀਪੀਏ ਤੋਂ ਵੱਧ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ 29 ਵਿਦਿਆਰਥਣਾਂ ਨੇ ਸੱਤ ਤੋਂ ਸੀਜੀਪੀਏ ਤੋਂ ਵੱਧ ਅੰਕ ਲੈ ਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਇਸ ਵਧੀਆ ਪ੍ਰਦਰਸ਼ਨ ਲਈ ਕਾਲਜ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਪ੍ਰਿੰਸੀਪਲ ਅਤੇ ਸਟਾਫ਼ ਨੂੰ ਅੱਗੇ ਵੀ ਇਸ ਤਰ੍ਹਾਂ ਮਿਹਨਤ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ ।ਚੇਅਰਮੈਨ ਨੇ ਕਿਹਾ ਕਿ ਕਾਲਜ ਵਿੱਚ ਵਿਦਿਆਰਥਣਾ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਦੇਣ ਦੇ ਨਾਲ ਹੋਰ ਸਮਾਜਿਕ ਸਰਗਰਮੀਆਂ ਵੀ ਕਰਵਾਈਆਂ ਜਾਂਦੀਆਂ ਹਨ ਤਾਂ ਕਿ ਉਨ੍ਹਾ ਦਾ ਚਹੁੰ-ਪੱਖੀ ਵਿਕਾਸ ਹੋ ਸਕੇ ਅਤੇ ਵਿਦਿਆਰਥਣਾਂ ਸਮਾਜ ਵਿੱਚ ਆਪਣਾ ਅਤੇ ਆਪਣੇ ਮਾਤਾ-ਪਿਤਾ ਦਾ ਨਾਮ ਚਮਕਾ ਸਕਣ ਅਤੇ ਵਿਦਿਆਰਥਣਾਂ ਦੇ ਉਜਵਲ ਭਵਿੱਖ ਲਈ ਕਾਲੇਜ ਮੈਨੇਜਮੈਂਟ ਹਮੇਸ਼ਾ ਹੀ ਤਿਆਰ ਰਹਿੰਦੀ ਹੈ ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਡੀ ਸੀ ਦਫ਼ਤਰ ਵਿਖੇ ਰੋਸ ਪ੍ਰਦਰਸ਼ਨ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਸੰਯੁਕਤ ਕਿਸਾਨ ਮੋਰਚੇ ਦੇ ਦੇਸ਼-ਵਿਆਪੀ ਸੱਦੇ 'ਤੇ ਸੋਮਵਾਰ ਨੂੰ ਅੰਮ੍ਰਿਤਸਰ ਦੇ ਡੀ. ਸੀ. ਦਫ਼ਤਰ ਵਿਚ ਕਿਸਾਨੀ ਮੰਗਾਂ ਨੂੰ ਲੈ ਕੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿਚ ਇਕੱਠੇ ਹੋਏ ਕਿਸਾਨਾਂ ਨੇ ਕੇਂਦਰ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਰਾਹੀਂ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪਿਆ। ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਡਾ. ਸਤਨਾਮ ਸਿੰਘ ਅਜਨਾਲਾ, ਜਤਿੰਦਰ ਸਿੰਘ ਛੀਨਾ, ਸੁੱਚਾ ਸਿੰਘ ਅਜਨਾਲਾ, ਲਖਬੀਰ ਸਿੰਘ ਨਿਜ਼ਾਮਪੁਰਾ, ਹਰਜੀਤ ਸਿੰਘ ਝੀਤਾ, ਡਾ. ਪਰਮਿੰਦਰ ਸਿੰਘ, ਬਘੇਲ ਸਿੰਘ, ਅਮਰੀਕ ਸਿੰਘ ਤੇ ਭੁਪਿੰਦਰਜੀਤ ਸਿੰਘ ਛੀਨਾ ਨੇ ਸਰਕਾਰ ਕੋਲੋਂ ਮੰਗ ਕੀਤੀ ਕਿ ਬੇਮੌਸਮੀ ਬਾਰਿਸ਼ ਤੇ ਗੜੇਮਾਰੀ ਕਾਰਨ ਬਰਬਾਦ ਹੋਈਆਂ ਫ਼ਸਲਾਂ ਲਈ ਕਿਸਾਨਾਂ ਨੂੰ ਤੁਰੰਤ ਢੁੱਕਵੀਂ ਵਿੱਤੀ ਸਹਾਇਤਾ ਦਿੱਤੀ ਜਾਵੇ। ਸੀਡ ਬਿੱਲ, ਬਿਜਲੀ ਸੋਧ ਬਿੱਲ ਤੇ ਅਮਰੀਕਾ ਨਾਲ ਕੀਤੇ ਗਏ 'ਮੁਕਤ ਵਪਾਰ ਸਮਝੌਤੇ' ਨੂੰ ਤੁਰੰਤ ਰੱਦ ਕੀਤਾ ਜਾਵੇ। ਆਗੂਆਂ ਨੇ ਸਪੱਸ਼ਟ ਸ਼ਬਦਾਂ ਵਿਚ ਚਿਤਾਵਨੀ ਦਿੱਤੀ ਕਿ ਜੇਕਰ ਜਾਇਜ਼ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੀਆਂ ਚੋਣਾਂ ਵਿਚ ਕਿਸਾਨ ਦੋਵਾਂ ਸਰਕਾਰਾਂ (ਕੇਂਦਰ ਤੇ ਪੰਜਾਬ) ਵਿਰੁੱਧ ਸਖ਼ਤ ਰੁਖ ਅਪਣਾਉਣਗੇ। ਕਿਸਾਨ ਆਗੂਆਂ ਨੇ ਅਮਰੀਕਾ ਵੱਲੋਂ ਈਰਾਨ 'ਤੇ ਕੀਤੇ ਗਏ ਹਮਲੇ ਦੀ ਵੀ ਕਰੜੀ ਨਿਖੇਧੀ ਕੀਤੀ। ਉਨ੍ਹਾਂ ਨੇ ਇਸ ਮੁੱਦੇ 'ਤੇ ਭਾਰਤ ਸਰਕਾਰ ਦੀ ਚੁੱਪ ਨੂੰ ਮੰਦਭਾਗਾ ਦੱਸਦਿਆਂ ਸਵਾਲ ਖੜ੍ਹੇ ਕੀਤੇ। ਇਸ ਮੌਕੇ ਸ਼ਮਸ਼ੇਰ ਸਿੰਘ ਹੇਰ, ਅਮਰਾਓ ਸਿੰਘ ਧਰਦਿਓ, ਸਵਿੰਦਰ ਸਿੰਘ ਮੀਰਾਂਕੋਟ, ਰਤਨ ਸਿੰਘ ਰੰਧਾਵਾ, ਐਡਵੋਕੇਟ ਕਵਲਜੀਤ ਕੌਰ, ਜਗਤਾਰ ਸਿੰਘ ਕਰਮਪੁਰਾ, ਕਵਲਜੀਤ ਕੌਰ, ਹਰਪਾਲ ਸਿੰਘ ਛੀਨਾ, ਜਗਤਾਰ ਸਿੰਘ ਕਰਮਪੁਰਾ, ਗੁਰਦੇਵ ਸਿੰਘ ਵਰਪਾਲ, ਚਰਨਜੀਤ ਸਿੰਘ ਮਜੀਠਾ, ਕਿਰਪਾ ਰਾਮ ਸਮੇਤ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਤੇ ਕਿਸਾਨ, ਵਰਕਰ ਹਾਜ਼ਰ ਸਨ।



# ਅਨੁਜ ਖੇਮਕਾ ਨੇ ਮਾਤਾ ਚਿੰਤਪੂਰਨੀ ਦੇ ਦਰਬਾਰ 'ਚ ਭਰੀ ਹਾਜ਼ਰੀ



**ਛੇਹਰਟਾ, (ਮਨੋਜ ਕੁਮਾਰ)**- ਮਾਤਾ ਚਿੰਤਪੂਰਨੀ ਸੇਵਕ ਸਭਾ ਵੱਲੋਂ ਮਾਤਾ ਚਿੰਤਪੂਰਨੀ ਮੰਦਿਰ, ਨਮਕ ਮੰਡੀ ਵਿਖੇ ਮਹੀਨਾਵਾਰ ਕੀਰਤਨ ਕਰਵਾਇਆ ਗਿਆ। ਪ੍ਰਸਿੱਧ ਭਜਨ ਗਾਇਕ ਨਵਲ ਵਰਮਾ ਨੇ ਮਾਤਾ ਚਿੰਤਪੂਰਨੀ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਧਾਰਮਿਕ ਸਮਾਗਮ ਵਿਚ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ ਤੇ ਮਾਤਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸਮਾਜ ਸੇਵਕ ਅਨੁਜ ਖੇਮਕਾ ਤੇ ਆਸ਼ੀਸ਼ ਖੇਮਕਾ ਨੇ ਵੀ ਮਾਤਾ ਜੀ ਦੇ ਦਰਬਾਰ ਵਿਚ ਹਾਜ਼ਰੀ ਭਰੀ। ਪ੍ਰਬੰਧਕਾਂ ਵੱਲੋਂ ਅਨੁਜ ਖੇਮਕਾ ਤੇ ਆਸ਼ੀਸ਼ ਖੇਮਕਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਨੁਜ ਖੇਮਕਾ ਨੇ ਕਿਹਾ ਕਿ ਜੋ ਵੀ ਇਸ ਦਰਬਾਰ ਵਿਚ ਆਉਂਦਾ ਹੈ, ਉਹ ਖਾਲੀ ਹੱਥ ਨਹੀਂ ਜਾਂਦਾ। ਉਸ ਦੀਆਂ ਸਾਰੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਇਸ ਮੌਕੇ ਕਪਿਸ਼ ਖੇਮਕਾ, ਸਿਧਾਂਤ ਅਗਰਵਾਲ, ਸਾਹਿਬ, ਰੇਖਾ ਖੇਮਕਾ, ਸਮਾਜ ਸੇਵੀ ਅਸ਼ਵਨੀ ਜੋਸ਼ੀ, ਹਿਮਾਂਸ਼ੂ ਵਰਮਾ, ਦੀਵਾਂਸ਼ੂ ਵਰਮਾ, ਵਰਿੰਦਰ ਕੁਮਾਰ, ਵਿਨੈ, ਸ਼ਿਵਮ, ਗੌਰਵ, ਹੈਪੀ, ਰਮਨ, ਸੰਨੀ ਆਦਿ ਹਾਜ਼ਰ ਸਨ।

# ਸਾਂਝੇ ਪੱਤਣ ਸੱਭਿਆਚਾਰਕ ਮੰਚ ਕਲਾਨੌਰ ਵੱਲੋਂ ਰੇਸ਼ਮ ਸਿੰਘ ਪੱਡਾ ਦਾ ਵਿਸ਼ੇਸ਼ ਸਨਮਾਨ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਬੀਤੇ ਸਾਡੇ ਖੁਆਬ ਨਸ਼ਾ ਮੁਕਤ ਪੰਜਾਬ ਤਹਿਤ ਸਾਂਝੇ ਪੱਤਣ ਸੱਭਿਆਚਾਰਕ ਪੰਚ ਕਲਾਨੌਰ ਵੱਲੋਂ ਧੰਨ ਧੰਨ ਬਾਬਾ ਕਾਰ ਜੀ ਸਟੇਡੀਅਮ ਕਲਾਨੌਰ ਵਿਖੇ ਕਰਵਾਏ ਖੇਡਾਂ ਅਤੇ ਸੱਭਿਆਚਾਰਕ ਮੇਲੇ 'ਚ ਹਲਕਾ ਡੇਰਾ ਬਾਬਾ ਨਾਨਕ ਤੋਂ ਸੀਨੀਅਰ ਨੌਜਵਾਨ ਆਗੂ ਤੇ ਬਲਾਕ ਸੰਮਤੀ ਮੈਂਬਰ ਰੇਸ਼ਮ ਸਿੰਘ ਪੱਡਾ ਦਾ ਸਾਂਝੇ ਪੱਤਣ ਸੱਭਿਆਚਾਰਕ ਮੰਚ ਕਲਾਨੌਰ ਦੀ ਟੀਮ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਰੇਸ਼ਮ ਪੱਡਾ ਵੱਲੋਂ ਇਸ ਮੇਲੇ ਦੀ ਪ੍ਰਬੰਧਕੀ ਟੀਮ ਨੂੰ ਵਧਾਈ ਦਿੱਤੀ ਗਈ ਨਾਲ ਕਿਹਾ ਕਿ ਸਾਨੂੰ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਬਚਾਉਣ ਲਈ ਅਤੇ ਆਪਣੇ ਪੰਜਾਬੀ ਸੱਭਿਆਚਾਰ ਨਾਲ ਜੋੜਨ ਲਈ ਵੱਧ ਤੋਂ ਵੱਧ ਪਿੰਡਾਂ ਇਹੋ ਜਿਹੇ ਮੇਲੇ ਖੇਡਾਂ ਦੇ ਟੂਰਨਾਮੈਂਟ ਕਰਵਾਉਣੇ ਚਾਹੀਦੇ ਹਨ।

ਰੇਸ਼ਮ ਸਿੰਘ ਪੱਡਾ ਨੇ ਕਿਹਾ ਕਿ ਉਨ੍ਹਾਂ ਟੀਮ ਵੱਲੋਂ ਹਮੇਸ਼ਾ ਇਹੋ ਉਪਰਾਲੇ ਕਰਨ ਵਾਲੇ ਪ੍ਰਬੰਧਕਾਂ ਦਾ ਸਾਥ ਦਿੱਤਾ ਹੈ ਅਤੇ ਅੱਗੇ ਤੋਂ ਵੀ ਉਨ੍ਹਾਂ ਦੀ ਟੀਮ ਇਸੇ ਤਰ੍ਹਾਂ ਸਾਥ ਦਿੰਦੀ ਰਹੇਗੀ।ਇਸ ਮੌਕੇ ਸਾਂਝੇ ਪੱਤਣ ਸੱਭਿਆਚਾਰਕ ਮੰਚ ਕਲਾਨੌਰ ਦੇ ਮੁੱਖ ਪ੍ਰਬੰਧਕ ਐਡਵੋਕੇਟ ਪਲਵਿੰਦਰ ਸਿੰਘ ਬਾਜਵਾ, ਜਤਿੰਦਰ ਸਿੰਘ ਹੈਪੀ, ਮਨਪ੍ਰੀਤ ਸਿੰਘ ਅਠਵਾਲ, ਪ੍ਰਿਤਪਾਲ ਸਿੰਘ ਪਕੀਵਾਂ, ਰਜਵੰਤ ਸਿੰਘ ਰਸੂਲਪੁਰ, ਸਰਬਜੀਤ ਸਿੰਘ ਭੰਗੂ, ਸੁਰਜੀਤ ਸਿੰਘ ਬਿਸ਼ਨਕੋਟ, ਸੁਬੇਗ ਜੀਓ ਜੁਲਾਈ, ਝਿਰਮਿਲ ਸਿੰਘ ਭੰਗੂ, ਰਛਪਾਲ ਸਿੰਘ ਮਾਨੇਪੁਰ, ਮਾਸਟਰ ਬਿਕਰਮਜੀਤ ਸਿੰਘ ਅਰਲੀਭੰਨ, ਇੰਦਰਜੀਤ ਸਿੰਘ ਲਾਡੀ ਬਿਸਨਕੋਟ, ਗੋਪੀ ਬੱਬਰੀ, ਸਰਪੰਚ ਸੁੱਖਾ ਮਸੰਤਕੋਟ, ਮਾਸਟਰ ਹਰਜੀਤ ਸਿੰਘ, ਗੁਰਦੀਪ ਸਿੰਘ ਬੋਹੜ ਵਡਾਲਾ, ਜਗਮਨ ਸਿੰਘ, ਮੰਗਲ ਸਿੰਘ ਸਕੂਲ ਕਲਾ, ਰੁਪਤਜਿੰਦਰ ਸਿੰਘ ਨਿੱਕੋਸਰਾ, ਅਮਨ ਕੁਮਾਰ ਨੜਾਂਵਾਲੀ, ਨੰਬੜਦਾਰ ਜਗਦੀਪ ਸਿੰਘ ਕੋਟਲੀ, ਅਮਨਦੀਪ ਮਲੂਕਵਾਲੀ ਭੱਠੇਵਾਲੇ, ਹੈਰੀ ਪੱਡਾ ਅਤੇ ਹੋਰ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਹਾਜ਼ਰ ਸਨ।



# ਅੱਗ 'ਚ ਸੜਨ ਨਾਲ ਸੱਤ ਸਾਲਾ ਬੱਚੇ ਦੀ ਮੌਤ

**ਪਠਾਨਕੋਟ (ਦਵਿੰਦਰ ਸਿੰਘ)**- ਪਠਾਨਕੋਟ ਦੇ ਪਿੰਡ ਬਹਾਦਰਪੁਰ ਵਿੱਚ ਇੱਕ ਦਰਦਨਾਕ ਹਾਦਸਾ ਵਾਪਰਿਆ ਜਿਸ ਨਾਲ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ।ਜਾਣਕਾਰੀ ਮੁਤਾਬਕ ਇੱਕ 7 ਸਾਲ ਦਾ ਮਾਸੂਮ ਬੱਚਾ ਘਰ ਦੇ ਨੇੜੇ ਪਈ ਬੇਕਾਰ ਸਮੱਗਰੀ ਵਾਲੀ ਥਾਂ 'ਤੇ ਖੇਡਣ ਗਿਆ ਸੀ, ਜਿੱਥੇ ਅਚਾਨਕ ਅੱਗ ਲੱਗ ਗਈ ਅਤੇ ਬੱਚਾ ਉਸ ਦੀ ਚਪੇਟ ਵਿੱਚ ਆ ਗਿਆ। ਪਰਿਵਾਰਕ ਮੈਂਬਰਾਂ ਨੇ ਤੁਰੰਤ ਬੱਚੇ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ, ਪਰ ਅੱਗ ਬਹੁਤ ਭਿਆਨਕ ਹੋਣ ਕਾਰਨ ਬੱਚੇ ਨੂੰ ਬਚਾਇਆ ਨਾ ਜਾ ਸਕਿਆ।ਇਸ ਦਰਦਨਾਕ ਹਾਦਸੇ ਵਿੱਚ ਬੱਚੇ ਦੀ ਮੌਤ ਹੋ ਗਈ।ਅਜੇ ਤੱਕ ਅੱਗ ਲੱਗਣ ਦੇ ਅਸਲ ਕਾਰਨਾਂ ਦਾ ਕੋਈ ਪਤਾ ਨਹੀਂ ਲੱਗ ਸਕਿਆ ਅਤੇ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।ਮ੍ਰਿਤਕ ਮਾਤਾ-ਪਿਤਾ ਦਾ ਇਕੱਲਾ ਪੁੱਤਰ ਸੀ। ਪਿੰਡ ਵਾਸੀਆਂ ਵਿੱਚ ਵੀ ਗਹਿਰਾ ਦੁੱਖ ਪਾਇਆ ਜਾ ਰਿਹਾ ਹੈ ਅਤੇ ਹਰ ਕੋਈ ਇਸ ਘਟਨਾ ਨੂੰ ਲੈ ਕੇ ਸਦਮੇ ਵਿੱਚ ਹੈ।ਇਸ ਦੌਰਾਨ ਸਾਬਕਾ ਵਿਧਾਇਕ ਜੋਗਿੰਦਰ ਪਾਲ ਵੀ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਪਹੁੰਚੇ। ਇਹ ਹਾਦਸਾ ਸਾਰੇ ਇਲਾਕੇ ਲਈ ਇਕ ਵੱਡੀ ਚਿਤਾਵਨੀ ਹੈ ਕਿ ਬੱਚਿਆਂ ਦੀ ਸੁਰੱਖਿਆ ਵੱਲ ਖਾਸ ਧਿਆਨ ਦਿੱਤਾ ਜਾਵੇ ਅਤੇ ਘਰ ਦੇ ਆਲੇ-ਦੁਆਲੇ ਕੂੜਾ ਕਰਕਟ ਨਾ ਰੱਖਿਆ ਜਾਵੇ।



# ਨਰੇਸ਼ ਮਹਾਜਨ 'ਨਿਰਗੁਣ' ਦਾ ਚੰਡੀਗੜ੍ਹ ਯੂਨੀਵਰਸਿਟੀ 'ਚ ਲੈਕਚਰ ਅੱਜ



**ਪਠਾਨਕੋਟ (ਦਵਿੰਦਰ ਸਿੰਘ)**- ਰਾਸ਼ਟਰੀ ਕਲਿਆਣਕਾਰੀ ਪ੍ਰੀਸ਼ਦ ਦੇ ਪ੍ਰਧਾਨ ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਜਲ ਵਿਭਾਗ ਦੇ ਸੇਵਾਮੁਕਤ ਨਿਗਰਾਨ ਇੰਜੀਨੀਅਰ ਅਤੇ ਪ੍ਰਸਿੱਧ ਸ਼ਾਇਰ ਨਰੇਸ਼ ਮਹਾਜਨ 'ਨਿਰਗੁਣ' ਵੱਲੋਂ ਪ੍ਰੀਸ਼ਦ ਦੇ ਮਾਧਿਅਮ ਨਾਲ ਜਲ ਸੁਰੱਕਸ਼ਣ ਵਿਸ਼ੇ 'ਤੇ ਵੱਖ-ਵੱਖ ਸੰਸਥਾਵਾਂ ਵਿੱਚ ਦਿੱਤੇ ਜਾ ਰਹੇ ਲੈਕਚਰ ਹੁਣ ਪੰਜਾਬ ਦੀਆਂ ਉਚ ਸਿੱਖਿਆ ਸੰਸਥਾਵਾਂ ਵੱਲੋਂ ਵੀ ਕਾਫੀ ਸਰਾਹੇ ਜਾ ਰਹੇ ਹਨ।ਇਸੇ ਕੜੀ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਵੀ ਪ੍ਰੀਸ਼ਦ ਦੇ ਮਾਧਿਅਮ ਨਾਲ ਇਸ ਹਫ਼ਤੇ 8 ਅਪ੍ਰੈਲ ਨੂੰ ਨਰੇਸ਼ ਮਹਾਜਨ ਨਿਰਗੁਣ ਦਾ ਜਲ ਸੁਰੱਕਸ਼ਣ ਦੇ ਮਸਲੇ 'ਤੇ ਲੈਕਚਰ ਕਰਵਾਏਗੀ।ਇਸ ਦੌਰਾਨ ਯੂਨੀਵਰਸਿਟੀ ਦੇ ਆਡੀਟੋਰੀਅਮ ਵਿੱਚ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾਵੇਗਾ।ਇਸ ਮੁਹਿੰਮ ਦੀ ਸਫਲਤਾ 'ਤੇ ਖੁਸ਼ੀ ਪ੍ਰਗਟ ਕਰਦੇ ਹੋਏ ਉਨ੍ਹਾਂ ਨੇ ਨਰੇਸ਼ ਮਹਾਜਨ ਨਿਰਗੁਣ ਦੇ ਨਿਵਾਸ ਸਥਾਨ 'ਤੇ ਜਾ ਕੇ ਉਨ੍ਹਾਂ ਨੂੰ ਸੱਦਾ ਪੱਤਰ ਦੇ ਕੇ ਸਹਿਮਤੀ ਹਾਸਲ ਕੀਤੀ।ਇਸ ਮੌਕੇ ਨਰੇਸ਼ ਮਹਾਜਨ ਨੇ ਕਿਹਾ ਕਿ ਇਸ ਮੁਹਿੰਮ ਦੀ ਸਫਲਤਾ ਵਿੱਚ ਰਾਸ਼ਟਰੀ ਕਲਿਆਣਕਾਰੀ ਪ੍ਰੀਸ਼ਦ ਦੀ ਪੂਰੀ ਟੀਮ ਦਾ ਬਹੁਤ ਵੱਡਾ ਯੋਗਦਾਨ ਹੈ ਅਤੇ ਉਨ੍ਹਾਂ ਨੇ ਭਰੋਸਾ ਦਿੱਤਾ ਕਿ ਉਹ ਇਸ ਸੇਵਾ ਵਿੱਚ ਆਪਣਾ ਯੋਗਦਾਨ ਲਗਾਤਾਰ ਜਾਰੀ ਰੱਖਣਗੇ।ਇਸ ਮੌਕੇ ਪ੍ਰੀਸ਼ਦ ਦੇ ਸੀਨੀਅਰ ਮੈਂਬਰ ਡਾ. ਗੰਧਰਵ ਸਿੰਘ, ਤੀਰਥ ਰਾਮ, ਡਾ. ਗੌਰਵ ਮਲਹੋਤਰਾ, ਰਾਜ ਕੁਮਾਰ, ਅਮਿਤ ਵਰਮਾ, ਰਿਤਿਕਾ ਅਤੇ ਹੋਰ ਮੈਂਬਰ ਮੌਜੂਦ ਸਨ।

# ਗੁਰਦੁਆਰਾ ਕਿਲਾ ਸਾਹਿਬ ਪਿੰਡ ਠੱਠਗੜ੍ਹ ਵਿਖੇ ਸਾਲਾਨਾ ਜੋੜ ਮੇਲਾ ਅੱਜ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਨਜ਼ਦੀਕੀ ਪਿੰਡ ਠੱਠਗੜ੍ਹ ਜ਼ਿਲਾ ਤਰਨਤਾਰਨ ਵਿਖੇ ਸਥਿਤ ਗੁ: ਕਿਲਾ ਸਾਹਿਬ ਵਿਖੇ ਸਾਲਾਨਾ ਜੋੜ ਮੇਲਾ 26 ਚੇਤ 8 ਅਪ੍ਰੈਲ ਦਿਨ ਬੁੱਧਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ।ਗੁਰਦੁਆਰਾ ਕਿਲਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਸੁੱਧ ਸਿੰਘ ਟੂਸੇ ਸ੍ਰੀ ਮਾਛੀਵਾੜਾ ਸਾਹਿਬ ਵਾਲਿਆਂ ਦੀ ਅਗਵਾਈ, ਗ੍ਰਾਮ ਪੰਚਾਇਤ ਪਿੰਡ ਠੱਠਗੜ੍ਹ ਅਤੇ ਸਮੂਹ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਮਨਾਏ ਜਾ ਰਹੇ ਸਾਲਾਨਾ ਜੋੜ ਮੇਲੇ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਸੁੱਧ ਸਿੰਘ ਟੂਸੇ ਸ੍ਰੀ ਮਾਛੀਵਾੜਾ ਸਾਹਿਬ ਵਾਲਿਆਂ ਨੇ ਦੱਸਿਆ ਕਿ 6 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਜਿਨ੍ਹਾਂ ਦੇ 8 ਅਪ੍ਰੈਲ ਨੂੰ ਭੋਗ ਪਾਏ ਜਾਣ ਉਪਰੰਤ ਸਜਾਏ ਗਏ ਧਾਰਮਿਕ ਦੀਵਾਨ ਵਿੱਚ ਰਾਗੀ, ਢਾਡੀ ਤੇ ਕਵੀਸ਼ਰੀ ਜਥੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਨਿਹਾਲ ਕਰਨਗੇ।ਉੱਥੇ ਹੀ ਪ੍ਰਮੁੱਖ ਧਾਰਮਿਕ ਤੇ ਰਾਜਸੀ ਸ਼ਖ਼ਸੀਅਤਾਂ ਵੀ ਹਾਜ਼ਰੀਆਂ ਭਰਨ ਲਈ ਪੁੱਜ ਰਹੀਆਂ ਹਨ।ਇਸ ਮੌਕੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।ਬਾਬਾ ਸੁੱਧ ਸਿੰਘ ਨੇ ਇਸ ਗੁਰਦੁਆਰਾ ਕਿਲਾ ਸਾਹਿਬ ਬਾਰੇ ਸੰਗਤਾਂ ਨੂੰ ਦੱਸਿਆ ਕਿ ਇਸ ਅਸਥਾਨ ਤੇ ਹਰ ਮਹੀਨੇ ਪੰਚਮੀ ਵਾਲੇ ਦਿਨ ਅਣਗਿਣਤ ਸੰਗਤਾਂ ਨਤਮਸਤਕ ਹੋ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਦੀਆਂ ਹਨ।ਉਨ੍ਹਾਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਮਨਾਏ ਜਾ ਰਹੇ ਸਾਲਾਨਾ ਜੋੜ ਮੇਲੇ ਮੌਕੇ ਹੁੰਮ ਹੁਮਾ ਕੇ ਹਾਜ਼ਰੀਆਂ ਭਰਨ ਅਤੇ ਗੁਰੂ ਘਰ ਚੋਂ ਖੁਸ਼ੀਆਂ ਪ੍ਰਾਪਤ ਕਰਨ ਜਦਕਿ ਇਸ ਸਮੇਂ ਭਾਈ ਸਰਬਜੀਤ ਸਿੰਘ, ਭਾਈ ਸਤ ਸਤਵੰਤ ਸਿੰਘ ਤੇ ਸੰਗਤਾਂ ਵੀ ਮੌਜੂਦ ਸਨ।



# ਕਾਰ ਪਲਟਣ ਨਾਲ ਨੌਜਵਾਨ ਦੀ ਮੌਤ

**ਗੁਰੂ ਕਾ ਬਾਗ, (ਜਸਦੇਵ ਸਿੰਘ ਮਾਨ)**- ਬੀਤੇ ਦਿਨੀਂ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਮੋਹਣ ਭੰਡਾਰੀਆ ਨੇੜੇ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਨੌਜਵਾਨ ਦੀ ਮੌਤ ਤੇ 3 ਹੋਰ ਲੋਕਾਂ ਦੇ ਗੰਭੀਰ ਰੂਪ ਵਿੱਚ ਜ਼ਖਮੀ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਦਮਨਪ੍ਰੀਤ ਸਿੰਘ (ਉਮਰ 22 ਸਾਲ) ਪੁੱਤਰ ਹਰਜੀਤ ਸਿੰਘ ਸਾਬੀ ਵਾਸੀ ਪਿੰਡ ਚਮਿਆਰੀ ਜੋ ਕਿ ਆਪਣੇ ਰਿਸ਼ਤੇਦਾਰਾਂ ਨਾਲ ਆਪਣੀ ਆਈ ਟਵੰਟੀ ਕਾਰ ਨੰਬਰ ਪੀ ਬੀ 02 ਸੀ ਈ 6103 ਤੇ ਫਤਿਹਗੜ੍ਹ ਚੂੜੀਆਂ ਵੱਲੋਂ ਆਪਣੇ ਪਿੰਡ ਵੱਲ ਨੂੰ ਆ ਰਿਹਾ ਸੀ ਕਿ ਪਿੰਡ ਮੋਹਣ ਭੰਡਾਰੀਆਂ ਨੇੜੇ ਅਚਾਨਕ ਕਾਰ ਸੜਕ ਵਿੱਚ ਪਏ ਟੋਇਆਂ 'ਚ ਵੱਜਣ ਕਾਰਨ ਉਸ ਦਾ ਸੰਤੁਲਨ ਵਿਗੜ ਗਿਆ ਤੇ ਕਾਰ ਪਲਟੀਆਂ ਖਾਂਦੀ ਹੋਈ ਨੇੜਲੇ ਕਣਕ ਦੇ ਖੇਤਾਂ ਵਿੱਚ ਇਕ ਦਰੱਖਤ ਨਾਲ ਜਾ ਟਕਰਾਈ ਜਿਸ ਦੌਰਾਨ ਇਸ ਕਾਰ ਵਿੱਚ ਸਵਾਰ ਚਾਰ ਲੋਕ ਬੁਰੀ ਤਰ੍ਹਾਂ ਨਾਲ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਸਥਾਨਕ ਲੋਕਾਂ ਵੱਲੋਂ ਐਂਬੂਲੈਂਸ ਦੀ ਸਹਾਇਤਾ ਨਾਲ ਅੰਮ੍ਰਿਤਸਰ ਦੇ ਇੱਕ ਪ੍ਰਾਈਵੇਟ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਜਿੱਥੇ ਇਲਾਜ ਦੌਰਾਨ ਅੱਜ ਨੌਜਵਾਨ ਦਮਨਪ੍ਰੀਤ ਸਿੰਘ ਦੀ ਮੌਤ ਹੋ ਗਈ, ਜਦ ਕਿ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਬਾਕੀ ਤਿੰਨ ਲੋਕਾਂ ਦਾ ਇਲਾਜ ਚੱਲ ਰਿਹਾ ਹੈ।



# ਵਿਸ਼ਵ ਸਿਹਤ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਿਹਤ ਵਿਭਾਗ ਵੱਲੋਂ ਸਿਵਲ ਸਰਜਨ ਅੰਮ੍ਰਿਤਸਰ ਡਾ. ਸਤਿੰਦਰਜੀਤ ਸਿੰਘ ਬਜਾਜ ਅਗਵਾਈ ਹੇਠ ਵਿਸ਼ਵ ਸਿਹਤ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਜਾਗਰੂਕਤਾ ਅਭਿਆਨ ਦੀ ਸ਼ੁਰੂਆਤ ਦਫ਼ਤਰ ਸਿਵਲ ਸਰਜਨ ਤੋਂ ਕੀਤੀ ਗਈ।ਇਸ ਬਾਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਬਜਾਜ ਨੇ ਕਿਹਾ ਕਿ ਵਿਸ਼ਵ ਸਿਹਤ ਸੰਸਥਾ ਵੱਲੋਂ ਹਰ ਸਾਲ 7 ਅਪ੍ਰੈਲ ਨੂੰ ਵਿਸ਼ਵ ਸਿਹਤ ਦਿਵਸ ਮਨਾਇਆ ਜਾਂਦਾ ਹੈ ਅਤੇ ਇਸ ਸਾਲ ਦਾ ਥੀਮ ਆਓ ਸਾਰੇ ਮਿਲ ਕੇ ਸਿਹਤ ਮੰਦ ਜੀਵਨ ਦੀ ਸ਼ੁਰੂਆਤ ਵਿਗਿਆਨ ਤੱਥਾਂ ਨਾਲ ਕਰੀਏ ਅਨੁਸਾਰ ਪੂਰੇ ਜ਼ਿਲ੍ਹੇ ਭਰ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਵਿਸ਼ਵ ਸਿਹਤ ਦਿਵਸ ਮਨਾਇਆ ਜਾ ਰਿਹਾ ਹੈ ਅਤੇ ਨਿਰੰਤਰ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਰੋਜ਼ਾਨਾ ਦੀ ਭੱਜ ਦੌੜ ਦੀ ਜ਼ਿੰਦਗੀ ਵਿੱਚੋਂ ਆਪਣੇ ਆਪ ਲਈ ਸਮਾਂ ਕੱਢਣਾ ਬਹੁਤ ਜ਼ਰੂਰੀ ਹੈ, ਸਾਨੂੰ ਯੋਗਾ, ਕਸਰਤ, ਪੌਸ਼ਟਿਕ ਆਹਾਰ, ਰੈਗੂਲਰ ਚੈੱਕਅਪ ਅਤੇ ਵਿਗਿਆਨਕ ਤੱਥਾਂ ਦੇ ਆਧਾਰ ਤੇ ਸਿਹਤਮੰਦ ਆਦਤਾਂ ਅਪਨਾਉਣੀਆ ਚਾਹੀਦੀਆ ਹਨ।

ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਨੀਲਮ ਭਗਤ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਜਸਪਾਲ ਸਿੰਘ, ਸਹਾਇਕ ਕਮਿਸ਼ਨਰ ਫੂਡ ਰਜਿੰਦਰਪਾਲ ਸਿੰਘ, ਜ਼ਿਲ੍ਹਾ ਐੱਮਈਆਈਓ ਅਮਰਦੀਪ ਸਿੰਘ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਹਰਜੋਤ ਕੌਰ, ਡੀ. ਪੀ. ਐੱਮ. ਸੁਖਜਿੰਦਰ ਸਿੰਘ, ਅਜੀਤਪਾਲ ਸਿੰਘ, ਗੁਰਦੇਵ ਸਿੰਘ, ਸੁਖਦੇਵ ਸਿੰਘ, ਕਮਲਦੀਪ ਭੱਲਾ, ਬਲਵਿੰਦਰ ਸਿੰਘ ਅਤੇ ਗੁਰਕਿਰਨ ਸਿੰਘ ਹਾਜ਼ਰ ਸਨ।

# ਟਰੱਕ ਦੇ ਦੋ ਟਾਇਰ ਅਲੱਗ ਹੋਣ ਕਾਰਨ ਲੱਗਾ ਜਾਮ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਪਿਛਲੇ ਕੱਲ ਪਠਾਨਕੋਟ-ਅੰਮ੍ਰਿਤਸਰ ਹਾਈਵੇ 'ਤੇ ਇੱਕ ਟਰੱਕ ਦੀ ਹੱਬ ਟੁੱਟਣ ਦੇ ਕਾਰਨ ਪਿਛਲੇ ਦੋਵੇਂ ਟਾਇਰ ਟਰੱਕ ਨਾਲੋਂ ਅਲੱਗ ਹੋ ਗਏ। ਇਸ ਹਾਦਸੇ 'ਚ ਕਿਸੇ ਦਾ ਜਾਨੀ ਮਾਲੀ ਨੁਕਸਾਨ ਤਾਂ ਨਹੀਂ ਹੋਇਆ ਪਰ ਰੋਡ 'ਤੇ ਬਹੁਤ ਵੱਡਾ ਜਾਮ ਲੱਗ ਗਿਆ ਜਿਸ ਕਾਰਨ ਲੋਕਾਂ ਨੂੰ ਆਵਾਜਾਈ 'ਚ ਬਹੁਤ ਪ੍ਰੇਸ਼ਾਨੀ ਹੋਈ ਅਤੇ ਲੋਕ ਕਈ ਘੰਟੇ ਤੱਕ ਖੱਜਲ ਖੁਆਰ ਹੋਏ। ਜ਼ਿਕਰਯੋਗ ਹੈ ਕਿ ਪੁਲਸ ਪ੍ਰਸ਼ਾਸਨ ਅਤੇ ਟੋਲ ਵਿਭਾਗ ਦੇ ਕਿਸੇ ਵੀ ਅਧਿਕਾਰੀ ਵੱਲੋਂ ਕਿਸੇ ਕਿਸਮ ਦੀ ਮਦਦ ਮੁਹੱਈਆ ਨਹੀਂ ਕਰਵਾਈ ਗਈ। ਡਰਾਈਵਰ ਨੇ ਕਿਹਾ ਕਿ ਟਰੱਕ ਨੂੰ ਰੋਡ ਤੋਂ ਟਰੈਕਟਰ ਨਾਲ ਇੱਕ ਸਾਈਡ 'ਤੇ ਕਰਨ ਲਈ ਆਲੇ-ਦੁਆਲੇ ਦੇ ਲੋਕਾਂ ਨੇ ਸਹਿਯੋਗ ਦਿੱਤਾ। ਟਰੱਕ ਦਾ ਬਹੁਤ ਨੁਕਸਾਨ ਹੋਇਆ ਹੈ।ਟਰੱਕ ਨੇ ਪਠਾਨਕੋਟ ਤੋਂ ਰੇਤੇ ਦਾ ਫੇਰਾ ਲੈ ਕੇ ਅੰਮ੍ਰਿਤਸਰ ਦੇ ਨੇੜੇ ਕਿਸੇ ਪਿੰਡ ਜਾਣਾ ਸੀ।



# ਮਲਕਪੁਰ ਵਿਖੇ ਟਿਊਸ਼ਨ ਸੈਂਟਰ ਦਾ ਉਦਘਾਟਨ




**ਅੰਮ੍ਰਿਤਸਰ:** ਹੈਲਪ-ਏ-ਚਾਈਲਡ ਆਫ ਇੰਡੀਆ ਚੇਨਈ ਦੇ ਪ੍ਰੋਜੈਕਟ ਅੰਮ੍ਰਿਤਸਰ ਚਾਈਲਡ ਡਿਵੈਲਪਮੈਂਟ ਨੇ ਕੱਲ੍ਹ ਮਲਕਪੁਰ ਅਜਨਾਲਾ, ਅੰਮ੍ਰਿਤਸਰ ਵਿਖੇ ਇੱਕ ਨਵਾਂ ਟਿਊਸ਼ਨ ਸੈਂਟਰ ਦਾ ਉਦਘਾਟਨ ਕੀਤਾ।ਅਗਸਤ 2025 ਵਿੱਚ ਹੜ੍ਹਾਂ ਤੋਂ ਬਾਅਦ ਵਿੱਦਿਆ ਅਤੇ ਮਾਨਸਿਕ ਸਹਾਇਤਾ ਦੀ ਜ਼ਰੂਰਤ ਨੂੰ ਦੇਖਦੇ ਹੋਏ ਇਹ ਪਹਿਲ ਕੀਤੀ ਗਈ।ਇਸ ਮੌਕੇ ਅੰਮ੍ਰਿਤਸਰ ਚਾਈਲਡ ਡਿਵੈਲਪਮੈਂਟ ਦੇ ਮਿਸਟਰ ਪਵਨ ਮਾਸੀਹ ਨੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਹੈਲਪ-ਏ-ਚਾਈਲਡ ਆਫ ਇੰਡੀਆ ਦੀ ਵਚਨਬੱਧਤਾ ਜ਼ਾਹਿਰ ਕੀਤੀ ਅਤੇ ਭਰੋਸਾ ਦਿੱਤਾ ਕਿ ਇਹ ਟਿਊਸ਼ਨ ਸੈਂਟਰ ਬੱਚਿਆਂ ਦੀ ਸਿੱਖਿਆ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗਾ।ਵਿਦਿਆਰਥੀਆਂ ਦੇ ਭਵਿੱਖ ਨੂੰ ਲੇਖੇ ਲੇਦਿਆਂ, ਸਰਪੰਚ ਬਲਜਿੰਦਰ ਸਿੰਘ, ਕੁਲਦੀਪ ਸਿੰਘ (ਡਿਸਟ੍ਰਿਕਟ ਸਕੱਤਰ, ਕਿਸਾਨ ਯੂਨੀਅਨ, ਅੰਮ੍ਰਿਤਸਰ), ਅਤੇ ਦਲਜੀਤ ਕੌਰ (ਵਿਲੇਜ ਪੰਚਾਇਤ ਮੈਂਬਰ) ਨੇ ਹੈਲਪ-ਏ- ਚਾਈਲਡ ਆਫ ਇੰਡੀਆ ਦਾ ਧੰਨਵਾਦ ਕੀਤਾ।

# 250 ਨਵੀਆਂ ਬੱਸਾਂ ਨੂੰ ਹਰੀ ਝੰਡੀ ਦੇਣਾ ਪੰਜਾਬ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ : ਚੇਅਰਮੈਨ ਰਜੀਵ ਸ਼ਰਮਾ

**ਗੁਰਦਾਸਪੁਰ, (ਜਨਕ ਮਹਾਜਨ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਲੋਕਾਂ ਨੂੰ ਆਉਣ ਜਾਣ ਲਈ ਬਿਹਤਰ ਸੁਵਿਧਾਵਾਂ ਪ੍ਰਦਾਨ ਕਰਨ ਲਈ ਪੀਆਰਟੀਸੀ ਦੀਆਂ ਨਵੀਆਂ 250 ਬੱਸਾਂ ਨੂੰ ਪਟਿਆਲਾ ਵਿਖੇ ਹਰੀ ਝੰਡੀ ਦੇ ਦਿੱਤੀ ਗਈ ਹੈ ਅਤੇ 300 ਹੋਰ ਨਵੀਆਂ ਬੱਸਾਂ ਨੂੰ ਬੇੜੇ ਵਿੱਚ ਸ਼ਾਮਿਲ ਕਰਨ ਦੇ ਕੀਤੇ ਐਲਾਨ ਨਾਲ ਪੰਜਾਬ ਦੇ ਲੋਕਾਂ ਵਿੱਚ ਵੱਡੀ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਹ ਪ੍ਰਗਟਾਵਾ ਰਜੀਵ ਸ਼ਰਮਾ ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੇ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਚੇਅਰਮੈਨ ਰਜੀਵ ਸ਼ਰਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਜੋ-ਜੋ ਵਾਅਦੇ ਲੋਕਾਂ ਨਾਲ ਕੀਤੇ ਸਨ, ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਾਰੇ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਮੁੱਖ ਮੰਤਰੀ ਪੰਜਾਬ ਦੀ ਦੂਰ ਅੰਦੇਸ਼ੀ ਸੋਚ ਸਦਕਾ ਅੱਜ ਵੱਡੀ ਗਿਣਤੀ ਵਿੱਚ ਮਹਿਲਾਵਾਂ ਬੱਸਾਂ ਵਿੱਚ ਮੁਫਤ ਸਫਰ ਕਰ ਰਹੀਆਂ ਹਨ। ਉਨ੍ਹਾਂ ਕਿਹਾ ਆਮ ਆਦਮੀ ਪਾਰਟੀ ਦੇ ਰਾਜ ਅੰਦਰ ਪੰਜਾਬ ਦਿਨ ਪ੍ਰਤੀ ਦਿਨ ਤਰੱਕੀ ਕਰਦਾ ਜਾ ਰਿਹਾ ਹੈ ਅਤੇ ਪੰਜਾਬ ਦੀ ਦਿਸ਼ਾ ਪਹਿਲਾਂ ਨਾਲੋਂ ਕਾਫੀ ਬਦਲ ਚੁੱਕੀ ਹੈ। ਉਨ੍ਹਾਂ ਕਿਹਾ ਅੱਜ ਪੰਜਾਬ ਦੀ ਵਾਗਡੋਰ ਇਕ ਸੁਝਵਾਨ ਆਗੂਆਂ ਦੇ ਹੱਥ ਵਿੱਚ ਹੈ। ਉਨ੍ਹਾਂ ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਪਾਸੋਂ ਮੰਗ ਕੀਤੀ ਕਿ ਨਵੀਆਂ ਰੋਡਵੇਜ਼ ਦੀਆਂ ਬੱਸਾਂ ਨੂੰ ਗੁਰਦਾਸਪੁਰ ਸ਼ਹਿਰ ਤੋਂ ਪੰਜਾਬ ਦੇ ਵੱਖ ਵੱਖ ਜ਼ਿਲ੍ਹਾ ਹੈਡ ਕੁਆਟਰਾਂ ਨੂੰ ਚਲਾਈਆਂ ਜਾਣ ਜਿਸ ਨਾਲ ਗੁਰਦਾਸਪੁਰ ਅਤੇ ਇਸ ਦੇ ਆਸ ਪਾਸ ਦੇ ਇਲਾਕੇ ਦੇ ਲੋਕਾ ਨੂੰ ਸਾਰੇ ਪੰਜਾਬ ਦੇ ਜਿਲ੍ਹਿਆਂ ਵਿਚ ਆਉਣ ਜਾਣ ਦੀ ਸਹੂਲਤ ਮਿਲ ਸਕੇ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਵਿਖੇ ਵੀ ਰੋਡਵੇਜ਼ ਡਿਪੂ ਵੀ ਬਣਾਇਆ ਜਾਵੇ ਤਾਂ ਜੋ ਇਥੋਂ ਦਿਲੀ, ਊਧਮਪੁਰ, ਸ਼ਿਮਲਾ ਆਦਿ ਸ਼ਹਿਰਾਂ ਨੂੰ ਸਿਧੀਆਂ ਬੱਸਾਂ ਚਲਾਈਆਂ ਜਾਣ ਤਾਂ ਜੋ ਇਸ ਬਾਰਡਰ ਏਰੀਏ ਦੇ ਲੋਕਾਂ ਨੂੰ ਫਾਇਦਾ ਮਿਲ ਸਕੇ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਹੂਲਤਾਂ ਲਈ ਆਧੁਨਿਕ ਕਿਸਮ ਦਾ ਬੱਸ ਅੱਡਾ ਗੁਰਦਾਸਪੁਰ ਬਣਾਇਆ ਗਿਆ ਹੈ ਜਿੱਥੇ ਸਵਾਰੀਆਂ ਦੀ ਸਹੂਲਤ ਲਈ ਵਧੀਆ ਪਖਾਨੇ, ਵਧੀਆ ਸ਼ੈਡ, ਪੀਣ ਲਈ ਸਾਫ ਪਾਣੀ ਅਤੇ ਸਾਫ ਸਫਾਈ ਦਾ ਖਾਸ ਖਿਆਲ ਰੱਖਿਆ ਜਾਂਦਾ ਹੈ ਉੱਥੇ ਹੀ ਹੁਣ ਨਵੀਆਂ ਬੱਸਾਂ ਵੱਖ-ਵੱਖ ਰੂਟਾਂ 'ਤੇ ਚੱਲਣ ਨਾਲ ਸਵਾਰੀਆਂ ਨੂੰ ਸਫਰ ਕਰਨ ਵਿੱਚ ਵੀ ਹੋਰ ਸਹੂਲਤ ਮਿਲੇਗੀ।




# ਅੱਜ ਦੀ ਸੂਬਾਈ ਰੈਲੀ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ ਕਿਰਤੀ ਕਾਮੇ : ਸ਼ਮਸ਼ੇਰ ਸਿੰਘ

**ਬਟਾਲਾ (ਤਰਲੋਕ ਬੱਗਾ)**- ਦਿਹਾਤੀ ਮਜ਼ਦੂਰ ਸਭਾ ਵੱਲੋਂ ਡਾ. ਬੀ. ਆਰ. ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਿਤ 8 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਮਜ਼ਦੂਰਾਂ ਦੇ ਭੱਖਦੇ ਮਸਲਿਆਂ ਨੂੰ ਹੱਲ ਕਰਾਉਣ ਲਈ ਵਿਸ਼ਾਲ ਸੂਬਾਈ ਰੈਲੀ ਕੀਤੀ ਜਾ ਰਹੀ ਹੈ ਜਿਸ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ।ਇਸ ਰੈਲੀ ਦੀ ਤਿਆਰੀ ਲਈ ਪਿੰਡ ਛਿੱਤ, ਦਿਆਲਗੜ੍ਹ, ਭੁੱਲਰ, ਕੋਟਲੀ ਫੱਸੀ, ਉਧੋਵਾਲ , ਸੰਦਲਪੁਰ, ਰਾਜੂਵਾਲ ਆਦਿ ਥਾਵਾਂ ਤੇ ਹੋਈਆਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਵਿੱਤ ਸਕੱਤਰ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਰੈਲੀ ਵਿੱਚ ਮਨਰੇਗਾ ਕਾਨੂੰਨ ਮੁੜ ਬਹਾਲ ਕਰਨ ਤੇ ਨਵਾਂ ਕਾਨੂੰਨ ਵੀ ਬੀ ਜੀ ਰਾਮ ਜੀ ਰੱਦ ਕਰਾਉਣ ਲਈ, ਜਨਤਕ ਵੰਡ ਪ੍ਰਣਾਲੀ ਰਾਹੀਂ ਪਿੰਡਾਂ /ਸ਼ਹਿਰਾਂ 'ਚ ਸਸਤੇ ਭਾਅ ਦੇ ਰਾਸ਼ਨ ਡਿਪੂ ਖੋਲ੍ਹਣ, ਗਰੀਬਾਂ ਸਿਰ ਚੜ੍ਹਿਆ ਹਰ ਤਰ੍ਹਾਂ ਦਾ ਕਰਜ਼ਾ ਮੁਆਫ ਕਰਾਉਣ ਲਈ, ਬੀਬੀਆਂ ਦੇ 1000/1500 ਰੁਪਏ ਪਿਛਲੇ ਚਾਰ ਸਾਲ ਦੇ ਬਕਾਏ ਉਨ੍ਹਾਂ ਦੇ ਖਾਤਿਆਂ 'ਚ ਪੁਵਾਉਣ ਲਈ, ਵਿਧਵਾ, ਬੁਢਾਪਾ, ਅੰਗਹੀਣ ਤੇ ਆਸ਼ਰਿਤਾਂ ਦੀ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਾਉਣ ਲਈ ਤੇ ਮਾਨ ਸਰਕਾਰ ਵੱਲੋਂ ਚੋਣਾਂ 'ਚ ਕੀਤੀ 2500 ਰੁਪਏ ਵਾਲੀ ਗਰੰਟੀ ਤਹਿਤ ਬਕਾਏ ਪੈਨਸ਼ਨ ਧਾਰਕਾਂ ਦੇ ਖਾਤੇ 'ਚ ਪਾਉਣ ਲਈ, ਲੋੜਵੰਦ ਗਰੀਬਾਂ ਨੂੰ 10/10 ਮਰਲੇ ਦੇ ਪਲਾਟ ਦੇਣ ਤੇ ਪਲਾਟ ਤੇ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਦਿਵਾਉਣ ਲਈ, ਭੂਮੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਜ਼ਮੀਨ ਲੋੜਵੰਦਾਂ ਤੇ ਬੇਜ਼ਮੀਨੇ ਲੋਕਾਂ 'ਚ ਵੰਡੀ ਜਾਵੇ, ਦਲਿਤ ਮਜ਼ਦੂਰਾਂ ਤੇ ਜਾਤੀ ਪਾਤੀ ਅਧਾਰਤ ਹੁੰਦਾ ਸਮਾਜਿਕ ਜਬਰ ਬੰਦ ਕਰਾਉਣ ਲਈ, ਆਪਣੇ ਹੱਕਾਂ ਲਈ ਸੰਘਰਸ਼ ਕਰਦੇ ਮਜ਼ਦੂਰਾਂ ਕਿਸਾਨਾਂ ਤੇ ਪੰਜਾਬ ਸਰਕਾਰ ਵਲੋਂ ਬਣਾਏ ਝੂਠੇ ਕੇਸ ਵਾਪਸ ਲਏ ਜਾਣ ਆਦਿ ਅਤੀ ਜ਼ਰੂਰੀ ਤੇ ਭਖਦੀਆਂ ਮੰਗਾਂ ਨੂੰ ਮੰਨਵਾਉਣ ਲਈ ਪੂਰੇ ਪੰਜਾਬ ਵਿੱਚੋਂ ਹਜ਼ਾਰਾਂ ਦੀ ਗਿਣਤੀ ਵਿੱਚ ਮਜ਼ਦੂਰ ਸ਼ਾਮਲ ਹੋ ਕੇ ਜ਼ੋਰਦਾਰ ਅਵਾਜ਼ ਬਲੰਦ ਕਰਨਗੇ ।ਇਸ ਵਿਸ਼ਾਲ ਰੈਲੀ ਵਿੱਚ ਜ਼ਿਲ੍ਹਾ ਗੁਰਦਾਸਪੁਰ ਤੋਂ ਵੱਡੀ ਗਿਣਤੀ ਵਿੱਚ ਕਿਰਤੀ-ਕਾਮੇ ਸ਼ਾਮਲ ਹੋਣਗੇ।ਇਨ੍ਹਾਂ ਮੀਟਿੰਗਾਂ ਵਿੱਚ ਮਨੀਰ ਮਸੀਹ ਸਤਕੋਹਾ, ਜਸਵਿੰਦਰ ਸਿੰਘ ਛਿੱਤ, ਸੁਖਵੰਤ ਸਿੰਘ ਸੰਦਲਪੁਰ, ਨਥਾਨੀਅਲ ਦਿਆਲਗੜ੍ਹ, ਬੂਟਾ ਮਸੀਹ ਕੋਟਲੀ ਫੱਸੀ, ਸਤਨਾਮ ਸਿੰਘ ਭੁੱਲਰ, ਨਿਸ਼ਾਨ ਮਸੀਹ ਉਧੋਵਾਲ, ਬਿੱਟੂ ਮਸੀਹ ਰਾਜੂਵਾਲ, ਬਲਕਾਰ ਕਿਲ੍ਹਾ ਦਰਸ਼ਨ ਸਿੰਘ, ਮਾਸਟਰ ਡੇਵਿਡ ਦਿਆਲਗੜ੍ਹ, ਹਮੀਦ ਦਿਆਲਗੜ੍ਹ, ਨਿਸ਼ਾਨ ਕੋਟਲੀ ਫੱਸੀ ਆਦਿ ਹਾਜ਼ਰ ਸਨ।



# 2 ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਬਹਿਰਾਮਪੁਰ ਦੇ ਐੱਸ.ਆਈ. ਰਚਨਾ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਸਾਂਸੀਆਂ ਮੁਹੱਲਾ ਨੇੜੇ ਪੋਲਟਰੀ ਫਾਰਮ ਬਹਿਰਾਮਪੁਰ ਤੋਂ ਬਲਵਿੰਦਰ ਸਿੰਘ ਉਰਫ ਬਿੰਦਰ ਪੁੱਤਰ ਲੇਟ ਸਰਵਣ ਸਿੰਘ ਵਾਸੀ ਥੰਮਨ ਥਾਣਾ ਦੋਰਾਂਗਲਾ ਜੋ ਲੁਕ-ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਮੌਕੇ 'ਤੇ ਇਕ ਸਿਲਵਰ ਪੇਪਰ, ਲਾਈਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ। ਥਾਣਾ ਕਾਹਨੂੰਵਾਨ ਦੇ ਏ. ਐੱਸ. ਆਈ. ਅਮਰੀਕ ਚੰਦ ਨੇ ਸਮੇਤ ਪੁਲਿਸ ਪਾਰਟੀ ਸ਼ਮਸ਼ਾਨਘਾਟ ਕਾਹਨੂੰਵਾਨ ਤੋਂ ਮਨਜਿੰਦਰ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਸੱਲੋਪੁਰ ਹਾਲ ਵਾਸੀ ਕਾਹਨੂੰਵਾਨ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 6 ਗ੍ਰਾਮ 3 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ।

# ਮੌਸਮ ਦੇ ਵਿਗੜੇ ਮਿਜ਼ਾਜ ਨੇ ਕਿਸਾਨਾਂ ਦੇ ਸਾਹ ਸੂਤੇ

**ਵੇਰਕਾ (ਰਾਣਾ)**- ਅੱਜਕਲ ਮੌਸਮ ਦੇ ਵਿਗੜੇ ਮਿਜ਼ਾਜ ਕਾਰਨ ਕਿਸਾਨਾਂ ਦੇ ਸਾਹ ਸੂਤੇ ਗਏ ਹਨ ਕਿਉਂਕਿ ਉਨ੍ਹਾਂ ਦੀ ਫਸਲ ਕਣਕ ਪੱਕੀ ਹੋਣ ਕਰਕੇ ਕਿਸਾਨਾਂ ਨੂੰ ਖਰਾਬ ਹੋਣ ਦਾ ਖੌਫ ਲਗਾਤਾਰ ਸਤਾ ਰਿਹਾ ਹੈ।ਮੀਂਹ ਪੈਣ ਦੇ ਨਾਲ-ਨਾਲ ਹੁੰਦੀ ਗੜੇਮਾਰੀ ਹੋਣ ਕਾਰਨ ਕਈ ਕਿਸਾਨਾਂ ਦੀਆਂ ਫਸਲਾਂ ਤਾਂ ਤਬਾਹ ਹੋ ਚੁੱਕੀਆਂ ਹਨ। ਕਿਸਾਨ ਦੀ ਪੁੱਤਾਂ ਵਾਂਗੂ ਪਾਲੀ ਹੋਈ ਕਣਕ ਦੀ ਫਸਲ ਹੁਣ ਜਦੋਂ ਪ੍ਰਵਾਨ ਚੜ੍ਹਨ 'ਤੇ ਆਈ ਹੈ।ਅਰਥਾਤ ਕੱਟੀ ਜਾਣੀ ਹੈ ਤਾਂ ਹੁੰਦੀ ਬੇਵਕਤੀ ਬਾਰਿਸ਼ ਕਰਕੇ ਪੰਜਾਬ ਦੀ ਕਿਸਾਨੀ ਭਾਰੀ ਸਹਿਮ ਦੇ ਛਾਏ ਹੇਠ ਦਿਨ ਕੱਟਣ ਲਈ ਮਜਬੂਰ ਹੈ।ਇਸ ਸੰਬੰਧੀ ਕਈ ਪਿੰਡਾਂ ਦੇ ਵੱਖ-ਵੱਖ ਕਿਸਾਨਾਂ ਨਾਲ ਗੱਲਬਾਤ ਕਰਨ ਉਪਰੰਤ ਉਨ੍ਹਾਂ ਨੇ ਆਖਿਆ ਕਿ ਕੁਦਰਤ ਅੱਗੇ ਕਿਸੇ ਦਾ ਜ਼ੋਰ ਨਹੀਂ ਹੈ।ਪ੍ਰੰਤੂ ਬੇਵਕਤੇ ਪੈਂਦੇ ਮੀਂਹ ਨਾਲ ਜਿੱਥੇ ਫਸਲਾਂ ਖਰਾਬ ਹੋਣਗੀਆਂ, ਉਥੇ ਕਣਕ ਦੇ ਝਾੜ 'ਤੇ ਵੀ ਕਾਫੀ ਅਸਰ ਪਵੇਗਾ।ਪਹਿਲਾਂ ਹੀ ਖੇਤੀ ਦਾ ਧੰਦਾ ਬੜਾ ਘਾਟੇਵੰਦਾ ਸਾਬਤ ਹੋ ਰਿਹਾ ਹੈ।ਉਪਰੋਂ ਹੁਣ ਪੈਂਦਾ ਮੀਂਹ ਕਿਸਾਨ ਦਾ ਲੱਕ ਤੋੜਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗਾ।

# ਠੋਸ ਕੂੜੇ ਦੇ ਪ੍ਰਬੰਧਨ ਲਈ ਜਾਗਰੂਕਤਾ ਵੈਨ ਨੂੰ ਹਰੀ ਝੰਡੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਮੇਅਰ ਜਤਿੰਦਰ ਸਿੰਘ ਭਾਟੀਆ ਅਤੇ ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਸ਼ਹਿਰ ਵਿੱਚ ਠੋਸ ਕੂੜੇ ਦੇ ਪ੍ਰਬੰਧਨ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਰਣਜੀਤ ਐਵੀਨਿਊ ਸਥਿਤ ਨਗਰ ਨਿਗਮ ਦਫ਼ਤਰ ਤੋਂ ਇੱਕ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਮੌਕੇ ਮੇਅਰ ਨੇ ਕਿਹਾ ਕਿ ਠੋਸ ਕੂੜੇ ਦੇ ਸਹੀ ਪ੍ਰਬੰਧਨ ਲਈ ਘਰ ਵਿੱਚ ਕੂੜੇ ਦਾ ਪ੍ਰਬੰਧਨ ਕਰਨਾ ਜ਼ਰੂਰੀ ਹੈ ਜਿਸ ਤਹਿਤ ਘਰ ਵਿਚ ਹੀ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਕੂੜੇਦਾਨਾਂ ਵਿੱਚ ਰੱਖਣਾ ਚਾਹੀਦਾ ਹੈ।ਗਿੱਲੇ ਕੂੜੇ ਵਿੱਚ ਸਬਜ਼ੀਆਂ ਅਤੇ ਫਲਾਂ ਦੇ ਛਿਲਕੇ, ਖਰਾਬ ਭੋਜਨ, ਅੰਡੇ ਦੇ ਛਿਲਕੇ, ਟੀ ਬੈਗ, ਸੜੇ ਫਲ, ਫੁੱਲਾਂ ਦੇ ਹਾਰ, ਪੱਤੇ, ਮਾਸ ਅਤੇ ਮੱਛੀ ਦੀਆਂ ਹੱਡੀਆਂ ਆਦਿ ਸ਼ਾਮਲ ਹਨ।ਸੁੱਕੇ ਕੂੜੇ ਵਿੱਚ ਪਲਾਸਟਿਕ ਦੇ ਕਵਰ, ਬੋਤਲਾਂ ਅਤੇ ਡੱਬੇ, ਚਿਪਸ ਅਤੇ ਟੌਫੀ ਦੇ ਰੈਪਰ, ਅਖ਼ਬਾਰ, ਗੱਤੇ, ਫਾਈਲ ਪੇਪਰ, ਟੈਟਰਾਪੈਕ, ਧਾਤ ਦੇ ਡੱਬੇ, ਗਲਾਸ, ਬੋਤਲਾਂ, ਜਾਰ ਅਤੇ ਪਲੇਟਾਂ ਆਦਿ ਸ਼ਾਮਲ ਹਨ। ਇਸ ਤੋਂ ਇਲਾਵਾ, ਘਰਾਂ ਤੋਂ ਰਸਾਇਣਕ ਕੂੜਾ, ਜਿਵੇਂ ਕਿ ਕੀਟਨਾਸ਼ਕ, ਵਰਤੀਆਂ ਗਈਆਂ ਬੈਟਰੀਆਂ ਅਤੇ ਸੈੱਲ, ਮਿਆਦ ਪੁੱਗ ਚੁੱਕੀਆਂ ਦਵਾਈਆਂ, ਫਿਨਾਇਲ, ਐਸਿਡ, ਬਲੀਚਿੰਗ ਏਜੰਟ, ਖਰਾਬ ਬਿਜਲੀ ਦੀਆਂ ਤਾਰਾਂ ਆਦਿ ਨੂੰ ਕਾਲੇ ਕੂੜੇਦਾਨ ਵਿੱਚ ਰੱਖਣਾ ਚਾਹੀਦਾ। ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਸ਼ਹਿਰ ਵਿੱਚ ਕੂੜਾ ਪ੍ਰਬੰਧਨ ਜਨਤਕ ਸਹਿਯੋਗ ਅਤੇ ਭਾਗੀਦਾਰੀ ਤੋਂ ਬਿਨਾਂ ਅਸੰਭਵ ਹੈ।ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਖਾਲੀ ਪਲਾਟਾਂ ਅਤੇ ਗਲੀਆਂ-ਸੜਕਾਂ ਵਿੱਚ ਕੂੜਾ ਨਾ ਸੁੱਟਣ ਅਤੇ ਸਮਾਜਿਕ ਅਤੇ ਧਾਰਮਿਕ ਸਮਾਗਮਾਂ ਤੋਂ ਬਾਅਦ ਸਫਾਈ ਨੂੰ ਯਕੀਨੀ ਬਣਾਉਣ। ਠੋਸ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਜਾਗਰੂਕਤਾ ਫੈਲਾਉਣ ਲਈ ਵੈਨ ਲਾਂਚ ਕੀਤੀ ਗਈ, ਜੋ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਦੀ ਗਲੀਆਂ ਮੁਹੱਲੇ ਆਦਿ ਵਿੱਚ ਘੁੰਮੇਗੀ।ਇਸ ਮੌਕੇ ਡਾ. ਕਿਰਨ ਕੁਮਾਰ ਅਤੇ ਹੋਰ ਵੀ ਮੌਜੂਦ ਸਨ।



# ਤੇਜ਼ ਰਫ਼ਤਾਰ ਟਿੱਪਰ ਦੀ ਟੱਕਰ ਨਾਲ ਔਰਤ ਦੀ ਮੌਤ, ਨੌਜਵਾਨ ਗੰਭੀਰ ਜ਼ਖਮੀ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਖੇਮਕਰਨ ਰੋਡ 'ਤੇ ਇੱਕ ਦਿਲ ਦਹਿਲਾ ਦੇਣ ਵਾਲੇ ਸੜਕ ਹਾਦਸੇ ਵਿੱਚ ਤੇਜ਼ ਰਫ਼ਤਾਰ ਟਿੱਪਰ ਨੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਇੱਕ ਔਰਤ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਇੱਕ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਮ੍ਰਿਤਕ ਦੀ ਪਛਾਣ ਗੁਰਮੀਤ ਕੌਰ (55) ਪਤਨੀ ਨਿੰਦਰ ਸਿੰਘ ਵਾਸੀ ਪਿੰਡ ਪੂਹਲਾ ਵਜੋਂ ਹੋਈ ਹੈ।ਜਾਣਕਾਰੀ ਅਨੁਸਾਰ ਗੁਰਮੀਤ ਕੌਰ ਆਪਣੇ ਭਣੇਵੇਂ ਅਮਨਦੀਪ ਸਿੰਘ ਨਾਲ ਮੋਟਰਸਾਈਕਲ 'ਤੇ ਘਰ ਵਾਪਸ ਜਾ ਰਹੀ ਸੀ।ਜਿਵੇਂ ਹੀ ਉਹ ਖੇਮਕਰਨ ਰੋਡ 'ਤੇ ਬੱਸ ਸਟਾਪ ਕੋਲ ਪਹੁੰਚੇ, ਪਿੱਛੋਂ ਆ ਰਹੇ ਇੱਕ ਤੇਜ਼ ਰਫ਼ਤਾਰ ਟਿੱਪਰ ਨੇ ਮੋਟਰਸਾਈਕਲ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ।ਟੱਕਰ ਇੰਨੀ ਭਿਆਨਕ ਸੀ ਕਿ ਮੋਟਰਸਾਈਕਲ ਦੇ ਪਿੱਛੇ ਬੈਠੀ ਗੁਰਮੀਤ ਕੌਰ ਟਿੱਪਰ ਹੇਠਾਂ ਆ ਗਈ ਅਤੇ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ।ਹਾਦਸੇ ਵਿੱਚ ਅਮਨਦੀਪ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਿਸ ਨੂੰ ਤੁਰੰਤ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ।ਚਸ਼ਮਦੀਦਾਂ ਮੁਤਾਬਕ ਹਾਦਸੇ ਤੋਂ ਬਾਅਦ ਟਿੱਪਰ ਚਾਲਕ ਵਾਹਨ ਸਮੇਤ ਮੌਕੇ ਤੋਂ ਫ਼ਰਾਰ ਹੋ ਗਿਆ।ਇਸ ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਅਤੇ ਗੁੱਸੇ ਦਾ ਮਾਹੌਲ ਬਣ ਗਿਆ।ਮ੍ਰਿਤਕ ਦੇ ਪਰਿਵਾਰ ਵੱਲੋਂ ਪੁਲਸ ਪ੍ਰਸ਼ਾਸਨ 'ਤੇ ਵੀ ਗੰਭੀਰ ਸਵਾਲ ਉਠਾਏ ਗਏ ਹਨ।ਮ੍ਰਿਤਕ ਦੇ ਪਤੀ ਨਿੰਦਰ ਸਿੰਘ ਨੇ ਦੱਸਿਆ ਕਿ ਹਾਦਸੇ ਤੋਂ ਲਗਭਗ ਇੱਕ ਘੰਟੇ ਬਾਅਦ ਪੁਲੀਸ ਮੌਕੇ 'ਤੇ ਪਹੁੰਚੀ, ਜਿਸ ਕਾਰਨ ਦੋਸ਼ੀ ਚਾਲਕ ਆਸਾਨੀ ਨਾਲ ਫ਼ਰਾਰ ਹੋ ਗਿਆ।ਉਨ੍ਹਾਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਦੋਸ਼ੀ ਟਿੱਪਰ ਚਾਲਕ ਨੂੰ ਜਲਦ ਤੋਂ ਜਲਦ ਕਾਬੂ ਕਰਕੇ ਉਸਦੇ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।



# ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ : ਗੁਰਪ੍ਰੀਤ ਸਿੰਘ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਹਲਕਾ ਮਜੀਠਾ ਦੇ ਸੀਨੀਅਰ ਆਪ ਆਗੂ ਤੇ ਯੂਥ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਫੌਜੀ ਨੇ ਪਿੰਡ ਅਬਦਾਲ 'ਚ ਨੌਜਵਾਨ ਖਿਡਾਰੀਆਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ। ਇਸ ਮੌਕੇ ਉਨ੍ਹਾਂ ਸਮੂਹ ਨੌਜਵਾਨ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਤੇ ਆਪਣੇ ਦੇਸ਼ ਤੇ ਪੰਜਾਬ ਦਾ ਨਾਂਅ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਤੇ ਵੱਧ ਤੋਂ ਵੱਧ ਖੇਡ ਮੈਦਾਨ, ਖੇਡਾਂ ਦਾ ਸਾਮਾਨ, ਗਰਾਂਟਾਂ ਤੇ ਨੌਕਰੀਆਂ ਦੇ ਮੌਕੇ ਵੀ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਜਲਦ ਹੀ ਸਮੂਹ ਖਿਡਾਰੀਆਂ ਦੀ ਦੀਆਂ ਮੁਸ਼ਕਿਲਾਂ ਸਬੰਧੀ ਹਲਕਾ ਇੰਚਾਰਜ ਤੇ ਨੌਜਵਾਨ ਦਿਲਾਂ ਦੀ ਧੜਕਣ ਸਰਦਾਰ ਤਲਬੀਰ ਸਿੰਘ ਗਿੱਲ ਨਾਲ ਗੱਲਬਾਤ ਕਰਕੇ ਲੋੜੀਂਦੀਆਂ ਲੋੜਾਂ ਪੂਰੀਆਂ ਕਰਨ ਸਬੰਧੀ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਹਲਕਾ ਮਜੀਠਾ ਦੇ ਸੀਨੀਅਰ ਆਪ ਆਗੂ ਤੇ ਯੂਥ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਫੌਜੀ ਅਤੇ ਉਨ੍ਹਾਂ ਦੇ ਨਜ਼ਦੀਕੀ ਸਾਥੀ ਸਰਪੰਚ ਗੁਰਪ੍ਰੀਤ ਸਿੰਘ ਝੰਡੇ, ਸੁਖਦੇਵ ਸਿੰਘ ਸੀਨੀਅਰ ਵਰਕਰ (ਆਪ), ਹਲਕਾ ਮਜੀਠਾ ਦੇ ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਆਦਿ ਹਾਜ਼ਰ ਸਨ।

# ਜੰਮੂ-ਕਸ਼ਮੀਰ ਦੀ ਹਕੀਕਤ

ਕੰਪਟਰੋਲਰ ਐਂਡ ਆਡੀਟਰ ਜਨਰਲ (ਕੈਗ) ਦੀ ਤਾਜ਼ਾ ਰਿਪੋਰਟ ਨੇ 2019 ਵਿੱਚ ਧਾਰਾ 370 ਖਤਮ ਕਰਨ ਤੋਂ ਬਾਅਦ ਜੰਮੂ-ਕਸ਼ਮੀਰ ਦੇ ਖੁਸ਼ਹਾਲੀ ਦੇ ਰਾਹ ਪੈਣ ਦੇ ਕੇਂਦਰ ਸਰਕਾਰ ਦੇ ਦਾਅਵੇ ਦੀ ਫੂਕ ਕੱਢ ਦਿੱਤੀ ਹੈ। ਰਿਪੋਰਟ ਮੁਤਾਬਕ ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ-ਕਸ਼ਮੀਰ ਦਾ ਰਾਸ਼ਟਰੀ ਕੁੱਲ ਘਰੇਲੂ ਪੈਦਾਵਾਰ (ਜੀ ਡੀ ਪੀ) ਵਿੱਚ ਹਿੱਸਾ 2020-21 ਵਿੱਚ 0.85 ਫੀਸਦੀ ਸੀ ਤੇ 2024-25 ਵਿੱਚ ਘਟ ਕੇ 0.79 ਫੀਸਦੀ ਹੋ ਗਿਆ। ਰਿਪੋਰਟ ਮੁਤਾਬਕ ਪ੍ਰਤੀ ਜੀਅ ਆਮਦਨ 2020-21 ਵਿੱਚ 101645 ਰੁਪਏ ਤੋਂ ਵਧ ਕੇ 2024-25 ਵਿੱਚ 154826 ਰੁਪਏ ਤਾਂ ਹੋ ਗਈ ਸੀ, ਪਰ ਇਹ ਰਾਸ਼ਟਰੀ ਔਸਤ ਨਾਲੋਂ ਘੱਟ ਰਹੀ, ਜਿਹੜੀ ਕਿ 127244 ਤੋਂ ਵਧ ਕੇ 205324 ਰੁਪਏ ਹੋ ਗਈ ਸੀ। ਜੰਮੂ-ਕਸ਼ਮੀਰ ਦੀਆਂ ਦੇਣਦਾਰੀਆਂ ਵੀ ਵਧ ਗਈਆਂ ਹਨ। 2020-21 ਵਿੱਚ ਇਹ ਕੁੱਲ ਸਟੇਟ ਘਰੇਲੂ ਪੈਦਾਵਾਰ ਦਾ 8.87 ਫੀਸਦੀ ਸਨ ਤੇ 2024-25 ਵਿੱਚ 17.21 ਫੀਸਦੀ ਤੱਕ ਪੁੱਜ ਗਈਆਂ ਸਨ। ਜੰਮੂ-ਕਸ਼ਮੀਰ ਸੂਬੇ ਦੇ ਟੋਟੇ ਕਰਕੇ ਜੰਮੂ-ਕਸ਼ਮੀਰ ਤੇ ਲੱਦਾਖ ਨਾਂਅ ਦੇ ਕੇਂਦਰ ਸ਼ਾਸਤ ਪ੍ਰਦੇਸ਼ ਬਣਾਉਣ ਤੋਂ ਬਾਅਦ ਦੇਣਦਾਰੀਆਂ 48.47 ਫੀਸਦੀ ਦੀ ਦਰ ਨਾਲ ਵਧੀਆਂ ਹਨ। ਇਸ ਨੇ ਜੰਮੂ-ਕਸ਼ਮੀਰ ਨੂੰ ਦੇਸ਼ ਦੇ ਸਭ ਤੋਂ ਵੱਧ ਦੇਣਦਾਰ ਖਿੱਤਿਆਂ ਵਿੱਚੋਂ ਇੱਕ ਬਣਾ ਦਿੱਤਾ ਹੈ।

ਹਾਲਾਂਕਿ ਮੁੱਖ ਮੰਤਰੀ ਉਮਰ ਅਬਦੁੱਲਾ ਹਨ, ਪਰ ਰਾਜ ਇੱਕ ਤਰ੍ਹਾਂ ਨਾਲ ਕੇਂਦਰ ਦੇ ਨੁਮਾਇੰਦੇ ਉਪ ਰਾਜਪਾਲ ਮਨੋਜ ਸਿਨਹਾ ਹੀ ਕਰ ਰਹੇ ਹਨ। ਉਮਰ ਅਬਦੁੱਲਾ ਸਰਕਾਰ ਵੱਲੋਂ ਪਿਛਲੇ ਹਫਤੇ ਅਸੈਂਬਲੀ ਵਿੱਚ ਪੇਸ਼ ਕੀਤੀ ਗਈ ਇੱਕ ਰਿਪੋਰਟ 'ਚ ਇਹ ਦੱਸਿਆ ਗਿਆ ਕਿ ਬੇਰੁਜ਼ਗਾਰੀ ਦੀ ਦਰ 6.7 ਫੀਸਦੀ ਹੈ, ਜੋ ਕਿ ਕੌਮੀ ਦਰ 3.5 ਫੀਸਦੀ ਨਾਲੋਂ ਤਕਰੀਬਨ ਦੁੱਗਣੀ ਹੈ। ਕੇਂਦਰ ਤੇ ਮਨੋਜ ਸਿਨਹਾ ਨੇ ਰਾਖਵਾਂਕਰਨ ਵਧਾ ਕੇ ਸਥਿਤੀ ਹੋਰ ਖਰਾਬ ਦਿੱਤੀ ਹੈ। ਰਾਖਵੇਂਕਰਨ ਨਾਲ 30 ਫੀਸਦੀ ਆਬਾਦੀ (ਹਿੰਦੂ) ਦਾ ਸਰਕਾਰੀ ਨੌਕਰੀਆਂ ਤੇ ਕਿੱਤਾਕਾਰੀ ਕਾਲਜਾਂ ਦੀਆਂ ਸੀਟਾਂ ਵਿੱਚ 60 ਫੀਸਦੀ ਹਿੱਸਾ ਕਰ ਦਿੱਤਾ ਗਿਆ ਹੈ। ਬਹੁਤੇ ਲੋਕ ਵਿਸ਼ਵਾਸ ਕਰਦੇ ਹਨ ਕਿ ਅਜਿਹਾ ਕਸ਼ਮੀਰੀਆਂ ਨੂੰ ਥੱਲੇ ਲਾਉਣ ਲਈ ਕੀਤਾ ਗਿਆ ਹੈ, ਜਿਹੜੇ ਜੰਮੂ-ਕਸ਼ਮੀਰ ਦੀ ਆਬਾਦੀ ਦਾ ਅੱਧੇ ਤੋਂ ਵੱਧ ਹਨ।

ਇਹ ਦੋ ਰਿਪੋਰਟਾਂ ਦੱਸਦੀਆਂ ਹਨ ਕਿ ਮੋਦੀ ਸਰਕਾਰ ਨੇ ਜੰਮੂ-ਕਸ਼ਮੀਰ ਦਾ ਵਿਸ਼ੇਸ਼ ਰਾਜ ਦਾ ਦਰਜਾ ਖਤਮ ਕਰਕੇ ਉੱਥੋਂ ਦੀ ਬਹੁਗਿਣਤੀ ਵਸੋਂ ਦਾ ਨੁਕਸਾਨ ਹੀ ਕੀਤਾ ਹੈ। ਬੇਰੁਜ਼ਗਾਰੀ ਕਾਰਨ ਜੰਮੂ-ਕਸ਼ਮੀਰ ਨੇ ਲੰਬਾ ਸਮਾਂ ਬੇਚੈਨੀ ਦੇ ਮਾਹੌਲ ਵਿੱਚ ਗੁਜ਼ਾਰਿਆ। ਦਹਿਸ਼ਤਗਰਦੀ ਦਾ ਦੌਰ ਲੰਘਣ ਤੋਂ ਬਾਅਦ ਉਮੀਦ ਸੀ ਕਿ ਕਸ਼ਮੀਰੀ ਚੈਨ ਦੀ ਜ਼ਿੰਦਗੀ ਗੁਜ਼ਾਰਨਗੇ, ਪਰ ਉਹ ਉਨ੍ਹਾਂ ਨੂੰ ਅਜੇ ਵੀ ਨਸੀਬ ਨਹੀਂ। ਉਨ੍ਹਾਂ ਨੇ ਵੱਡੀ ਗਿਣਤੀ ਵਿੱਚ ਵੋਟਾਂ ਪਾ ਕੇ ਜਮਹੂਰੀਅਤ ਪ੍ਰਤੀ ਵਚਨਬੱਧਤਾ ਵੀ ਦੁਹਰਾਈ, ਪਰ ਉਨ੍ਹਾਂ ਦੇ ਮੁੱਖ ਮੰਤਰੀ ਕੋਲ ਇਸ ਵੇਲੇ ਸੇਵਾਦਾਰ ਨਿਯੁਕਤ ਕਰਨ ਤੱਕ ਦੀ ਤਾਕਤ ਨਹੀਂ। ਮੋਦੀ ਸਰਕਾਰ ਸੰਸਦ ਤੇ ਸੁਪਰੀਮ ਕੋਰਟ ਵਿੱਚ ਕਹਿ ਚੁੱਕੀ ਹੈ ਕਿ ਜੰਮੂ-ਕਸ਼ਮੀਰ ਦਾ ਸੂਬੇ ਦਾ ਰੁਤਬਾ ਬਹਾਲ ਕੀਤਾ ਜਾਵੇਗਾ, ਪਰ ਬਹਾਲ ਨਹੀਂ ਕੀਤਾ ਜਾ ਰਿਹਾ। ਇਹ ਰੁਤਬਾ ਬਹਾਲ ਹੋਣ ਨਾਲ ਕਸ਼ਮੀਰੀਆਂ ਨੂੰ ਏਨਾ ਕੁ ਤਾਂ ਸਕੂਨ ਮਿਲੇਗਾ ਕਿ ਉਨ੍ਹਾਂ ਦੀ ਸਰਕਾਰ ਕੋਲ ਦੇਸ਼ ਦੇ ਹੋਰਨਾਂ ਰਾਜਾਂ ਦੇ ਬਰਾਬਰ ਤਾਕਤਾਂ ਹੋਣਗੀਆਂ ਤੇ ਉਨ੍ਹਾਂ ਦੇ ਭਵਿੱਖ ਦਾ ਫੈਸਲਾ ਉਹ ਕਰੇਗੀ, ਨਾ ਕਿ ਦਿੱਲੀ ਬੈਠੇ ਹਾਕਮ।

## ਅਖੌਤੀ ਸ਼ਿਕਾਇਤ ਪੋਰਟਲ ਨੰਬਰ

**ਰਾਵਿੰਦਰ ਫ.ਫੜੇ**

ਮਾਰਚ ਮਹੀਨੇ ਦੇ ਅੱਧ ਦੀ ਗੱਲ ਹੈ, ਰਾਤ ਸਾਢੇ ਅੱਠ ਵਜੇ ਮਾਮੂਲੀ ਮੀਂਹ ਅਤੇ ਹਨੇਰੀ ਕਾਰਨ (ਅਕਸਰ ਇਸੇ ਤਰ੍ਹਾਂ ਹੁੰਦਾ ਹੈ) ਸਾਡੇ ਪਿੰਡ ਦੀ ਬਿਜਲੀ ਚਲੀ ਗਈ । ਸਵੇਰੇ ਬਾਹਰ ਜਾਣ ਦੇ ਪ੍ਰੋਗਰਾਮ ਕਾਰਨ ਮੈਂ ਪ੍ਰੈੱਸ ਆਦਿ ਕਰਨੀ ਸੀ, ਇਸ ਲਈ ਘੰਟੇ ਕੁ ਦੀ ਉਡੀਕ ਤੋਂ ਬਾਅਦ ਮੈਂ1912 'ਤੇ ਸ਼ਿਕਾਇਤ ਦਰਜ ਕਰਾ ਦਿੱਤੀ ।ਤੁਰੰਤ ਬਾਅਦ ਸ਼ਿਕਾਇਤ ਦਰਜ (register), ਫਿਰ ਕੰਮ ਚੱਲ ਰਿਹਾ (work progress) ਅਤੇ ਕੁਝ ਸਮੇਂ ਬਾਅਦ ਸ਼ਿਕਾਇਤ ਹੱਲ (resolved) ਦਾ ਸੁਨੇਹਾ ਵੀ ਆ ਗਿਆ, ਪਰ ਬਿਜਲੀ ਆਉਣ ਦਾ ਕੋਈ ਨਾਂਅ ਨਿਸ਼ਾਨ ਨਹੀਂ ਸੀ ।ਦੁਬਾਰਾ 'ਤਸੱਲੀ ਨਹੀਂ' (not Satisfied) ਦੀ ਬੇਨਤੀ ਪਾਉਣ 'ਤੇ ਸਬੰਧਤ ਬਿਜਲੀ ਗਰਿੱਡ ਦੇ ਸ਼ਿਕਾਇਤ ਸੈਂਟਰ ਨਾਲ ਗੱਲ ਕਰਨ ਲਈ ਮੋਬਾਇਲ ਨੰਬਰ ਮੈਸੇਜ ਰਾਹੀਂ ਭੇਜ ਦਿੱਤਾ ਗਿਆ । ਉਸ ਨੰਬਰ 'ਤੇ ਗੱਲ ਕਰਨ 'ਤੇ ਪਤਾ ਲੱਗਿਆ ਕਿ ਉਹਨਾਂ ਨੂੰ ਕੋਈ ਜਾਣਕਾਰੀ ਹੀ ਨਹੀਂ ਸੀ ਕਿ ਫਲਾਣੇ ਪਿੰਡ ਵਿੱਚ ਪਿਛਲੇ ਤਿੰਨ ਘੰਟਿਆਂ ਤੋਂ ਬਿਜਲੀ ਗੁੱਲ ਹੈ।ਮੇਰੇ ਪੂਰੀ ਗੱਲ ਦੱਸਣ 'ਤੇ ਉਹਨਾਂ ਸੰਬੰਧਤ ਕਰਮਚਾਰੀਆਂ ਨਾਲ ਗੱਲ ਕਰਕੇ ਦੱਸਣ ਲਈ ਕਿਹਾ, ਪਰ ਉਨ੍ਹਾਂ ਆਪਣੇ-ਆਪ ਕੋਈ ਜਾਣਕਾਰੀ ਨਾ ਦਿੱਤੀ।ਦੁਬਾਰਾ ਫੋਨ ਕਰਨ 'ਤੇ ਉਹਨਾਂ ਦੱਸਿਆ ਕਿ ਡਿਊਟੀ ਕਰਮਚਾਰੀਆਂ ਨੇ ਫੋਨ ਹੀ ਨ੍ਹੀਂ ਚੁੱਕਿਆ ।ਇਨਵਰਟਰ 'ਤੇ ਪੱਖਾ ਚੱਲਦਾ ਹੋਣ ਕਾਰਨ ਮੈਂ ਇਹ ਸੋਚ ਕੇ ਸੌਂ ਗਿਆ ਕਿ ਸਵੇਰ ਤੱਕ ਤਾਂ ਲਾਈਟ ਆ ਹੀ ਜਾਵੇਗੀ, ਕੱਪੜੇ ਪ੍ਰੈੱਸ ਸਵੇਰੇ ਕਰ ਲਵਾਂਗਾ ।ਹੱਦ ਉਦੋਂ ਹੋ ਗਈ, ਜਦੋਂ ਸਵੇਰ ਤੱਕ ਬਿਜਲੀ ਨਾ ਆਉਣ ਕਾਰਨ ਦੁਬਾਰਾ ਸ਼ਿਕਾਇਤ ਕਰਨ ਤੋਂ ਬਾਅਦ ਪਹਿਲਾਂ ਕੱਟ ਤੋਂ ਬਾਅਦ ਬਹਾਲ (restored after shutdown) ਦਾ ਸੁਨੇਹਾ ਆਇਆ ਅਤੇ ਦੁਬਾਰਾ ਸਵਾ ਸੱਤ ਵਜੇ ਫਿਰ ਹੱਲ (resolved) ਦਾ ਮੈਸੇਜ ਆ ਗਿਆ ।ਰਾਤ (ਸੌਣ ਤੋਂ ਬਾਅਦ) ਨੂੰ ਆਏ ਸੁਨੇਹੇ ਚੈੱਕ ਕਰਨ 'ਤੇ ਵੇਖਿਆ ਕਿ ਦੋ ਹੋਰ ਸੁਨੇਹੇ; ਸ਼ਿਕਾਇਤ ਸਬੰਧਤ ਐੱਸ ਡੀ ਓ ਨੂੰ ਭੇਜਣ (escalated to concerned SDO) ਅਤੇ ਸ਼ਿਕਾਇਤ ਸੰਬੰਧਤ ਸੀਨੀਅਰ ਐਕਸੀਅਨ ਨੂੰ ਭੇਜਣ (escalated to concerned Sr, Xen) ਦੇ ਵੀ ਆਏ ਹੋਏ ਸਨ, ਪਰ ਨਾ ਕਿਸੇ ਦੀ ਮਿੱਸ ਕਾਲ ਨਾ ਕਾਲ ਅਤੇ ਨਾ ਹੀ ਬਿਜਲੀ ਆਉਣ ਨਾ ਆਉਣ ਸੰਬੰਧੀ ਕੋਈ ਹੋਰ ਜਾਣਕਾਰੀ ਮੁਹੱਈਆ ਕਰਵਾਈ ਗਈ, ਜਦੋਂ ਕਿ ਬਿਜਲੀ ਸਵੇਰੇ ਨੌਂ ਵਜੇ ਆਈ ।

ਸਵੇਰੇ ਇੱਕ ਜਾਣਕਾਰ ਮੁਲਾਜ਼ਮ ਰਾਹੀਂ ਸੰਬੰਧਤ ਬਿਜਲੀ ਸੈਂਟਰ 'ਚੋਂ ਪਤਾ ਲੱਗਿਆ ਕਿ ਰਾਤ ਸਾਢੇ ਅੱਠ ਵਜੇ ਫਾਲਟ ਪਿਆ ਸੀ ਅਤੇ ਪਿੰਡ ਵਿੱਚ ਰਾਤ ਦੀ ਡਿਊਟੀ ਲਈ ਮੁਲਾਜ਼ਮ ਨਾ ਹੋਣ ਕਾਰਨ ਇਹ ਸਵੇਰੇ ਠੀਕ ਕੀਤਾ ਗਿਆ ਹੈ ।ਸੋਚਣ ਵਾਲੀ ਗੱਲ ਇਹ ਹੈ ਕਿ ਬਿਜਲੀ ਗੁੱਲ ਹੋਣ ਦਾ ਕਾਰਨ ਕੀ ਸੀ ਅਤੇ ਸੁਨੇਹਿਆਂ ਰਾਹੀਂ ਜਾਣਕਾਰੀ ਕੀ ਦਿੰਦੇ ਰਹੇ! ਸ਼ਿਕਾਇਤ ਦਾ ਹੱਲ ਕਰਨਾ ਦੂਰ ਦੀ ਗੱਲ, 'ਵਰਤੋਂਕਾਰ' ਨੂੰ ਸਹੀ ਜਾਣਕਾਰੀ ਵੀ ਨਹੀਂ ਦਿੱਤੀ ਗਈ। ਕੰਪਿਊਟਰਾਈਜ਼ਡ ਸੁਨੇਹਿਆਂ ਰਾਹੀਂ ਗੁੰਮਰਾਹਕੁੰਨ ਜਾਣਕਾਰੀ ਦਿੱਤੀ ਜਾਂਦੀ ਰਹੀ।

ਇਸੇ ਤਰਾਂ ਅੱਜਕੱਲ੍ਹ ਈਰਾਨ-ਇਜ਼ਰਾਈਲ-ਅਮਰੀਕਾ ਵਿੱਚਕਾਰ ਚੱਲ ਰਹੀ ਜੰਗ ਕਾਰਨ ਹੋਈ ਗੈਸ ਕਿੱਲਤ ਦੇ ਸੰਬੰਧ ਵਿੱਚ ਹੋ ਰਿਹਾ ਹੈ।ਸਿਲੰਡਰ ਬੁਕਿੰਗ ਵਾਲੇ ਆਨਲਾਇਨ ਨੰਬਰ ਜ਼ਿਆਦਾਤਰ ਰੁੱਝੇ ਹੀ ਰਹਿੰਦੇ ਹਨ ਅਤੇ ਸ਼ਿਕਾਇਤ ਵਾਲੇ ਨੰਬਰ ਤਾਂ ਮਿਲਦੇ ਹੀ ਨਹੀਂ।ਕੀ ਆਨਲਾਇਨ ਸ਼ਿਕਾਇਤ ਪੋਰਟਲ ਨੰਬਰ ਸਿਰਫ਼ ਟਾਇਮ ਪਾਸ ਲਈ ਹੀ ਹਨ ?

# ਸੰਪਰਕ: 98156-80980

# ਵਿਗਿਆਨਕ ਉਪਲਬਧੀਆਂ ਮਾਨਸਿਕ ਗੁਲਾਮੀ ਪੈਦਾ ਕਰਦੀਆਂ ਹਨ



ਪਵਨ ਕੁਮਾਰ ਕੌਸ਼ਲ

ਪੂੰਜੀਵਾਦੀ ਸਮਾਜ ਦੀ ਸਥਿਰਤਾ ਲਈ ਮਾਨਸਿਕ ਗੁਲਾਮੀ ਦਾ ਹੋਣਾ ਜ਼ਰੂਰੀ ਹੈ। ਸਾਨੂੰ ਕੰਮ ਨਾ ਕਰਨ ਵਾਲੇ ਮੂੜ੍ਹ-ਮੱਤੀਏ ਬੁੱਧੀ ਹੀਣ ਬਣਨ ਲਈ ਸਾਡੇ ਦਿਮਾਗ ਦਾ ਪ੍ਰੋਗਰਾਮੀਕਰਨ/ ਕੰਪਿਊਟਰੀ ਕਰਨ ਕੀਤਾ ਜਾ ਰਿਹਾ ਹੈ? ਮਨੁੱਖੀ ਅਬਾਦੀ ਨੂੰ ਪੂੰਜੀ ਦੇ ਗੁਲਾਮ ਬਣੇ ਰਹਿਣ ਦੇ ਉਸ ਸਮੇਂ ਦੀ ਸਮਾਜਕ ਸਤਿਥੀ ਅਨੁਸਾਰ ਵੱਖ-ਵੱਖ ਤਰ੍ਹਾਂ ਦੇ ਹੱਥਕੰਡੇ ਵਰਤੇ ਜਾਂਦੇ ਰਹੇ ਹਨ। ਸਾਡੀਆਂ ਖਾਣ-ਪੀਣ ਦੀਆਂ ਆਦਤਾਂ, ਰਹਿਣ-ਸਹਿਣ ਅਤੇ ਸਮਾਜ ਵਿੱਚ ਵਿਚਰਨ ਦੇ ਢੰਗ ਉਪਰ ਵਿਸ਼ਵ ਦੇ ਕਾਰਪੋਰੇਟ ਘਰਾਣੇ ਹੀ ਨਿਰਧਾਰਤ ਕਰ ਰਹੇ ਹਨ।

ਜੇਕਰ ਕੋਰੋਨਾ ਦਾ ਸਹੀ ਢੰਗ ਨਾਲ ਨਿਰੀਖਣ ਕੀਤਾ ਜਾਵੇ ਤਾਂ ਕੋਰੋਨਾ ਬਹੁ ਕੌਮੀ ਕਾਰਪੋਰੇਸ਼ਨਾਂ ਦੀ ਇੱਕ ਵੱਡੀ ਸਾਜ਼ਿਸ਼ ਦਾ ਸਿੱਟਾ ਸੀ, ਜਿਸ ਨਾਲ ਵਿਸ਼ਵ ਦੀ ਮਨੁੱਖੀ ਅਬਾਦੀ ਨੂੰ ਆਪਣੇ ਅਧੀਨ ਕੀਤਾ ਜਾ ਸਕੇ। ਕੋਰੋਨਾ ਵਾਇਰਸ ਕਿੱਥੋਂ ਆਇਆ ਕਿਵੇਂ ਆਇਆ, ਅੱਜ ਤੱਕ ਇੱਕ ਭੇਤ ਹੀ ਬਣਿਆ ਹੋਇਆ ਹੈ। ਡਾਕਟਰ ਅਤੇ ਵਿਗਿਆਨੀ ਇਸ ਉਪਰ ਇੱਕ ਮੱਤ ਨਹੀਂ ਹਨ। ਵਿਕਸਤ ਦੇਸ਼ਾਂ ਅੰਦਰ ਜਦੋਂ ਮੈਡੀਕਲ ਡਾਕਟਰਾਂ ਨੂੰ ਲਾਇਸੈਂਸ ਅਤੇ ਨੌਕਰੀ ਗੁਆਉਣ ਦੀ ਧਮਕੀ ਦੇ ਤਹਿਤ ਆਈਵਰਮੈਕਟਿਨ, ਕਲੋਰੀਨ ਡਾਈਆਕਸਾਈਡ ਘੋਲ ਅਤੇ ਹੋਰ ਬਹੁਤ ਸਾਰੀਆਂ ਪ੍ਰਭਾਵਸ਼ਾਲੀ ਪਰ ਸਧਾਰਨ ਦਵਾਈਆਂ ਦੀ ਵਰਤੋਂ 'ਤੇ ਪਾਬੰਦੀ ਲਗਾਉਣ ਦਾ ਹੁਕਮ ਦਿੱਤਾ ਗਿਆ ਸੀ।

ਮਨੁੱਖੀ ਦਿਮਾਗ ਨੂੰ ਬੁੱਧੀ ਹੀਣ ਬਣਾਉਣ ਲਈ ਸਰਮਾਏਦਾਰੀ/ਪੂੰਜੀ ਵੱਖ-ਵੱਖ ਢੰਗ ਤਰੀਕੇ ਅਪਣਾਉਂਦੀ ਹੈ। ਨਸ਼ੇ ਦੀ ਲਤ ਵਿਸ਼ੇਸ਼ ਕਰਕੇ ਮਨੁੱਖਤਾ ਦੀ ਸੋਚਣ ਸ਼ਕਤੀ ਨੂੰ ਖੁੰਡਾ ਕਰਨਾ ਤਾਂ ਜੋ ਉਹ ਹਾਕਮ ਜਮਾਤਾਂ ਵਿਰੁੱਧ ਬਗਾਵਤ ਨਾ ਕਰ ਸਕਣ। ਗੁਆਟੇਮਾਲਾ ਵਿੱਚ ਕੈਦੀਆਂ ਨੂੰ ਕੁਝ ਦਿਨਾਂ ਬਾਅਦ ਸ਼ਰਾਬ ਪਰੋਸੀ ਜਾਂਦੀ ਸੀ ਅਤੇ ਸ਼ਰਾਬ ਇੱਕ ਰਸਮੀ ਨੀਤੀ ਦੀ ਬਜਾਏ ਰਿਸ਼ਵਤਖੋਰੀ, ਕੈਦੀਆਂ ਨੂੰ ਨਿਯੰਤਰਣ ਵਿੱਚ ਰੱਖਣ ਲਈ ਅਰਥ ਵਿਵਸਥਾ ਦੇ ਹਿੱਸੇ ਵਜੋਂ ਖੁੱਲ੍ਹ ਕੇ ਵਰਤਾਈ ਜਾਂਦੀ ਹੈ । ਗੁਆਟੇਮਾਲਾ ਜੇਲ੍ਹ ਵਿਸ਼ਵ ਦੀ ਬਦਨਾਮ ਜੇਲ੍ਹਾਂ ਵਿੱਚੋ ਇੱਕ ਹੈ, ਜਿਥੇ ਕੈਦੀਆਂ ਉਪਰ ਕੰਟਰੋਲ ਰੱਖਣ ਲਈ ਅਧਿਕਾਰੀਆਂ ਵੱਲੋਂ ਸ਼ਰਾਬ ਪੀਣ ਲਈ ਦਿੱਤੀ ਜਾਂਦੀ ਹੈ, ਤਾਂ ਜੋ ਉਹ ਕਿਸੇ ਕਿਸਮ ਦੀ ਜੇਲ੍ਹ ਅੰਦਰ ਕੋਈ ਬਗਾਵਤ ਨਾ ਕਰ ਸਕਣ। ਕੈਦੀਆਂ ਨੂੰ ਕੁਝ ਸੋਚਣ ਲਈ ਵਿਹਲ ਹੀ ਨਾ ਮਿਲੇ। ਇਸੇ ਤਰ੍ਹਾਂ ਲੋਕਾਂ ਨੂੰ ਹਾਕਮ ਜਮਾਤਾਂ ਵਿਰੁੱਧ ਬਗਾਵਤ ਕਰਨ ਤੋਂ ਰੋਕਣ ਲਈ ਧਰਮ ਦੀ ਵਰਤੋਂ ਕੀਤੀ ਜਾਂਦੀ ਹੈ।

**ਲੈਨਿਨ ਧਰਮ ਅਤੇ ਸਮਾਜਵਾਦ ਵਿੱਚ ਲਿਖਦੇ ਹਨ:**

"ਅਜੋਕਾ ਸਮਾਜ ਪੂਰੀ ਤਰ੍ਹਾਂ ਮਜ਼ਦੂਰ ਵਰਗ ਦੇ ਵਿਸ਼ਾਲ ਸਮੂਹ ਦੇ ਸ਼ੋਸ਼ਣ 'ਤੇ ਅਧਾਰਤ ਹੈ, ਜੋ ਆਬਾਦੀ ਦੇ ਇੱਕ ਛੋਟੇ ਜਿਹੇ ਘੱਟ ਗਿਣਤੀ, ਜ਼ਮੀਨ ਮਾਲਕਾਂ ਦੇ ਵਰਗ ਅਤੇ ਪੂੰਜੀਪਤੀਆਂ ਦੇ ਵਰਗ ਦੁਆਰਾ ਸ਼ੋਸ਼ਣ ਕੀਤਾ ਜਾਂਦਾ ਹੈ। ਇਹ ਇੱਕ ਗੁਲਾਮ ਸਮਾਜ ਹੈ, ਜਿਸ ਅੰਦਰ 'ਆਜ਼ਾਦ' ਕਾਮੇ, ਜੋ ਆਪਣੀ ਸਾਰੀ ਜ਼ਿੰਦਗੀ ਪੂੰਜੀਪਤੀਆਂ ਲਈ ਕੰਮ ਕਰਦੇ ਹਨ, ਆਪਣੇ ਗੁਜ਼ਾਰੇ ਦੇ ਅਜਿਹੇ ਸਾਧਨਾਂ ਦੇ 'ਹੱਕਦਾਰ' ਹਨ ਜੋ ਮੁਨਾਫਾ ਪੈਦਾ ਕਰਨ ਵਾਲੇ ਗੁਲਾਮਾਂ ਦੀ ਦੇਖਭਾਲ ਲਈ ਜ਼ਰੂਰੀ ਹਨ।"

ਸੋਸ਼ਿਤ ਵਰਗਾਂ ਦਾ ਸ਼ੋਸ਼ਣ ਕਰਨ ਵਾਲਿਆਂ ਵਿਰੁੱਧ ਸੰਘਰਸ਼ ਵਿੱਚ ਨਿਰਬਲਤਾ ਅਤੇ ਉਸੇ ਤਰ੍ਹਾਂ ਹੀ ਮੌਤ ਤੋਂ ਬਾਅਦ ਇੱਕ ਬਿਹਤਰ ਜੀਵਨ ਵਿੱਚ ਵਿਸ਼ਵਾਸ ਨੂੰ ਜਨਮ ਦਿੰਦੀ ਹੈ, ਜਿਵੇਂ ਕੁਦਰਤ ਨਾਲ ਆਪਣੀ ਲੜਾਈ ਵਿੱਚ ਜ਼ਾਲਮ ਦੀ ਨਿਰਬਲਤਾ ਦੇਵਤਿਆਂ, ਸ਼ੈਤਾਨਾਂ, ਚਮਤਕਾਰਾਂ ਅਤੇ ਇਸ ਤਰ੍ਹਾਂ ਦੇ ਹੋਰ ਵਿੱਚ ਵਿਸ਼ਵਾਸ ਨੂੰ ਜਨਮ ਦਿੰਦੀ ਹੈ।

ਜਿਹੜੇ ਲੋਕ ਆਪਣੀ ਸਾਰੀ ਜ਼ਿੰਦਗੀ ਮਿਹਨਤ ਕਰਦੇ ਹਨ ਅਤੇ ਲੋੜ ਵਿੱਚ ਰਹਿੰਦੇ ਹਨ, ਉਨ੍ਹਾਂ ਨੂੰ ਧਰਮ ਦੁਆਰਾ ਧਰਤੀ 'ਤੇ ਰਹਿੰਦਿਆਂ, ਅਧੀਨ ਰਹਿਣ ਅਤੇ ਸਬਰ ਰੱਖਣ ਦੀ ਸਿੱਖਿਆ ਦਿੱਤੀ ਜਾਂਦੀ ਹੈ ਅਤੇ ਸਵਰਗੀ ਇਨਾਮ ਦੀ ਉਮੀਦ ਵਿੱਚ ਆਰਾਮ ਪ੍ਰਾਪਤ ਕਰਨਾ ਸਿਖਾਇਆ ਜਾਂਦਾ ਹੈ, ਪਰ ਜਿਹੜੇ ਲੋਕ ਦੂਜਿਆਂ ਦੀ ਮਿਹਨਤ ਨਾਲ ਜਿਉਂਦੇ ਹਨ, ਉਨ੍ਹਾਂ ਨੂੰ ਧਰਮ ਦੁਆਰਾ ਧਰਤੀ 'ਤੇ ਰਹਿੰਦਿਆਂ ਦਾਨ ਕਰਨ ਦੀ ਸਿੱਖਿਆ ਦਿੱਤੀ ਜਾਂਦੀ ਹੈ। ਧਰਮ ਲੋਕਾਂ ਲਈ ਅਫੀਮ ਹੈ। ਧਰਮ ਇੱਕ ਤਰ੍ਹਾਂ ਦੀ ਅਧਿਆਤਮਿਕ ਸ਼ਰਾਬ ਹੈ, ਜਿਸ ਵਿੱਚ ਪੂੰਜੀ ਦੇ ਗੁਲਾਮ ਆਪਣੀ ਮਨੁੱਖੀ ਛਵੀ, ਮਨੁੱਖ ਦੇ ਯੋਗ ਜੀਵਨ ਦੀ ਉਨ੍ਹਾਂ ਦੀ ਮੰਗ ਨੂੰ ਡੁਬੋ ਦਿੰਦੇ ਹਨ।

ਮਨੁੱਖ ਨੂੰ ਪੂੰਜੀ ਦਾ ਗੁਲਾਮ ਬਣੇ ਰਹਿਣ ਲਈ ਸ਼ੋਸ਼ਣਕਾਰੀ ਸਮਾਜ, ਧਰਮ ਅਤੇ ਵਿਗਿਆਨ ਦੀ ਵਰਤੋਂ ਕੀਤੀ ਜਾ ਰਹੀ ਹੈ। ਕੁਝ ਸਮੇਂ ਤੋਂ ਇਹੋ ਕੁਝ ਵਾਪਰਦਾ ਆ ਰਿਹਾ ਹੈ, ਇਸੇ ਕਰਕੇ ਅਸੀਂ ਕੋਈ ਪਰਿਵਰਤਨ (ਅਦਲਾ-ਬਦਲੀ) ਕਰਨ ਲਈ ਏਨੇ ਕਮਜ਼ੋਰ ਹਾਂ; ਇਸੇ ਕਰਕੇ ਅਸੀਂ ਗੁਆਚ (ਯਾਦਾਸ਼ਤ ਭੁੱਲ ਜਾਣਾ) ਜਾਂਦੇ ਹਾਂ ਜਾਂ ਹਾਲੀਆ ਇਤਿਹਾਸ ਦੀ ਕੋਈ ਯਾਦ ਨਹੀਂ ਰੱਖਦੇ ਅਤੇ ਸ਼ਾਇਦ ਇਸੇ ਲਈ ਅਸੀਂ ਉਨ੍ਹਾਂ ਲੋਕਾਂ ਦੁਆਰਾ ਸਾਡੇ ਸਾਹਮਣੇ ਪਾਏ ਗਏ ਹਰ ਜਾਲ ਵਿੱਚ ਬੁਰੀ ਤਰ੍ਹਾਂ ਫਸ ਜਾਂਦੇ ਹਾਂ, ਜੋ ਕਾਰਜਕਾਰੀ ਏਜੰਸੀਆਂ, ਵਿਸ਼ਵ ਆਰਥਿਕ ਫੋਰਮ, ਵਿਸ਼ਵ ਵਪਾਰ ਸੰਸਥਾ ਅਤੇ ਸੰਯੁਕਤ ਰਾਸ਼ਟਰ ਦੇ ਪਿੱਛੇ ਬੈਠੀਆਂ ਤਾਰਾਂ ਖਿੱਚਦੀਆਂ ਹਨ। ਉਹ ਸਾਰੀਆਂ ਪਹਿਲੋਂ ਹੀ ਵੱਡੀਆਂ ਆਰਥਕ ਸ਼ਕਤੀਆਂ ਅਤੇ ਖਤਰਨਾਕ ਮਨੋਰੋਗੀਆਂ ਦੀ ਸ਼ਕਤੀ ਦੇ ਨਿਯੰਤਰਣ ਵਿੱਚ ਹਨ।

ਲੋਕਾਂ ਨੂੰ ਅਧੀਨ ਕਰਨ ਲਈ ਡਰ ਪੈਦਾ ਕਰਨਾ ਅਤੇ ਆਗਿਆਕਾਰੀ ਬਣਾਉਣ ਵੱਲ ਪਹਿਲਾ ਕਦਮ ਹੈ। ਆਗਿਆਕਾਰੀ ਇੱਕ ਨਕਲੀ 'ਘਾਤਕ ਬਿਮਾਰੀ' ਦੇ ਫੈਲਾਉਣ ਦਾ ਆਧਾਰ ਹੈ ਅਤੇ ਇਸ ਦੇ ਨਾਲ ਪੂਰੀ ਦੁਨੀਆ ਦੀ ਆਬਾਦੀ ਦੇ ਉਤੇ ਕਰੋਨਾ ਮਹਾਂਮਾਰੀ ਸਮੇਂ ਕੋਰੋਨਾਂ ਤੋਂ ਬਚਾਉਣ ਲਈ ਬਿਨਾ ਕਿਸੇ ਅਜ਼ਮਾਇਸ਼ ਦੇ ਵੈਕਸੀਨ ਦੇ ਟੀਕੇ ਲਗਾਏ ਗਏ।

ਮਾਇਓਕਾਰਡਾਈਟਿਸ ਟੀਕੇ, ਪਹਿਲਾਂ ਹੀ 2001/2002 ਵਿੱਚ ਸਾਡੇ ਦਿਮਾਗਾਂ ਨੂੰ ਬੁੱਧੀ ਹੀਣ ਕਰਨ ਲਈ ਅਜ਼ਮਾਇਸ਼ ਵਜੋਂ ਲਗਾਏ ਗਏ ਸਨ। ਟੀਕਾਕਰਨ ਤੋਂ ਬਾਅਦ ਲੋਕ ਵੱਖਰੇ ਢੰਗ ਨਾਲ ਕਿਉਂ ਸੋਚਦੇ ਹਨ। ਉਨ੍ਹਾਂ ਦੇ ਦਿਮਾਗ ਦੇ ਇਮਿਊਨ (ਰੋਗ ਪ੍ਰਤੀਰੋਧਕ ਸ਼ਕਤੀ) ਸਿਸਟਮ ਨੂੰ ਟੀਕੇ ਦੁਆਰਾ ਖਤਮ ਕਰ ਦਿੱਤਾ ਜਾਂਦਾ ਹੈ, ਜਿਸ ਨਾਲ ਮਨੁੱਖਾਂ ਨੂੰ ਆਪਣੇ ਅਧੀਨ ਕਰਨ ਦੇ ਯੋਗ ਬਣਾਇਆਂ ਜਾਂਦਾ ਹੈ, ਡਰ ਫੈਲਾਉਣ ਲਈ ਆਉਣ ਵਾਲੇ ਕਹਿਰ ਕਹੇ ਜਾਂਦੇ ਅਤੇ ਤੀਸਰੇ ਵਿਸ਼ਵ ਯੁੱਧ ਕਦੇ ਵੀ ਵਾਪਰਨ ਵਾਲੇ ਪ੍ਰਮਾਣੂ ਖਤਰੇ, ਅਚਾਨਕ ਬਿਮਾਰੀਆਂ ਜੋ ਆ ਸਕਦੀਆਂ ਹਨ, ਜਿਵੇਂ ਕਿ ਜਲਵਾਯੂ ਤਬਦੀਲੀ ਆਦਿ ਨੂੰ ਇਸ ਤਬਦੀਲੀ ਲਈ ਵਰਤਿਆ ਜਾਂਦਾ ਹੈ।

ਹੁਣ ਮਸਨੂਈ ਬੌਧਿਕਤਾ (ਏ ਆਈ) ਦੀ ਵਰਤੋਂ ਵਿਆਪਕ ਤੌਰ 'ਤੇ ਸ਼ੁਰੂ ਕਰ ਦਿੱਤੀ ਗਈ। ਏ ਆਈ ਇੱਕ ਖੁਦਮੁਖਤਿਆਰ ਸ਼ਕਤੀ ਨਹੀਂ। ਇਹ ਸਰਕਾਰਾਂ, ਕਾਰਪੋਰੇਸ਼ਨਾਂ, ਫੌਜੀ ਏਜੰਸੀਆਂ ਅਤੇ ਵਿੱਤੀ ਸੰਸਥਾਵਾਂ ਦੁਆਰਾ ਬਣਾਈ ਜਾਂਦੀ ਅਤੇ ਫੰਡਡ ਕੀਤੀ ਜਾਂਦੀ ਹੈ ਅਤੇ ਤਾਇਨਾਤ ਕੀਤੀ ਜਾਂਦੀ ਹੈ। ਕਿਸੇ ਵੀ ਪ੍ਰਸ਼ਾਸਕੀ ਤਕਨਾਲੋਜੀ ਵਾਂਗ ਇਹ ਉਹਨਾਂ ਲੋਕਾਂ ਦੀਆਂ ਤਰਜੀਹਾਂ ਨੂੰ ਦਰਸਾਉਂਦੀ ਹੈ, ਜੋ ਇਸ ਨੂੰ ਡਿਜ਼ਾਈਨ ਕਰਦੇ ਹਨ ਅਤੇ ਮਾਲਕ ਹਨ। ਉਹ ਏ ਆਈ ਨੂੰ ਇਤਿਹਾਸਕ ਤੌਰ 'ਤੇ ਖ਼ਤਰਨਾਕ ਬਣਾਉਂਦਾ ਹੈ।

ਦਿਮਾਗੀ ਪ੍ਰੋਗਰਾਮਿੰਗ ਦਾ ਅਰਥ ਹੈ ਨਿੱਜੀ ਵਿਕਾਸ ਲਈ ਮਾਨਸਿਕ ਪੈਟਰਨਾਂ ਨੂੰ ਬਦਲਣਾ ਜਾਂ ਦਿਮਾਗ ਨਾਲ ਗੱਲਬਾਤ ਕਰਨ ਜਾਂ ਇਲਾਜ ਕਰਨ ਲਈ ਨਿਊਰੋ ਸਾਇੰਸ/ਤਕਨਾਲੋਜੀ ਦੀ ਵਰਤੋਂ ਕਰਨਾ, ਜਿਵੇਂ ਕੰਪਿਊਟਰ ਨੂੰ ਹਦਾਇਤਾਂ ਦਾ ਇੱਕ ਸੈੱਟ ਦੇਣਾ। ਜੇਕਰ ਤੁਸੀਂ ਕਦੇ ਕਿਸੇ ਰੈਸਿਪੀ ਦੀ ਵਰਤੋਂ ਕਰਕੇ ਖਾਣਾ ਬਣਾਇਆ ਹੈ, ਤਾਂ ਤੁਸੀਂ ਆਪਣੇ ਆਪ ਨੂੰ ਕੰਪਿਊਟਰ ਅਤੇ ਰੈਸਿਪੀ ਲੇਖਕ ਨੂੰ ਪ੍ਰੋਗਰਾਮਰ ਸਮਝ ਸਕਦੇ ਹੋ। ਰੈਸਿਪੀ ਲੇਖਕ ਤੁਹਾਨੂੰ ਹਦਾਇਤਾਂ ਦਾ ਇੱਕ ਸੈੱਟ ਦਿੰਦਾ ਹੈ, ਜਿਸ ਨੂੰ ਤੁਸੀਂ ਪੜ੍ਹਦੇ ਹੋ ਅਤੇ ਫਿਰ ਪਾਲਣਾ ਕਰਦੇ ਹੋ। ਇਹ ਇੱਕ ਤਕਨੀਕੀ ਖੇਤਰ ਹੈ, ਜਿੱਥੇ ਦਿਮਾਗ ਦੇ ਸਿਗਨਲ ਸਿੱਧੇ ਕੰਪਿਊਟਰ ਜਾਂ ਬਾਹਰੀ ਡਿਵਾਈਸ /ਉਪਕਰਨ ਨਾਲ ਜੁੜੇ ਹੁੰਦੇ ਹਨ।

ਕਾਰਪੋਰੇਟ ਘਰਾਣੇ ਦੁਨੀਆ ਦੀ ਆਬਾਦੀ ਨੂੰ ਬਹੁਤ ਘੱਟ ਕਰਨਾ ਚਾਹੁੰਦੇ ਹਨ, ਇਸ ਭਿਆਨਕ ਕੰਮ ਨੂੰ ਸੌਖਾ ਬਣਾਉਣ ਲਈ, ਉਨ੍ਹਾਂ ਨੂੰ ਪਹਿਲਾਂ ਮਨੁੱਖਤਾ ਦੇ ਵੱਡੇ ਹਿੱਸੇ ਨੂੰ ਕਿਸੇ ਵੀ ਤਰੀਕੇ ਨਾਲ ਦਿਮਾਗੀ ਤੌਰ 'ਤੇ ਬੁੱਧੀਹੀਣ ਕਰਨਾ ਪਵੇਗਾ। ਇਹ ਬਿਲਕੁਲ ਉਹੀ ਹੈ, ਜੋ ਪਹਿਲਾਂ ਤੋਂ ਹੀ ਯੋਜਨਾਬੱਧ ਕੀਤਾ ਗਿਆ ਹੁੰਦਾ ਹੈ। ਇਹ ਇਕ ਪ੍ਰਕਾਰ ਦੇ ਟੀਕੇ, ਜੋ ਮਾਇਓਕਾਰਡਾਈਟਿਸ, ਟਰਬੋ ਕੈਂਸਰ, ਦਿਮਾਗ ਨੂੰ ਸੁੰਨ ਕਰਨ ਵਾਲੇ ਅਤੇ ਹੋਰ ਬਹੁਤ ਕੁਝ ਦਾ ਕਾਰਨ ਬਣਦੇ ਹਨ। ਘੱਟੋ-ਘੱਟ ਪਿਛਲੇ 20 ਸਾਲਾਂ ਤੋਂ ਯੋਜਨਾਬੱਧ ਅਤੇ ਤਿਆਰ ਕੀਤੇ ਗਏ ਸਨ।

ਪੂੰਜੀਵਾਦ ਆਪਣੇ ਅਧੀਨ ਲੋਕਾਂ ਨੂੰ ਗੁਲਾਮ ਕਿਵੇਂ ਬਣਾਈ ਰੱਖਣਾ ਹੈ ਲਈ, ਹੈਨਰੀ ਕਿਸਿੰਗਰ ਦਾ ਕਹਿਣਾ ਹੈ, 'ਊਰਜਾ ਨੂੰ ਕੰਟਰੋਲ ਕਰੋ ਅਤੇ ਮਹਾਂਦੀਪਾਂ ਨੂੰ ਕੰਟਰੋਲ ਕਰੋ, ਆਰਥਕਤਾ ਨੂੰ ਕੰਟਰੋਲ ਕਰੋ ਅਤੇ ਦੁਨੀਆ ਨੂੰ ਕੰਟਰੋਲ ਕਰੋ ਅਤੇ ਭੋਜਨ ਨੂੰ ਕੰਟਰੋਲ ਕਰੋ, ਲੋਕਾਂ ਨੂੰ ਕੰਟਰੋਲ ਕਰੋ।' ਹੁਣ ਇਹੋ ਕੁਝ ਅਮਰੀਕਨ ਰਾਸ਼ਟਰਪਤੀ ਡੋਨਾਲਡ ਟਰੰਪ ਨੇ 3 ਜਨਵਰੀ ਨੂੰ ਵੈਨੇਜ਼ੁਏਲਾ 'ਤੇ ਹਮਲਾ ਕੀਤਾ ਅਤੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਉਨ੍ਹਾ ਦੀ ਪਤਨੀ ਸੀਲੀਆ ਫਲੋਰੈਂਸ ਨੂੰ ਫੜ ਲਿਆ। ਇਸ ਸਭ ਕੁਝ ਦਾ ਮੰਤਵ ਉਸ ਦੇ ਤੇਲ ਉਪਰ ਨਿਯੰਤਰਨ ਕਰਨਾ ਹੈ। ਹੁਣ ਈਰਾਨ ਉੱਪਰ ਹਮਲਾ ਕਰਨਾ ਇਹੋ ਕੁਝ ਦਰਸਾਉਂਦਾ ਹੈ।

# ਸੰਪਰਕ : 98550-04500

# ਸੱਚਮੁੱਚ, ਉਹ ਜ਼ਮਾਨੇ ਭਲੇ ਸਨ

**ਜਗਤਾਰ ਸਿੰਘ ਹਿੱਸੋਵਾਲ**

ਬੀਬੀ ਦੱਸਦੀ ਸੀ ਕਿ ਜਦੋਂ ਮੇਰਾ ਜਨਮ ਹੋਇਆ ਸੀ ਤਾਂ ਮੇਰਾ ਨਾਂਅ ਅਵਤਾਰ ਸਿੰਘ ਰੱਖਿਆ । ਉਸ ਵੇਲੇ ਨਾ ਤਾਂ ਗੁਰਦੁਆਰਾ ਸਾਹਿਬ ਦੇ ਮੁੱਖਵਾਕ ਤੋਂ ਪਹਿਲਾ ਅੱਖਰ ਲੈ ਕੇ ਨਾਂਅ ਰੱਖਣ ਦਾ ਰਿਵਾਜ ਸੀ ਤੇ ਨਾ ਹੀ ਕਿਸੇ ਵਿਸ਼ੇਸ਼ ਉਚੇਚ ਦੀ ਪਾਲਣਾ ਕੀਤੀ ਜਾਂਦੀ ਸੀ । ਸੱਚ ਪੁੱਛੋ ਤਾਂ ਮੇਰੇ ਅਨਪੜ੍ਹ ਕਿਰਤੀ ਮਾਪਿਆਂ ਨੂੰ ਇਸ ਸੰਬੰਧੀ ਕੋਈ ਵੱਖਰੀ ਸੂਝ-ਬੂਝ ਵੀ ਨਹੀਂ ਸੀ । ਸੋ, ਸਾਦਗੀ ਨਾਲ ਨਾਂਅ ਰੱਖ ਦਿੱਤਾ ਗਿਆ। ਹੋ ਸਕਦਾ ਹੈ ਚੌਂਕੀਦਾਰ ਵਾਲੀ ਪੱਤਰੀ ਵਿੱਚ ਵੀ ਇਹੀ ਨਾਂਅ ਦਰਜ ਹੋਇਆ ਹੋਵੇ ।

ਇੱਕ ਦਿਨ ਜਦੋਂ ਮੈਂ ਆਪਣੀ ਬੀਬੀ ਨਾਲ ਕੱਖ ਖੋਤਣ ਲਈ ਜਾ ਰਿਹਾ ਸੀ ਕਿ ਰਸਤੇ ਵਿੱਚ ਖੱਟੀ ਪੱਗ ਵਾਲੇ ਮਾਸਟਰ ਜੀ ਮਿਲ ਪਏ । ਬੀਬੀ ਨੇ ਸਤਿਕਾਰ ਨਾਲ ਸਤ ਸ੍ਰੀ ਅਕਾਲ ਬੁਲਾਈ ਤੇ ਕਿਹਾ-ਮਾਹਟਰ ਜੀ, ਮੇਰੇ ਮੁੰਡੇ ਨੂੰ ਹੁਣ ਸਕੂਲ ਦਾਖਲਾ ਕਰਾ ਦਿਓ, ਆਹ, ਵਿਸਾਖੀ ਤੱਕ ਏਹ ਸੱਤ ਸਾਲਾਂ ਦਾ ਹੋਜੂ ।

ਮਾਸਟਰ ਜੀ ਨੇ ਸਹਿਜਤਾ ਨਾਲ ਕਿਹਾ-ਕੋਈ ਗੱਲ ਨਹੀਂ, ਕੱਲ੍ਹ ਕਾਕੇ ਨੂੰ ਲੈ ਕੇ ਸਕੂਲ ਆ ਜਾਵੀਂ ।

ਅਗਲੇ ਦਿਨ ਬੀਬੀ ਮੈਨੂੰ ਨਾਲ ਲੈ ਕੇ ਸਕੂਲ ਪਹੁੰਚ ਗਈ । ਮਾਸਟਰ ਜੀ ਨੇ ਖੜੀ ਖਲੋਤੀ ਬੀਬੀ ਨੂੰ ਪੁੱਛਿਆ-ਭਾਈ, ਇਸ ਦਾ ਕੀ ਨਾਂਅ ਹੈ ?

ਬੀਬੀ ਨੇ ਜਵਾਬ ਦਿੱਤਾ ਅਵਤਾਰ ਸਿੰਘ ਰੱਖਿਆ ਜੀ ।

ਮਾਸਟਰ ਜੀ ਨੇ ਪਹਿਲੀ ਕਲਾਸ ਦਾ ਰਜਿਸਟਰ ਵੇਖਿਆ ਤੇ ਕਹਿਣ ਲੱਗੇ, ਭਾਈ, ਪਹਿਲਾਂ ਹੀ ਦੋ ਹੋਰ ਅਵਤਾਰ ਹਨ । ਐਵੇਂ ਭੁਲੇਖਾ ਪੈਂਦਾ ਰਹੂ, ਕੋਈ ਹੋਰ ਮਿਲਦਾ-ਜੁਲਦਾ ਨਾਂਅ ਰੱਖ ਲਵੋ ।

ਅੱਜ ਦੇ ਸਮੇਂ ਵਿੱਚ ਹੁੰਦਾ ਤਾਂ ਸ਼ਾਇਦ ਮਾਸਟਰ ਜੀ ਇਹ ਗੱਲ ਕਹਿਣ ਦੀ ਹਿੰਮਤ ਨਾ ਕਰਦੇ ਤੇ ਜੇ ਕਹਿ ਵੀ ਦਿੰਦੇ ਤਾਂ ਮਾਪੇ ਮੰਨਣ ਵਾਲੇ ਨਹੀਂ ਸੀ, ਪਰ ਉਹ ਹੋਰ ਹੀ ਜ਼ਮਾਨਾ ਸੀ । ਬੀਬੀ ਕੁਝ ਸਮਾਂ ਚੁੱਪ ਰਹੀ । ਬੀਬੀ ਨੂੰ ਕੱਖ ਖੋਤਣ ਜਾਣ ਦੀ ਕਾਹਲ਼ੀ ਸੀ । ਘਰ ਖੁਰਲੀ ਖੜੀਆਂ ਅਧਿਆਰੇ ਤੇ ਲਈਆਂ ਤਿੰਨ ਮੱਝਾਂ ਦਾ ਢਿੱਡ ਜੋ ਭਰਨਾ ਸੀ। ਏਧਰ ਮਾਸਟਰ ਜੀ ਨੇ ਬੀਬੀ ਨੂੰ ਹੋਰ ਚੱਕਰਾਂ ਵਿੱਚ ਪਾ ਦਿੱਤਾ ਸੀ । ਰੰਬਾ-ਦਾਤੀ ਬਾਹਰ ਸਕੂਲ ਦੇ ਗੇਟ 'ਤੇ ਪਿਆ ਬੀਬੀ ਦੀ ਉਡੀਕ ਕਰ ਰਿਹਾ ਸੀ। ਮਾਸਟਰ ਚੰਗਾ ਸੀ । ਵਿਹੜਿਓਂ ਹੀ ਰੱਤੇ ਕੇ ਲਾਣੇ ਦਾ ਰਿਸ਼ਤੇਦਾਰ ਸੀ । ਉਹ ਪੀਲ਼ੇ ਰੰਗ ਦੀ ਪੱਗ ਬੰਨ੍ਹਦਾ ਸੀ, ਪਰ ਸਾਰੇ ਪਿੰਡ ਵਾਲੇ ਉਸ ਨੂੰ ਖੱਟੀ ਪੱਗ ਵਾਲਾ ਮਾਸਟਰ ਹੀ ਕਹਿੰਦੇ ਸਨ। ਬੀਬੀ ਨੂੰ ਸ਼ਸ਼ੋਪੰਜ ਵਿੱਚ ਪਈ ਦੇਖ ਕੇ ਮਾਸਟਰ ਜੀ ਨੇ ਆਪ ਹੀ ਕਿਹਾ-ਅਵਤਾਰ ਨਹੀਂ ਤਾਂ ਜਗਤਾਰ ਰੱਖ ਲਵੋ ।

ਬੀਬੀ ਨੇ ਬਿਨਾਂ ਕਿਸੇ ਸੋਚ-ਵਿਚਾਰ ਦੇ ਤੁਰੰਤ ਸਹਿਮਤੀ ਲਿਆ, ਮਾਹਟਰ ਜੀ, ਜਗਤਾਰ ਲਿਖ ਲਵੋ ਪੜ੍ਹਨਾ ਤਾਂ ਏਹਨੇ ਆ, ਨਾਂਅ ਨੇ ਤਾਂ ਨ੍ਹੀਂ ।ਇਸ ਤਰ੍ਹਾਂ ਮੇਰਾ ਨਾਂਅ ਅਵਤਾਰ ਤੋਂ ਜਗਤਾਰ ਹੋ ਗਿਆ, ਯਾਨਿ ਕਿ ਅਵਤਾਰ ਧਾਰਨ ਤੋਂ ਜੱਗ ਤਾਰਨ ਤੱਕ ਸਫ਼ਰ ਸਹਿਜ ਹੀ ਹੋ ਗਿਆ । ਬੀਬੀ ਨੂੰ ਚੱਕਰਵਿਊ ਛੁਟਕਾਰਾ ਮਿਲ ਗਿਆ ਸੀ। ਮੇਰਾ ਜਗਤਾਰ ਸਿੰਘ ਦੇ ਨਾਂਅ ' ਤੇ ਦਾਖਲਾ ਹੋ ਗਿਆ ਸੀ । ਘਰ ਵਿੱਚ ਅਵਤਾਰ ਦੀ ਬਜਾਏ ਜਗਤਾਰ-ਜਗਤਾਰ ਹੋਣੀ ਸ਼ੁਰੂ ਹੋ ਗਈ।

ਅੱਜ ਜਦੋਂ ਸੋਚਦਾ ਹਾਂ ਤਾਂ ਹੈਰਾਨੀ ਹੁੰਦੀ ਹੈ । ਹੁਣ ਕਿਸੇ ਬੱਚੇ ਦਾ ਨਾਂਅ ਰੱਖਣਾ ਹੋਵੇ ਤਾਂ ਸਾਰਾ ਪਰਵਾਰ ਸਲਾਹੀਂ ਪਿਆ ਰਹਿੰਦਾ ਹੈ। ਨਾਵਾਂ ਦੀਆਂ ਡਿਕਸ਼ਨਰੀਆਂ ਫਰੋਲੀਆਂ ਜਾਂਦੀਆਂ ਹਨ, ਪੰਡਤਾਂ ਕੋਲ ਜਾ ਕੇ ਅੱਖਰ ਲਏ ਜਾਂਦੇ ਹਨ । ਰਿਸ਼ਤੇਦਾਰਾਂ ਤੋਂ ਵੀ ਨਾਵਾਂ ਦੇ ਮਸ਼ਵਰੇ ਲਏ ਜਾਂਦੇ ਹਨ ।ਇੱਕ ਵਾਰ ਨਾਂਅ ਰੱਖ ਦਿੱਤਾ ਜਾਵੇ, ਫਿਰ ਉਸ ਨੂੰ ਬਦਲਣਾ ਤਾਂ ਲਗਭਗ ਅਸੰਭਵ ਹੋ ਜਾਂਦਾ ਹੈ । ਜੇ ਨਾਂਅ ਵਿੱਚ ਕਿਸੇ ਅੱਖਰ ਦੀ ਵੀ ਸੋਧ ਕਰਨੀ ਪੈ ਜਾਵੇ, ਤਾਂ ਜੁੱਤੀਆਂ ਘੱਸ ਜਾਂਦੀਆਂ ਹਨ । ਸੱਚ ਪੁੱਛੋ ਤਾਂ ਉਹ ਜ਼ਮਾਨੇ ਵਾਕਈ ਭਲੇ ਸੀ—ਜਿੱਥੇ ਸਾਦਗੀ ਸੀ, ਭਰੋਸਾ ਸੀ ਤੇ ਸਭ ਤੋਂ ਵੱਡੀ ਗੱਲ, ਨਾਂਅ ਤੋਂ ਵੱਧ ਪੜ੍ਹਾਈ ਦੀ ਕਦਰ ਸੀ ।

# ਸੰਪਰਕ : 98783-30324

**ਇਤਿਹਾਸਕ ਦਿਹਾੜੇ 'ਤੇ ਵਿਸ਼ੇਸ਼**

# ਬੋਲਿਆਂ ਨੂੰ ਸੁਣਾਉਣ ਲਈ ਲੋਕ ਆਵਾਜ਼ ਸਮੇਂ ਦੀ ਲੋੜ

**ਅਮੋਲਕ ਸਿੰਘ**

ਵੀਹਵੀਂ ਸਦੀ ਦੇ ਮੁਢਲੇ ਦੌਰ ਵਿਚ ਜਦੋਂ ਸਾਮਰਾਜੀ ਅਰਥਚਾਰਾ ਮੰਦਵਾੜੇ ਕਾਰਨ ਸੰਕਟ ਮੂੰਹ ਆਇਆ ਦਮੋਂ ਉਖੜ ਰਿਹਾ ਸੀ ਤਾਂ ਉਸ ਲਈ ਅੰਤਮ ਤੌਰ 'ਤੇ ਸਭ ਤੋਂ ਵੱਡਾ ਖ਼ਤਰਾ ਕਿਰਤੀ ਜਮਾਤ ਤੋਂ ਬਣਿਆ ਹੋਇਆ ਸੀ । ਦੁਨੀਆ ਦੇ ਨਕਸ਼ੇ 'ਤੇ ਉੱਭਰੀ ਅਤੇ ਰੂਸੀ ਜ਼ਾਲਮ ਹਾਕਮਾਂ ਨੂੰ ਪਟਕਾ ਕੇ ਧਰਤੀ 'ਤੇ ਮਾਰਨ ਵਾਲੀ ਮਜ਼ਦੂਰ ਲਹਿਰ ਕਰਾਂਤੀ ਦੀ ਹਨੇਰੀ ਬਣ ਕੇ ਸਾਹਮਣੇ ਆ ਰਹੀ ਸੀ । ਅਜਿਹੀ ਲਹਿਰ, ਜਿਸ ਨੇ ਨਿਹੱਕੀ ਜੰਗਾਂ, ਫਾਸ਼ੀਵਾਦ, ਲੁੱਟ-ਖਸੁੱਟ, ਜਬਰ-ਜ਼ੁਲਮ, ਹਰ ਵੰਨਗੀ ਦੇ ਵਿਤਕਰੇ ਅਤੇ ਬੇਇਨਸਾਫ਼ੀ ਦੇ ਕੋਹੜ ਨੂੰ ਡੂੰਘੀਆਂ ਕਬਰਾਂ ਵਿੱਚ ਦਫ਼ਨਾ ਕੇ ਨਵੀਂ ਜ਼ਿੰਦਗੀ, ਨਵੀਂ ਦੁਨੀਆ ਵਸਾਉਣ ਦੇ ਦੁਆਰ ਖੋਲ੍ਹਣੇ ਸਨ।

ਇਸ ਖ਼ਤਰੇ ਨੂੰ ਭਾਂਪਦੇ ਹੋਏ ਕੁੱਲ ਦੁਨੀਆ ਦੇ ਸਾਮਰਾਜੀਆਂ, ਲੋਕਾਂ ਦੀ ਕਿਰਤ ਕਮਾਈ ਹੜੱਪਣ ਵਾਲਿਆਂ ਨੇ ਕੰਨ ਖੜ੍ਹੇ ਕਰ ਲਏ। ਉਹਨਾਂ ਨੂੰ ਜਾਪਿਆ ਕਿ ਵਹਿਸ਼ੀਆਨਾ ਲੁੱਟ, ਦਾਬੇ ਅਤੇ ਕਹਿਰ ਦੇ ਭੰਨੇ ਲੋਕਾਂ ਦੀ ਜੇ ਜ਼ੁਬਾਨਬੰਦੀ ਨਾ ਕੀਤੀ ਤਾਂ ਇਹ ਸਾਂਝੀਵਾਲਤਾ, ਜਮਹੂਰੀਅਤ, ਬਰਾਬਰੀ ਅਤੇ ਅਮਨ ਭਰਿਆਂ ਨਵਾਂ ਸੰਸਾਰ ਸਿਰਜਣ ਦਾ ਮੋਰਚਾ ਫਤਿਹ ਕਰਨ ਦੇ ਰਾਹ ਪੈਣਗੇ। ਇਸ ਲਈ ਮਜ਼ਦੂਰ ਜਮਾਤ ਨੂੰ ਖਾਮੋਸ਼ ਕਰਨ ਲਈ ਇੰਗਲੈਂਡ ਅੰਦਰ 1927 'ਚ ਟਰੇਡ ਯੂਨੀਅਨ ਬਿੱਲ ਬਣਿਆ । ਇਸ ਵਿਸ਼ਵ ਵਿਆਪੀ ਵਰਤਾਰੇ ਦੀ ਕੜੀ ਵਜੋਂ ਬਰਤਾਨਵੀ ਹਕੂਮਤ ਨੇ ਭਾਰਤ ਵਿੱਚ ਟਰੇਡ ਡਿਸਪਿਊਟ ਅਤੇ ਪਬਲਿਕ ਸੇਫਟੀ ਬਿਲ ਦੇ ਨਾਵਾਂ ਹੇਠ ਅਸਲ ਵਿੱਚ ਕਾਲ਼ੇ ਕਾਨੂੰਨ ਲਾਗੂ ਕਰਨ ਦੇ ਕਦਮ ਚੁੱਕੇ। ਇਸ ਮਾਰੂ ਹੱਲੇ ਦਾ ਜਵਾਬ ਦੇਣ ਲਈ ਭਗਤ ਸਿੰਘ ਅਤੇ ਬੀ ਕੇ ਦੱਤ ਨੇ ਕੇਂਦਰੀ ਅਸੈਂਬਲੀ ਦਿੱਲੀ ਵਿੱਚ 8 ਅਪ੍ਰੈਲ 1929 ਨੂੰ ਬੰਬ ਧਮਾਕਾ ਕੀਤਾ ਅਤੇ ਹੱਥ ਪਰਚੇ ਸੁੱਟੇ। ਇਹਨਾਂ ਪਰਚਿਆਂ ਉੱਪਰ ਲਿਖਿਆ ਸੀ-ਬੋਲ਼ਿਆਂ ਨੂੰ ਸੁਣਾਉਣ ਲਈ ਧਮਾਕੇ ਦੀ ਲੋੜ ਹੁੰਦੀ ਹੈ ।

ਪਬਲਿਕ ਸੇਫ਼ਟੀ ਬਿੱਲ ਅਤੇ ਟਰੇਡ ਡਿਸਪਿਊਟ ਬਿੱਲ' ਵਰਗੇ ਕਾਲ਼ੇ ਕਾਨੂੰਨ ਮੜ੍ਹ ਕੇ ਵਿਸ਼ੇਸ਼ ਕਰਕੇ ਮਜ਼ਦੂਰਾਂ ਦੀ ਸੰਘੀ ਨੱਪਣ ਲਈ ਰਾਹ ਮੋਕਲਾ ਕਰਨਾ ਮਕਸਦ ਸੀ ਤਾਂ ਜੋ ਇਨਕਲਾਬ ਦਾ ਹਿਰਾਵਲ ਦਸਤਾ ਬਣਨ ਦੀ ਇਤਿਹਾਸਕ ਭੂਮਿਕਾ ਅਦਾ ਕਰਨ ਵਾਲੀ ਮਜ਼ਦੂਰ ਜਮਾਤ ਦੀ ਮੁੱਢ ਵਿੱਚ ਹੀ ਸੰਘੀ ਨੱਪ ਲਈ ਜਾਵੇ। ਇਸ ਮਾਰੂ ਹਮਲੇ ਨੂੰ ਭਾਂਪ ਕੇ ਭਗਤ ਸਿੰਘ ਅਤੇ ਉਹਨਾਂ ਦੇ ਸਾਥੀਆਂ ਨੇ ਇਹਨਾਂ ਕਾਲੇ ਕਾਨੂੰਨਾਂ ਖਿਲਾਫ਼ ਆਪਣੇ ਰੋਸ ਪ੍ਰਗਟਾਵੇ ਲਈ ਅਸੈਂਬਲੀ ਨੂੰ ਆਪਣਾ ਸਭ ਤੋਂ ਕਾਰਗਰ ਪਲੇਟਫਾਰਮ ਵਜੋਂ ਚੁਣਿਆ । ਆਪਣੇ ਲੋਕਾਂ ਦੀ ਆਵਾਜ਼ ਬਣ ਕੇ ਗੂੰਜਣਾ ਸੀ ਕਿ ਸਾਨੂੰ ਤੁਹਾਡਾ ਇਹ ਜ਼ੁਬਾਨਬੰਦੀ ਦਾ ਹਥਿਆਰ ਖਾਮੋਸ਼ ਨਹੀਂ ਕਰ ਸਕਦਾ।





ਭਗਤ ਸਿੰਘ ਅਤੇ ਬੀ ਕੇ ਦੱਤ ਅਸੈਂਬਲੀ 'ਚ ਬੰਬ ਧਮਾਕਾ ਕਰਨ ਅਤੇ ਹੱਥ ਪਰਚੇ ਸੁੱਟਣ ਉਪਰੰਤ ਖੜ੍ਹੇ ਰਹੇ। ਸਾਮਰਾਜਵਾਦ-ਮੁਰਦਾਬਾਦ, ਇਨਕਲਾਬ-ਜ਼ਿੰਦਾਬਾਦ ਦੀ ਆਵਾਜ਼ ਦੇ ਪ੍ਰਤੀਕ ਇਸ ਜੋੜੇ ਨੇ ਓਥੇ ਹੀ ਗ੍ਰਿਫ਼ਤਾਰੀ ਦੇ ਦਿੱਤੀ । ਉਹਨਾਂ ਸਮਝਿਆ ਕਿ ਅਸੀਂ ਆਪਣਾ ਸੁਨੇਹਾ ਦੇਣ ਦਾ ਜੋ ਮਕਸਦ ਇਸ ਐਕਸ਼ਨ ਰਾਹੀਂ ਹਾਸਲ ਕਰਨਾ ਸੀ, ਉਹ ਕਰ ਲਿਆ । ਉਹਨਾਂ ਦੇ ਬਿਆਨ ਮਜ਼ਦੂਰ ਜਮਾਤ ਦੇ ਜਮਹੂਰੀ ਹੱਕਾਂ ਲਈ ਇਤਿਹਾਸਕ ਦ੍ਰਿਸ਼ਟੀਕੋਣ ਦਾ ਅਮੁੱਲ ਦਸਤਾਵੇਜ਼ ਬਣ ਗਏ। ਭਗਤ ਸਿੰਘ ਅਤੇ ਬੀ ਕੇ ਦੱਤ ਨੇ ਸਾਫ਼ ਕਿਹਾ ਕਿ ਸਾਰਜੈਂਟ ਟੈਰੀ ਦੀ ਇਹ ਗਵਾਹੀ ਕਿ ਗ੍ਰਿਫ਼ਤਾਰੀ ਮੌਕੇ ਸਾਡੇ ਕੋਲੋਂ ਪਿਸਤੌਲ ਬਰਾਮਦ ਕੀਤਾ ਗਿਆ ਸੀ, ਸਰਾਸਰ ਝੂਠ ਹੈ। ਜੇਲ੍ਹ ਵਿਚ ਕੁਝ ਅਧਿਕਾਰੀਆਂ ਵੱਲੋਂ ਜਾਣਕਾਰੀ ਮਿਲਣ 'ਤੇ ਕਿ ਲਾਰਡ ਇਰਵਾਨ ਨੇ ਕਿਹਾ ਹੈ ਕਿ ਇਹ ਹਮਲਾ ਕਿਸੇ ਵਿਅਕਤੀ 'ਤੇ ਨਹੀਂ, ਸਗੋਂ ਸੰਸਥਾ (ਪ੍ਰਣਾਲੀ) ਦੇ ਵਿਰੁੱਧ ਹੈ, ਉਹਨਾਂ ਝੱਟ ਸਵੀਕਾਰ ਕਰ ਲਿਆ ਕਿ ਸਾਡੇ ਅਸਲੀ ਮਕਸਦ ਦਾ ਠੀਕ ਨਿਰਣਾ ਕੀਤਾ ਗਿਆ ਹੈ। ਉਹਨਾਂ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਇਹਨਾਂ ਖ਼ੂਬਸੂਰਤ ਸ਼ਬਦਾਂ ਨਾਲ ਕੀਤਾ:

ਮਨੁੱਖਤਾ ਨੂੰ ਪਿਆਰ ਕਰਨ ਵਿੱਚ ਅਸੀਂ ਕਿਸੇ ਤੋਂ ਪਿੱਛੇ ਨਹੀਂ ਹਾਂ। ਕਿਸੇ ਇੱਕ ਵਿਅਕਤੀ ਦੇ ਵਿਰੁੱਧ ਰੋਸ ਰੱਖਣ ਦਾ ਤਾਂ ਸਵਾਲ ਹੀ ਪੈਦਾ ਨਹੀਂ ਹੁੰਦਾ, ਸਗੋਂ ਅਸੀਂ ਮਨੁੱਖੀ ਜੀਵਨ ਨੂੰ ਐਨਾ ਪਵਿੱਤਰ ਮੰਨਦੇ ਹਾਂ ਕਿ ਸ਼ਬਦਾਂ ਰਾਹੀਂ ਦੱਸਿਆ ਨਹੀਂ ਜਾ ਸਕਦਾ। ਸਾਡਾ ਨਿਮਾਣਾ ਜਿਹਾ ਦਾਅਵਾ ਹੈ ਕਿ ਅਸੀਂ ਦੇਸ਼ ਦੇ ਇਤਿਹਾਸ, ਇਸ ਦੀਆਂ ਹਾਲਤਾਂ ਅਤੇ ਆਦਰਸ਼ਾਂ ਦੇ ਗੰਭੀਰ, ਮਿਹਨਤੀ ਅਤੇ ਇਮਾਨਦਾਰ ਵਿਦਿਆਰਥੀ ਹਾਂ। ਵਿਖਾਵੇ ਤੋਂ ਸਾਨੂੰ ਨਫ਼ਰਤ ਹੈ।

ਉਹ ਪਾਰਲੀਮਾਨੀ ਅਦਾਰੇ ਬਾਰੇ ਅਮਲ ਰਾਹੀਂ ਕਿੰਨੇ ਚੇਤਨ ਹੋ ਚੁੱਕੇ ਸਨ, ਉਹਨਾਂ ਦਾ ਅਦਾਲਤੀ ਬਿਆਨ ਇਸ ਦੀ ਇਤਿਹਾਸਕ ਗਵਾਹੀ ਭਰਦਾ ਹੈ:

ਮਿਹਨਤ ਕਰਦੇ ਚੂਰ ਹੋਏ ਭਾਰਤੀ ਲੋਕਾਂ ਦੇ ਖ਼ੂਨ-ਪਸੀਨੇ ਦੀ ਕਮਾਈ ਨਾਲ਼ ਪਾਲੀ ਤੇ ਬਣਾਈ ਸ਼ਾਨੋ-ਸ਼ੌਕਤ ਤੇ ਚਮਕ-ਦਮਕ ਸਿਰਫ਼ ਇੱਕ ਥੋਥਾ ਵਿਖਾਵਾ ਹੈ।

ਅਸੀਂ ਆਪਣੇ ਕੀਤੇ ਕੰਮ ਦੀ ਸਜ਼ਾ ਭੁਗਤਣ ਲਈ ਓਥੇ ਹੀ ਖੜ੍ਹੇ ਹੋ ਕੇ ਆਪਣੇ-ਆਪ ਨੂੰ ਗ੍ਰਿਫ਼ਤਾਰੀ ਲਈ ਪੇਸ਼ ਕੀਤਾ ਤਾਂ ਜੋ ਸਾਮਰਾਜੀ ਲੁਟੇਰਿਆਂ ਨੂੰ ਇਹ ਚਾਨਣ ਹੋ ਜਾਵੇ ਕਿ ਵਿਅਕਤੀਆਂ ਦਾ ਨਾਸ਼ ਕਰਕੇ, ਉਹ ਵਿਚਾਰਾਂ ਨੂੰ ਨਹੀਂ ਮਾਰ ਸਕਦੇ।

ਸਮੇਂ ਦੀ ਚਿਤਾਵਨੀ ਦਿੰਦਿਆਂ ਭਗਤ ਸਿੰਘ ਅਤੇ ਬੀ ਕੇ ਦੱਤ ਨੇ ਅਦਾਲਤ ਵਿੱਚ ਦਿੱਤੇ ਬਿਆਨ ਦੇ ਸਿਖ਼ਰ 'ਤੇ ਕਿਹਾ ਕਿ ਜੇ ਸਾਡੀ ਚੇਤਾਵਨੀ ਨੂੰ ਨਾ ਗੌਲਿਆ ਗਿਆ, ਅਜੋਕੀ ਸ਼ਾਸਨ ਵਿਵਸਥਾ ਕੁਦਰਤੀ ਸ਼ਕਤੀਆਂ ਦੇ ਰਾਹ 'ਚ ਰੋੜੇ ਅਟਕਾਉਂਦੀ ਰਹੀ ਤਾਂ ਇਸ ਦਾ ਨਤੀਜਾ ਜੂਝਵਾਂ ਸੰਗਰਾਮ ਹੋਵੇਗਾ, ਜਿਹੜਾ ਸਾਰੀਆਂ ਰੁਕਾਵਟਾਂ ਨੂੰ ਵਗਾਹ ਮਾਰੇਗਾ। ਕਿਰਤੀਆਂ ਦੀ ਸਰਦਾਰੀ ਦੀ ਸਥਾਪਨਾ ਕਰੇਗਾ। ਇਸ ਤਰ੍ਹਾਂ ਇਨਕਲਾਬ ਦੇ ਆਦਰਸ਼ਾਂ ਦੀ ਸਥਾਪਤੀ ਦਾ ਰਾਹ ਬਣੇਗਾ। ਮਨੁੱਖ ਦਾ ਕਰਾਂਤੀ ਕਰਨ ਦਾ ਅਧਿਕਾਰ ਉਸ ਤੋਂ ਕਦੇ ਵੀ ਖੋਹਿਆ ਨਹੀਂ ਜਾ ਸਕਦਾ । ਮਜ਼ਦੂਰ ਹੀ ਸਮਾਜ ਦਾ ਸੱਚਾ ਪਾਲਣਹਾਰ ਹੈ । ਜਨਤਾ ਦੀ ਪ੍ਰਭੂਸੱਤਾ ਨੂੰ ਕਾਇਮ ਕਰਨਾ, ਕਿਰਤੀਆਂ ਦੀ ਮੰਜ਼ਲ ਹੈ । ਇਹਨਾਂ ਆਦਰਸ਼ਾਂ ਅਤੇ ਵਿਸ਼ਵਾਸ ਵਾਸਤੇ ਦਿੱਤੀ ਜਾਣ ਵਾਲੀ ਹਰ ਸਜ਼ਾ ਦਾ ਅਸੀਂ ਖਿੜੇ ਮੱਥੇ ਸਵਾਗਤ ਕਰਾਂਗੇ। ਇਨਕਲਾਬ ਦੀ ਇਸ ਕੁਰਬਾਨ ਗਾਹ ਉੱਤੇ ਅਸੀਂ ਆਪਣੀ ਜਵਾਨੀ ਦੀ ਧੂਫ਼ ਬਾਲਣ ਆਏ ਹਾਂ, ਕਿਉਂਕਿ ਅਜੇਹੇ ਮਹਾਨ ਆਦਰਸ਼ ਲਈ ਕੁਰਬਾਨੀ ਵੱਡੀ ਨਹੀਂ ਹੈ। ਅਸੀਂ ਇਨਕਲਾਬ ਦੇ ਆਉਣ ਦੀ ਉਡੀਕ ਵਿੱਚ ਹਾਂ।

ਇਨਕਲਾਬ-ਜ਼ਿਦਾਬਾਦ!

ਸਾਡੇ ਅਜੋਕੇ ਸਮੇਂ ਅੰਦਰ ਮਜ਼ਦੂਰ ਜਮਾਤ ਨੂੰ ਜਥੇਬੰਦ ਹੋਣ, ਸੰਘਰਸ਼ ਕਰਨ ਤੋਂ ਰੋਕਣ ਲਈ ਵਰਤੇ ਜਾ ਰਹੇ ਅਨੇਕਾਂ ਹੱਥਕੰਡਿਆਂ ਦੇ ਨਾਲ਼-ਨਾਲ਼ ਮਜ਼ਦੂਰ ਵਿਰੋਧੀ ਤਾਜ਼ਾ ਮੜ੍ਹੇ ਕਾਨੂੰਨ, ਸ਼ਹੀਦ ਭਗਤ ਸਿੰਘ ਅਤੇ ਬੀ ਕੇ ਦੱਤ ਦੀ ਵਿਦਵਤਾ ਅਤੇ ਅਜਿਹੇ ਅਦਾਰਿਆਂ ਦੇ ਲੋਕਾਂ ਨਾਲ਼ ਦੁਸ਼ਮਣਾਨਾ ਰਿਸ਼ਤੇ ਨੂੰ ਜਾਨਣ ਦੀ ਗਵਾਹੀ ਭਰਦੇ ਹਨ। ਭਗਤ ਸਿੰਘ ਅਤੇ ਬੀ ਕੇ ਦੱਤ ਦੇ ਉਪਰੋਕਤ ਬਿਆਨਾਂ ਦੇ ਅੰਸ਼ਕ ਰੂਪ ਹੀ ਕਾਫੀ ਹਨ, ਇਹ ਸਮਝਣ ਲਈ ਕਿ ਜਿਹਨਾਂ ਦੁਸ਼ਵਾਰੀਆ ਨਾਲ ਗ਼ਦਰੀ ਬਾਬਿਆਂ, ਬੱਬਰ ਅਕਾਲੀਆਂ, ਭਗਤ ਸਿੰਘ ਅਤੇ ਉਹਨਾਂ ਦੇ ਸਾਥੀਆਂ ਦਾ ਉਸ ਵੇਲੇ ਮੱਥਾ ਲੱਗਾ ਸੀ, ਅੱਜ ਉਹ ਹੋਰ ਵੀ ਜਟਿਲ, ਵਿਆਪਕ ਅਤੇ ਤਿੱਖੀਆਂ ਹੋ ਗਈਆਂ ਹਨ। ਇਸ ਲਈ ਹੀ ਸ਼ਹੀਦ ਭਗਤ ਸਿੰਘ ਵਿਚਾਰਧਾਰਾ, ਵਿਗਿਆਨਕ ਦੂਰ-ਦ੍ਰਿਸ਼ਟੀ, ਉਚੇਰੇ ਆਦਰਸ਼ਾਂ ਤੋਂ ਭੈਅ-ਭੀਤ ਅਜੋਕੀ ਵਿਵਸਥਾ ਅਤੇ ਇਸ ਗਲੀ-ਸੜੀ ਵਿਵਸਥਾ ਦੇ ਟੁਕੜਿਆਂ 'ਤੇ ਪਲਣ ਵਾਲਿਆਂ ਦੀ ਅੱਖ 'ਚ ਰੋੜ ਬਣ ਕੇ ਰੜਕਦਾ ਹੈ, ਸਾਡਾ ਭਗਤ ਸਿੰਘ । ਭਗਤ ਸਿੰਘ ਦੀ ਵਿਚਾਰਧਾਰਾ ਉੱਚੀ ਬਾਂਹ ਕੱਢ ਕੇ ਆਖ ਰਹੀ ਹੈ ਕਿ ਲੋਕ ਸੰਗਰਾਮ ਅਤੇ ਇਨਕਲਾਬ ਹੀ ਇਕੋ-ਇੱਕ ਸਵੱਲੜਾ ਰਾਹ ਹੈ। ਭਗਤ ਸਿੰਘ ਅਤੇ ਉਸ ਦੇ ਸਾਥੀਆਂ ਦੀ ਇਸ ਆਵਾਜ਼ ਨੂੰ, ਇਨਕਲਾਬ ਦੇ ਇਸ ਚਿੰਨ੍ਹ ਨੂੰ ਬਦਨਾਮ ਅਤੇ ਧੁੰਦਲਾ ਕਰਨ ਦਾ ਵਹਿਮ ਪਾਲਣ ਵਾਲਿਆਂ ਤੋਂ ਸਮਾਂ ਜਵਾਬ ਮੰਗੇਗਾ । 8 ਅਪ੍ਰੈਲ ਦੇ ਇਤਿਹਾਸਕ ਦਿਹਾੜੇ ਨੂੰ ਸਾਡੇ ਅਤੀਤ, ਵਰਤਮਾਨ ਅਤੇ ਭਵਿੱਖ ਨਾਲ ਜੋੜ ਕੇ ਸਮਝਣ ਅਤੇ ਅਗੇਰੇ ਤੁਰਨ ਦੀ ਲੋੜ ਹੈ।ਉਸ ਵੇਲੇ ਮਜ਼ਦੂਰ ਜਮਾਤ ਵਿਰੁੱਧ ਅਤੇ ਮਿਹਨਤਕਸ਼ ਲੋਕਾਂ ਦੀ ਆਵਾਜ਼ ਬੰਦ ਕਰਨ ਲਈ

# ਸੰਪਰਕ: 98778-68710

# ਦਲਿਤਾਂ ਦੀ ਰੂੜ੍ਹੀਆਂ ਵਾਲੀ ਥਾਂ 'ਤੇ ਚੌਧਰੀਆਂ ਦੇ ਨਜਾਇਜ਼ ਕਬਜ਼ੇ ਖ਼ਿਲਾਫ਼ ਮਜ਼ਦੂਰ ਸੰਘਰਸ਼ ਜਾਰੀ

## ਇਨਸਾਫ਼ ਨਾ ਮਿਲਣ 'ਤੇ ਸਰਕਾਰ ਵਿਰੋਧ ਦਾ ਸਾਹਮਣਾ ਕਰਨ ਲਈ ਰਹੇ ਤਿਆਰ : ਲਿਬਰੇਸ਼ਨ



ਮਾਨਸਾ (ਆਤਮਾ ਸਿੰਘ ਪਮਾਰ)-ਸੀਪੀਆਈ ਐੱਮ ਐੱਲ ਲਿਬਰੇਸ਼ਨ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਨੇ ਪੰਜਾਬ ਸਰਕਾਰ ਤੇ ਸੰਗਰੂਰ ਦੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪਿੰਡ ਬੇਨੜਾ ਦੇ ਸਰਪੰਚ ਤੇ ਲੋਕਲ ਗੁਰਦੁਆਰਾ ਸਾਹਿਬ ਦੇ ਮੋਹਰੀਆਂ ਵੱਲੋਂ ਪਿੰਡ ਦੇ ਬੇਜ਼ਮੀਨੇ ਦਲਿਤ ਭਾਈਚਾਰੇ ਦੀ ਰੂੜ੍ਹੀਆਂ ਤੇ ਪੱਥਵਾੜੇ ਵਾਲੀ ਜਗ੍ਹਾ ਉਤੇ ਕੀਤਾ ਨਾਜਾਇਜ਼ ਕਬਜ਼ਾ ਤੁਰੰਤ ਖ਼ਤਮ ਕਰਵਾਇਆ ਜਾਵੇ ਤੇ ਧੋਖੇ ਨਾਲ ਅਜਿਹਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਲਿਬਰੇਸ਼ਨ ਦੇ ਸੂਬਾਈ ਆਗੂ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਕਾਮਰੇਡ ਗੋਬਿੰਦ ਸਿੰਘ ਛਾਜਲੀ ਵੱਲੋਂ ਜਾਰੀ ਇੱਕ ਬਿਆਨ 'ਚ ਕਿਹਾ ਗਿਆ ਹੈ ਕਿ ਪਿੰਡ ਬੇਨੜਾ ਦੀ ਫਿਰਨੀ ਨਾਲ ਲੱਗਦੀ ਪੰਚਾਇਤੀ ਜ਼ਮੀਨ 'ਚੋਂ ਕਰੀਬ 80 ਕਰਮ ਲੰਬੀ ਤੇ 11 ਕਰਮ ਚੌੜੀ ਜਗ੍ਹਾ ਨੂੰ ਪਿੰਡ ਦੇ ਬੇਜ਼ਮੀਨੇ ਦਲਿਤ ਭਾਈਚਾਰੇ ਵੱਲੋਂ ਪਿਛਲੇ ਛੇ ਦਹਾਕਿਆਂ ਤੋਂ ਰੂੜ੍ਹੀਆਂ ਲਗਾਉਣ ਤੇ ਪਾਥੀਆਂ ਪੱਥਣ ਲਈ ਵਰਤਿਆ ਜਾ ਰਿਹਾ ਹੈ।ਇਸੇ ਸਾਲ ਮਾਰਚ ਮਹੀਨੇ 'ਚ ਪਿੰਡ ਦੇ ਸਰਪੰਚ ਨੇ ਦਲਿਤ ਭਾਈਚਾਰੇ ਨਾਲ ਗੱਲਬਾਤ ਕੀਤੀ ਕਿ ਜੇਕਰ ਤੁਹਾਡੀ ਸਹਿਮਤੀ ਹੋਵੇ ਤਾਂ ਤੁਹਾਨੂੰ ਰੂੜ੍ਹੀਆਂ ਲਈ ਹੋਰ ਰਾਖਵੀਂ ਜਗ੍ਹਾ ਦੇ ਦਿੱਤੀ ਜਾਵੇਗੀ ਤੇ ਇਸ ਜ਼ਮੀਨ ਉਤੇ ਪੰਚਾਇਤ ਵੱਲੋਂ ਤੁਹਾਡੇ ਲਈ ਪਾਰਕ ਤੇ ਕਮਿਊਨਿਟੀ ਸੈਂਟਰ ਬਣਾ ਦਿੱਤਾ ਜਾਵੇਗਾ।ਦਲਿਤ ਭਾਈਚਾਰੇ ਨੇ ਇਸ ਸਕੀਮ ਨੂੰ ਸਹਿਮਤੀ ਦੇ ਦਿੱਤੀ, ਪਰ ਬਾਅਦ 'ਚ ਅਕਾਲੀ ਦਲ ਸਮਰਥਕ ਸਰਪੰਚ ਨੇ ਦਲਿਤ ਵਰਗ ਨਾਲ ਧੋਖਾ ਕੀਤਾ।ਉਸ ਵੱਲੋਂ ਇਹ ਜਗ੍ਹਾ ਸਾਫ਼ ਕਰਵਾਉਣ ਤੇ ਕਰਾਹ ਲਗਵਾਉਣ ਤੋਂ ਬਾਅਦ ਉਲਟਾ ਬੁਰਜੀਆਂ ਲਗਵਾ ਕੇ ਨਾਲ ਲੱਗਦੀ ਗੁਰਦੁਆਰਾ ਸਾਹਿਬ ਦੀ ਜ਼ਮੀਨ 'ਚ ਮਿਲਾ ਲਿਆ।ਉਸੇ ਦਿਨ ਤੋਂ ਪਿੰਡ ਦਾ ਮਜ਼ਦੂਰ ਭਾਈਚਾਰਾ ਇਸ ਧੋਖੇ ਤੇ ਧੱਕੇਸ਼ਾਹੀ ਖ਼ਿਲਾਫ਼ ਅੰਦੋਲਨ ਕਰ ਰਿਹਾ ਹੈ।ਗੁਰਦੁਆਰਾ ਸਾਹਿਬ ਦੇ ਕੁੱਝ ਪ੍ਰਬੰਧਕਾਂ ਵਲੋਂ ਵੀ ਵਿਰੋਧ ਕਰ ਰਹੇ ਦਲਿਤ ਮਰਦ ਔਰਤਾਂ ਨੂੰ ਜਾਤੀ ਗਾਲਾਂ ਕੱਢੀਆਂ ਤੇ ਧਮਕੀਆਂ ਦਿੱਤੀਆਂ। ਭਾਵੇਂ ਪ੍ਰਸ਼ਾਸਨ ਵਲੋਂ ਵੀ ਤਹਿਸੀਲਦਾਰ, ਡੀ ਐੱਸ ਪੀ ਤੇ ਸਥਾਨਕ ਥਾਣੇਦਾਰ ਨੇ ਵੀ ਅੰਦੋਲਨਕਾਰੀਆਂ ਨਾਲ ਗੱਲਬਾਤ ਕਰਕੇ ਇਹ ਕਬਜ਼ਾ ਖ਼ਤਮ ਕਰਨ ਦਾ ਯਕੀਨ ਦਿਵਾਇਆ, ਪਰ ਦਲਿਤ ਔਰਤਾਂ ਤੇ ਮਰਦਾਂ ਵੱਲੋਂ ਭੁੱਖ ਹੜਤਾਲ ਤੇ ਧਰਨੇ ਦੇ ਰੂਪ 'ਚ ਅੰਦੋਲਨ ਚੱਲਦੇ ਨੂੰ ਇਕ ਹਫ਼ਤੇ ਤੋਂ ਵੱਧ ਸਮਾਂ ਬੀਤਣ ਦੇ ਬਾਵਜੂਦ ਹਾਲੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ।ਲਿਬਰੇਸ਼ਨ ਆਗੂਆਂ ਨੇ ਸਰਕਾਰ ਤੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਹੈ ਕਿ ਇਸ ਨੂੰ ਮਹਿਜ਼ ਦੋ ਸਵਾ ਦੋ ਕਨਾਲ ਜ਼ਮੀਨ ਦਾ ਝਗੜਾ ਨਾ ਸਮਝਿਆ ਜਾਵੇ, ਇਹ ਹੰਕਾਰੇ ਜਾਤੀਵਾਦੀ ਪੇਂਡੂ ਚੌਧਰੀਆਂ ਵੱਲੋਂ ਦਲਿਤ ਗਰੀਬਾਂ ਦੇ ਮਾਨ ਸਨਮਾਨ ਨੂੰ ਕੁਚਲਣ ਦੀ ਇੱਕ ਜਾਤੀਵਾਦੀ ਸਾਜ਼ਿਸ਼ ਹੈ।ਇਸ ਨੂੰ ਕਿਸੇ ਵੀ ਕੀਮਤ 'ਤੇ ਸਹਿਣ ਨਹੀਂ ਕੀਤਾ ਜਾਵੇਗਾ।ਇਸ ਲਈ ਅਸੀਂ ਸਰਕਾਰ ਨੂੰ ਦੱਸਣਾ ਚਾਹੁੰਦੇ ਹਾਂ ਕਿ ਪਿੰਡ ਬੇਨੜਾ ਦੇ ਦਲਿਤ ਮਜ਼ਦੂਰਾਂ ਨੂੰ ਤੁਰੰਤ ਇਨਸਾਫ਼ ਨਾ ਮਿਲਣ ਦੀ ਸੂਰਤ 'ਚ ਸਾਰੀਆਂ ਮਜ਼ਦੂਰ ਹਿਤੈਸ਼ੀ ਧਿਰਾਂ ਇਸ ਮਾਮਲੇ ਨੂੰ ਲੈ ਕੇ ਸਾਂਝੇ ਸੰਘਰਸ਼ ਦਾ ਬਿਗਲ ਵਜਾਉਣ ਲਈ ਮਜਬੂਰ ਹੋਣਗੀਆਂ।

# ਸਾਬਕਾ ਮੰਤਰੀ ਲਾਲ ਸਿੰਘ ਦਾ ਜਾਣਾ ਰਾਜਨੀਤੀ ਦੇ ਸੁਨਹਿਰੀ ਯੁੱਗ ਦਾ ਅੰਤ : ਦਮੋਦਰ, ਮਿੱਤਲ

ਪਟਿਆਲਾ (ਰਾਜਿੰਦਰ ਸਿੰਘ ਥਿੰਦ)



ਸੀਨੀਅਰ ਆਗੂ ਤੇ ਸਵ. ਲਾਲ ਸਿੰਘ ਸਾਬਕਾ ਮੰਤਰੀ ਦੇ ਭਰਾ ਦਮੋਦਰ ਸਿੰਘ ਅਤੇ ਕਾਂਗਰਸੀ ਆਗੂ ਤੇ ਬਲਾਕ ਸੰਮਤੀ ਸਨੌਰ ਦੇ ਸਾਬਕਾ ਚੇਅਰਮੈਨ ਸੁਰਿੰਦਰ ਮਿੱਤਲ ਸਵ: ਲਾਲ ਸਿੰਘ ਦੇ ਦਿਹਾਂਤ 'ਤੇ ਆਪਣੇ ਦੁੱਖ ਦਾ ਪ੍ਰਗਟਾਵਾ ਕਰਦੇ ਕਿਹਾ ਕਿ ਉਨ੍ਹਾਂ ਦੇ ਚਲੇ ਜਾਣ ਨਾਲ ਰਾਜਨੀਤੀ ਦੇ ਇਕ ਸੁਨਹਿਰੀ ਯੁੱਗ ਦਾ ਅੰਤ ਹੋ ਗਿਆ ਹੈ। ਉਨ੍ਹਾ ਕਿਹਾ ਕਿ ਲਾਲ ਸਿੰਘ ਇਕ ਦਰਵੇਸ਼ ਸਿਆਸਤ ਦਾਨ ਵਜੋਂ ਜਾਣੇ ਜਾਂਦੇ ਸਨ। ਸਾਬਕਾ ਵਜ਼ੀਰ ਲਾਲ ਸਿੰਘ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਆਪਣੀ ਸਾਰੀ ਉਮਰ ਚਿੱਟੀ ਚਾਦਰ 'ਤੇ ਦਾਗ ਨਹੀਂ ਲੱਗਣ ਦਿੱਤਾ ਤੇ ਸਾਫ ਸਿਆਸਤ ਕਰਕੇ ਆਪਣਾ ਨਾਂ ਸਿਆਸਤ ਦੇ ਖੇਤਰ ਵਿੱਚ ਸੁਨਹਿਰੀ ਅੱਖਰਾਂ ਵਿੱਚ ਦਰਜ ਕੀਤਾ ਹੈ।

ਉਨ੍ਹਾਂ ਕਿਹਾ ਕਿ ਸਾਬਕਾ ਮੰਤਰੀ ਸਵ: ਲਾਲ ਸਿੰਘ ਨੇ ਕਾਂਗਰਸ ਪਾਰਟੀ ਨਾਲ ਹਮੇਸ਼ਾ ਹਿੱਕ ਤਾਣ ਕੇ ਸਾਥ ਦਿੱਤਾ ਹੈ ਤੇ ਸਾਰੀ ਉਮਰ ਇੱਕ ਹੀ ਪਾਰਟੀ ਵਿੱਚ ਕੱਢ ਕੇ ਇਹ ਸਾਬਿਤ ਕੀਤਾ ਹੈ ਕਿ ਪਾਰਟੀ ਲਈ ਉਹ ਹਮੇਸ਼ਾ ਪੂਰਨ ਤੌਰ 'ਤੇ ਹੀ ਸਮਰਪਤ ਸਨ।ਉਨ੍ਹਾਂ ਕਿਹਾ ਕਿ ਲਾਲ ਸਿੰਘ ਇੱਕ ਬੇਦਾਗ ਸ਼ਖ਼ਸੀਅਤ ਵਜੋਂ ਸਮਾਜ ਵਿੱਚ ਵਿਚਰਦੇ ਰਹੇ ਤੇ ਸਾਰੀ ਉਮਰ ਉਨ੍ਹਾਂ 'ਤੇ ਕੋਈ ਵੀ ਭ੍ਰਿਸ਼ਟਾਚਾਰ ਤੱਕ ਦਾ ਇਲਜ਼ਾਮ ਨਹੀਂ ਲੱਗਾ।ਮਕੌੜ ਨੇ ਕਿਹਾ ਕਿ ਲਾਲ ਸਿੰਘ ਲੋਕਾਂ ਦੇ ਮਸੀਹਾ ਸਨ, ਜਿਸ ਕਾਰਨ ਉਨ੍ਹਾਂ ਦੇ ਵਿਛੋੜੇ ਨਾਲ ਕਾਂਗਰਸ ਪਾਰਟੀ ਤੇ ਵਰਕਰਾਂ 'ਚ ਵੱਡਾ ਖਲਾਅ ਪੈਦਾ ਹੋ ਗਿਆ ਹੈ।

ਉਨ੍ਹਾਂ ਕਿਹਾ ਕਿ ਲਾਲ ਸਿੰਘ ਕੇਵਲ ਪਟਿਆਲ਼ਾ ਖੇਤਰ ਨਾਲ ਹੀ ਸਬੰਧਤ ਨਹੀਂ ਸਨ, ਸਗੋਂ ਉਨ੍ਹਾਂ ਨੇ ਆਪਣਾ ਤੇ ਪਾਰਟੀ ਦਾ ਨਾਮ ਪੂਰੇ ਪੰਜਾਬ ਭਰ ਤੇ ਦੇਸ਼ਾਂ ਵਿਦੇਸ਼ਾਂ ਵਿੱਚ ਵੀ ਉਜਾਗਰ ਕੀਤਾ ਹੈ।ਇਸ ਮੌਕੇ ਤਰਸੇਮ ਸਿੰਘ ਝੰਡੀ ਸਾਬਕਾ ਚੇਅਰਮੈਨ ਬਲਾਕ ਸੰਮਤੀ ਪਟਿਆਲ਼ਾ, ਹਰਮੇਲ ਸਿੰਘ ਮਕੌੜ, ਮੇਜਰ ਸਿੰਘ ਕੰਬੋਜ, ਰਾਜਿੰਦਰ ਸਿੰਘ ਮੂੰਡਖੇੜਾ, ਕੁਲਦੀਪ ਸਿੰਘ ਥਿੰਦ, ਜਤਿੰਦਰ ਕੰਬੋਜ ਰਮਨਜੋਤ ਰੋਮੀ, ਕਾਕਾ ਜਲਾਲ ਪੁਰ, ਜਸਪਾਲ ਸਿੰਘ, ਸੰਦੀਪ ਸੋਨੀ, ਸਚਨ ਕੰਬੋਜ, ਸਤਬੀਰ ਸਿੰਘ ਓ ਐੱਸ ਡੀ ਤੋਂ ਇਲਾਵਾ ਰਣਜੀਤ ਸਿੰਘ ਕੇ ਐੱਸ ਫਾਰਮ ਡਕਾਲਾ, ਸੀਤਲ ਸਿੰਘ ਭਾਨਰਾ, ਰਾਜਿੰਦਰ ਰਾਜੂ ਝੰਡੀ, ਹਰਭਜਨ ਸਰਪੰਚ ਮੁਹਾਦੀਪੁਰ, ਦਵਿੰਦਰ ਸਿੰਘ ਸਰਪੰਚ ਰਾਮਗੜ੍ਹ, ਦੇਵੀ ਰਾਮਗੜ੍ਹ, ਗੁਰਵਿੰਦਰ ਸਿੰਘ ਖੇੜੀ ਮਾਨਿਆਂ, ਲੱਖੀ ਸੈਂਸਰਵਾਲ ਨੇ ਵੀ ਸਵ. ਲਾਲ ਸਿੰਘ ਦੇ ਦਿਹਾਂਤ 'ਤੇ ਆਪਣੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਟੈਕਸੀ ਚਾਲਕ ਖ਼ੁਦਕੁਸ਼ੀ ਮਾਮਲਾ : ਪੀੜਤਾਂ ਵੱਲੋਂ ਸੜਕ 'ਤੇ ਲਾਸ਼ ਰੱਖ ਕੇ ਆਵਾਜਾਈ ਠੱਪ

- ਦੋਸ਼ੀਆਂ ਦੀ ਗ੍ਰਿਫਤਾਰੀ ਤੱਕ ਧਰਨਾ ਜਾਰੀ ਰੱਖਣ ਦਾ ਐਲਾਨ
- 16 ਮੈਂਬਰੀ ਐਕਸ਼ਨ ਕਮੇਟੀ ਦਾ ਗਠਨ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਪਿੰਡ ਹਾਮਝੇੜੀ ਦੇ ਟੈਕਸੀ ਚਾਲਕ ਵੱਲੋਂ ਕੀਤੀ ਗਈ ਖ਼ੁਦਕੁਸ਼ੀ ਦਾ ਮਾਮਲਾ ਹੋਰ ਗਰਮਾ ਗਿਆ ਹੈ।ਖ਼ੁਦਕੁਸ਼ੀ ਤੋਂ ਪਹਿਲਾਂ ਵਾਇਰਲ ਕੀਤੀ ਗਈ ਵੀਡੀਓ ਦੇ ਅਧਾਰ ਤੇ ਪੁਲਿਸ ਵੱਲੋਂ ਕੇਸ ਵਿੱਚ ਨਾਮਜਦ ਕਥਿਤ ਦੋਸ਼ੀਆਂ ਦੀ ਗ੍ਰਿਫਤਾਰੀ ਨੂੰ ਲੈ ਕੇ ਪਿਛਲੇ ਚਾਰ ਦਿਨਾਂ ਤੋਂ ਪਿੰਡ ਦੇ ਸਰਕਾਰੀ ਸਕੂਲ ਵਿੱਚ ਲਾਸ਼ ਨੂੰ ਰੱਖ ਕੇ ਬੈਠੇ ਪੀੜਤ ਪਰਿਵਾਰ ਅਤੇ ਪਿੰਡ ਵਾਸੀਆਂ ਸੰਘਰਸ਼ ਨੂੰ ਤੇਜ਼ ਕਰਦਿਆਂ ਸੋਮਵਾਰ ਨੂੰ ਪੰਜਵੇਂ ਦਿਨ ਪਿੰਡ ਹਾਮਝੇੜੀ ਦੇ ਬੱਸ ਸਟੈਂਡ ਉੱਤੇ ਮ੍ਰਿਤਕ ਬਲਜਿੰਦਰ ਸਿੰਘ ਦੀ ਲਾਸ਼ ਰੱਖ ਕੇ ਪਾਤੜਾਂ ਜਾਖਲ ਰੋਡ ਪੂਰੀ ਤਰ੍ਹਾਂ ਜਾਮ ਕਰਕੇ ਅਣਮਿੱਥੇ ਸਮੇਂ ਦਾ ਰੋਹ ਭਰਪੂਰ ਧਰਨਾ ਸ਼ੁਰੂ ਕਰ ਦਿੱਤਾ ਹੈ।ਇਸ ਦੌਰਾਨ ਡੀ ਐੱਸ ਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਤੇ ਥਾਣਾ ਮੁਖੀ ਪਾਤੜਾਂ ਹਰਪ੍ਰੀਤ ਸਿੰਘ ਨੇ ਧਰਨਾਕਾਰੀਆਂ ਨੂੰ ਸ਼ਾਂਤ ਕਰਦਿਆਂ ਪਰਚੇ ਵਿੱਚ ਨਾਮਜ਼ਦ ਵਿਅਕਤੀਆਂ ਦੀ ਗ੍ਰਿਫਤਾਰੀ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਸਬੰਧੀ ਦੱਸਿਆ, ਪਰ ਪ੍ਰਦਰਸ਼ਨਕਾਰੀ ਕਥਿਤ ਦੋਸ਼ੀਆਂ ਦੀ ਗ੍ਰਿਫਤਾਰੀ ਨਾ ਹੋਣ ਤੱਕ ਸਸਕਾਰ ਨਾ ਕਰਨ ਦੀ ਜਿੱਦ ਉੱਤੇ ਅੜੇ ਰਹੇ।ਇਸ ਦੇ ਚਲਦਿਆਂ ਰਾਜਨੀਤਕ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਪਹੁੰਚ ਕੇ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕਰਦਿਆਂ ਸੰਘਰਸ਼ ਵਿੱਚ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ਹੈ।ਰੋਸ ਪ੍ਰਦਰਸ਼ਨ ਦੌਰਾਨ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ, ਸਾਬਕਾ ਸਰਪੰਚ ਤੇ ਅਕਾਲੀ ਦਲ ਵਾਰਸ ਪੰਜਾਬ ਦੇ ਆਗੂ ਭਗਵੰਤ ਸਿੰਘ ਸ਼ੁਤਰਾਣਾ, ਭੀਮ ਆਰਮੀ ਦੇ ਆਗੂ ਡਾਕਟਰ ਗੁਰਸੇਵਕ ਸਿੰਘ ਤੇ ਗੁਰਮੇਲ ਸਿੰਘ ਘੱਗਾ ਨੇ ਦੋਸ਼ ਲਗਾਇਆ ਕਿ ਭਾਰਤੀ ਕਾਨੂੰਨ ਦਾ ਹਵਾਲਾ ਦਿੰਦਿਆਂ ਪੰਜਾਬ ਪੁਲਸ ਦੇ ਹੱਥ ਬੜੇ ਲੰਬੇ ਹੋਣ ਦੇ ਦਾਅਵੇ ਆਮ ਸੁਣੇ ਜਾਂਦੇ ਹਨ, ਪਰ ਬਦਕਿਸਮਤੀ ਦੀ ਗੱਲ ਹੈ ਕਿ ਪੰਜ ਦਿਨ ਬੀਤ ਜਾਣ ਦੇ ਬਾਵਜੂਦ ਬਲਜਿੰਦਰ ਸਿੰਘ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲੇ ਰਾਜਸੀ ਸ਼ਹਿ ਪ੍ਰਾਪਤ ਲੋਕਾਂ ਨੂੰ ਗ੍ਰਿਫਤਾਰ ਕਰਨ ਤੋਂ ਪੁਲਸ ਅਸਮਰੱਥ ਹੈ।ਉਨ੍ਹਾਂ ਕਿਹਾ ਕਿ ਜਿੰਨੀ ਦੇਰ ਤੱਕ ਕਥਿਤ ਦੋਸ਼ੀਆਂ ਦੀ ਗ੍ਰਿਫਤਾਰੀ ਨਹੀਂ ਹੁੰਦੀ, ਉਨੀ ਦੇਰ ਤੱਕ ਧਰਨਾ ਲਗਾਤਾਰ ਜਾਰੀ ਰਹੇਗਾ।ਇਸ ਦੌਰਾਨ ਮ੍ਰਿਤਕ ਬਲਜਿੰਦਰ ਸਿੰਘ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਨੌਜਵਾਨ ਆਗੂ ਜਰਨੈਲ ਸਿੰਘ ਜੈਲੀ ਸਰਪੰਚ, ਧਨੀ ਰਾਮ ਸ਼ਰਮਾ, ਜਤਿੰਦਰ ਸਿੰਘ ਮੱਟੂ, ਖੁਸ਼ੀ ਨੰਬਰਦਾਰ, ਮ੍ਰਿਤਕ ਦੀ ਪਤਨੀ ਕੁਲਜੀਤ ਕੌਰ, ਗੁਰਮੇਲ ਸਿੰਘ ਘੱਗਾ, ਹਰਪ੍ਰੀਤ ਸਿੰਘ ਮੈਂਬਰ ਪੰਚਾਇਤ, ਗੁਰਸੇਵਕ ਸਿੰਘ ਨਿਹੰਗ, ਡਾਕਟਰ ਗੁਰਸੇਵਕ ਸਿੰਘ ਭੀਮ ਆਰਮੀ, ਕਸ਼ਮੀਰ ਸਿੰਘ ਚੌਕੀਦਾਰ, ਤਰਸੇਮ ਸ਼ਰਮਾ ਸਾਬਕਾ ਸਰਪੰਚ, ਖੁਸ਼ੀ ਸ਼ੇਰਗੜ੍ਹ, ਮਨਪ੍ਰੀਤ ਸਿੰਘ, ਸੂਬਾ ਸਿੰਘ, ਰਿੰਕੂ ਦਾਨਵ ਐੱਮ ਸੀ ਤੇ ਰਾਜਾ ਸਰਾਓ ਸੇਵਾ ਦਲ ਕਾਂਗਰਸ ਦੇ ਅਧਾਰਤ 16 ਮੈਂਬਰੀ ਐਕਸ਼ਨ ਕਮੇਟੀ ਦਾ ਗਠਨ ਕੀਤਾ ਗਿਆ ਹੈ।ਮਾਮਲੇ ਸਬੰਧੀ ਡੀ ਐੱਸ ਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਪਾਤੜਾ ਪੁਲਿਸ ਵੱਲੋਂ ਪੰਜ ਵਿਅਕਤੀਆਂ ਨੂੰ ਕੇਸ ਵਿੱਚ ਨਾਮਜ਼ਦ ਕੀਤਾ ਗਿਆ ਸੀ ਜਿਨ੍ਹਾਂ ਵਿੱਚੋਂ ਚਾਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਮੁੱਖ ਦੋਸ਼ੀ ਦੀਪਕ ਸ਼ਰਮਾ ਨੂੰ ਜਲਦੀ ਗ੍ਰਿਫਤਾਰ ਕਰ ਲਿਆ ਜਾਵੇਗਾ।

## ਕਾਤਰਾਂ

### ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਸਾਂਝਾ ਮੋਰਚਾ ਵੱਲੋਂ ਪੱਕਾ ਮੋਰਚਾ 9 ਤੋਂ

ਧੂਰੀ (ਸੁਖਦੇਵ ਧੂਰੀ)-ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਸਾਂਝਾ ਮੋਰਚਾ ਪੰਜਾਬ ਵੱਲੋਂ ਚੈਅਰਮੈਨ ਸੁੱਖਵਿੰਦਰ ਕੌਰ ਸੁੱਖੀ ਦੀ ਅਗਵਾਈ ਵਿੱਚ ਜਥੇਬੰਦੀ ਦੇ ਚਾਰ ਕਨਵੀਨਰਾ ਅਮਰਜੀਤ ਕੌਰ ਰਣ ਸਿੰਘ ਵਾਲਾ, ਰਾਣੋ ਖੇੜੀ ਗਿੱਲਾਂ, ਹਰਿੰਦਰ ਕੌਰ ਸ਼ਤਰਾਣਾ, ਬਲਕਰਣ ਕੌਰ ਅਬੋਹਰ (ਸੰਤੋਸ਼ ਕੁਮਾਰੀ ਫਿਰੋਜ਼ਪੁਰ) ਨੂੰ ਮਾਨਯੋਗ ਐੱਸ ਐੱਸ ਪੀ ਸੰਗਰੂਰ ਵੱਲੋਂ ਮੀਟਿੰਗ ਲਈ ਬੁਲਾਇਆ ਗਿਆ।7 ਅਪ੍ਰੈਲ ਤੱਕ ਦਾ ਪੰਜਾਬ ਸਰਕਾਰ ਨਾਲ ਮੀਟਿੰਗ ਦੇ ਸਮੇਂ ਦਾ ਭਰੋਸਾ ਦਿਵਾਇਆ ਗਿਆ ਹੈ।ਕਨਵੀਨਰਾਂ ਵੱਲੋਂ ਆਪਣੇ ਵਿਆਨ ਵਿੱਚ ਦੱਸਿਆ ਕਿ ਪੰਜਾਬ ਸਰਕਾਰ ਮੰਗਾਂ ਮੰਨਣ ਤੋਂ ਭੱਜ ਰਹੀ ਹੈ।ਇਸ ਲਈ ਸਾਡਾ ਸ਼ੌਕ ਨਹੀਂ ਇਹ ਪੱਕਾ ਮੋਰਚਾ ਲਗਾਉਣ ਸਾਡੀ ਇੱਕ ਮਜਬੂਰੀ ਬਣ ਗਈ ਹੈ। ਆਸ਼ਾ ਵਰਕਰਾਂ ਨੂੰ ਦਰਪੇਸ਼ ਸਾਰੀਆਂ ਮੁਸ਼ਕਲਾਂ ਦੇ ਹੱਲ ਲਈ ਰੋਸ ਵਜੋਂ 9 ਅਪ੍ਰੈਲ ਤੋਂ ਅਣਮਿੱਥੇ ਸਮੇਂ ਲਈ ਲੱਗ ਰਹੇ ਪੱਕੇ ਮੋਰਚੇ ਦੀ ਤਿਆਰੀ ਤੇ ਮੋਰਚੇ ਵਾਲੀ ਜਗ੍ਹਾ ਦਾ ਜਾਇਜ਼ਾ ਲਿਆ ਗਿਆ।ਇਸ ਦੇ ਜੋ ਵੀ ਸਿੱਟੇ ਹੋਣਗੇ ਪੰਜਾਬ ਸਰਕਾਰ ਆਪ ਜ਼ਿੰਮੇਵਾਰ ਹੋਵੇਗੀ।ਮੀਟਿੰਗ ਵਿੱਚ ਹਰਦੀਪ ਕੌਰ ਭੁਰਥਲਾ ਮਲੇਰਕੋਟਲਾ, ਸੁੱਖਪਾਲ ਕੌਰ ਜੈਤੋ ਸਮੇਤ ਕਈ ਸਾਥੀ ਸ਼ਾਮਲ ਸਨ।

### ਦੀਪਕ ਅਰੋੜਾ ਨਮਿੱਤ ਭੋਗ ਤੇ ਅੰਤਿਮ ਅਰਦਾਸ ਭਲਕੇ

ਸਮਾਣਾ (ਇਕਬਾਲ ਸਿੰਘ ਬੱਲ)-ਸਮਾਣਾ ਨਿਵਾਸੀ ਤੇ



ਸੰਤ ਨਿਰੰਕਾਰੀ ਮਿਸ਼ਨ ਦੇ ਸਰਗਰਮ ਸੇਵਾਦਲ ਮੈਂਬਰ ਦੀਪਕ ਅਰੋੜਾ, ਜੋ ਬੀਤੀ 28 ਮਾਰਚ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਪ੍ਰਭੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਗਰੁੜ ਪੁਰਾਣ ਪਾਠ ਦਾ ਭੋਗ ਤੇ ਅੰਤਿਮ ਅਰਦਾਸ 9 ਅਪ੍ਰੈਲ (ਵੀਰਵਾਰ) ਅਗਰਵਾਲ ਗਊਸ਼ਾਲਾ ਪਟਿਆਲਾ ਰੋਡ ਸਮਾਣਾ ਵਿਖੇ ਬਾਅਦ ਦੁਪਹਿਰ 1:00 ਵਜੇ ਤੋਂ 2:00 ਵਜੇ ਤੱਕ ਹੋਵੇਗੀ।ਦੀਪਕ ਅਰੋੜਾ ਜਿੱਥੇ ਸਮਾਜਿਕ ਤੌਰ 'ਤੇ ਨਿਰੰਕਾਰੀ ਮਿਸ਼ਨ ਨਾਲ ਜੁੜੇ ਹੋਏ ਸਨ, ਉੱਥੇ ਹੀ ਉਹ ਨਗਰ ਕੌਂਸਲਰ ਸੰਦੀਪ ਲੂੰਬਾ ਦੇ ਸਾਲਾ ਸਾਹਿਬ ਸਨ।ਉਨ੍ਹਾਂ ਦੇ ਬੇਵਕਤੀ ਅਕਾਲ ਚਲਾਣੇ ਨਾਲ ਇਲਾਕੇ ਦੀਆਂ ਧਾਰਮਿਕ ਤੇ ਰਾਜਨੀਤਕ ਸ਼ਖ਼ਸੀਅਤਾਂ ਵਿੱਚ ਸੋਗ ਦੀ ਲਹਿਰ ਹੈ।

### ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ 10 ਨੂੰ

ਮਾਨਸਾ (ਆਤਮਾ ਸਿੰਘ ਪਮਾਰ)-ਸਾਉਣੀ ਦੀਆਂ ਫਸਲਾਂ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ 10 ਅਪ੍ਰੈਲ ਨੂੰ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਮਹਿਕ ਰਿਜ਼ੋਰਟ, ਨੇੜੇ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ, ਮਾਨਸਾ ਵਿਖੇ ਲਗਾਇਆ ਜਾ ਰਿਹਾ ਹੈ, ਜਿਸ ਦਾ ਉਦਘਾਟਨ ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਆਈ.ਏ.ਐੱਸ. ਵੱਲੋਂ ਕੀਤਾ ਜਾਵੇਗਾ ਅਤੇ ਕੈਂਪ ਦੀ ਪ੍ਰਧਾਨਗੀ ਸੰਯੁਕਤ ਡਾਇਰੈਕਟਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਕੀਤੀ ਜਾਵੇਗੀ।ਇਹ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਸ੍ਰ. ਹਰਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਵਿੱਚ ਭਾਗ ਲੈ ਕੇ ਕਿਸਾਨ ਖੇਤੀ ਦੀਆਂ ਨਵੀਨਤਮ ਤਕਨੀਕਾਂ ਸਬੰਧੀ ਗਿਆਨ ਹਾਸਲ ਕਰਨ।

# ਕਿਸਾਨਾਂ ਦੀ ਭਲਾਈ ਅਕਾਲੀ ਦਲ ਦੀ ਅਗਲੀ ਸਰਕਾਰ ਦੀ ਉੱਚ ਤਰਜੀਹ ਹੋਵੇਗੀ : ਸੁਖਬੀਰ

- ਮੁਕਤਸਰ 'ਚ ਰਿਕਾਰਡ ਤੋੜ ਇਕੱਠ ਨੂੰ ਕੀਤਾ ਸੰਬੋਧਨ, ਵਿਸ਼ਾਲ ਰੋਡ ਸ਼ੋਅ ਦੀ ਕੀਤੀ ਅਗਵਾਈ
- ਸਰਕਾਰ ਪ੍ਰਭਾਵਤ ਕਿਸਾਨਾਂ ਨੂੰ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਤੁਰੰਤ ਦੇਵੇ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਹਲਕਾ ਇੰਚਾਰਜਾਂ ਨਾਲ-ਨਾਲ ਪਾਰਟੀ ਆਗੂਆਂ ਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਹਾਲ ਹੀ ਵਿੱਚ ਹੋਈ ਗੜੇਮਾਰੀ ਕਾਰਨ ਕਣਕ ਦੀ ਫਸਲ ਤਬਾਹ ਹੋਣ ਨਾਲ ਔਖੇ ਵੇਲੇ ਵਿੱਚ ਫਸੇ ਕਿਸਾਨਾਂ ਦੀ ਮਦਦ ਕਰਨ।ਇਥੇ ਪੰਜਾਬ ਬਚਾਓ ਰੈਲੀਆਂ ਦੀ ਮੁਹਿੰਮ ਦੇ ਹਿੱਸੇ ਵਜੋਂ ਇਕ ਵਿਸ਼ਾਲ ਰਿਕਾਰਡ ਤੋੜ ਇਕੱਠ ਵਾਲੀ ਰੈਲੀ ਨੂੰ ਸੰਬੋਧਨ ਕਰਨ ਤੇ ਵਿਸ਼ਾਲ ਰੋਡ ਸ਼ੋਅ ਦੀ ਅਗਵਾਈ ਕਰਨ ਮੌਕੇ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਜਿਵੇਂ ਪਿਛਲੇ ਸਾਲ ਭਿਆਨਕ ਹੜ੍ਹਾਂ ਵੇਲੇ ਜਦੋਂ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਕਿਸਾਨਾਂ ਨੂੰ ਉਨ੍ਹਾਂ ਦੇ ਹਾਲ 'ਤੇ ਛੱਡ ਦਿੱਤਾ ਸੀ ਤੇ ਸਿਰਫ ਅਕਾਲੀ ਦਲ ਹੀ ਕਿਸਾਨਾਂ ਦੀ ਮਦਦ ਵਾਸਤੇ ਨਿਤਰਿਆ ਸੀ ਤੇ ਉਨ੍ਹਾਂ ਨੂੰ ਪਸ਼ੂਆਂ ਲਈ ਚਾਰਾ, ਬੀਜ ਤੇ ਦਵਾਈਆਂ ਪ੍ਰਦਾਨ ਕੀਤੀਆਂ, ਉਸੇ ਤਰੀਕੇ ਮੈਂ ਪਾਰਟੀ ਆਗੂਆਂ ਤੇ ਵਰਕਰਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਪ੍ਰਭਾਵਤ ਕਿਸਾਨਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਕਿਸਾਨਾਂ ਦੀ ਲੋੜ ਮੁਤਾਬਕ ਮਦਦ ਕਰਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ ਦੀ ਭਲਾਈ ਅਕਾਲੀ ਦਲ ਦੀ ਅਗਲੀ ਸਰਕਾਰ ਦੀ ਉਚ ਤਰਜੀਹ ਹੋਵੇਗੀ।ਉਨ੍ਹਾਂ ਕਿਹਾ ਕਿ ਅਸੀਂ ਕਿਸਾਨਾਂ ਨੂੰ ਫਸਲ ਬੀਮਾ ਸਹੂਲਤਾਂ ਦੇਵਾਂਗੇ ਤਾਂ ਜੋ ਕੁਦਰਤੀ ਆਫਤਾਂ ਦੀ ਹਾਲਤ ਵਿੱਚ ਉਨ੍ਹਾਂ ਨੂੰ ਢੁੱਕਵਾਂ ਮੁਆਵਜ਼ਾ ਮਿਲ ਸਕੇ।ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਖਿਆ ਕਿ ਉਹ ਆਪਣੀ ਜ਼ਿੰਮੇਵਾਰੀ ਤੋਂ ਨਾ ਭੱਜਣ ਤੇ ਜਿਨ੍ਹਾਂ ਕਿਸਾਨਾਂ ਦੀ ਕਣਕ ਦੀ ਫਸਲ ਤਬਾਹ ਹੋਈ ਹੈ, ਉਨ੍ਹਾਂ ਨੂੰ ਤੁਰੰਤ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ। ਅਕਾਲੀ ਦਲ ਦੇ ਪ੍ਰਧਾਨ ਨੇ ਭਾਗਸਰ, ਗੰਧਾਰ ਤੇ ਲੱਖੇਵਾਲੀ ਪਿੰਡਾਂ ਦਾ ਦੌਰਾ ਵੀ ਕੀਤਾ, ਜਿੱਥੇ ਹਾਲ ਹੀ ਵਿਚ ਹੋਈ ਗੜ੍ਹੇਮਾਰੀ ਨੇ ਕਣਕ ਦੀ ਫਸਲ ਤਬਾਹ ਕਰ ਦਿੱਤੀ ਤੇ ਕਿਸਾਨਾਂ ਨੂੰ ਭਰੋਸਾ ਦੁਆਇਆ ਕਿ ਉਹ ਆਪਣੇ ਵੱਲੋਂ ਪੁਰਜ਼ੋਰ ਯਤਨ ਕਰਦਿਆਂ ਯਕੀਨੀ ਬਣਾਉਣਗੇ ਕਿ ਕਿਸਾਨਾਂ ਨੂੰ ਢੁੱਕਵਾਂ ਮੁਆਵਜ਼ਾ ਮਿਲੇ।ਬਾਦਲ ਨੇ ਮੁੱਖ ਮੰਤਰੀ ਵੱਲੋਂ ਬਿਜਲੀ ਉਤਪਾਦਨ ਦੇ ਮਾਮਲੇ ਵਿਚ ਕੀਤੇ ਖੋਖਲੇ ਦਾਅਵਿਆਂ ਲਈ ਵੀ ਮੁੱਖ ਮੰਤਰੀ ਦੀ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੱਸੇ ਕਿ ਕੀ ਉਸ ਨੇ ਸੂਬੇ ਵਿੱਚ ਕੋਈ ਵੀ ਬਿਜਲੀ ਪਲਾਂਟ ਲਗਾਇਆ ਹੈ।

ਰੋਜ਼ੀ ਬਰਕੰਦੀ, ਜਿਨ੍ਹਾਂ ਨੂੰ ਉਨ੍ਹਾਂ ਨੇ ਸਾਡਾ ਬਾਈ ਰੋਜ਼ੀ ਬਾਈ ਕਹਿ ਕੇ ਸੰਬੋਧਨ ਕੀਤਾ ਤੇ ਸਟੇਜ 'ਤੇ ਗਲੇ ਵੀ ਲਗਾਇਆ, ਵੱਲੋਂ ਰੱਖੀਆਂ ਮੰਗਾਂ ਬਾਰੇ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਇਸ ਹਲਕੇ ਤੇ ਨੇੜਲੇ ਇਲਾਕਿਆਂ ਵਿੱਚ ਆਪ ਸਰਕਾਰ ਵੱਲੋਂ ਨਹਿਰਾਂ ਤੋਂ ਹਟਾਏ ਗਏ ਸਾਰੇ ਲਿਫਟ ਸਿੰਜਾਈ ਪੰਪ ਬਹਾਲ ਕਰੇਗੀ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਸਰਕਾਰੀ ਭਰਤੀ ਵਿਚ ਬੌਰੀਆ ਭਾਈਚਾਰੇ ਲਈ ਦੋ ਫੀਸਦੀ ਰਾਖਵਾਂਕਰਨ ਲਾਗੂ ਕਰੇਗੀ ਤੇ ਨੰਬਰਦਾਰਾਂ ਨੂੰ ਦਰਪੇਸ਼ ਸਾਰੀਆਂ ਮੁਸ਼ਕਲਾਂ ਹੱਲ ਕਰੇਗੀ।ਅਕਾਲੀ ਦਲ ਦੇ ਪ੍ਰਧਾਨ ਨੇ ਇਹ ਵੀ ਐਲਾਨ ਕੀਤਾ ਕਿ ਨੌਜਵਾਨਾਂ ਨੂੰ 10 ਲੱਖ ਰੁਪਏ ਤੱਕ ਵਿਆਜ਼ ਮੁਕਤ ਕਰਜ਼ਾ ਪ੍ਰਦਾਨ ਕੀਤਾ ਜਾਵੇਗਾ, ਆਟਾ ਦਾਲ ਸਕੀਮ ਦਾ ਵਿਸਥਾਰ ਕੀਤਾ ਜਾਵੇਗਾ, ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ ਤੇ ਸ਼ਗਨ ਸਕੀਮ ਦੀ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ।ਸਰਕਾਰੀ ਨੌਕਰੀਆਂ ਸਿਰਫ ਪੰਜਾਬੀਆਂ ਨੂੰ ਪ੍ਰਦਾਨ ਕੀਤੀਆਂ ਜਾਣਗੀਆਂ ਤੇ ਸਾਰੀਆਂ ਨਵੀਂਆਂ ਉਦਯੋਗਿਕ ਇਕਾਈਆਂ ਵਿਚ 75 ਫੀਸਦੀ ਨੌਕਰੀਆਂ ਪੰਜਾਬੀਆਂ ਲਈ ਰਾਖਵੀਂਆਂ ਕੀਤੀਆਂ ਜਾਣਗੀਆਂ।

ਇਸ ਮੌਕੇ ਸਿਕੰਦਰ ਸਿੰਘ ਮਲੂਕਾ, ਨਰਦੇਵ ਸਿੰਘ ਮਾਨ, ਮਨਜਿੰਦਰ ਸਿੰਘ ਬਿੱਟੂ, ਤੇਜਿੰਦਰ ਮਿੱਡੂਖੇੜਾ, ਹਰਗਬਿੰਦ ਕੌਰ, ਹਰਪ੍ਰੀਤ ਸਿੰਘ ਕੋਟਭਾਈ, ਹਨੀ ਫੱਤਣਵਾਲਾ ਤੇ ਹੋਰਨਾਂ ਨੇ ਵੀ ਸੰਬੋਧਨ ਕੀਤਾ।

# ਕਾਂਗਰਸ ਨੇ ਇੱਕ ਗੁਣੀਵਾਨ ਰਾਜਸੀ ਆਗੂ ਖੋਹ ਦਿੱਤਾ ਹੈ : ਦੀਪਇੰਦਰ ਢਿੱਲੋਂ

## ਲਾਲ ਸਿੰਘ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ)



ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਖ਼ਜ਼ਾਨਾ ਮੰਤਰੀ ਸਵ. ਲਾਲ ਸਿੰਘ ਦੇ ਅਕਾਲ ਚਲਾਣੇ ਤੋਂ ਬਾਅਦ ਉਨ੍ਹਾਂ ਦੇ ਪਟਿਆਲਾ ਸਥਿਤ ਨਿਵਾਸ ਸਥਾਨ 'ਤੇ ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂਆਂ, ਪ੍ਰਸ਼ਾਸਨਕ ਤੇ ਪੁਲਸ ਅਧਿਕਾਰੀਆਂ ਦਾ ਤਾਂਤਾ ਲੱਗਿਆ ਹੋਇਆ ਹੈ। ਕਾਂਗਰਸ ਦੇ ਆਗੂ ਦੀਪਇੰਦਰ ਢਿੱਲੋਂ ਡੇਰਾਬਸੀ ਸਵ. ਲਾਲ ਸਿੰਘ ਦੀ ਰਿਹਾਇਸ਼ 'ਤੇ ਜਾ ਕੇ ਉਨ੍ਹਾਂ ਦੇ ਸਪੁੱਤਰ ਸਾਬਕਾ ਐੱਮ ਐੱਲ ਏ ਰਾਜਿੰਦਰ ਸਿੰਘ ਤੇ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ। ਸਾਬਕਾ ਵਿਧਾਇਕ ਤਰਸੇਮ ਬਾਂਸਲ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਨੇ ਵੀ ਸਵ. ਲਾਲ ਸਿੰਘ ਦੇ ਪੁੱਤਰ ਰਾਜਿੰਦਰ ਸਿੰਘ (ਸਾਬਕਾ ਵਿਧਾਇਕ) ਬੀਬਾ ਰਵਿੰਦਰ ਕੌਰ ਤੇ ਸਮੁੱਚੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਢਿੱਲੋਂ ਨੇ ਕਿਹਾ ਕਿ ਇਕ ਬੁੱਧੀਮਾਨ, ਸਭ ਧਰਮਾਂ ਤੇ ਪਾਰਟੀਆਂ ਦੇ ਆਗੂਆਂ ਦਾ ਸਤਿਕਾਰ ਕਰਨ ਵਾਲੇ ਅਤੇ ਇਕ ਗ਼ੈਰ-ਵਿਵਾਦਿਤ ਰਾਜਸੀ ਆਗੂ ਸਨ ਸਨ, ਜਿਨ੍ਹਾਂ ਨੇ ਹਮੇਸ਼ਾ ਪਾਰਟੀ ਬਾਜ਼ੀ ਤੋਂ ਉਪਰ ਉੱਠ ਕੇ ਲੋਕ ਹਿੱਤਾਂ ਲਈ ਕੰਮ ਕੀਤਾ।ਉਨ੍ਹਾਂ ਕਿਹਾ ਕਿ ਲਾਲ ਸਿੰਘ ਨੇ ਪੰਜਾਬ ਤੇ ਸਮਾਜ ਦੀ ਮਜ਼ਬੂਤੀ ਲਈ ਵੱਡਾ ਯੋਗਦਾਨ ਪਾਇਆ ਤੇ ਉਨ੍ਹਾਂ ਦੇ ਵਿਰੋਧੀ ਨਾਲ ਵੀ ਹਮੇਸ਼ਾ ਸੁਖਾਵੇਂ ਸਬੰਧ ਰਹੇ।ਉਨ੍ਹਾਂ ਕਿਹਾ ਕਿ ਲਾਲ ਸਿੰਘ ਦੇ ਚਲੇ ਜਾਣ ਨਾਲ ਕਾਂਗਰਸ ਇਕ ਗੁਣੀਵਾਨ ਰਾਜਸੀ ਆਗੂ ਤੋਂ ਵਾਂਝੀ ਹੋ ਗਈ ਹੈ, ਜਿੱਥੇ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ, ਉੱਥੇ ਪੰਜਾਬ ਨੂੰ ਇਕ ਚੰਗੇ ਰਾਜ ਨੇਤਾ ਦੀ ਘਾਟ ਪੈ ਗਈ ਹੈ। ਇਸ ਮੌਕੇ ਸੁਰਿੰਦਰ ਮਿੱਤਲ, ਸੀਤਲ ਸਿੰਘ ਭਾਨਰਾ ਕਾਮਰੇਡ ਰੇਸ਼ਮ ਅਜ਼ਾਦ, ਤਰਸੇਮ ਸਿੰਘ ਝੰਡੀ, ਸਾਬਕਾ ਪ੍ਰਧਾਨ ਬਲਾਕ ਸੰਮਤੀ, ਰਣਜੀਤ ਸਿੰਘ ਕੇ ਐੱਸ ਫਾਰਮ, ਰਾਜ ਕੁਮਾਰ ਡਕਾਲਾ, ਨਾਇਬ ਸਿੰਘ ਭਾਨਰੀ ਬਲਾਕ ਪ੍ਰਧਾਨ, ਸਰਪੰਚ ਦਵਿੰਦਰ ਸਿੰਘ ਰਾਮਗੜ੍ਹ, ਦਮੋਦਰ ਸਿੰਘ ਸਨੌਰ ਸਮੇਤ ਵੱਡੀ ਗਿਣਤੀ 'ਚ ਪਤਵੰਤੇ ਸੱਜਣ ਸ਼ਾਮਲ ਸਨ।ਲਾਲ ਸਿੰਘ ਦੀ ਅੰਤਿਮ ਅਰਦਾਸ 10 ਅਪ੍ਰੈਲ ਦੁਪਹਿਰ 12 ਵਜੇ ਤੋਂ ਦੁਪਹਿਰ 1 ਵਜੇ ਤੱਕ ਗੁਰਦੁਆਰਾ ਸਾਹਿਬ ਸ਼੍ਰੀ ਮੋਤੀ ਬਾਗ ਪਟਿਆਲਾ ਵਿਖੇ ਹੋਵੇਗੀ।

# ਕੂੜੇ ਦੇ ਡੰਪ ਨੂੰ ਲੈ ਕੇ ਲੋਕਾਂ ਵੱਲੋਂ ਵਿਧਾਇਕ ਤੇ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ



ਮਾਲੇਰਕੋਟਲਾ (ਅਸਗਰ ਪਰਿਹਾਰ)

ਖੰਨਾ ਰੋਡ 'ਤੇ ਸਥਿਤ ਬਾਬਾ ਬੋਦਲੇ ਸਾਹਿਬ ਕਬਰਸਤਾਨ ਦੇ ਕੋਲ ਲੱਗੇ ਕੂੜੇ ਦੇ ਡੰਪ ਨੂੰ ਚੁਕਵਾਉਣ ਲਈ ਮਾਲੇਰਕੋਟਲਾ ਤੇ ਇਲਾਕਾ ਜਮਾਲਪੁਰਾ ਦੇ ਨਿਵਾਸੀਆਂ ਵੱਲੋਂ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕਰਦਿਆਂ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕਰ ਦਿੱਤਾ ਗਿਆ ਹੈ।ਇਸ ਮੌਕੇ ਸਮਾਜ ਸੇਵੀ ਪਰਵੇਜ਼ ਅਲੀ ਖਾਂ ਦੀ ਅਗਵਾਈ ਹੇਠ ਇਕੱਠੇ ਹੋਏ ਲੋਕਾਂ ਨੇ ਸਥਾਨਕ ਵਿਧਾਇਕ ਡਾ. ਜਮੀਲ-ਉਰ-ਰਹਿਮਾਨ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਚੁੱਕਦਿਆਂ ਜੰਮ ਕੇ ਭੜਾਸ ਕੱਢੀ।ਧਰਨਾਕਾਰੀਆਂ ਨੇ ਦੱਸਿਆ ਕਿ ਇਹ ਕੂੜੇ ਦਾ ਡੰਪ ਹੁਣ ਇਲਾਕਾ ਨਿਵਾਸੀਆਂ ਲਈ ਜੀਅ ਦਾ ਜੰਜਾਲ ਬਣ ਚੁੱਕਾ ਹੈ।ਇੱਥੇ ਫੈਲੀ ਗੰਦਗੀ ਕਾਰਨ ਭਿਆਨਕ ਬਦਬੂ ਆਉਂਦੀ ਹੈ ਤੇ ਮੱਖੀ-ਮੱਛਰਾਂ ਦੀ ਭਰਮਾਰ ਕਾਰਨ ਇਲਾਕੇ ਵਿੱਚ ਬਿਮਾਰੀਆਂ ਫੈਲਣ ਦਾ ਡਰ ਲਗਾਤਾਰ ਬਣਿਆ ਹੋਇਆ ਹੈ।ਹੈਰਾਨੀ ਦੀ ਗੱਲ ਇਹ ਹੈ ਕਿ ਇਸ ਗੰਦਗੀ ਦੇ ਢੇਰ ਦੇ ਬਿਲਕੁਲ ਨਜ਼ਦੀਕ ਇੱਕ ਹਾਈ ਸਕੂਲ ਅਤੇ ਤਿੰਨ ਕਬਰਸਤਾਨ ਹਨ।ਸਕੂਲੀ ਬੱਚਿਆਂ ਨੂੰ ਹਰ ਰੋਜ਼ ਇਸ ਨਰਕ ਭਰੀ ਸਥਿਤੀ ਵਿੱਚੋਂ ਗੁਜ਼ਰਨਾ ਪੈਂਦਾ ਹੈ ਅਤੇ ਕਬਰਸਤਾਨ ਜਾਣ ਵਾਲੇ ਸ਼ਰਧਾਲੂਆਂ ਨੂੰ ਵੀ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਸਮਾਜ ਸੇਵੀ ਪਰਵੇਜ਼ ਅਲੀ ਖਾਂ ਤੇ ਹੋਰਨਾਂ ਬੁਲਾਰਿਆਂ ਨੇ ਕਿਹਾ ਕਿ ਉਨ੍ਹਾਂ ਨੇ ਕਈ ਵਾਰ ਸਥਾਨਕ ਵਿਧਾਇਕ, ਮੌਜੂਦਾ ਕੌਂਸਲਰਾਂ ਤੇ ਡਿਪਟੀ ਕਮਿਸ਼ਨਰ (ਡੀ.ਸੀ.) ਨੂੰ ਲਿਖਤੀ ਦਰਖਾਸਤਾਂ ਦਿੱਤੀਆਂ ਹਨ। ਉਨ੍ਹਾਂ ਦੋਸ਼ ਲਾਇਆ ਕਿ ਚੋਣਾਂ ਵੇਲੇ ਵੱਡੇ-ਵੱਡੇ ਵਾਅਦੇ ਕਰਨ ਵਾਲੇ ਸਿਆਸੀ ਆਗੂ ਹੁਣ ਲੋਕਾਂ ਦੀ ਸਾਰ ਨਹੀਂ ਲੈ ਰਹੇ।ਪ੍ਰਸ਼ਾਸਨ ਨੂੰ ਵਾਰ-ਵਾਰ ਗੁਹਾਰ ਲਗਾਉਣ ਦੇ ਬਾਵਜੂਦ ਸਥਿਤੀ 'ਪਰਨਾਲਾ ਉਥੇ ਦਾ ਉਥੇ' ਵਾਲੀ ਸਾਬਿਤ ਹੋ ਰਹੀ ਹੈ, ਜਿਸ ਕਾਰਨ ਲੋਕਾਂ ਦੇ ਸਬਰ ਦਾ ਬੰਨ੍ਹ ਹੁਣ ਟੁੱਟ ਚੁੱਕਾ ਹੈ।ਧਰਨਾਕਾਰੀ ਲੋਕਾਂ ਨੇ ਐਲਾਨ ਕੀਤਾ ਕਿ ਜਿੰਨਾ ਚਿਰ ਕੂੜੇ ਦੇ ਡੰਪ ਦਾ ਪੱਕਾ ਹੱਲ ਨਹੀਂ ਹੁੰਦਾ, ਇਹ ਧਰਨਾ ਅਣਮਿੱਥੇ ਸਮੇਂ ਲਈ ਜਾਰੀ ਰਹੇਗਾ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਅਗਲੇ ਦੋ ਦਿਨਾਂ ਵਿੱਚ ਕੂੜੇ ਨੂੰ ਚੁੱਕਣ ਦਾ ਕੰਮ ਸ਼ੁਰੂ ਨਾ ਕੀਤਾ ਗਿਆ, ਤਾਂ ਮਾਲੇਰਕੋਟਲਾ ਦੇ ਲੋਕ ਸਮੂਹਿਕ ਤੌਰ 'ਤੇ ਸੜਕ ਜਾਮ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਸਥਾਨਕ ਸਰਕਾਰ ਦੀ ਹੋਵੇਗੀ।

# ਜਬਰੀ ਥੋਪੇ ਟੈੱਟ ਵਿਰੁੱਧ ਅਧਿਆਪਕਾਂ ਵੱਲੋਂ ਰੈਲੀ ਤੇ ਰੋਸ ਮਾਰਚ ਸੰਗਰੂਰ 'ਚ 11 ਨੂੰ

ਲੌਂਗੋਵਾਲ (ਪ੍ਰਦੀਪ ਸੱਪਲ)-ਸੁਪਰੀਮ ਕੋਰਟ ਦੇ ਬੀਤੇ 1 ਸਤੰਬਰ ਦੇ ਫੈਸਲੇ ਰਾਹੀਂ ਨੌਕਰੀ ਕਰ ਰਹੇ ਅਧਿਆਪਕਾਂ ਨੂੰ ਨੌਕਰੀ ਵਿੱਚ ਬਣੇ ਰਹਿਣ ਤੇ ਤਰੱਕੀ ਲੈਣ ਲਈ ਥੋਪੇ ਟੈੱਟ ਦੇ ਟੈਸਟ ਵਿਰੁੱਧ ਲੰਮੇ ਸੰਘਰਸ਼ ਤੋਂ ਬਾਅਦ ਪੰਜਾਬ ਸਰਕਾਰ ਦੁਆਰਾ ਅਧਿਆਪਕਾਂ ਨਾਲ ਇਸ ਫੈਸਲੇ ਦੇ ਵਿਰੋਧ ਵਿੱਚ ਅਦਾਲਤ ਵਿੱਚ ਰੀਵਿਊ ਪਟੀਸ਼ਨ ਦਾਖਲ ਕਰਨ ਤੇ ਵਿਧਾਨ ਸਭਾ ਵਿੱਚ ਇਸ ਵਿਰੁੱਧ ਮਤਾ ਲਿਆਉਣ ਦਾ ਵਾਅਦਾ ਕੀਤਾ ਸੀ।ਸਰਕਾਰ ਵੱਲੋਂ ਅਜਿਹਾ ਨਾ ਕਰਨ ਦੇ ਰੋਸ ਵਜੋਂ ਅਧਿਆਪਕ ਜਥੇਬੰਦੀਆਂ ਦੁਆਰਾ ਇਸ ਸੰਘਰਸ਼ ਦੀ ਲਗਾਤਾਰਤਾ ਵਿੱਚ 11 ਅਪ੍ਰੈਲ ਨੂੰ ਪਟਿਆਲਾ-ਸੰਗਰੂਰ ਹਾਈਵੇ ਉੱਪਰ ਸੰਗਰੂਰ ਵਿਖੇ ਓਵਰ ਬ੍ਰਿਜ ਦੇ ਹੇਠਾਂ ਰੋਸ਼ ਰੈਲੀ ਕੀਤੀ ਜਾਵੇਗੀ ਅਤੇ ਇਸ ਉਪਰੰਤ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਵੱਲ 'ਵਾਅਦਾ ਖਿਲਾਫੀ ਮਾਰਚ' ਕੀਤਾ ਜਾਵੇਗਾ।ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਨੇ ਕਿਹਾ ਕਿ ਇਹ ਰੈਲੀ ਤੇ ਮਾਰਚ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ (ਦਿਗਵਿਜੇ ਪਾਲ) ਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ (ਸਬੰਧਤ ਡੀ.ਐੱਮ.ਐੱਫ.) ਵੱਲੋਂ ਸਾਂਝੇ ਰੂਪ ਵਿੱਚ ਕੀਤਾ ਜਾ ਰਿਹਾ ਹੈ ਤੇ ਹੋਰ ਅਧਿਆਪਕ ਜਥੇਬੰਦੀਆਂ ਵੀ ਇਸ ਵਿੱਚ ਭਰਾਤਰੀ ਤੌਰ 'ਤੇ ਸ਼ਾਮਲ ਹੋਣਗੀਆਂ।ਉਨ੍ਹਾਂ ਕਿਹਾ ਕਿ ਸੰਗਰੂਰ ਜ਼ਿਲ੍ਹੇ ਵਿੱਚੋਂ ਵੱਡੀ ਗਿਣਤੀ ਵਿੱਚ ਅਧਿਆਪਕ ਇਸ ਐਕਸ਼ਨ 'ਚ ਸ਼ਾਮਲ ਹੋਣਗੇ।ਇਸ ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਐੱਸ.ਡੀ.ਐੱਮ. ਧੂਰੀ ਵੱਲੋਂ ਸਿੱਖਿਆ ਸਕੱਤਰ ਤੇ ਡੀ ਸੀ ਸੰਗਰੂਰ ਦੇ ਹੁਕਮਾਂ ਦੀ ਅਣਦੇਖੀ ਕਰਕੇ ਜਾਇਜ਼ ਕੇਸ ਵਿੱਚ ਅਧਿਆਪਕ ਦੀ ਬੀ.ਐੱਲ.ਓ. ਡਿਊਟੀ ਨਾ ਕੱਟਣ ਵਿਰੁੱਧ ਜਲਦ ਹੀ ਇਸ ਅਧਿਕਾਰੀ ਵਿਰੁੱਧ ਜ਼ਿਲ੍ਹਾ ਪੱਧਰੀ ਰੋਸ ਧਰਨਾ ਦਿੱਤਾ ਜਾਵੇਗਾ।ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਵੱਲੋਂ ਅਧਿਆਪਕਾਂ ਦੇ ਮਸਲੇ ਹੱਲ ਨਾ ਕਰਨ ਵਿਰੁੱਧ ਵੀ ਜਲਦ ਹੀ ਰੋਸ ਐਕਸ਼ਨ ਉਲੀਕਿਆ ਜਾਵੇਗਾ।

# ਮੋਦੀ ਹਕੂਮਤ ਤੇ ਖੁਫੀਆ ਏਜੰਸੀਆਂ ਵੱਲੋਂ ਸਿੱਖਾਂ ਦੇ ਸਾਜ਼ਿਸ਼ੀ ਢੰਗਾਂ ਨਾਲ ਕੀਤੇ ਜਾ ਰਹੇ ਕਤਲਾਂ ਸੰਬੰਧੀ ਵਿਰੋਧੀ ਆਗੂ ਚੁੱਪ ਕਿਉਂ : ਮਾਨ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਜਦੋਂ ਇੰਡੀਆ ਦੀ ਜਾਬਰ ਤੇ ਮੁਤੱਸਵੀ ਮੋਦੀ ਹਕੂਮਤ ਤੇ ਉਸ ਦੀਆਂ ਖੁਫੀਆ ਏਜੰਸੀਆਂ, ਜਿਨ੍ਹਾਂ ਵਿੱਚ ਸ਼ਾਮਲ ਗ੍ਰਹਿ ਵਜ਼ੀਰ ਅਮਿਤ ਸ਼ਾਹ, ਵਿਦੇਸ਼ ਵਜ਼ੀਰ ਜੈਸ਼ੰਕਰ, ਰੱਖਿਆ ਵਜ਼ੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁਖੀ ਰਵੀ ਸਿਨ੍ਹਾ ਤੇ ਸਾਬਕਾ ਰਾਅ ਮੁਖੀ ਸੰਮਤ ਗੋਇਲ ਨੇ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਤੇ ਸੁਖਦੂਲ ਸਿੰਘ ਕੈਨੇਡਾ, ਅਵਤਾਰ ਸਿੰਘ ਖੰਡਾ ਬਰਤਾਨੀਆ, ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ ਪਾਕਿਸਤਾਨ, ਦੀਪ ਸਿੰਘ ਸਿੱਧੂ ਹਰਿਆਣਾ, ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਤੇ ਗੁਰਪ੍ਰੀਤ ਸਿੰਘ ਹਰੀਨੌਂ ਪੰਜਾਬ ਦੇ ਕਤਲ ਕਰਵਾਏ ਅਤੇ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਕੋਸ਼ਿਸ਼ ਕੀਤੀ, ਜਿਨ੍ਹਾਂ ਨੇ ਯੂ. ਐੱਸ. ਕਮਿਸ਼ਨ ਓਨ ਇੰਟਰਨੈਸ਼ਨਲ ਰੀਲੀਜੀਅਸ ਫਰੀਡਮ ਦੇ ਕੌਮਾਂਤਰੀ ਕਾਨੂੰਨਾਂ, ਨਿਯਮਾਂ ਦਾ ਘਾਣ ਕਰਕੇ ਅਮਰੀਕਾ ਦੀ ਮੁਨਰੋ ਡਾਕਟਰੀਨ ਤੇ ਕੈਨੇਡਾ, ਬਰਤਾਨੀਆ, ਪਾਕਿਸਤਾਨ ਦੀ ਪ੍ਰਭੂਸਤਾ ਨੂੰ ਚੁਣੌਤੀ ਦਿੱਤੀ।ਇਨ੍ਹਾਂ ਕਤਲਾਂ ਵਿਰੁੱਧ ਸੈਂਟਰ ਤੇ ਪੰਜਾਬ ਦੀ ਕਾਂਗਰਸ ਜਮਾਤ ਦੇ ਕ੍ਰਮਵਾਰ ਆਗੂ ਬੀਬੀ ਸੋਨੀਆ ਗਾਂਧੀ, ਰਾਹੁਲ ਗਾਂਧੀ ਤੇ ਪੰਜਾਬ ਦੀ ਵਿਰੋਧੀ ਧਿਰ ਦੇ ਨੇਤਾ ਸ. ਪ੍ਰਤਾਪ ਸਿੰਘ ਬਾਜਵਾ ਵੱਲੋਂ ਨਿਰੰਤਰ ਚੁੱਪੀ ਕਿਉਂ ਵੱਟੀ ਹੋਈ ਹੈ ? ਉਹ ਇਨ੍ਹਾਂ ਗੈਰ-ਕਾਨੂੰਨੀ ਤੇ ਗੈਰ- ਇਨਸਾਨੀ ਤਰੀਕੇ ਸਿੱਖਾਂ ਦੇ ਹੋਏ ਕਤਲਾਂ ਵਿਰੁੱਧ ਆਵਾਜ਼ ਕਿਉਂ ਨਹੀਂ ਉਠਾ ਰਹੇ ? ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਦੀ ਵਿਰੋਧੀ ਧਿਰ ਦੇ ਨੇਤਾ ਕਾਂਗਰਸੀ ਆਗੂ ਸ. ਪ੍ਰਤਾਪ ਸਿੰਘ ਬਾਜਵਾ ਨੂੰ ਬੀਤੇ ਦਿਨੀਂ ਇਕ ਭੇਜੇ ਲਿਖਤੀ ਪੱਤਰ ਵਿੱਚ ਉਠਾਉਂਦੇ ਹੋਏ ਸ. ਬਾਜਵਾ ਦੀ ਆਤਮਾ ਨੂੰ ਝਿੰਜੋੜਦੇ ਹੋਏ ਕਿਹਾ ਕਿ ਜਦੋਂ ਸਮੁੱਚੀ ਦੁਨੀਆ ਉਪਰੋਕਤ ਹੋਏ ਸਿੱਖਾਂ ਦੇ ਕਤਲਾਂ ਸੰਬੰਧੀ ਆਵਾਜ਼ ਉਠਾ ਰਹੀ ਹੈ, ਜਿਸ ਸੰਬੰਧੀ ਅਮਰੀਕਾ, ਕੈਨੇਡਾ ਵੱਲੋਂ ਹੋਏ ਕਤਲਾਂ ਦੇ ਸਬੂਤ ਕੌਮਾਂਤਰੀ ਤੌਰ 'ਤੇ ਪ੍ਰਤੱਖ ਕਰਕੇ ਇਹ ਸਾਬਿਤ ਕਰ ਦਿੱਤਾ ਗਿਆ ਹੈ ਕਿ ਇਨ੍ਹਾਂ ਸਿੱਖਾਂ ਦੇ ਕਤਲ ਮੋਦੀ ਹਕੂਮਤ ਤੇ ਉਸ ਦੀ ਜੁੰਡਲੀ ਨੇ ਕਰਵਾਏ, ਉਸ ਉਤੇ ਇਨ੍ਹਾਂ ਵੱਲੋਂ ਅਮਲ ਨਾ ਹੋਣ 'ਤੇ ਗਹਿਰਾ ਦੁੱਖ ਜ਼ਾਹਰ ਕਰਦੇ ਹੋਏ ਪ੍ਰਗਟ ਕੀਤੇ।ਇਸ ਪੱਤਰ ਵਿਚ ਉਨ੍ਹਾਂ ਇਹ ਵੀ ਵਰਨਣ ਕੀਤਾ ਕਿ ਜਦੋਂ ਮੈਂ ਪਾਰਲੀਮੈਂਟ ਵਿੱਚ ਮੈਂਬਰ ਸੀ, ਤਾਂ ਮੈਂ ਬੀਬੀ ਸੋਨੀਆ ਗਾਂਧੀ ਨੂੰ ਉਚੇਚੇ ਤੌਰ 'ਤੇ ਮਿਲਿਆ ਸੀ ਅਤੇ ਉਨ੍ਹਾਂ ਨੂੰ ਗੱਲਬਾਤ ਕਰਦੇ ਹੋਏ ਕਿਹਾ ਸੀ ਕਿ ਉਪਰੋਕਤ ਮੋਦੀ ਦੀ ਕਾਤਲ ਜੁੰਡਲੀ ਵੱਲੋਂ ਸਿੱਖਾਂ ਦੇ ਕੀਤੇ ਗਏ ਕਤਲਾਂ ਵਿਰੁੱਧ ਜ਼ਰੂਰ ਬੋਲਿਆ ਜਾਵੇ।ਉਨ੍ਹਾਂ ਇਸ ਦੀ ਹਾਮੀ ਭਰੀ ਸੀ, ਪਰ ਇਸ ਵਿਸ਼ੇ 'ਤੇ ਕੋਈ ਅਮਲ ਨਹੀਂ ਕੀਤਾ ਗਿਆ।ਇਸੇ ਤਰ੍ਹਾਂ ਸ੍ਰੀ ਰਾਹੁਲ ਗਾਂਧੀ ਨੂੰ ਵੀ ਉਪਰੋਕਤ ਵਿਸ਼ੇ ਉਤੇ ਵਿਚਾਰ ਕਰਦੇ ਹੋਏ ਕਿਹਾ ਸੀ ਕਿ ਇਸ ਵਿਰੁੱਧ ਆਵਾਜ਼ ਉਠਾਈ ਜਾਵੇ, ਪਰ ਉਨ੍ਹਾਂ ਵੱਲੋਂ ਵੀ ਕੋਈ ਅਮਲ ਨਹੀਂ ਹੋਇਆ।ਉਨ੍ਹਾਂ ਸ. ਬਾਜਵਾ ਤੋਂ ਉਮੀਦ ਪ੍ਰਗਟ ਕੀਤੀ ਕਿ ਉਹ ਇਨ੍ਹਾਂ ਹੋਏ ਗੈਰ-ਕਾਨੂੰਨੀ ਕਤਲਾਂ ਸੰਬੰਧੀ ਕੇਵਲ ਆਪ ਹੀ ਆਵਾਜ਼ ਨਹੀਂ ਉਠਾਉਣਗੇ, ਬਲਕਿ ਆਪਣੀ ਸੈਂਟਰ ਦੀ ਲੀਡਰਸ਼ਿਪ ਨੂੰ ਵੀ ਆਪਣੀਆਂ ਜ਼ਿੰਮੇਵਾਰੀਆਂ ਤੋਂ ਸੁਚੇਤ ਕਰਦੇ ਹੋਏ ਇਹ ਅਮਲ ਕਰਵਾਉਣਗੇ।

# ਕਿਸਾਨ ਆਗੂਆਂ ਨੇ ਲਾਲ ਸਿੰਘ ਦੇ ਪਰਵਾਰ ਨਾਲ ਕੀਤਾ ਦੁੱਖ ਦਾ ਪ੍ਰਗਟਾਵਾ



ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)-ਸ੍ਰ. ਲਾਲ ਸਾਬਕਾ ਪ੍ਰਧਾਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਤੇ ਸਾਬਕਾ ਕੈਬਨਿਟ ਮੰਤਰੀ ਦੇ ਜਾਣ ਨਾਲ ਕਾਂਗਰਸ ਪਾਰਟੀ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਸ੍ਰ. ਲਾਲ ਸਿੰਘ ਨੇ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਵੱਡਾ ਯੋਗਦਾਨ ਪਾਇਆ। ਅੱਜ ਉਨ੍ਹਾਂ ਦੇ ਸਪੁੱਤਰ ਸਾਬਕਾ ਐੱਮ ਐੱਲ ਏ ਸਮਾਣਾ ਤੇ ਪਰਵਾਰ ਨਾਲ ਜਸਮੇਰ ਸਿੰਘ ਗਿੱਲ ਸਕੱਤਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਤੇ ਟਕਸਾਲੀ ਕਾਂਗਰਸੀ ਆਗੂ ਅਤੇ ਹਲਕਾ ਸਨੌਰ ਦੇ ਕਾਂਗਰਸੀ ਆਗੂਆਂ ਵੱਲੋਂ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਸ੍ਰੀ ਗਿੱਲ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਸ੍ਰ. ਲਾਲ ਸਿੰਘ ਨੂੰ ਇੱਕ ਗੈਰ-ਵਿਵਾਦਿਤ ਰਾਜਸੀ ਆਗੂ ਦੱਸਿਆ। ਸ੍ਰ. ਲਾਲ ਸਿੰਘ ਕਾਂਗਰਸ ਪਾਰਟੀ ਦੇ ਥੰਮ੍ਹ ਸਨ, ਪਾਰਟੀ ਦੇ ਵੱਡੇ ਵਫ਼ਾਦਾਰ ਸਨ। ਲਾਲ ਸਿੰਘ ਇੱਕ ਬੁੱਧੀਮਾਨ, ਸਭ ਧਰਮਾਂ ਤੇ ਸਮੂਹ ਪਾਰਟੀਆਂ ਦੇ ਆਗੂਆਂ ਦਾ ਸਤਿਕਾਰ ਕਰਨ ਵਾਲੇ ਗੈਰਵਿਤਾਦਤ ਰਾਜਸੀ ਆਗੂ ਸਨ, ਜਿਨ੍ਹਾਂ ਹਮੇਸ਼ਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਲੋਕਹਿੱਤਾਂ ਲਈ ਕੰਮ ਕੀਤਾ। ਉਨ੍ਹਾ ਕਿਹਾ ਕਿ ਜਿੱਥੇ ਪਰਵਾਰ ਨੂੰ ਵੱਡਾ ਘਾਟਾ ਪਿਆ, ਉਥੇ ਪੰਜਾਬ ਨੂੰ ਇੱਕ ਚੰਗੇ ਰਾਜਨੇਤਾ ਦੀ ਘਾਟ ਹਮੇਸ਼ਾ ਰੜਕਦੀ ਰਹੇਗੀ। ਸ੍ਰੀ ਗਿੱਲ ਨੇ ਦੱਸਿਆ ਕਿ ਉਨ੍ਹਾ ਦੇ ਸਪੁੱਤਰ ਰਾਜਿੰਦਰ ਸਿੰਘ ਸਾਬਕਾ ਐੱਮ ਐੱਲ ਏ ਸਮਾਣਾ ਵਿੱਚ ਵੀ ਬਹੁਤ ਨਿਮਰਤਾ, ਸਾਦਗੀ ਤੇ ਇਮਾਨਦਾਰੀ ਸਮੇਤ ਲਾਲ ਸਿੰਘ ਵਾਲੇ ਹੀ ਗੁਣ ਹਨ। ਇਸ ਮੌਕੇ ਟਕਸਾਲੀ ਆਗੂ ਜਸਮੇਰ ਸਿੰਘ ਗਿੱਲ ਤੋਂ ਇਲਾਵਾ ਨਰਭਿੰਦਰ ਭਿੰਦਾ ਸਾਬਕਾ ਬਲਾਕ ਸੰਮਤੀ ਮੈਂਬਰ ਹੀਰਾ ਕਾਲੋਨੀ, ਰਾਜ ਕਟਾਰੀਆ ਸਾਬਕਾ ਬਲਾਕ ਸੰਮਤੀ ਮੈਂਬਰ ਬਾਹਦਰਗੜ੍ਹ, ਚਰੰਜੀ ਰਾਮ ਸਾਬਕਾ ਸਰਪੰਚ ਹੀਰਾ ਕਾਲੋਨੀ, ਕਾਂਗਰਸ ਆਗੂ ਜਸਪਾਲ ਸਿੰਘ ਮਾਸਟਰ ਹੀਰਾ ਕਾਲੋਨੀ, ਕਾਂਗਰਸ ਆਗੂ ਰਾਜਵਿੰਦਰ ਸਿੰਘ ਖਹਿਰਾ ਗੁਰੂ ਨਾਨਕ ਨਗਰ ਬਾਹਦਰਗੜ੍ਹ, ਕਾਂਗਰਸ ਆਗੂ ਨਾਜਰ ਸਿੰਘ ਬਾਹਦਰਗੜ੍ਹ, ਸੁਰਿੰਦਰਪਾਲ ਸਿੰਘ ਵਿਰਕ ਬਾਹਦਰਗੜ੍ਹ ਸਾਹਿਬ ਸਨੌਰ, ਸੁਰਿੰਦਰ ਪਾਲ ਸਿੰਘ ਰੇਖੀ ਆਦਿ ਹਾਜ਼ਰ ਸਨ।

# ਪੰਜਾਬੀ ਸਾਹਿਤ ਅਕਾਦਮੀ ਵੱਲੋਂ ਡਾ. ਸੋਹਲ ਦੀ ਪੁਸਤਕ 'ਕਾਲ ਨਾਚ' 'ਤੇ ਸੰਵਾਦ

ਲੁਧਿਆਣਾ (ਰੈਕਟਰ ਕਥੂਰੀਆ)



ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਸੰਵਾਦ-1 ਅਧੀਨ ਡਾ. ਪਰਮਜੀਤ ਸਿੰਘ ਸੋਹਲ ਦੀ ਕਾਵਿ ਪੁਸਤਕ 'ਕਾਲ ਨਾਚ' 'ਤੇ ਵਿਚਾਰ ਗੋਸ਼ਟੀ ਪੰਜਾਬੀ ਭਵਨ ਲੁਧਿਆਣਾ ਵਿਖੇ ਕਰਵਾਈ ਗਈ।ਸਮਾਗਮ ਦੀ ਪ੍ਰਧਾਨਗੀ ਡਾ. ਅਰੁਣ ਮਿੱਤਰਾ, ਡਾ. ਪਾਲ ਕੌਰ, ਡਾ. ਗੁਲਜ਼ਾਰ ਸਿੰਘ ਪੰਧੇਰ ਤੇ ਗੁਰਪ੍ਰੀਤ ਸਿੰਘ ਤੂਰ ਨੇ ਸਾਂਝੇ ਤੌਰ 'ਤੇ ਕੀਤੀ।ਡਾ. ਅਰੁਣ ਮਿੱਤਰਾ ਪ੍ਰਧਾਨ ਇੰਡੀਅਨ ਡਾਕਟਰਜ਼ ਆਫ਼ ਪੀਸ ਐਂਡ ਡਿਵੈਲਪਮੈਂਟ ਨੇ ਪ੍ਰਧਾਨਗੀ ਭਾਸ਼ਨ ਦਿੰਦਿਆਂ ਕਿਹਾ ਕਿ ਦੁਨੀਆ ਬਾਰੂਦ ਦੇ ਭੰਡਾਰ 'ਤੇ ਬੈਠੀ ਹੈ।ਕੋਈ ਵੀ ਹਥਿਆਰਬੰਦ ਪ੍ਰਕ੍ਰਿਆ ਨਾਲ ਆਲਮੀ ਜੰਗ ਦਾ ਖਤਰਾ ਪੈਦਾ ਹੋ ਜਾਂਦਾ ਹੈ।ਪੁਸਤਕ ਸਬੰਧੀ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਫ਼ਲਸਤੀਨ ਦੇ ਲੋਕਾਂ, ਬੱਚਿਆਂ, ਔਰਤਾਂ, ਡਾਕਟਰਾਂ, ਪੱਤਰਕਾਰਾਂ 'ਤੇ ਹੋਏ ਅਸਹਿ ਜ਼ੁਲਮਾਂ ਬਾਰੇ ਭਾਵੇਂ ਮੈਂ ਬੜਾ ਵਿਸਤ੍ਰਿਤ ਰੂਪ ਵਿੱਚ ਲਿਖਿਆ ਹੈ, ਪਰ ਡਾ. ਪਰਮਜੀਤ ਸਿੰਘ ਸੋਹਲ ਨੇ ਇੱਕ ਕਵੀ ਵਜੋਂ ਲੋਕਾਈ ਦੀ ਸੰਵੇਦਨਾ ਨੂੰ ਵਧੇਰੇ ਟੁੰਬਵੀਆਂ ਕਵਿਤਾਵਾਂ ਲਿਖੀਆਂ ਹਨ ਤੇ ਜੰਗ ਦੇ ਖ਼ਿਲਾਫ਼ ਲੋਕਾਂ ਨੂੰ ਉੱਠ ਖੜੇ ਹੋਣ ਲਈ ਬੜੀ ਪ੍ਰਭਾਵਸ਼ਾਲੀ ਆਵਾਜ਼ ਮਾਰੀ ਹੈ।ਇਸ ਤਰ੍ਹਾਂ ਦੇ ਮਾਹੌਲ ਤੋਂ ਪ੍ਰਭਾਵਿਤ ਹੋ ਕੇ ਡਾ. ਮਿੱਤਰਾ ਨੇ ਆਪਣੀ ਲਿਖੀ ਕਵਿਤਾ ਵੀ ਸਾਂਝੀ ਕੀਤੀ।

ਅਕਾਦਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਕਿਹਾ ਕਿ ਪਰਮਜੀਤ ਸੋਹਲ ਭਾਵੇਂ ਲੰਮੇਂ ਸਮੇਂ ਤੋਂ ਸਾਡਾ ਸਮਕਾਲੀ ਹੋ ਕੇ ਲਿਖ ਰਿਹਾ ਹੈ, ਪਰ ਇਸ ਕਿਤਾਬ ਨਾਲ ਉਸ ਦਾ ਕੱਦ ਵੀ ਉੱਚਾ ਹੋਇਆ ਹੈ ਤੇ ਉਹ ਵਧੇਰੇ ਸਪੱਸ਼ਟ ਤੌਰ 'ਤੇ ਜੰਗ ਮਾਰੀ ਲੋਕਾਈ ਦੇ ਅੰਗਸੰਗ ਆ ਖੜਾ ਹੋਇਆ ਹੈ।ਪੁਸਤਕ ਬਾਰੇ ਦੋ ਵਿਦਵਾਨਾਂ ਨੇ ਲਿਖ ਕੇ ਪੇਪਰ ਪੇਸ਼ ਕੀਤੇ, ਜਿਨ੍ਹਾਂ ਵਿੱਚੋਂ ਡਾ. ਜਗਵਿੰਦਰ ਜੋਧਾ ਨੇ ਸਾਡੇ ਸਮਿਆਂ ਦੇ ਚਿੰਤਨ ਤੇ ਪੁਸਤਕ ਵਿਚ ਬੜੀਆਂ ਸੰਵੇਦਨਸ਼ੀਲ ਕਵਿਤਾਵਾਂ ਦੇ ਹਵਾਲੇ ਨਾਲ ਕਿਹਾ ਕਿ ਡਾ. ਪਰਮਜੀਤ ਸੋਹਲ ਨੇ ਇਹ ਕਿਤਾਬ ਲਿਖ ਕੇ ਆਪਣੇ ਅੰਦਰ ਚੱਲ ਰਹੇ ਸੰਘਰਸ਼ 'ਤੇ ਜਿੱਤ ਪ੍ਰਾਪਤ ਕਰ ਲਈ ਹੈ।ਸਾਡੇ ਆਲੇ-ਦੁਆਲੇ ਪੱਸਰੇ ਜੰਗੀ ਵਿਹਾਰ ਦੇ ਪ੍ਰਤੀਰੋਧ ਵਿਚ ਇਕ ਬਿਰਤਾਂਤ ਸਿਰਜਿਆ ਹੈ।ਡਾ. ਸੰਦੀਪ ਸ਼ਰਮਾ ਨੇ ਆਪਣੇ ਪੇਪਰ ਵਿੱਚ ਡਾ. ਸੋਹਲ ਦੀਆਂ ਕਵਿਤਾਵਾਂ ਤੇ ਸਾਡੇ ਲੋਕਾਂ ਦੀ ਜੰਗ ਵਿਰੋਧੀ ਭਾਵਾਂ ਨੂੰ ਅਤੇ ਦੁਨੀਆ ਭਰ ਵਿੱਚ ਚੱਲ ਰਹੇ ਜੰਗ ਵਿਰੋਧੀ ਵਿਚਾਰਾਂ ਨਾਲ ਮੇਲਦਿਆਂ ਕਵਿਤਾਵਾਂ ਦੀ ਕਾਵਿਕਤਾ ਦੀ ਗਹਿਰਾਈ 'ਤੇ ਇਕ ਤਰੀਕੇ ਨਾਲ ਮੋਹਰ ਲਗਾਈ ਹੈ। ਇਸ ਮੌਕੇ ਡਾ. ਪਰਮਜੀਤ ਸਿੰਘ ਸੋਹਲ ਨੇ ਆਪਣੀ ਚੋਣਵੀਆਂ ਕਵਿਤਾਵਾਂ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ।ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਮੰਚ ਸੰਚਾਲਨ ਕਰਦਿਆਂ ਕਿਹਾ ਕਿ ਇਹ ਅਕਾਦਮੀ ਵੱਲੋਂ ਇਸ ਸੈਸ਼ਨ ਵਿੱਚ ਕਰਵਾਇਆ ਜਾਣ ਵਾਲਾ ਪਹਿਲਾ ਸੰਵਾਦ ਹੈ, ਜਿਹੜਾ ਬਕਾਇਦਾ ਇਹ ਸੋਚ ਕੇ ਯੋਜਨਾਬੱਧ ਕੀਤਾ ਗਿਆ ਕਿ ਇਸ ਦਾ ਪ੍ਰਸੰਗ ਆਲਮੀ ਜੰਗ ਦੇ ਖਤਰੇ ਨਾਲ ਜੁੜਦਾ ਹੈ।'ਕਾਲ ਨਾਚ' ਪੁਸਤਕ ਸੰਵਾਦ ਦੀ ਬਹਿਸ ਸ਼ੁਰੂ ਕਰਦਿਆਂ ਅਕਾਦਮੀ ਦੀ ਮੀਤ ਪ੍ਰਧਾਨ ਡਾ. ਅਰਵਿੰਦਰ ਕੌਰ ਕਾਕੜਾ ਨੇ ਕਿਹਾ ਕਿ ਜੰਗ ਦਾ ਖਾਸਾ ਜਮਾਤੀ ਹੁੰਦਾ ਹੈ।ਪੁਸਤਕ ਵਿੱਚ ਕਵੀ ਬਕਾਇਦਾ ਪੀੜਤ ਧਿਰ ਨਾਲ ਖੜਾ ਨਜ਼ਰ ਆਉਂਦਾ ਹੈ।ਮਨਦੀਪ ਕੌਰ ਭੰਮਰਾ ਨੇ ਕਿਹਾ ਕਿ ਇਹ ਮੁਲਕਾਂ ਦੀ ਆਪਸੀ ਆਲਮੀ ਜੰਗ ਵਿਚ ਸੌੜੇ ਹਿੱਤਾਂ ਹਿੱਤ ਕੀਤੇ ਜਾ ਰਹੇ ਕਹਿਰ ਦੀ ਬਹੁਤ ਦਰਦ ਭਿੰਨੀ ਕਾਵਿਕ ਗਾਥਾ ਹੈ।ਗੁਰਵਿੰਦਰ ਜੋਤ ਗੈਰੀ, ਪ੍ਰੋ. ਜਗਮੋਹਨ ਸਿੰਘ ਨੇ ਵੀ ਬਹਿਸ 'ਚ ਭਾਗ ਲਿਆ।ਇਸ ਮੌਕੇ ਸੰਖੇਪ ਕਵੀ ਦਰਬਾਰ ਵੀ ਹੋਇਆ, ਜਿਸ ਵਿਚ ਜਸਦੇਵ ਲਲਤੋਂ, ਅਮਰਜੀਤ ਸ਼ੇਰਪੁਰੀ, ਤ੍ਰੈਲੋਚਨ ਲੋਚੀ ਅਤੇ ਮਨਦੀਪ ਔਲਖ ਨੇ ਆਪਣੀਆਂ ਰਚਨਾਵਾਂ ਸਾਂਝੀਆਂ ਕੀਤੀਆਂ। ਸਮਾਗਮ ਦੇ ਅਖ਼ੀਰ 'ਚ ਡਾ. ਗੁਰਇਕਬਾਲ ਸਿੰਘ ਨੇ ਧੰਨਵਾਦ ਕੀਤਾ।

ਸਮਾਗਮ ਵਿਚ ਹੋਰਨਾਂ ਤੋਂ ਇਲਾਵਾ ਸੁਰਿੰਦਰ ਕੈਲੇ, ਡਾ. ਹਰੀ ਸਿੰਘ ਜਾਚਕ, ਕੇ. ਸਾਧੂ ਸਿੰਘ, ਮਨਜਿੰਦਰ ਸਿੰਘ ਧਨੋਆ, ਤ੍ਰੈਲੋਚਨ ਲੋਚੀ, ਦੀਪ ਜਗਦੀਪ ਸਿੰਘ, ਇੰਦਰਜੀਤ ਪਾਲ ਕੌਰ, ਸੁਰਿੰਦਰ ਦੀਪ, ਰਵਿੰਦਰ ਰਵੀ, ਤਰਲੋਚਨ ਝਾਂਡੇ, ਦਲੀਪ ਅਵਧ, ਮੀਤ ਅਨਮੋਲ, ਡਾ.ਗੁਰਪ੍ਰੀਤ ਰਤਨ, ਨਰੇਸ਼ ਗੌੜ, ਦਰਸ਼ਨ ਸਿੰਘ ਬੋਪਾਰਾਏ, ਵਿਜੈ ਕੁਮਾਰ ਦੱਤਾ, ਪਰਮਜੀਤ ਸਿੰਘ, ਹਰਬੰਸ ਸਿੰਘ, ਦਰਸ਼ਨ ਸਿੰਘ ਬਰਮਾਲੀਪੁਰ, ਸਤਨਾਮ ਸਿੰਘ, ਭੂਪਿੰਦਰ ਸਿੰਘ, ਦਾਨ ਸਿੰਘ, ਅਜੀਤ ਸਿੰਘ, ਗੁਰਜੀਤ ਸਿੰਘ, ਨਿਸ਼ਾ, ਅਮਨਦੀਪ ਕੌਰ ਸਮੇਤ ਕਾਫ਼ੀ ਗਿਣਤੀ ਵਿਚ ਲੇਖਕ ਤੇ ਸਰੋਤੇ ਸ਼ਾਮਲ ਸਨ।

# ਉੱਘੇ ਸਾਹਿਤਕਾਰ ਤੇਲੂ ਰਾਮ ਕੁਹਾੜਾ 'ਸਾਹਿਤ ਉਤਸਵ' 'ਚ ਸਨਮਾਨਤ



ਸਮਰਾਲਾ (ਸੁਰਜੀਤ ਸਿੰਘ)-ਪੰਜਾਬੀ ਸਾਹਿਤ ਜਗਤ ਵਿੱਚ ਵੱਡਾ ਨਾਂਅ ਰੱਖਣ ਵਾਲੇ ਤੇ ਇਸ ਇਲਾਕੇ ਦੇ ਮਾਣ-ਮੱਤੀ ਸ਼ਖ਼ਸੀਅਤ ਉੱਘੇ ਸਾਹਿਤਕਾਰ ਤੇ ਪੱਤਰਕਾਰ ਤੇਲੂ ਰਾਮ ਕੁਹਾੜਾ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਵੱਲੋਂ ਆਯੋਜਿਤ 12ਵੇਂ ਪੁਸਤਕ ਮੇਲੇ ਤੇ ਸਾਹਿਤ ਉਤਸਵ ਵਿੱਚ ਉਨ੍ਹਾਂ ਦੀ ਸਾਹਿਤ ਨੂੰ ਵਡਮੁੱਲੀ ਦੇਣ ਬਦਲੇ ਸਨਮਾਨਤ ਕੀਤਾ ਗਿਆ।ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਦੀ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਵੱਲੋਂ ਜਾਰੀ ਸਨਮਾਨ ਪੱਤਰ ਵਿਚ ਦੱਸਿਆ ਗਿਆ ਕਿ ਤੇਲੂ ਰਾਮ ਕੁਹਾੜਾ ਦੇ ਤਿੰਨ ਕਹਾਣੀ ਸੰਗ੍ਰਹਿ, ਜਿਨ੍ਹਾਂ ਵਿਚ 'ਰੰਗ ਬਦਲਦੇ ਮੌਸਮ', 'ਅਣਦੇਖੀ ਅੱਗ' ਤੇ 'ਆਖਰੀ ਕਤਾਰ ਦੇ ਯੋਧੇ', ਦੋ ਕਾਵਿ ਸੰਗ੍ਰਹਿ 'ਮਨ ਦੇ ਵਰਕੇ' ਤੇ 'ਲੂਹੀ ਲੂਹੀ ਜ਼ਿੰਦਗੀ', ਇੱਕ ਬਾਲ ਨਾਵਲ 'ਅਲੋਪ ਹੋ ਗਿਆ ਬਾਬਾ', ਸਵੈ ਜੀਵਨੀ 'ਜ਼ਿੰਦਗੀ ਦਾ ਮੇਲਾ', ਫਿਲਮ ਨਗਰੀ ਬਾਰੇ 'ਸ਼ਹਿਰ ਤੇ ਸਮੁੰਦਰ' ਤੇ ਸੱਚੀਆਂ ਕਹਾਣੀਆਂ ਦੀ ਕਿਤਾਬ 'ਭੁਲੱਕੜਨਾਮਾ' ਆਦਿ ਪ੍ਰਕਾਸ਼ਤ ਹੋ ਚੁੱਕੇ ਹਨ।ਇਸੇ ਤਰ੍ਹਾਂ ਪੰਜਾਬੀ ਫਿਲਮ 'ਰਾਂਝਣ ਮੇਰਾ ਯਾਰ' ਦੀ ਕਹਾਣੀ ਵੀ ਤੇਲੂ ਰਾਮ ਕੁਹਾੜਾ ਵੱਲੋਂ ਹੀ ਲਿਖੀ ਗਈ।ਡਾ. ਰਾਜਵੰਤ ਕੌਰ ਪੰਜਾਬੀ ਅਨੁਸਾਰ ਤੇਲੂ ਰਾਮ ਕੁਹਾੜਾ ਨੇ ਅਧਿਆਪਨ ਕਾਰਜ ਤੋਂ ਇਲਾਵਾ ਕਰੀਬ 30 ਸਾਲ ਪੱਤਰਕਾਰੀ ਵਿੱਚ ਵੀ ਵੱਡਾ ਨਾਮਣਾ ਖੱਟਿਆ।ਆਕਾਸ਼ਵਾਣੀ ਤੇ ਦੂਰਦਰਸ਼ਨ ਜਲੰਧਰ ਵਿੱਚ ਵੀ ਉਨ੍ਹਾਂ ਦੇ ਪ੍ਰੋਗਰਾਮ ਪ੍ਰਸਾਰਤ ਹੋਏ ਹਨ।ਇਸੇ ਤਾਂ ਬਹੁਤ ਸਾਰੀਆਂ ਸਾਹਿਤ ਸਭਾਵਾਂ ਵੱਲੋਂ ਉਨ੍ਹਾਂ ਨੂੰ ਸਮੇਂ ਸਮੇਂ 'ਤੇ ਸਨਮਾਨਤ ਕੀਤਾ ਗਿਆ ਹੈ।ਸਾਹਿਤ ਸਭਾ ਮਾਛੀਵਾੜਾ ਦੇ ਪ੍ਰਧਾਨ ਅਤੇ ਮਸ਼ਹੂਰ ਗ਼ਜ਼ਲਗੋ ਐੱਸ. ਨਸੀਮ ਨੇ ਕਿਹਾ ਕਿ ਤੇਲੂ ਰਾਮ ਕੁਹਾੜਾ ਨੂੰ ਪੰਜਾਬੀ ਭਾਸ਼ਾ ਦੀ ਅਲੰਬਰਦਾਰ ਸਿੱਖਿਆ ਸੰਸਥਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਸਨਮਾਨਿਆਂ ਜਾਣਾ ਪੰਜਾਬੀ ਸਾਹਿਤ ਜਗਤ ਲਈ ਫ਼ਖ਼ਰ ਵਾਲੀ ਗੱਲ ਹੈ।ਇਸੇ ਤਰ੍ਹਾਂ ਐਡਵੋਕੇਟ ਦਲਜੀਤ ਸ਼ਾਹੀ, ਪ੍ਰਿੰਸੀਪਲ ਪਰਮਿੰਦਰ ਸਿੰਘ ਬੈਨੀਪਾਲ, ਨਾਵਲਕਾਰ ਰਾਮ ਸਰੂਪ ਰਿਖੀ, ਨਿਰੰਜਨ ਸੂਖਮ, ਪੰਜਾਬੀ ਸਾਹਿਤ ਸਭਾ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਸਮੇਤ ਇਲਾਕੇ ਦੀਆਂ ਸਾਹਿਤ ਸਭਾਵਾਂ ਨੇ ਤੇਲੂ ਰਾਮ ਕੁਹਾੜਾ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਸਨਮਾਨਤ ਕਰਨ 'ਤੇ ਖ਼ੁਸ਼ੀ ਦਾ ਇਜ਼ਹਾਰ ਕੀਤਾ ਹੈ।

## ਲੇਬਰ ਯੂਨੀਅਨ ਵੱਲੋਂ ਮੰਗਾਂ ਨਾ ਮੰਨਣ 'ਤੇ ਤਿੱਖੇ ਸੰਘਰਸ਼ ਦਾ ਐਲਾਨ



**ਜਗਰਾਉਂ (ਸੰਜੀਵ ਅਰੋੜਾ)**-ਲੇਬਰ ਯੂਨੀਅਨ ਦੇ ਦਫ਼ਤਰ ਵਿਖੇ ਪੂਰੇ ਪੰਜਾਬ ਦੀਆਂ ਪ੍ਰਮੁੱਖ ਛੇ ਪੱਲੇਦਾਰ ਜਥੇਬੰਦੀਆਂ ਦੀ ਸੰਘਰਸ਼ ਕਮੇਟੀ ਦੇ ਮੈਂਬਰਾਂ ਦੀ ਮੀਟਿੰਗ ਹੋਈ, ਜਿਸ 'ਚ ਪੰਜਾਬ ਸਰਕਾਰ ਵੱਲੋਂ ਜਾਰੀ ਕੀਤ ਮੀਮੋ ਜਾਰੀ ਕੀਤਾ ਗਿਆ ਸੀ, ਜਿਸ 'ਚ ਲੇਬਰ ਯੂਨੀਅਨਾਂ ਨਾਲ ਕੀਤੇ ਵਾਅਦੇ ਮੁਤਾਬਿਕ ਨਾ ਮਾਤਰ ਹੀ ਰੇਟਾਂ ਵਿਚ ਵਾਧਾ ਕੀਤਾ ਗਿਆ ਹੈ। ਪੱਲੇਦਾਰ ਯੂਨੀਅਨਾਂ ਦੀ ਸੰਘਰਸ਼ ਕਮੇਟੀ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਆਉਣ ਵਾਲੇ ਸਮੇਂ 'ਚ ਦਿੱਤੇ ਗਏ ਮੰਗ ਪੱਤਰਾਂ ਅਨੁਸਾਰ ਲਟਕਦੀਆਂ ਆ ਰਹੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਪੰਜਾਬ ਦਾ ਪੱਲੇਦਾਰ ਮਜ਼ਦੂਰ ਮਜਬੂਰਨ ਸੰਘਰਸ਼ ਦਾ ਰਾਸਤਾ ਅਖਤਿਆਰ ਕਰੇਗਾ ਤੇ ਆਉਣ ਵਾਲੀ 16 ਅਪ੍ਰੈਲ ਨੂੰ ਕਣਕ ਦੇ ਸੀਜਨ ਵਿਚ ਅਨਾਜ ਦੀ ਢੋਆ ਢੁਆਈ ਦਾ ਕੰਮ ਮੁਕੰਮਲ ਤੌਰ 'ਤੇ ਬੰਦ ਕਰ ਦਿੱਤਾ ਜਾਵੇਗਾ ਤੇ ਇਸ ਦੀ ਜ਼ਿੰਮੇਵਾਰੀ ਪੰਜਾਬ ਦੇ ਫੂਡ ਮਹਿਕਮੇ ਤੇ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਰਮੇਸ਼ ਕੁਮਾਰ ਮੇਸ਼ੀ ਸਹੋਤਾ, ਖੁਸ਼ੀ ਮੁਹੰਮਦ ਮਾਲੇਰਕੋਟਲਾ, ਸ਼ਿੰਦਰਪਾਲ ਸਿੰਘ ਬੁਢਲਾਡਾ, ਅਵਤਾਰ ਸਿੰਘ ਕਲਿਆਣ, ਕਰਮ ਦਿਉਲ ਅਹਿਮਗੜ੍ਹ ਤੇ ਹਰਦੇਵ ਸਿੰਘ ਗੋਲੀ ਅੰਮ੍ਰਿਤਸਰ ਆਦਿ ਹਾਜ਼ਰ ਸਨ।

## ਕੰਪਿਊਟਰਾਇਜ਼ਡ ਜਨਮ ਸਰਟੀਫਿਕੇਟ ਦੀ ਸ਼ਰਤ ਵਾਪਸ ਲਵੇ ਬੋਰਡ : ਡੀ ਟੀ ਐੱਫ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਦਿਆਰਥੀਆਂ ਦੇ ਦਾਖ਼ਲੇ 'ਤੇ ਲਗਾਏ ਗਏ ਨਵੇਂ ਨਿਯਮਾਂ ਕਾਰਨ ਵਿਦਿਆਰਥੀਆਂ ਦਾ ਭਵਿੱਖ ਖਤਰੇ 'ਚ ਪੈਂਦਾ ਦਿਖਾਈ ਦਿੰਦਾ ਹੈ।ਇਸ ਬਾਰੇ ਗੱਲਬਾਤ ਕਰਦਿਆਂ ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ 'ਚ ਡੀ ਟੀ ਐੱਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਨੌਵੀਂ ਜਮਾਤ 'ਚ ਦਾਖਲਾ ਲੈਣ ਲਈ ਵਿਦਿਆਰਥੀ ਕੋਲ ਸੁਵਿਧਾ ਕੇਂਦਰ ਵੱਲੋਂ ਜਾਰੀ ਕੀਤਾ ਕੰਪਿਊਟਰਾਇਜ਼ਡ ਜਨਮ ਸਰਟੀਫਿਕੇਟ ਹੋਣਾ ਜ਼ਰੂਰੀ ਹੈ, ਜਿਸ ਨਾਲ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਦੀਆਂ ਪ੍ਰੇਸ਼ਾਨੀਆਂ ਵਧ ਜਾਣਗੀਆਂ ਤੇ ਵਿਦਿਆਰਥੀ ਦਾਖਲਾ ਲੈਣ ਤੋਂ ਵਾਂਝੇ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਇਹ ਫ਼ੈਸਲਾ ਜ਼ਮੀਨੀ ਪੱਧਰ ਦੀਆਂ ਹਾਲਤਾਂ ਦੇ ਬਿਲਕੁਲ ਵੀ ਅਨੁਕੂਲ ਨਹੀਂ ਹੈ, ਕਿਉਂਕਿ ਬਹੁਤ ਸਾਰੇ ਬੱਚਿਆਂ ਕੋਲ ਜਨਮ ਸਰਟੀਫਿਕੇਟ ਨਹੀਂ ਹੈ ਤੇ ਬਹੁਤਿਆਂ ਕੋਲ ਹਸਪਤਾਲ ਜਾਂ ਕਿਸੇ ਹੋਰ ਸੰਸਥਾ ਵੱਲੋਂ ਹੱਥ ਲਿਖਤ ਜਨਮ ਸਰਟੀਫਿਕੇਟ ਵੀ ਹਨ। ਆਗੂਆਂ ਨੇ ਕਿਹਾ ਕਿ ਇਸ ਫੈਸਲੇ ਨਾਲ ਸਰਕਾਰੀ ਸਕੂਲਾਂ ਦੇ ਦਾਖਲੇ ਘਟਣ ਦਾ ਖਦਸ਼ਾ ਵੀ ਪੈਦਾ ਹੋ ਗਿਆ ਹੈ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬਹਿਣੀਵਾਲ, ਮੀਤ ਪ੍ਰਧਾਨ ਨਵੀਨ ਗੋਇਲ ਬੋਹਾ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਬੋਰਡ ਦੇ ਇਸ ਫੈਸਲੇ ਨਾਲ ਵਿਦਿਆਰਥੀਆਂ ਤੇ ਮਾਪਿਆਂ ਦੀ ਖੱਜਲ ਖੁਆਰੀ ਅਤੇ ਮੁਸ਼ਕਲਾਂ ਵੀ ਵਧ ਜਾਣਗੀਆਂ। ਉਹ ਦਾਖਲਾ ਲੈਣ ਦੇ ਦਿਨਾਂ 'ਚ ਸੁਵਿਧਾ ਕੇਂਦਰਾਂ ਦੀਆਂ ਲਾਇਨਾਂ ਵਿੱਚ ਖੜ ਕੇ ਖੱਜਲ ਖੁਆਰ ਹੋਣਗੇ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜ੍ਹਾਵਾਲ, ਹਰਫੂਲ ਸਿੰਘ, ਰਾਜਿੰਦਰਪਾਲ ਸਿੰਘ ਆਗੂਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਅਪੀਲ ਕੀਤੀ ਕਿ ਇਹ ਬੇਤੁਕਾ ਫ਼ੈਸਲਾ ਤੁਰੰਤ ਵਾਪਿਸ ਲਿਆ ਜਾਵੇ। ਇਸ ਮੌਕੇ ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ, ਕੁਲਦੀਪ ਅੱਕਾਂਵਾਲੀ, ਜਰਨੈਲ ਬੋਹਾ, ਸੰਦੀਪ ਚਹਿਲ ਉਡਤ, ਗੁਰਮੇਲ ਸਿੰਘ ਬੋਹਾ, ਅਜੈ ਕੁਮਾਰ ਬੋਹਾ, ਪ੍ਰਸ਼ੋਤਮ ਜੰਡੂ, ਕੁਲਜੀਤ ਪਾਠਕ, ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਨਰੰਜਣ ਮਾਨਸਾ ਬਲਕਾਰ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਵਿਧਾਇਕ ਬਾਜ਼ੀਗਰ ਵੱਲੋਂ ਨਵੇਂ ਦਫਤਰ ਦਾ ਉਦਘਾਟਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਆਪਣੇ ਨਵੇਂ ਬਣਾਏ ਗਏ ਦਫਤਰ ਦੇ ਉਘਾਟਨ ਦੇ ਸਬੰਧ ਵਿੱਚ ਸ੍ਰੀ ਆਖੰਡ ਸਾਹਿਬ ਕਰਵਾਏ ਗਏ, ਜਿਸ ਦੇ ਭੋਗ ਸਮੇਂ ਵੱਡੀ ਗਿਣਤੀ ਵਿੱਚ ਹਲਕੇ ਦੀ ਸੰਗਤ ਵੱਲੋਂ ਸ਼ਮੂਲੀਅਤ ਕੀਤੀ ਗਈ, ਉੱਥੇ ਹੀ ਸਾਬਕਾ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵਿਧਾਇਕ ਹਲਕਾ ਸਮਾਣਾ ਵੱਲੋਂ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ ਗਈ।ਭੋਗ ਉਪਰੰਤ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਤੇ ਭਾਈ ਹਰਦੀਪ ਸਿੰਘ ਕਥਾ ਵਾਚਕ ਵੱਲੋਂ ਗੁਰੂ ਸਾਹਿਬਾਨ ਦਾ ਇਤਿਹਾਸ ਸੁਣਾਇਆ ਗਿਆ।ਇਸ ਮੌਕੇ ਵਿਧਾਇਕ ਕਲਵੰਤ ਸਿੰਘ ਬਾਜ਼ੀਗਰ ਨੇ ਆਈ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੇਰੇ ਵੱਲੋਂ ਸੋਸ਼ਲ ਮੀਡੀਆ 'ਤੇ ਭੇਜੇ ਗਏ ਸੱਦੇ 'ਤੇ ਜਿਸ ਤਰ੍ਹਾਂ ਵੱਡੀ ਗਿਣਤੀ ਵਿੱਚ ਹਲਕੇ ਦੇ ਲੋਕ ਪੁੱਜੇ ਹਨ, ਮੈਂ ਤੇ ਮੇਰਾ ਪਰਿਵਾਰ ਇਨ੍ਹਾਂ ਦਾ ਸਦਾ ਰਿਣੀ ਰਹੇਗਾ।ਇਸ ਮੌਕੇ ਸਟੇਜ ਸਕੱਤਰ ਵਜੋਂ ਜ਼ੁੰਮੇਵਾਰੀ ਕੁਲਦੀਪ ਸਿੰਘ ਥਿੰਦ ਮੈਂਬਰ ਕੰਬੋਜ ਭਲਾਈ ਬੋਰਡ ਵੱਲੋਂ ਵਧੀਆ ਢੰਗ ਨਾਲ ਨਿਭਾਈ ਗਈ।ਇਸ ਮੌਕੇ ਗੁਰੂ ਤੇਗ ਬਹਾਦਰ ਐਜੂਕੇਸ਼ਨ ਬੋਰਡ ਦੇ ਚੇਅਰਮੈਨ ਸੁਖਜੀਤ ਸਿੰਘ ਹੈਪੀ ਕਾਲੇਕਾ, ਕਰਮਜੀਤ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਰਣਜੀਤ ਸਿੰਘ ਵਿਰਕ ਡਰੌਲੀ ਪ੍ਰਧਾਨ ਟਰੱਕ ਯੂਨੀਅਨ, ਅੰਮ੍ਰਿਤ ਪਾਲ ਸਿੰਘ ਕਾਲੇਕਾ ਸਾਬਕਾ ਪ੍ਰਧਾਨ, ਮਹਿੰਗਾ ਸਿੰਘ ਬਰਾੜ ਚੇਅਰਮੈਨ ਮਾਰਕਿਟ ਕਮੇਟੀ, ਕੁਲਦੀਪ ਸਿੰਘ ਬਿੱਟੂ ਬਿਦੇਸ਼ਾ ਪ੍ਰਧਾਨ ਕਾਰ ਡੀਲਰ ਐਸੋਈਏਸ਼ਨ, ਤੇਜਪਾਲ ਸ਼ਰਮਾ ਪ੍ਰਧਾਨ ਆੜ੍ਹਤੀ ਐਸੋਈਏਸ਼ਨ, ਸੁਖਪਾਲ ਸਿੰਘ ਆਗ ਕਾਰ ਡੀਲਰ ਐਸੋਈਏਸ਼ਨ, ਰਣਵੀਰ ਸਿੰਘ ਪ੍ਰਧਾਨ ਨਗਰ ਕੌਂਸਲ, ਪ੍ਰੇਮ ਗੁਪਤਾ ਸਬਕਾ ਪ੍ਰਧਾਨ ਤੇ ਹੋਰ ਆਗੂ ਮੌਜੂਦ ਸਨ।

## ਏ ਐੱਸ ਕਾਲਜ ਵਿਖੇ ਕਨਵੋਕੇਸ਼ਨ ਸਮਾਰੋਹ, 418 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ




**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਏ ਐੱਸ ਕਾਲਜ ਖੰਨਾ ਵਿੱਚ ਸੈਸ਼ਨ 2019-20, 2020-21 ਤੇ 2021-22 ਦੇ ਵਿਦਿਆਰਥੀਆਂ ਲਈ ਕਨਵੋਕੇਸ਼ਨ ਸਮਾਰੋਹ ਬੜੀ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ।ਇਸ ਮੌਕੇ ਗੁਰੂਗ੍ਰਾਮ ਯੂਨੀਵਰਸਿਟੀ ਦੇ ਉਪਕੁਲਪਤੀ ਪ੍ਰੋ. ਡਾ. ਸੰਜੇ ਕੌਸ਼ਿਕ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਰੋਹ ਦੀ ਸ਼ੁਰੂਆਤ ਰਾਸ਼ਟਰੀ ਗੀਤ ਤੇ ਸਰਸਵਤੀ ਵੰਧਨਾ ਨਾਲ ਹੋਈ।ਕਾਲਜ ਦੇ ਪ੍ਰਿੰਸੀਪਲ ਡਾ. ਕੇ. ਕੇ. ਸ਼ਰਮਾ ਨੇ ਮੁੱਖ ਮਹਿਮਾਨ ਤੇ ਹੋਰ ਸਨਮਾਨਤ ਅਤਿਥੀਆਂ ਦਾ ਸਵਾਗਤ ਕਰਦਿਆਂ ਕਾਲਜ ਦੀ ਸਾਲਾਨਾ ਅਕਾਦਮਿਕ ਰਿਪੋਰਟ ਪੇਸ਼ ਕੀਤੀ।ਇਸ ਮੌਕੇ ਪ੍ਰੋ. ਡਾ. ਸੰਜੇ ਕੌਸ਼ਿਕ ਵੱਲੋਂ ਵੱਖ-ਵੱਖ ਸੈਸ਼ਨਾਂ ਦੇ ਗ੍ਰੈਜੂਏਸ਼ਨ ਤੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਨੂੰ ਕੁੱਲ 418 ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਕੜੀ ਮਿਹਨਤ ਤੇ ਨਿਸ਼ਠਾ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸਮਾਰੋਹ ਵਿੱਚ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੰਜੀਵ ਧਮੀਜਾ, ਉਪ-ਪ੍ਰਧਾਨ ਨਵੀਨ ਥੰਮਨ, ਜਨਰਲ ਸਕੱਤਰ ਰਾਜੇਸ਼ ਡਾਲੀ, ਸਾਂਝੇ ਸਕੱਤਰ ਜਤਿੰਦਰ ਦੇਵਗਨ ਤੇ ਕਾਲਜ ਸਕੱਤਰ ਅਜੇ ਸੂਦ ਸਮੇਤ ਹੋਰ ਕਈ ਮੋਹਤਬਰ ਵਿਅਕਤੀਆਂ ਨੇ ਹਾਜ਼ਰੀ ਭਰੀ।ਇਸ ਸਮਾਗਮ ਦੀ ਕਰਵਾਈ ਡਾ. ਮਨੂ ਵਰਮਾ ਵੱਲੋਂ ਚਲਾਈ ਗਈ।ਅੰਤ ਵਿੱਚ ਪ੍ਰਧਾਨ ਸੰਜੀਵ ਧਮੀਜਾ ਨੇ ਮੁੱਖ ਮਹਿਮਾਨ, ਅਤਿਥੀਆਂ ਤੇ ਸਟਾਫ ਦਾ ਧੰਨਵਾਦ ਕੀਤਾ ਅਤੇ ਡੀਨ ਅਕੈਡਮਿਕਸ ਡਾ. ਬਲਵਿੰਦਰ ਕੁਮਾਰ ਅਗਰਵਾਲ ਤੇ ਉਨ੍ਹਾਂ ਦੀ ਟੀਮ ਦੇ ਯਤਨਾਂ ਦੀ ਪ੍ਰਸੰਸਾ ਕੀਤੀ।ਇਸ ਮੌਕੇ ਕਾਲਜ ਪ੍ਰਬੰਧਨ ਵੱਲੋਂ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਭਾਰਤੀ ਜਨਤਾ ਪਾਰਟੀ ਦਾ ਸਥਾਪਨਾ ਦਿਵਸ ਮਨਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਭਾਰਤੀ ਜਨਤਾ ਪਾਰਟੀ ਦੇ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਦਿਵਿਆਂਗ ਸ਼ਕਤੀ ਸੈੱਲ ਭਾਜਪਾ ਪੰਜਾਬ ਦੇ ਕਨਵੀਨਰ ਡਾ. ਰਾਜੀਵ ਆਹੂਜਾ ਦੀ ਅਗਵਾਈ ਹੇਠ ਭਾਜਪਾ ਦਾ ਸਥਾਪਨਾ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਭਾਰਤੀ ਜਨਤਾ ਪਾਰਟੀ ਦੀ ਸਥਾਪਨਾ ਦਿਵਸ ਦੀ ਖੁਸ਼ੀ ਵਿੱਚ ਲੱਡੂ ਵੰਡੇ ਗਏ।ਇਸ ਮੌਕੇ ਦਿਵਿਆਂਗ ਸ਼ਕਤੀ ਸੈੱਲ ਭਾਜਪਾ ਪੰਜਾਬ ਦੇ ਕਨਵੀਨਰ ਡਾ. ਰਾਜੀਵ ਆਹੂਜਾ ਨੇ ਦੇਸ਼ ਵਾਸੀਆਂ ਨੂੰ ਭਾਰਤੀ ਜਨਤਾ ਪਾਰਟੀ ਦੇ ਸਥਾਪਨਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਸਥਾਪਨਾ 6 ਅਪ੍ਰੈਲ 1980 ਨੂੰ ਭਾਰਤੀ ਰਾਜਨੀਤੀ ਤੇ ਦੇਸ਼ ਨੂੰ ਇਕ ਨਵੀਂ ਦਿਸ਼ਾ ਦੇਣ ਲਈ ਕੀਤੀ ਗਈ ਸੀ।ਦੇਸ਼ ਅੰਦਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਯੋਗ ਅਗਵਾਈ ਹੇਠ ਦੇਸ਼ ਨੂੰ ਉੱਨਤੀ ਵੱਲ ਲੈ ਕੇ ਜਾ ਰਹੀ ਹੈ।ਇਸ ਮੌਕੇ ਡਾ. ਬਲਦੇਵ ਸਿੰਘ ਸਰਹਾਲੀ ਮੰਡਲ ਪ੍ਰਧਾਨ ਫਤਿਹਗੜ੍ਹ ਸਭਰਾ, ਗੁਰਬਚਨ ਸਿੰਘ ਝਾਮਕਾ ਸਾਬਕਾ ਮੰਡਲ ਪ੍ਰਧਾਨ ਮੱਖੂ, ਗੁਰਦੇਵ ਸਿੰਘ ਕਾਨਗੋ ਜਨਰਲ ਸਕੱਤਰ, ਅਮਿਤ ਅਰੋੜਾ ਸੈਕਟਰੀ, ਅਨਮੋਲ ਚੋਪੜਾ ਜਨਰਲ ਸਕੱਤਰ ਫਿਰੋਜ਼ਪੁਰ, ਲਵਦੀਪ ਸਿੰਘ, ਬੰਟੀ, ਕੁਲਵਿੰਦਰ ਸਿੰਘ, ਜਰਨੈਲ ਸਿੰਘ, ਕਸ਼ਮੀਰ ਸਿੰਘ, ਸਤਪਾਲ ਦੂਆ, ਸਰਵਨ ਸਿੰਘ, ਹਰਮਨ ਸਿੰਘ, ਗਗਨਦੀਪ ਢਿੱਲੋਂ ਆਦਿ ਆਗੂ ਹਾਜ਼ਰ ਸਨ।

# ਕਸਾਈਆਂ ਵਾਲੀ ਛੁਰੀ ਨਾਲ ਹਮਲਾ ਕਰਕੇ ਇੱਕ ਨੌਜਵਾਨ ਦਾ ਕਤਲ, ਇੱਕ ਜ਼ਖਮੀ

### ■ ਪੁਲਸ ਮਾਮਲੇ ਦੀ ਜਾਂਚ 'ਚ ਜੁਟੀ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਲੰਘੀ ਰਾਤ 11 ਵਜੇ ਦੇ ਕਰੀਬ ਸਥਾਨਕ ਬਸ ਸਟੈਂਡ ਦੇ ਪਿੱਛੇ ਐੱਚ. ਪੀ. ਪੈਟਰੋਲ ਪੰਪ ਨੇੜੇ ਦੋ ਵਿਅਕਤੀਆਂ ਨੇ ਕਸਾਈਆਂ ਦੇ ਪਸ਼ੂ ਕੱਟਣ ਵਾਲੇ ਤੇਜ਼ਧਾਰ ਹਥਿਆਰ ਛੁਰੀ ਨਾਲ ਹਮਲਾ ਕਰਕੇ ਦੋ ਨੌਜਵਾਨਾਂ ਨੂੰ ਜ਼ਖ਼ਮੀ ਕਰ ਦਿੱਤਾ ਤੇ ਮੌਕੇ ਤੋਂ ਹਥਿਆਰ ਸਮੇਤ ਫਰਾਰ ਹੋ ਗਏ।ਜ਼ਖ਼ਮੀਆਂ 'ਚੋਂ ਇੱਕ ਨੌਜਵਾਨ ਸ਼ਹਿਬਾਜ਼ ਮੁਹੰਮਦ ਪੁੱਤਰ ਮੁਹੰਮਦ ਸ਼ਬੀਰ ਵਾਸੀ ਮੁਹੱਲਾ ਚੋਰ ਮਾਰਾ ਮਾਲੇਰਕੋਟਲਾ ਦੀ ਅੱਜ ਸਵੱਖਤੇ ਕਰੀਬ ਤਿੰਨ ਵਜੇ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਇਲਾਜ ਦੌਰਾਨ ਮੌਤ ਹੋ ਗਈ, ਜਦਕਿ ਦੂਜਾ ਜ਼ਖ਼ਮੀ ਵਿਅਕਤੀ ਮੁਹੰਮਦ ਯੂਸਫ ਪੁੱਤਰ ਮੁਹੰਮਦ ਸਰੋਜ ਵਾਸੀ ਇੰਨਸਾਈਡ ਦਿੱਲੀ ਗੇਟ ਮੁਹੱਲਾ ਨਵਾਬ ਖਾਂ ਮਾਲੇਰਕੋਟਲਾ ਪਟਿਆਲਾ ਹਸਪਤਾਲ ਵਿਖੇ ਜ਼ੇਰੇ ਇਲਾਜ ਹੈ।ਮ੍ਰਿਤਕ ਲੜਕਾ ਤੇ ਕਾਤਲ ਦੋਵੇਂ ਆਪਸ 'ਚ ਕਥਿਤ ਰਿਸ਼ਤੇਦਾਰ ਦੱਸੇ ਜਾਂਦੇ ਹਨ।

ਜ਼ੇਰੇ ਇਲਾਜ ਜ਼ਖਮੀ ਮੁਹੰਮਦ ਯੂਸਫ ਪੁੱਤਰ ਮੁਹੰਮਦ ਸਰੋਜ ਨੇ ਪੁਲਸ ਪਾਸ ਦਰਜ ਕਰਵਾਏ ਗਏ ਆਪਣੇ ਬਿਆਨਾਂ 'ਚ ਦੱਸਿਆ ਕਿ ਲੰਘੀ ਰਾਤ 11 ਵਜੇ ਦੇ ਕਰੀਬ ਮੈਂ ਆਪਣੀ ਭੂਆ ਦੇ ਲੜਕੇ ਸਹਿਬਾਜ਼ ਮੁਹੰਮਦ ਜੋ ਕਿ ਪੇਂਟਰ ਦਾ ਕੰਮ ਕਰਦਾ ਹੈ, ਸਮੇਤ ਆਪਣੇ ਦੋਸਤ ਅਲਮਦਾਰ ਹੁਸੈਨ ਉਰਫ ਬਾਬੂ ਪੁੱਤਰ ਹੁਸੈਨ ਅਲੀ ਵਾਸੀ ਮੁਹੱਲਾ ਖੋਜਗਾਨ ਨੇੜੇ ਪਿੱਪਲ ਵਾਲਾ ਚੌਕ ਮਾਲੇਰਕੋਟਲਾ ਤੇ ਮੁਹੰਮਦ ਸਾਹਿਲ (ਪੁਲਸ ਮੁਲਾਜ਼ਮ) ਪੁੱਤਰ ਮੁਹੰਮਦ ਫਾਰੂਕ ਵਾਸੀ ਜੁਝਾਰ ਨਗਰ ਮਾਲੇਰਕੋਟਲਾ ਇੱਕਠੇ ਹੀ ਬੱਸ ਸਟੈਂਡ ਦੇ ਪਿੱਛੇ ਸਥਿਤ ਪੈਟਰੋਲ ਪੰਪ ਨੇੜੇ ਗੱਡੀ ਖੜ੍ਹੀ ਕਰਕੇ ਸ਼ਹਿਬਾਜ਼ ਮੁਹੰਮਦ ਦੇ ਘਰ ਨੂੰ ਜਾ ਰਹੇ ਸੀ ਤਾਂ ਅਚਾਨਕ ਬਸ ਸਟੈਂਡ ਵੱਲ ਤੋਂ ਮੁਹੰਮਦ ਸਲਮਾਨ ਉਰਫ ਲਾਲਾ ਪੁੱਤਰ ਮੁਹੰਮਦ ਯਾਸੀਨ ਵਾਸੀ ਮੁਹੱਲਾ ਅਗਰ-ਨਗਰ ਮਾਲੇਰਕੋਟਲਾ ਤੇ ਉਸ ਦਾ ਦੋਸਤ ਰਿਹਾਨ ਪੁੱਤਰ ਅਨਵਰ ਉਰਫ ਝਾਊ ਵਾਸੀ ਮੁਹੱਲਾ ਚੋਰ ਮਾਰਾ ਮੋਟਰਸਾਈਕਲ 'ਤੇ ਸਵਾਰ ਹੋ ਕੇ ਸਾਡੇ ਪਿੱਛੇ ਆ ਗਏ।ਤੇਜ਼ਧਾਰ ਹਥਿਆਰ ਨਾਲ ਲੈੱਸ ਮੁਹੰਮਦ ਸਲਮਾਨ ਲਾਲਾ ਤੇ ਰਿਹਾਨ ਦੋਵਾਂ ਨੇ ਆਉਂਦਿਆਂ ਹੀ ਮੋਟਰਸਾਈਕਲ ਖੜ੍ਹਾ ਕਰਨ ਉਪਰੰਤ ਕਥਿਤ ਬੁਰਾ-ਭਲਾ ਬੋਲਦੇ ਹੋਏ ਸ਼ਹਿਬਾਜ਼ ਮੁਹੰਮਦ ਨੂੰ ਫੜ ਲਿਆ।ਇਸ ਦੌਰਾਨ ਸਲਮਾਨ ਲਾਲਾ ਉਕਤ ਨੇ ਸ਼ਹਿਬਾਜ਼ ਮੁਹੰਮਦ ਦੇ ਗਲੇ 'ਚ ਬਾਂਹ ਪਾ ਕੇ ਆਪਣੇ ਹੱਥ 'ਚ ਫੜ੍ਹੀ ਹੋਈ ਕਸਾਈਆਂ ਦੇ ਪਸ਼ੂ ਕੱਟਣ



ਵਾਲੀ ਤੇਜ਼ਧਾਰ ਛੁਰੀ ਨਾਲ ਉਸ 'ਤੇ ਕਈ ਵਾਰ ਕੀਤੇ।ਇਸ ਦੌਰਾਨ ਫਿਰ ਮੈਂ ਤੇ ਮੇਰਾ ਦੋਸਤ ਜਦੋਂ ਅਸੀਂ ਉਕਤ ਹਮਲਾਵਰ ਵਿਅਕਤੀਆਂ ਤੋਂ ਛੁਡਾਉਣ ਲੱਗੇ ਤਾਂ ਮੁਹੰਮਦ ਸਲਮਾਨ ਉਰਫ ਲਾਲਾ ਨੇ ਮੇਰੇ ਸੱਜੇ ਹੱਥ 'ਤੇ ਛੁਰੀ ਨਾਲ ਵਾਰ ਕਰ ਦਿੱਤਾ, ਜਦੋਂ ਮੈਂ ਬਚਾਓ ਲਈ ਰੌਲਾ ਪਾਇਆ ਤਾਂ ਉਕਤ ਦੋਵੇਂ ਹਮਲਾਵਰ ਸਲਮਾਨ ਲਾਲਾ ਤੇ ਰਿਹਾਨ ਹਥਿਆਰਾਂ ਸਮੇਤ ਮੌਕੇ ਤੋਂ ਫਰਾਰ ਹੋ ਗਏ।ਖੂਨ ਨਾਲ ਲੱਥਪੱਥ ਸਾਨੂੰ ਦੋਵਾਂ ਨੂੰ ਘਟਨਾ ਸਥਾਨ ਤੋਂ ਸਾਡੇ ਦੋਸਤ ਅਲਮਦਾਰ ਹੁਸੈਨ ਉਰਫ ਬਾਬੂ ਤੇ ਸ਼ਮਸੇਰ ਅਲੀ ਪੁੱਤਰ ਗੁਲਾਮ ਰਸੂਲ ਨੇ ਇਲਾਜ ਲਈ ਸਥਾਨਕ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ, ਜਿੱਥੋਂ ਡਾਕਟਰਾਂ ਨੇ ਸਾਡੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਫਰ ਕਰ ਦਿੱਤਾ, ਜਿੱਥੇ ਗੰਭੀਰ ਜ਼ਖਮਾਂ ਦੀ ਤਾਬ ਨਾ ਝੱਲਦੇ ਹੋਏ ਇਲਾਜ ਦੌਰਾਨ ਅੱਜ ਸਵੇਰੇ ਕਰੀਬ 3 ਵਜੇ ਸਹਿਬਾਜ ਮੁਹੰਮਦ ਨੇ ਦਮ ਤੋੜ ਦਿੱਤਾ।ਖਬਰ ਲਿਖੇ ਜਾਣ ਤੱਕ ਮ੍ਰਿਤਕ ਦਾ ਪੋਸਟ ਮਾਰਟਮ ਨਹੀਂ ਸੀ ਹੋ ਸਕਿਆ, ਫਿਲਹਾਲ ਮਾਲੇਰਕੋਟਲਾ ਥਾਣਾ ਸਿਟੀ-1 ਦੀ ਪੁਲਸ ਨੇ ਮੁਹੰਮਦ ਯੂਸਫ ਦੇ ਬਿਆਨ ਦਰਜ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਜਮਹੂਰੀ ਅਧਿਕਾਰ ਸਭਾ ਦੀ ਮੀਟਿੰਗ 'ਚ ਅਗਲੇ ਪ੍ਰੋਗਰਾਮ ਉਲੀਕੇ

**ਲੁਧਿਆਣਾ (ਸਤੀਸ਼ ਸਚਦੇਵਾ)**-ਸਥਾਨਕ ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਜਮਹੂਰੀ ਅਧਿਕਾਰ ਸਭਾ, ਪੰਜਾਬ (ਜ਼ਿਲ੍ਹਾ ਲੁਧਿਆਣਾ) ਦੀ ਮੀਟਿੰਗ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਜ਼ੀਰਖ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਭਾ ਵੱਲੋਂ ਅਗਲੇਰੇ ਪ੍ਰੋਗਰਾਮਾਂ ਬਾਰੇ ਵਿਚਾਰ ਚਰਚਾ ਕੀਤੀ ਗਈ।ਸਭਾ ਦੇ ਸੂਬਾ ਪ੍ਰਧਾਨ ਪ੍ਰੋ. ਜਗਮੋਹਨ ਸਿੰਘ ਵੱਲੋਂ ਇਸ ਮੌਕੇ ਦੇਸ਼ ਵਿੱਚ ਮਨੁੱਖੀ ਅਧਿਕਾਰਾਂ ਦੇ ਹੋ ਰਹੇ ਘਾਣ ਬਾਰੇ ਵਿਚਾਰ ਸਾਂਝੇ ਕੀਤੇ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਜ਼ੀਰਖ ਤੇ ਸਕੱਤਰ ਅਜਮੇਰ ਦਾਖਾ ਨੇ ਦੱਸਿਆ ਕਿ ਲਗਾਤਾਰ ਜਮਹੂਰੀ ਹੱਕਾਂ ਦੇ ਹੋ ਘਾਣ ਅਤੇ ਜਮਹੂਰੀ ਕਾਰਕੁਨਾਂ ਨੂੰ ਲਗਾਤਾਰ ਝੂਠੇ ਕੇਸਾਂ ਵਿੱਚ ਫਸਾਉਣ ਨੂੰ ਦੇਖਦੇ ਹੋਏ ਜਮਹੂਰੀ ਹੱਕਾਂ ਤੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਜਮਹੂਰੀ ਅਧਿਕਾਰ ਸਭਾ ਪੰਜਾਬ ਵੱਲੋਂ ਸੂਬਾ ਪੱਧਰੀ ਵਰਕਸ਼ਾਪ 19 ਅਪ੍ਰੈਲ ਨੂੰ ਲੁਧਿਆਣਾ ਵਿਖੇ ਲਗਾਈ ਜਾਵੇਗੀ।ਸਭਾ ਦੇ ਸਰਗਰਮ ਕਾਰਕੁੰਨਾਂ ਨੂੰ ਇਸ ਵਰਕਸ਼ਾਪ ਦੌਰਾਨ ਦੇਸ਼ ਵਿੱਚ ਵਾਪਰ ਰਹੀਆਂ ਗੈਰ-ਮਨੁੱਖੀ ਘਟਨਾਵਾਂ ਸਮੇਤ ਹੱਕ ਸੱਚ ਦੀ ਆਵਾਜ਼ ਉਠਾਉਣ ਵਾਲੀਆਂ ਸ਼ਖਸੀਅਤਾਂ ਨੂੰ ਝੂਠੇ ਪੁਲਸ ਕੇਸਾਂ ਵਿੱਚ ਫਸਾ ਕੇ ਸਾਲਾਂ-ਬੱਧੀ ਜੇਲ੍ਹਾਂ ਵਿੱਚ ਡੱਕਣ ਦੇ ਵਰਤਾਰਿਆਂ ਬਾਰੇ ਸਿੱਖਿਅਤ ਕੀਤਾ ਜਾਵੇਗਾ।ਇਸ ਤੋਂ ਇਲਾਵਾ ਸਭਾ ਨੇ ਸੋਸ਼ਲ ਮੀਡੀਆ ਤੇ ਉਨ੍ਹਾਂ ਏ ਆਈ ਵੀਡੀਓ ਸੰਦੇਸ਼ਾਂ ਬਾਰੇ ਚਿੰਤਾ ਪ੍ਰਗਟ ਕੀਤੀ, ਜਿਸ ਵਿੱਚ ਏ ਆਈ ਨਾਲ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾ ਰਮਨ ਤੇ ਮੁਕੇਸ਼ ਅੰਬਾਨੀ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮੇਤ ਕਈ ਉੱਘੇ ਪੱਤਰਕਾਰਾਂ ਦੇ ਹਮਸ਼ਕਲਾਂ ਵੱਲੋਂ ਲੋਕਾਂ ਨੂੰ ਘੱਟ ਪੈਸੇ ਲਗਾ ਕੇ ਲੱਖਾਂ ਦੇ ਮੁਨਾਫ਼ੇ ਦੀ ਪੇਸ਼ਕਸ਼ ਕਰਨ ਦੇ ਵੀਡੀਓ ਆ ਰਹੇ ਹਨ, ਜਿਸ ਨਾਲ ਲੋਕਾਂ ਨਾਲ ਆਰਥਿਕ ਜਾਲਸਾਜ਼ੀ ਰਾਹੀਂ ਧੋਖਾ ਹੋਣ ਦਾ ਖਤਰਾ ਬਣਿਆ ਹੋਇਆ ਹੈ। ਅਜਿਹੇ ਗੁੰਮਰਾਹਕੁੰਨ ਵੀਡੀਓ ਦਾ ਸਰਕਾਰ ਨੂੰ ਨੋਟਿਸ ਲੈਣਾ ਚਾਹੀਦਾ ਹੈ, ਪਰ ਇਹ ਵਰਤਾਰਾ ਲਗਾਤਾਰ ਬਿਨਾਂ ਰੋਕ ਟੋਕ ਜਾਰੀ ਹੈ।ਮੀਟਿੰਗ ਵਿੱਚ ਇਨ੍ਹਾਂ ਬਾਰੇ ਸਰਕਾਰ ਵੱਲੋਂ ਸਪੱਸ਼ਟ ਕਰਨ ਦੀ ਮੰਗ ਕਰਦਿਆਂ ਅਜਿਹੇ ਗੁੰਮਰਾਹਕੁਨ ਪ੍ਰਚਾਰ ਨੂੰ ਸੋਸ਼ਲ ਮੀਡੀਆ ਤੋਂ ਹਟਾਉਣ ਚਾਹੀਦਾ ਹੈ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਮਜੀਤ ਸਿੰਘ, ਐਡਵੋਕੇਟ ਹਰਪ੍ਰੀਤ ਜ਼ੀਰਖ, ਰਾਕੇਸ਼ ਆਜ਼ਾਦ, ਮਾ. ਪ੍ਰਮਜੀਤ ਪਨੇਸਰ, ਜਗਜੀਤ ਗੁੜੇ, ਪ੍ਰਤਾਪ ਸਿੰਘ, ਰਾਜੀਵ ਕੁਮਾਰ ਆਦਿ ਹਾਜ਼ਰ ਸਨ।

## ਸੀਚੇਵਾਲ ਨੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੀ ਲਾਇਬ੍ਰੇਰੀ ਦਾ ਰੱਖਿਆ ਨੀਂਹ ਪੱਥਰ

**ਬੁਢਲਾਡਾ (ਅਸ਼ੋਕ ਲਾਕੜਾ)**

ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਬਣਾਈ ਜਾ ਰਹੀ ਸ਼ਹੀਦ ਭਗਤ ਸਿੰਘ ਮੈਮੋਰੀਅਲ ਲਾਇਬ੍ਰੇਰੀ ਦਾ ਨੀਂਹ ਪੱਥਰ ਰਾਜ ਸਭਾ ਮੈਂਬਰ ਪਦਮਸ਼੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਰੱਖਿਆ ਗਿਆ।ਜਾਣਕਾਰੀ ਦਿੰਦੇ ਹੋਏ ਸੰਸਥਾ ਆਗੂ ਕੁਲਦੀਪ ਸਿੰਘ ਅਨੇਜਾ ਤੇ ਕੁਲਵਿੰਦਰ ਸਿੰਘ ਈ ਓ ਨੇ ਦੱਸਿਆ ਕਿ ਗਰੀਬ ਲੋੜਵੰਦ ਬੱਚਿਆਂ ਦੇ ਘਰ ਪੜ੍ਹਾਈ ਦਾ ਮਾਹੌਲ ਨਹੀਂ ਬਣਦਾ ਤੇ ਬਜ਼ੁਰਗਾਂ ਨੂੰ ਵੀ ਸਾਰਾ ਦਿਨ ਘਰ ਵਿਹਲੇ ਸਮਾਂ ਪਾਸ ਕਰਨਾ ਮੁਸ਼ਕਲ ਹੁੰਦਾ ਹੈ। ਇਸ ਮਕਸਦ ਲਈ ਸੰਸਥਾ ਵੱਲੋਂ ਸੀਨੀਅਰ ਸਿਟੀਜਨ ਲਈ ਸ਼ੈਲਟਰ ਹੋਮ ਤੇ ਲੋੜਵੰਦ ਪੜ੍ਹਦੇ ਬੱਚਿਆਂ ਲਈ ਸ਼ਹੀਦ ਭਗਤ ਸਿੰਘ ਮੈਮੋਰੀਅਲ ਲਾਇਬ੍ਰੇਰੀ ਬਣਾਉਣ ਦਾ ਫੈਸਲਾ ਕੀਤਾ, ਜਿਸ ਦਾ ਨੀਂਹ ਪੱਥਰ ਅੱਜ ਸੰਤ ਬਲਬੀਰ ਸਿੰਘ ਸੀਚੇਵਾਲ ਜੀ ਵੱਲੋਂ ਰੱਖਿਆ ਗਿਆ।ਸਭ ਤੋਂ ਪਹਿਲਾਂ ਸੰਸਥਾ ਸੰਸਥਾਪਕ ਮਾਸਟਰ ਕੁਲਵੰਤ ਸਿੰਘ ਨੇ ਸੰਤ ਸੀਚੇਵਾਲ ਸਮੇਤ ਸਾਰਿਆਂ ਇਥੇ ਪਹੁੰਚਣ 'ਤੇ ਜੀ ਆਇਆਂ ਕਿਹਾ। ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਸੰਬੋਧਨ ਕਰਦੇ ਹੋਏ ਸੰਸਥਾ ਦੇ ਮਹਾਨ ਕਾਰਜਾਂ ਦੀ ਸ਼ਲਾਘਾ ਕੀਤੀ ਤੇ ਲਾਇਬ੍ਰੇਰੀ ਦੀ ਮਹੱਤਤਾ ਬਾਰੇ ਦੱਸਦੇ ਹੋਏ ਸੀਚੇਵਾਲ ਜੀ ਨੂੰ ਵੱਧ ਤੋਂ ਵੱਧ ਫੰਡ ਦੇਣ ਲਈ ਪ੍ਰੇਰਿਆ।ਸੰਸਥਾ ਆਗੂ ਸੁਖਦਰਸ਼ਨ ਸਿੰਘ ਕੁਲਾਨਾ ਤੇ ਬਲਬੀਰ ਸਿੰਘ ਕੈਂਥ ਨੇ ਦੱਸਿਆ ਕਿ ਅਜਿਹੀ ਲਾਇਬ੍ਰੇਰੀ ਦੀ ਇਲਾਕੇ ਵਿੱਚ ਬਹੁਤ ਲੋੜ ਹੈ।ਸੰਤ ਸੀਚੇਵਾਲ ਨੇ ਜਿੱਥੇ ਬੱਚਿਆਂ ਦੀ ਮਦਦ ਲਈ ਲਾਇਬ੍ਰੇਰੀ ਤੇ ਬਜ਼ੁਰਗਾਂ ਲਈ ਸ਼ੈਲਟਰ ਹੋਮ ਬਣਾਏ ਜਾਣ ਦੀ ਸ਼ਲਾਘਾ ਕੀਤੀ, ਉੱਥੇ ਹੀ ਸੁਚਜੇ ਵਾਤਾਵਰਨ ਲਈ ਸ਼ੁੱਧ ਪਾਣੀ ਹਵਾ ਤੇ ਧਰਤੀ ਦੀ ਸੰਭਾਲ ਲਈ ਸਾਰਿਆਂ ਨੂੰ ਰਲ਼ ਕੇ ਯੋਗਦਾਨ ਪਾਉਣ ਲਈ ਵੀ ਪ੍ਰੇਰਿਤ ਕੀਤਾ।ਉਨ੍ਹਾਂ ਵੱਲੋਂ ਸੰਸਥਾ ਦੇ ਇਸ ਵਿਸ਼ੇਸ਼ ਕਾਰਜ ਲਈ 13 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਗਿਆ। ਇਸ ਮੌਕੇ 5 ਲੱਖ ਦਾ ਸਹਿਯੋਗ ਦੇਣ ਵਾਲੇ ਚਰਨਜੀਤ ਸਿੰਘ ਸਾਹਨੀ ਤੇ ਇੱਕ ਲੱਖ ਰੁਪਏ ਦੇਣ ਵਾਲੇ ਮਾਸਟਰ ਬਲਬੀਰ ਸਿੰਘ ਸਰਾਂ ਸਮੇਤ ਪਹੁੰਚੀਆਂ ਮਹਾਨ ਸ਼ਖ਼ਸੀਅਤਾਂ ਦਾ ਵੀ ਸਨਮਾਨ ਕੀਤਾ ਗਿਆ। ਸਟੇਜ ਡਿਊਟੀ ਰਜਿੰਦਰ ਵਰਮਾ ਤੇ ਹੰਸ ਰਾਜ ਸਰਪੰਚ ਵੱਲੋਂ ਬਾਖੂਬੀ ਨਿਭਾਈ ਗਈ।ਪ੍ਰੋਜੈਕਟ ਦਾ ਨਕਸ਼ਾ ਬਲਜਿੰਦਰ ਸ਼ਰਮਾ ਤੇ ਸੁਸ਼ੀਲ ਅਹੂਜਾ ਵੱਲੋਂ ਤਿਆਰ ਕੀਤਾ ਗਿਆ ਹੈ।ਅਖੀਰ ਤੇ ਸੁਰਜੀਤ ਸਿੰਘ ਟੀਟਾ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ।



## ਜੀ ਬੀ ਇੰਟਰਨੈਸ਼ਨਲ ਸਕੂਲ ਨੇ ਮਨਾਇਆ 18ਵਾਂ ਸਥਾਪਨਾ ਦਿਵਸ

**ਨਾਭਾ (ਵਰਿੰਦਰ ਵਰਮਾ)**

ਨਾਭਾ ਸਥਿਤ ਜੀ ਬੀ ਇੰਟਰਨੈਸ਼ਨਲ ਸਕੂਲ ਵਿੱਚ ਸਕੂਲ ਡਾਇਰੈਕਟਰ ਸ੍ਰੀਮਤੀ ਅੰਸ਼ੂ ਬਾਂਸਲ ਦੀ ਅਗਵਾਈ ਹੇਠ 18ਵਾਂ ਸਥਾਪਨਾ ਦਿਵਸ ਬੜੇ ਹੀ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ।ਇਸ ਮੌਕੇ ਸਕੂਲ ਨੂੰ ਸੁੰਦਰ ਢੰਗ ਨਾਲ ਸਜਾਇਆ ਗਿਆ ਤੇ ਪ੍ਰੋਗਰਾਮ ਦੀ ਸ਼ੁਰੂਆਤ ਜੋਤ ਜਗਾ ਕੇ ਕੀਤੀ ਗਈ।ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਮਿੱਠੇ ਸੰਗੀਤ ਨਾਲ ਹੋਈ।ਇਸ ਦੌਰਾਨ ਵਿਦਿਆਰਥੀਆਂ ਨੇ ਇੱਕ ਪ੍ਰੇਰਨਾਦਾਇਕ ਗੀਤ ਅਸੀਂ ਜੀ ਬੀ ਆਈ ਐਸ ਦੇ ਬੱਚੇ ਹਾਂ, ਅੱਗੇ ਵਧਦੇ ਜਾਵਾਂਗੇ ਨੂੰ ਸਮੂਹ ਗਾਣ ਦੇ ਰੂਪ ਵਿੱਚ ਪੇਸ਼ ਕੀਤਾ, ਜਿਸ ਨੇ ਸਾਰੇ ਹਾਜ਼ਰ ਲੋਕਾਂ ਵਿੱਚ ਜੋਸ਼ ਤੇ ਉਤਸ਼ਾਹ ਭਰ ਦਿੱਤਾ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਇੱਕ ਪ੍ਰਭਾਵਸ਼ਾਲੀ ਨਾਟਕ ਪੇਸ਼ ਕੀਤਾ ਗਿਆ, ਜਿਸ ਵਿੱਚ ਦਰਸਾਇਆ ਗਿਆ ਕਿ ਜਿਵੇਂ ਭਗਵਾਨ ਸ਼੍ਰੀ ਕ੍ਰਿਸ਼ਨ ਨੇ ਗੀਤਾ ਵਿੱਚ ਅਰਜੁਨ ਨੂੰ ਸਿੱਖਿਆ ਅਤੇ ਕਰਤੱਵ ਦਾ ਮਹੱਤਵ ਸਮਝਾਇਆ ਸੀ, ਉਸੇ ਪ੍ਰੇਰਨਾ ਨਾਲ ਸਕੂਲ ਦੇ ਚੇਅਰਮੈਨ ਸ੍ਰੀ ਸੰਦੀਪ ਬਾਂਸਲ ਨੇ ਸਿੱਖਿਆ ਦੇ ਮਹੱਤਵ ਨੂੰ ਸਮਝਦਿਆਂ ਇਸ ਸਕੂਲ ਦੀ ਸਥਾਪਨਾ ਕੀਤੀ।ਸ੍ਰੀ ਸੰਦੀਪ ਬਾਂਸਲ ਦੇ ਅਨੁਸਾਰ ਬੱਚਿਆਂ ਦਾ ਉੱਜਲ ਭਵਿੱਖ ਬਣਾਉਣ ਤੇ ਹਰ ਬੱਚੇ ਨੂੰ ਗੁਣਵੱਤਾ ਵਾਲੀ ਸਿੱਖਿਆ ਦੇਣ ਦੇ ਉਦੇਸ਼ ਨਾਲ ਹੀ ਇਸ ਸਕੂਲ ਦੀ ਨੀਂਹ ਰੱਖੀ ਗਈ।ਸ੍ਰੀਮਤੀ ਅੰਸ਼ੂ ਬਾਂਸਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਡੇ ਵਿਦਿਆਰਥੀ ਸਿਰਫ਼ ਪੜ੍ਹਾਈ ਵਿੱਚ ਹੀ ਨਹੀਂ, ਸਗੋਂ ਸੰਸਕਾਰਾਂ, ਅਨੁਸ਼ਾਸਨ ਤੇ ਨੈਤਿਕ ਮੁੱਲਾਂ ਵਿੱਚ ਵੀ ਅੱਗੇ ਵਧਣ ਤੇ ਸਮਾਜ ਦੇ ਜ਼ਿੰਮੇਵਾਰ ਨਾਗਰਿਕ ਬਣਨ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਨੇ ਸ੍ਰੀਮਤੀ ਬਾਂਸਲ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਉਹ ਤੇ ਉਨ੍ਹਾਂ ਦੀ ਪੂਰੀ ਟੀਮ ਹਰ ਵਿਦਿਆਰਥੀ ਨੂੰ ਵਧੀਆ ਸਿੱਖਿਆ, ਮਜ਼ਬੂਤ ਸੰਸਕਾਰ ਤੇ ਸਕੂਲ ਨੂੰ ਨਵੀਆਂ ਉੱਚਾਈਆਂ ਤੱਕ ਲੈ ਕੇ ਜਾਵੇਗੀ।ਅੰਤ ਵਿੱਚ ਧੰਨਵਾਦ ਪ੍ਰਸਤਾਵ ਨਾਲ ਪ੍ਰੋਗਰਾਮ ਸਮਾਪਤ ਕੀਤਾ ਗਿਆ।ਇਹ ਸਥਾਪਨਾ ਦਿਵਸ ਸਮਾਰੋਹ ਸਭ ਲਈ ਪ੍ਰੇਰਨਾਦਾਇਕ ਤੇ ਯਾਦਗਾਰ ਰਿਹਾ।ਇਸ ਮੌਕੇ ਸਕੂਲ ਐਡਮਿਨਿਸਟ੍ਰੇਟਰ ਧਰਮਪਾਲ ਸਿੰਘ ਤੇ ਵਾਈਸ ਐਡਮਿਨਿਸਟ੍ਰੇਟਰ ਸੋਨੀਆ ਗੋਇਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।



## ਪੜ੍ਹਾਈ ਤੇ ਖੇਡਾਂ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਗਰੀਬ ਤੇ ਲੋੜਵੰਦ ਪੜ੍ਹਾਈ ਤੇ ਖੇਡਾਂ ਦੇ ਖੇਤਰ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਕੇ ਉਨ੍ਹਾਂ ਦਾ ਭਵਿੱਖ ਉੱਜਵਲ ਬਣਾਉਣ ਲਈ ਨਿਰੰਤਰ ਯਤਨਸ਼ੀਲ ਸੇਵਾ ਟਰੱਸਟ ਯੂ. ਕੇ. (ਇੰਡੀਆ) ਵੱਲੋਂ ਉੱਘੇ ਸਮਾਜਸੇਵੀ ਤੇ ਧਾਰਮਿਕ ਸ਼ਖ਼ਸੀਅਤ ਮਾ: ਨਰਿੰਦਰ ਸਿੰਘ ਬੜੂੰਦੀ ਦੀ ਯਾਦ 'ਚ ਲਗਾਏ ਚੌਥੇ ਵਿੱਦਿਅਕ ਸਹਾਇਤਾ ਕੈਂਪ ਸਟੇਟ ਪੱਧਰੀ ਫੁੱਟਬਾਲ ਮੁਕਾਬਲਿਆਂ ਦੀ ਜੇਤੂ ਰਹੀਆਂ ਸਰਕਾਰੀ ਕੰਨਿਆ ਹਾਈ ਸਕੂਲ ਪੱਖੋਵਾਲ ਦੀਆਂ ਪੜ੍ਹਾਈ ਤੇ ਖੇਡਾਂ ਦੇ ਖੇਤਰ 'ਚ ਮੱਲਾਂ ਮਾਰਨ ਵਾਲੇ ਪੱਖੋਵਾਲ ਸਕੂਲ ਦੀਆਂ 15 ਵਿਦਿਆਰਥਣਾਂ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੜੂੰਦੀ ਦੇ 35 ਵਿਦਿਆਰਥੀਆਂ ਸਮੇਤ 50 ਵਿਦਿਆਰਥੀਆਂ ਨੂੰ ਸਕੂਲ ਬੈਗ, ਕਾਪੀਆਂ, ਕਿੱਟਾਂ ਸਮੇਤ ਹੋਰ ਲੋੜੀਂਦੀ ਸਮੱਗਰੀ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਇਕੱਤਰ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸੇਵਾ ਟਰੱਸਟ ਯੂ. ਕੇ. ਦੇ ਜ਼ਿਲ੍ਹਾ ਕੋਆਰਡੀਨੇਟਰ ਗੁਰਦੀਪ ਸਿੰਘ ਪਨੂੰ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਲੋੜਵੰਦ ਵਿਦਿਆਰਥੀਆਂ ਦੀ ਪੜ੍ਹਾਈ ਤੇ ਸਿਹਤ 'ਚ ਸੁਧਾਰ ਲਈ ਵੱਡੇ ਪੱਧਰ ਤੇ ਉਪਰਾਲੇ ਜਾਰੀ ਹਨ ਅਤੇ ਸੰਸਥਾ ਵੱਲੋਂ 2016 ਤੋਂ ਇਹ ਸੇਵਾ ਨਿਰੰਤਰ ਜਾਰੀ ਰੱਖੀ ਜਾ ਰਹੀ ਹੈ ਜੋ ਕਿ ਭਵਿੱਖ 'ਚ ਵੀ ਜਾਰੀ ਰਹੇਗੀ।ਇਸ ਮੌਕੇ ਮਾ: ਨਰਿੰਦਰ ਸਿੰਘ ਸੇਖੋਂ ਦੇ ਪਰਿਵਾਰ ਵਿੱਚੋਂ ਉਨ੍ਹਾਂ ਦੀਆਂ ਦੋ ਭੈਣਾਂ ਜਵਿੰਦਰ ਕੌਰ, ਹਰਿੰਦਰ ਕੌਰ ਤੇ ਬਲਜਿੰਦਰ ਸਿੰਘ ਗਰੇਵਾਲ ਇਸ ਪ੍ਰੋਗਰਾਮ ਵਿੱਚ ਹਾਜ਼ਰ ਸਨ। ਉਨ੍ਹਾਂ ਦੀ ਭੈਣ ਜਾਵਿੰਦਰ ਕੌਰ ਨੇ ਦੱਸਿਆ ਕਿ ਸਾਨੂੰ ਮਾਣ ਹੈ ਕਿ ਸਾਡੇ ਭਰਾ ਦੀ ਸੇਵਾ ਭਾਵਨਾ ਵਾਲੀ ਸੋਚ ਦਾ ਦੀਵਾ ਸਾਡੇ ਭਤੀਜੇ ਚਰਨਕੰਵਲ ਸਿੰਘ ਸੇਖੋਂ ਵੱਲੋਂ ਜਗਦਾ ਰੱਖਿਆ ਹੈ, ਜਿਸ ਲਈ ਸਮੁੱਚੀ ਸੇਵਾ ਟਰੱਸਟ ਦੀ ਟੀਮ ਵਧਾਈ ਦੀ ਪਾਤਰ ਹੈ, ਸਰਕਾਰੀ ਸਿਨੀਅਰ ਸੈਕੰਡਰੀ ਸਕੂਲ ਬੜੂੰਦੀ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਹਰਜਿੰਦਰ ਕੌਰ ਨੇ ਦੱਸਿਆ ਕਿ ਜਦੋਂ ਤੋਂ ਉਹ ਇਸ ਪਿੰਡ ਵਿੱਚ ਡਿਊਟੀ ਨਿਭਾਅ ਰਹੇ ਹਨ, ਸਕੂਲੀ ਵਿਦਿਆਰਥੀਆਂ ਨੂੰ ਮਾਸਟਰ ਨਰਿੰਦਰ ਸਿੰਘ ਸੇਖੋਂ ਤੇ ਸੇਵਾ ਟਰੱਸਟ ਵੱਲੋਂ ਲੰਮੇ ਸਮੇਂ ਤੋਂ ਸਹਿਯੋਗ ਮਿਲਦਾ ਆ ਰਿਹਾ ਹੈ। ਇਸ ਮੌਕੇ ਬਲਾਕ ਪੱਖੋਵਾਲ ਦੇ ਸਿੱਖਿਆ ਕੋਆਰਡੀਨੇਟਰ ਅਮ੍ਰਿਤਪਾਲ ਸਿੰਘ ਸੇਖੋਂ ਨੇ ਵਿੱਦਿਅਕ ਖੇਤਰ ਵਿੱਚ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਸੇਵਾ ਟਰੱਸਟ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਗ੍ਰਾਮ ਪੰਚਾਇਤ ਵੱਲੋਂ ਸਰਪੰਚ ਜਸਵਿੰਦਰ ਸਿੰਘ ਪਨੂੰ ਤੇ ਮੈਂਬਰ ਅਵਤਾਰ ਸਿੰਘ ਸੇਖੋਂ ਹਾਜ਼ਰ ਸਨ।

## ਸੀਵਰੇਜ ਬੋਰਡ ਦੇ ਕੱਚੇ ਮੁਲਾਜ਼ਮਾਂ ਵੱਲੋਂ ਧਰਨਾ ਅੱਜ

**ਲੌਂਗੋਵਾਲ (ਪ੍ਰਦੀਪ ਸੱਪਲ)**-ਪੰਜਾਬ ਵਾਟਰ ਸਪਲਾਈ ਦੇ ਸੀਵਰੇਜ ਬੋਰਡ ਇੰਪਲਾਈਜ ਕੰਟਰੈਕਟ ਵਰਕਰ ਯੂਨੀਅਨ ਰਜਿ. 23 ਦੇ ਸੂਬਾ ਪ੍ਰਧਾਨ ਸ਼ੇਰ ਸਿੰਘ ਲੌਂਗੋਵਾਲ, ਗਗਨਦੀਪ ਸਿੰਘ ਸੁਨਾਮ, ਗੁਰਬਿੰਦਰ ਸਿੰਘ ਧਾਲੀਵਾਲ ਤੇ ਯਾਦਵਿੰਦਰ ਸਿੰਘ ਯਾਦੀ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਜੋ ਕੱਚੇ ਮੁਲਾਜ਼ਮਾਂ ਵੱਲੋਂ ਸਥਾਨਕ ਸਰਕਾਰਾਂ ਮੰਤਰੀ ਸੰਜੀਵ ਅਰੋੜਾ ਦੀ ਰਿਹਾਇਸ਼ ਲੁਧਿਆਣਾ ਵਿਖੇ 8 ਅਪ੍ਰੈਲ ਨੂੰ ਇੱਕ ਰੋਸ ਧਰਨਾ ਦਿੱਤਾ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਕਿਹਾ ਕਿ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਨਹੀਂ ਕੀਤਾ ਗਿਆ। ਕਿਰਤ ਕਾਨੂੰਨ ਮੁਤਾਬਕ ਮੁਲਾਜ਼ਮਾਂ ਨੂੰ ਪੂਰੀ ਉਜ਼ਰਤ ਨਹੀਂ ਮਿਲ ਰਹੀ, ਜਿਸ ਦੇ ਰੋਸ ਵਜੋਂ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਕੱਚੇ ਮੁਲਾਜ਼ਮਾਂ ਵੱਲੋਂ 8 ਅਪ੍ਰੈਲ ਨੂੰ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਲੁਧਿਆਣਾ ਰਿਹਾਇਸ਼ ਅੱਗੇ ਇੱਕ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।ਇਸ ਮੌਕੇ ਮੇਜਰ ਸਿੰਘ ਨਵਾਂ ਸ਼ਹਿਰ, ਜਗਦੇਵ ਸਿੰਘ ਫਿਰੋਜ਼ਪੁਰ, ਪ੍ਰਦੀਪ ਸਿੰਘ ਛਾਹੜ, ਕਰਮਜੀਤ ਸਿੰਘ ਮਲੋਟ, ਅਮਰਦੀਪ ਸਿੰਘ ਨਵਾਂ ਸ਼ਹਿਰ, ਸੰਦੀਪ ਸਿੰਘ ਗਿੱਦੜਬਾਹਾ ਗਗਨਦੀਪ ਸਿੰਘ ਨੰਗਲ ਆਦਿ ਹਾਜ਼ਰ ਸਨ।

## ਸ਼ਹੀਦਾਂ ਦੀਆਂ ਕੁਰਬਾਨੀਆਂ ਸਾਨੂੰ ਹਮੇਸ਼ਾ ਪ੍ਰੇਰਨਾ ਦਿੰਦੀਆਂ ਹਨ : ਪ੍ਰੇਮ ਅਰੋੜਾ



**ਭੀਖੀ (ਧਰਮਵੀਰ ਸ਼ਰਮਾ)**-ਨਜ਼ਦੀਕੀ ਪਿੰਡ ਮੱਤੀ ਵਿਖੇ ਸ਼ਹੀਦ ਕਮਾਂਡੋ ਕੁਲਦੀਪ ਸਿੰਘ ਨੂੰ ਉਨ੍ਹਾਂ ਦੀ ਬਰਸੀ ਮੌਕੇ ਵੱਖ ਵੱਖ ਰਾਜਨੀਤਕ ਆਗੂਆਂ ਤੋਂ ਇਲਾਵਾ ਪਿੰਡ ਵਾਸੀਆਂ ਵੱਲੋਂ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਸ਼ਹੀਦ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਪਿੰਡ ਦੇ ਗੁਰਦੁਆਰਾ ਸ੍ਰੀ ਨਾਨਕਸਰ ਵਿਖੇ ਸਹਿਜ ਪਾਠ ਦੇ ਭੋਗ ਪਾਏ ਗਏ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ ਨੇ ਕਿਹਾ ਕਿ ਸ਼ਹੀਦ ਕਮਾਂਡੋ ਕੁਲਦੀਪ ਸਿੰਘ ਅੰਡੇਮਾਨ ਤੇ ਨਿਕੋਬਾਰ ਵਿਖੇ ਦੇਸ਼ ਦੀ ਸੇਵਾ ਕਰਦੇ ਹੋਏ ਸਾਲ 2021 ਵਿੱਚ ਸ਼ਹੀਦ ਹੋ ਗਏ ਸਨ।ਉਨ੍ਹਾਂ ਕਿਹਾ ਕਿ ਦੇਸ਼ ਦੀ ਰੱਖਿਆ ਲਈ ਕੁਰਬਾਨ ਹੋਣ ਵਾਲੇ ਅਜਿਹੇ ਯੋਧਿਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਤੇ ਉਹ ਸਾਡੇ ਦਿਲਾਂ ਵਿੱਚ ਹਮੇਸ਼ਾ ਅਮਰ ਰਹਿੰਦੇ ਹਨ।ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਨੂੰ ਹਮੇਸ਼ਾ ਪ੍ਰੇਰਨਾ ਦਿੰਦੀਆਂ ਹਨ ਤੇ ਉਨ੍ਹਾਂ ਦੀ ਵਿਰਾਸਤ ਨੂੰ ਸਾਨੂੰ ਸੰਭਾਲਣਾ ਚਾਹੀਦਾ ਹੈ।ਇਸ ਤੋਂ ਇਲਾਵਾ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ, ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ ਦਾਨੇਵਾਲੀਆ, ਸਰਪੰਚ ਹਰਕਮਲਜੀਤ ਸਿੰਘ, ਸਾਬਕਾ ਸਰਪੰਚ ਸੁਖਵਿੰਦਰ ਕੌਰ ਤੋਂ ਇਲਾਵਾ ਬਾਬਾ ਸਾਹਿਬ ਦਾਸ ਕ੍ਰਿਕਟ ਟੀਮ ਮੱਤੀ ਦੇ ਸਮੂਹ ਮੈਂਬਰਾਂ ਵੱਲੋਂ ਵੀ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸ਼ਹੀਦ ਕੁਲਦੀਪ ਸਿੰਘ ਦੀ ਮਾਤਾ ਜਸਮੇਰ ਕੌਰ, ਪਤਨੀ ਹਰਵਿੰਦਰ ਕੌਰ, ਪੁੱਤਰੀ ਤਰਨਪ੍ਰੀਤ ਕੌਰ, ਸ਼ਹੀਦ ਗੁਰਵੀਰ ਸਿੰਘ ਖਡਿਆਲ ਦੀ ਪਤਨੀ ਰਜਿੰਦਰ ਕੌਰ, ਸ਼ਹੀਦ ਨਰਦੇਵ ਸਿੰਘ ਡਿੱਖ ਦੀ ਪਤਨੀ ਵੀਰਪਾਲ ਕੌਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਅਕਾਲ ਅਕੈਡਮੀ ਮਨਾਲ ਵਿਖੇ ਨਵੇਂ ਸੈਸ਼ਨ ਦੀ ਆਰੰਭਤਾ ਮੌਕੇ ਧਾਰਮਿਕ ਸਮਾਗਮ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਅਕਾਲ ਅਕੈਡਮੀ ਮਨਾਲ ਵਿਖੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਭ ਆਰੰਭਤਾ ਧਾਰਮਿਕ ਤੇ ਆਤਮਿਕ ਮਾਹੌਲ 'ਚ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਦੇ ਚੰਗੇ ਭਵਿੱਖ, ਸਫਲਤਾ ਤੇ ਸਕੂਲ ਦੀ ਤਰੱਕੀ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ। ਇਸ ਦੌਰਾਨ ਸਕੂਲ 'ਚ ਸ਼ਾਂਤੀ ਤੇ ਭਗਤੀ ਭਰਿਆ ਵਾਤਾਵਰਨ ਬਣਿਆ ਰਿਹਾ।ਇਸ ਮੌਕੇ ਮੁੱਖ ਅਧਿਆਪਕਾ ਸ੍ਰੀਮਤੀ ਅਰਸ਼ਪ੍ਰੀਤ ਕੌਰ, ਪੰਜਾਬੀ ਅਧਿਆਪਕ ਸੁਖਦੀਪ ਸਿੰਘ, ਮਾਸਟਰ ਹਰਪ੍ਰੀਤ ਸਿੰਘ ਤੇ ਸਮੂਹ ਸਟਾਫ ਮੈਂਬਰਾਂ ਨੇ ਹਾਜ਼ਰੀ ਭਰੀ।ਸਾਰੇ ਸਟਾਫ ਮੈਂਬਰਾਂ ਨੇ ਮਿਲ ਕੇ ਅਰਦਾਸ ਕੀਤੀ ਕਿ ਨਵਾਂ ਸੈਸ਼ਨ ਵਿਦਿਆਰਥੀਆਂ ਲਈ ਸਫਲਤਾਵਾਂ ਭਰਿਆ ਹੋਵੇ ਤੇ ਸਕੂਲ ਵਿੱਚ ਪੜ੍ਹਾਈ ਦੇ ਨਾਲ-ਨਾਲ ਚੰਗੇ ਸੰਸਕਾਰਾਂ ਦੀ ਵੀ ਪ੍ਰੇਰਨਾ ਮਿਲੇ।ਇਸ ਮੌਕੇ ਸਕੂਲ ਪ੍ਰਬੰਧਨ ਵੱਲੋਂ ਨਵੇਂ ਸੈਸ਼ਨ ਦੀ ਸ਼ੁਰੂਆਤ ਨੂੰ ਧਾਰਮਿਕ ਰੂਪ ਵਿੱਚ ਮਨਾਉਣ ਦੀ ਪ੍ਰਸੰਸਾ ਕੀਤੀ ਗਈ ਤੇ ਸਾਰੇ ਵਿਦਿਆਰਥੀਆਂ ਨੂੰ ਮਿਹਨਤ ਤੇ ਅਨੁਸ਼ਾਸਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ ਗਿਆ।

## ਖਨੌਰੀ ਸਮਾਗਮ ਦੌਰਾਨ ਸੈਂਕੜੇ ਪਰਵਾਰਾਂ ਆਮ ਆਦਮੀ ਪਾਰਟੀ 'ਚ ਸ਼ਾਮਲ

**ਲਹਿਰਾਗਾਗਾ (ਪਵਨ ਸ਼ਰਮਾ)**-ਵਿਧਾਨ ਸਭਾ ਹਲਕਾ ਲਹਿਰਾ ਅੰਦਰ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਭਾਰੀ ਬਲ ਮਿਲਿਆ, ਜਦੋਂ ਖਨੌਰੀ ਵਿਖੇ ਕਰਵਾਏ ਗਏ ਇੱਕ ਸਮਾਗਮ ਵਿੱਚ ਸੈਂਕੜੇ ਪਰਿਵਾਰਾਂ ਨੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਮੰਤਰੀ ਗੋਇਲ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਦਾ ਸਨਮਾਨ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਹਰ ਵਿਅਕਤੀ ਨੂੰ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਵਿਰੋਧੀ ਪਾਰਟੀਆਂ ਕੋਲ ਪੰਜਾਬ ਦੇ ਵਿਕਾਸ ਤੇ ਖੁਸ਼ਹਾਲੀ



ਲਈ ਕੋਈ ਏਜੰਡਾ ਨਹੀਂ, ਵਿਰੋਧੀ ਆਪਣੀ ਸਿਆਸੀ ਹੋਂਦ ਬਚਾਉਣ ਦੀ ਲੜਾਈ ਲੜ ਰਹੇ ਹਨ, ਆਮ ਆਦਮੀ ਪਾਰਟੀ ਜਿਥੇ ਪੰਜਾਬ ਦੇ ਵਿਕਾਸ ਤੇ ਖੁਸ਼ਹਾਲੀ ਦੀ ਗੱਲ ਕਰਦੀ ਹੈ, ਉੱਥੇ ਹੀ ਵਿਰੋਧੀ ਪਾਰਟੀਆਂ ਕੋਲ ਆਪ ਨੂੰ ਕੋਸਣ ਤੋਂ ਸਿਵਾਏ ਕੋਈ ਗੱਲ ਨਹੀਂ, ਹਰ ਵਰਗ ਲਈ 600 ਯੂਨਿਟ ਬਿਜਲੀ ਮਾਫ ਕਰਨਾ, 60,000 ਤੋਂ ਵੱਧ ਬੇਰੁਜ਼ਗਾਰਾਂ ਨੂੰ ਸਰਕਾਰੀ ਨੌਕਰੀਆਂ ਦੇਣਾ, ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣਾ, ਅਪ੍ਰੈਲ ਮਹੀਨੇ ਤੋਂ ਮਹਿਲਾਵਾਂ ਦੇ ਖਾਤਿਆਂ ਵਿੱਚ ਹਜ਼ਾਰ ਤੇ ਪੰਦਰਾਂ ਸੌ ਰੁਪਏ ਪਾਉਣਾ ਤੋਂ ਇਲਾਵਾ ਸੂਬੇ ਨੂੰ ਭ੍ਰਿਸ਼ਟਾਚਾਰ ਤੇ ਨਸ਼ਾ ਮੁਕਤ ਕਰਨਾ, ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਆਮ ਆਦਮੀ ਪਾਰਟੀ ਦੇ ਇਤਿਹਾਸਕ ਕੰਮ ਹਨ, ਜਿਸ ਨੂੰ ਇਤਿਹਾਸ ਦੇ ਸੁਨਹਿਰੇ ਪੰਨਿਆਂ ਤੇ ਲਿਖਿਆ ਜਾਵੇਗਾ।ਇਸ ਦੌਰਾਨ ਉਨ੍ਹਾਂ ਵੱਖ ਵੱਖ ਥਾਵਾਂ ਤੇ ਸ਼ਾਨਦਾਰ ਚਾਰ ਸਾਲ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਦੇ ਤਹਿਤ 'ਸੰਵਾਦ' ਪ੍ਰੋਗਰਾਮ ਵਿੱਚ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਵੀ ਲੋਕਾਂ ਸਾਹਮਣੇ ਰੱਖਿਆ, ਦੂਜੇ ਪਾਸੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਨੇ ਕਿਹਾ ਕਿ ਉਹ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਲਹਿਰੇ ਹਲਕੇ ਲਈ ਕੀਤੇ ਜਾ ਰਹੇ ਵਿਕਾਸ ਕੰਮਾਂ ਤੇ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਤੇ ਸੰਤੁਸ਼ਟ ਹਨ। ਸੰਨ 2027 ਦੀਆਂ ਚੋਣਾਂ ਲਈ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡਣਗੇ। ਇਸ ਮੌਕੇ ਮੰਤਰੀ ਗੋਇਲ ਦੇ ਓਐੱਸਡੀ ਰਕੇਸ਼ ਕੁਮਾਰ ਗੁਪਤਾ ਵਿੱਕੀ ਤੋਂ ਇਲਾਵਾ ਕ੍ਰਿਸ਼ਨ ਕੁਮਾਰ ਪੁੱਤਰ ਹਰੀ ਰਾਮ, ਪ੍ਰਵੀਨ ਕੁਮਾਰ ਪੁੱਤਰ ਬੰਤ ਰਾਮ, ਦੀਪਕ ਪੁੱਤਰ ਹਰ ਭਗਵਾਨ, ਪ੍ਰੇਮ ਸਿੰਘ ਪੁੱਤਰ ਸਤਨਾਮ ਸਿੰਘ, ਗੋਲੂ ਸਿੰਘ ਪੁੱਤਰ ਨਿਰੰਜਨ ਸਿੰਘ, ਸੁਰਿੰਦਰ ਕੁਮਾਰ ਪੁੱਤਰ ਜਗਦੀਸ਼ ਕੁਮਾਰ, ਓਮ ਪ੍ਰਕਾਸ਼, ਚਮਨ ਲਾਲ, ਭੁਪਿੰਦਰ, ਮਹੇਸ਼, ਰਜੇਸ਼, ਕਰਨ, ਬੰਤ ਰਾਮ, ਜੋਤ ਮਸੀਹ ਤੋਂ ਇਲਾਵਾ ਹੋਰ ਪਾਰਟੀ ਵਲੰਟੀਅਰ ਹਾਜ਼ਰ ਸਨ।


**pnb punjab national bank** ...Together for the better

CIRCLE SASTRA – JALANDHAR
COMPANY BAGH, CIVIL LINE, JALANDHAR - 144001
PH. NO. 0181-4697613, E-MAIL ID: CS8249@PNB.CO.IN

**ਅਚੱਲ ਜਾਇਦਾਦਾਂ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

**ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐਸੇਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈਆਂ ਅਚੱਲ ਜਾਇਦਾਦਾਂ ਜਿਨ੍ਹਾਂ ਦਾ ਬੈਂਕ ਦੇ ਅਧਿਕਾਰਤ ਅਫਸਰ/ਸਕਿਉਰਡ ਕ੍ਰੈਡਿਟਰ ਵੱਲੋਂ ਰਚਨਾਤਮਕ/ਭੌਤਿਕ/ਸੰਕੇਤਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ, ਸੰਬੰਧਤ ਕਰਜ਼ਦਾਰਾਂ ਅਤੇ ਗਰੰਟਰਾਂ ਕੋਲੋਂ ਬੈਂਕ/ਸਕਿਉਰਡ ਕ੍ਰੈਡਿਟਰ ਦੀ ਬਕਾਇਆ ਰਕਮ ਵਸੂਲਣ ਲਈ, ਹੇਠਾਂ ਦਰਸਾਈ ਸਾਰਣੀ 'ਚ ਦਰਸਾਈ ਮਿਤੀ 'ਤੇ "ਜਿਵੇਂ ਹੈ ਜਿਥੇ ਹੈ", "ਜੋ ਹੈ ਜਿਵੇਂ ਹੈ" ਅਤੇ "ਉਥੇ ਜੋ ਵੀ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਸੰਬੰਧਤ ਜਾਇਦਾਦਾਂ ਵਿਰੁੱਧ ਹੇਠਾਂ ਦਰਸਾਈ ਸਾਰਣੀ ਅਨੁਸਾਰ ਹੋਵੇਗੀ।

| ਲਾਟ ਨੰਬਰ | ਬਰਾਂਚ ਦਾ ਨਾਂਅ / ਨਿਲਾਮੀ ਦਾ ਹਵਾਲਾ ਨੰਬਰ / ਖਾਤੇ ਦਾ ਨਾਂਅ / ਕਰਜ਼ਦਾਰ/ਗਰੰਟਰ ਦੇ ਖਾਤੇ ਦਾ ਨਾਂਅ ਅਤੇ ਪਤਾ | ਰਹਿਣ ਕੀਤੀਆਂ ਅਚੱਲ ਜਾਇਦਾਦਾਂ ਦਾ ਵੇਰਵਾ/ਮਾਲਕ ਦਾ ਨਾਂਅ (ਜਾਇਦਾਦਾਂ ਦਾ ਰਹਿਣਕਾਰ) | (ਏ) ਸਰਫੇਸੀ ਐਕਟ 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ ਦੀ ਮਿਤੀ (ਬੀ) ਬਕਾਇਆ ਰਕਮ (ਸੀ) ਸਰਫੇਸੀ ਐਕਟ 2002 ਦੇ ਸੈਕਸ਼ਨ 13(4) ਅਧੀਨ ਕਬਜ਼ੇ ਦੀ ਮਿਤੀ (ਡੀ) ਕਬਜ਼ੇ ਦੀ ਕਿਸਮ ਸੰਕੇਤਕ/ਭੌਤਿਕ/ਰਚਨਾਤਮਕ | (ਏ) ਰਾਖਵੀਂ ਕੀਮਤ (ਰੁ: ਲੱਖਾਂ 'ਚ) (ਬੀ) ਈ ਐੱਮ ਡੀ (ਸੀ) ਬੋਲੀ ਵਾਧਾ ਰਕਮ | ਈ-ਨਿਲਾਮੀ ਦੀ ਮਿਤੀ/ਸਮਾਂ | ਸਕਿਉਰਡ ਕ੍ਰੈਡਿਟਰਜ਼ ਦੀ ਜਾਣਕਾਰੀ 'ਚ ਜੋਖਮਾਂ ਦੇ ਵੇਰਵੇ |
|---|---|---|---|---|---|---|
| 1. | PNB- 179600, JALANDHAR, TANDA ROAD<br>PUNB3513AANDA1<br>ਮੈਸਰਜ਼ ਏ ਐਂਡ ਏ ਇੰਟਰਪ੍ਰਾਈਜ਼ (ਰਾਹੀਂ ਇਸ ਦੇ ਮਾਲਕ ਸ੍ਰੀਮਤੀ ਸਾਕਸ਼ੀ ਕਪੂਰ ਪਤਨੀ ਸ੍ਰੀ ਰਾਜੀਵ ਕਪੂਰ) ਪਤਾ : ਮਕਾਨ ਨੰਬਰ ਐਂਨ ਜੇ-281 ਮਿੱਠਾ ਬਾਜ਼ਾਰ ਜਲੰਧਰ (ਕਰਜ਼ਦਾਰ)<br>ਸ੍ਰੀ ਰਾਜੀਵ ਕਪੂਰ ਪੁੱਤਰ ਸ੍ਰੀ ਸਤੀਸ਼ ਕਪੂਰ, ਮਕਾਨ ਨੰਬਰ ਐਂਨ ਡੀ-155 ਬਿਕਰਮਪੁਰਾ, ਜਲੰਧਰ (ਗਰੰਟਰ/ਰਹਿਣਕਾਰ) | 1. ਜਾਇਦਾਦ ਦਾ ਉਚਿਤ ਗਿਰਵੀਨਾਮਾ 06 ਮਰਲੇ, ਮਕਾਨ ਨੰ. ਐਂਨ ਜੇ-281 ਬਾਗ ਪੰਡਤ ਜਵਾਹਰ ਲਾਲ ਵਿਖੇ ਸਥਿਤ, ਮਿੱਠਾ ਬਜ਼ਾਰ, ਜ਼ਿਲ੍ਹਾ ਜਲੰਧਰ ਬੈਨਾਮਾ ਨੰ. 2188 ਮਿਤੀ 03.06.2010 ਅਨੁਸਾਰ। ਹੱਦਾਂ : ਪੂਰਬ : ਮਕਾਨ ਨੰ. ਐਂਨ ਜੇ 281-ਏ ਰਾਮ ਪ੍ਰਕਾਸ਼, ਪੱਛਮ : ਬਾਬੂ ਰਾਮ ਦੀ ਜਾਇਦਾਦ, ਉੱਤਰ : ਗਲੀ, ਦੱਖਣ : ਸਰਕਾਰੀ ਨਾਲੇ ਦੀ ਜਾਇਦਾਦ ਅਤੇ ਦਿਆਲ ਚੰਦ ਜੈਨ ਦੀ ਜਾਇਦਾਦ। ਮਾਲਕੀ : ਮਨੀਸ਼ ਕਪੂਰ ਪੁੱਤਰ ਅਸ਼ੋਕ ਕਪੂਰ ਅਤੇ ਸਾਕਸ਼ੀ ਕਪੂਰ ਪਤਨੀ ਰਾਜੀਵ ਕਪੂਰ। ਟਿੱਪਣੀ : ਇਹ ਆਈ ਪੀ ਦਾ ਮੁੱਢਲਾ ਨੰ. 179600 ਐਂਨ ਸੀ 00001320 ਸ੍ਰੀਮਤੀ ਸਾਕਸ਼ੀ ਕਪੂਰ ਪਤਨੀ ਸ੍ਰੀ ਰਾਜੀਵ ਕਪੂਰ ਦੇ ਨਾਂਅ। | (ਏ) 28.06.2019<br>(ਬੀ) ਰੁਪਏ 29,12, 379.08+01.04.2014 ਤੋਂ ਭਵਿੱਖੀ ਵਿਆਜ ਸਮੇਤ ਮੁਕੰਮਲ ਅਦਾਇਗੀ ਤੱਕ ਲਾਗਤਾਂ ਅਤੇ ਚਾਰਜਿਜ਼<br>(ਸੀ) 05.10.2019<br>(ਡੀ) ਭੌਤਿਕ ਕਬਜ਼ਾ | Rs. 32,25,000/-<br>Rs. 3,22,500/-<br>Rs. 50,000/- | 28.04.2026 at 11:00 am to 4:00 pm | ਜਾਣਕਾਰੀ ਨਹੀਂ |
| 2. | PNB- 511700- JALANDHAR- APJ SCHOOL<br>PUNB389200AMBIKA<br>1. ਮੈਸਰਜ਼ ਅੰਬਿਕਾ ਟਰੇਡਿੰਗ ਕੰਪਨੀ ਰਾਹੀਂ ਇਸ ਦੇ ਮਾਲਕ ਲੇਟ ਸ੍ਰੀ ਬੈਕੁੰਠ ਲਾਲ ਅਰੋੜਾ ਪੁੱਤਰ ਸ੍ਰੀ ਰਾਜ ਕੁਮਾਰ, ਪਤਾ : ਅੱਡਾ ਬਿਆਸ ਪਿੰਡ, ਨੇੜੇ ਕਿਸ਼ਨਗੜ੍ਹ, ਜੀ.ਟੀ. ਰੋਡ, ਪਠਾਨਕੋਟ ਬਾਈਪਾਸ, ਜ਼ਿਲ੍ਹਾ ਜਲੰਧਰ (ਕਰਜ਼ਦਾਰ)। 2. ਸ੍ਰੀਮਤੀ ਸਵਿਤਾ ਅਰੋੜਾ ਵਿਧਵਾ ਸਵਰਗਵਾਸ ਸ੍ਰੀ ਬੈਕੁੰਠ ਲਾਲ ਅਰੋੜਾ, ਪਤਾ ਮਕਾਨ ਨੰ: 204/205, ਰਮਨੀਕ ਐਵੇਨਿਊ, ਜਲੰਧਰ (ਰਹਿਣਕਾਰ/(ਗਰੰਟਰ) 3. ਸ੍ਰੀ ਦੀਪਕ ਅਰੋੜਾ ਪੁੱਤਰ ਲੇਟ ਸ੍ਰੀ ਬੈਕੁੰਠ ਲਾਲ ਅਰੋੜਾ, ਪਤਾ ਮਕਾਨ ਨੰਬਰ 204/205, ਰਮਨੀਕ ਐਵੇਨਿਊ, ਜਲੰਧਰ (ਕਾਨੂੰਨੀ ਵਾਰਸ)। 4. ਸ੍ਰੀ ਹਰਸ਼ ਅਰੋੜਾ ਪੁੱਤਰ ਲੇਟ ਸ੍ਰੀ ਬੈਕੁੰਠ ਲਾਲ ਅਰੋੜਾ, ਪਤਾ ਹਾਊਸ ਨੰਬਰ 204/205, ਰਮਨੀਕ ਐਵੇਨਿਊ, ਜਲੰਧਰ (ਕਾਨੂੰਨੀ ਵਾਰਸ)। | 1. ਪਲਾਟ ਰਕਬਾ 17 ਮਰਲੇ, 1 ਮਰਲਾ= 272 ਵਰਗ ਫੁੱਟ, ਖਸਰਾ ਨੰ. 50//23/2, 24 ਪਿੰਡ ਬਿਆਸ ਪਿੰਡ, ਜ਼ਿਲ੍ਹਾ ਜਲੰਧਰ, ਸ੍ਰੀਮਤੀ ਸਵਿਤਾ ਅਰੋੜਾ ਪਤਨੀ ਸਵ: ਸ੍ਰੀ ਬੈਕੁੰਠ ਲਾਲ ਅਤੇ ਸਵ: ਸ੍ਰੀ ਬੈਕੁੰਠ ਲਾਲ ਪੁੱਤਰ ਸ੍ਰੀ ਰਾਜ ਕੁਮਾਰ, ਬੈਨਾਮਾ ਨੰ. 1704 ਮਿਤੀ 17.03. 2010 ਅਤੇ 1705 ਮਿਤੀ 17.03.2010 ਅਨੁਸਾਰ। ਹੱਦਾਂ : ਉੱਤਰ : ਪੀ/ਓ ਸਵਿਤਾ, ਦੱਖਣ : ਲਾਂਘਾ, ਪੂਰਬ : ਪੀ ਓ ਸ੍ਰੀ ਹਰਸ਼, ਪੱਛਮ : ਪੀ ਓ ਸ੍ਰੀਮਤੀ ਸਵਿਤਾ। | (ਏ) 04.10.2016<br>(ਬੀ) ਰੁਪਏ 23,43,411.00+30.09.2016 ਤੋਂ ਭਵਿੱਖੀ ਵਿਆਜ ਸਮੇਤ ਮੁਕੰਮਲ ਅਦਾਇਗੀ ਤੱਕ ਲਾਗਤਾਂ ਅਤੇ ਚਾਰਜਿਜ਼<br>(ਸੀ) 21.01.2017<br>(ਡੀ) ਭੌਤਿਕ ਕਬਜ਼ਾ | Rs. 16,14,000/-<br>Rs. 1,61,400/-<br>Rs. 50,000/- | 28.04.2026 at 11:00 am to 4:00 pm | ਜਾਣਕਾਰੀ ਨਹੀਂ |
| 3. | PNB-222700-JALANDHAR, KISHANPUR<br>PUNB2227XCARB1 and PUNB2227XCARB2<br>ਮੈਸਰਜ਼ ਲੀਡਰ ਕਾਰ ਬਾਜ਼ਾਰ, ਰਾਹੀਂ ਇਸ ਦੇ ਮਾਲਕ ਸ੍ਰੀ ਸੰਜੇ ਮਹਿੰਦਰੂ 85 ਰੇਡੀਓ ਕਲੋਨੀ ਬੀ ਐੱਮ ਸੀ ਚੌਕ, ਜਲੰਧਰ-144004 (ਕਰਜ਼ਦਾਰ)। ਸ੍ਰੀ ਸੰਜੇ ਮਹਿੰਦਰੂ ਪੁੱਤਰ ਸ੍ਰੀ ਅਵਿਨਾਸ਼ ਚੰਦਰ, ਮਕਾਨ ਨੰ. 1, ਅੰਨਪੂਰਨਾ ਵਾਲੀ ਗਲੀ, ਕੋਟ ਕਿਸ਼ਨ ਚੰਦ, ਜਲੰਧਰ 144004 (ਕਰਜ਼ਦਾਰ)। ਸ੍ਰੀਮਤੀ ਮੰਜੂ ਮਹਿੰਦਰੂ ਪਤਨੀ ਸ੍ਰੀ ਸੰਜੇ ਮਹਿੰਦਰੂ, ਮਕਾਨ ਨੰ. 1, ਅੰਨਪੂਰਨਾ ਵਾਲੀ ਗਲੀ, ਕੋਟ ਕਿਸ਼ਨ ਚੰਦ, ਜਲੰਧਰ 144004 (ਰਹਿਣਕਾਰ/ਗਰੰਟਰ)। ਸ੍ਰੀਮਤੀ ਯਸ਼ਿਕਾ ਮਹਿੰਦਰੂ ਪੁੱਤਰੀ ਸ੍ਰੀ ਸੰਜੇ ਮਹਿੰਦਰੂ, ਮਕਾਨ ਨੰਬਰ 1, ਅੰਨਪੂਰਨਾ ਵਾਲੀ ਗਲੀ, ਕੋਟ ਕਿਸ਼ਨ ਚੰਦ, ਜਲੰਧਰ 144004 (ਗਰੰਟਰ)। | 1. 3 ਵਪਾਰਕ ਦੁਕਾਨਾਂ, 9, 10, 11 ਦਾ ਉਚਿਤ ਗਿਰਵੀਨਾਮਾ ਜਾਇਦਾਦ ਨੰ. 404-ਐੱਲ ਰਕਬਾ 1 ਮਰਲਾ+189 ਵਰਗ ਫੁੱਟ=396 (1 ਮਰਲਾ=207 ਵਰਗ ਫੁੱਟ) (ਬੀ ਐੱਲ ਐੱਕਸ/3-514), ਦੂਜੀ ਮੰਜ਼ਲ, ਖੇਤਰ ਅਬਾਦੀ ਮਾਡਲ ਟਾਊਨ (ਨੇੜੇ ਚਾਚੇ ਦੀ ਹੱਟੀ) ਜਲੰਧਰ ਸਿਟੀ ਵਿਖੇ ਸਥਿਤ, ਤਬਾਦਲਾ ਬੈਨਾਮਾ 2019/20/186/1/1/2004 ਮਿਤੀ 31.12. 2024 ਅਨੁਸਾਰ ਸ੍ਰੀਮਤੀ ਮੰਜੂ ਮਹਿੰਦਰੂ ਪਤਨੀ ਸ੍ਰੀ ਸੰਜੇ ਮਹਿੰਦਰੂ ਦੇ ਨਾਂਅ, ਮਕਾਨ ਨੰ. 1, ਅੰਨਪੂਰਨਾ ਮੰਦਰ ਵਾਲੀ ਗਲੀ, ਕੋਟ ਕਿਸ਼ਨ ਚੰਦ, ਜਲੰਧਰ ਸਿਟੀ-144004 | (ਏ) 17.05.2021<br>(ਬੀ) ਰੁਪਏ 33,01,425.19+01.04.2021 ਤੋਂ ਭਵਿੱਖੀ ਵਿਆਜ ਸਮੇਤ ਮੁਕੰਮਲ ਅਦਾਇਗੀ ਤੱਕ ਲਾਗਤਾਂ ਅਤੇ ਚਾਰਜਿਜ਼<br>(ਸੀ) 17.09.2021<br>(ਡੀ) ਭੌਤਿਕ ਕਬਜ਼ਾ | LOT : 1<br>Rs. 25,94,000/-<br>Rs. 2,59,400/-<br>Rs. 20,000/- | 28.04.2026 at 11:00 am to 4:00 pm | ਜਾਣਕਾਰੀ ਨਹੀਂ |
| | | 2. ਵਪਾਰਕ ਜਾਇਦਾਦ, ਜਾਇਦਾਦ ਨੰ. 90 ਦੇ ਹਿੱਸੇ ਦਾ ਉਚਿਤ ਗਿਰਵੀਨਾਮਾ, ਤੀਜੀ ਮੰਜ਼ਲ 'ਤੇ ਦਫਤਰ ਰਕਬਾ 2 ਮਰਲੇ+26 ਵਰਗ ਫੁੱਟ=440 (1 ਮਰਲਾ=207 ਵਰਗ ਫੁੱਟ) ਰੇਡੀਓ ਕਾਲੋਨੀ ਵਿਖੇ ਸਥਿਤ, ਮਹਾਵੀਰ ਮਾਰਗ, ਬੀ ਐੱਮ ਸੀ ਚੌਕ, ਨੀਲ ਕੰਠ ਟਾਵਰ ਵਜੋਂ ਜਾਣਿਆ ਜਾਂਦਾ (ਸਾਹਮਣੇ ਫਲਾਈਓਵਰ) ਜਲੰਧਰ ਸਿਟੀ, ਤਬਾਦਲਾ ਬੈਨਾਮਾ ਨੰ. 2019/20/186/1/8518 ਮਿਤੀ 18.11.2019 ਅਨੁਸਾਰ ਸ੍ਰੀਮਤੀ ਮੰਜੂ ਮਹਿੰਦਰੂ ਪਤਨੀ ਸ੍ਰੀ ਸੰਜੇ ਮਹਿੰਦਰੂ, ਮਕਾਨ ਨੰ. 1, ਅੰਨਪੂਰਨਾ ਮੰਦਰ ਵਾਲੀ ਗਲੀ, ਕੋਟ ਕਿਸ਼ਨ ਚੰਦ, ਜਲੰਧਰ ਸਿਟੀ-144004 | | LOT : 2<br>Rs. 18,87,000/-<br>Rs. 1,88,700/-<br>Rs. 20,000/- | 28.04.2026 at 11:00 am to 4:00 pm | ਜਾਣਕਾਰੀ ਨਹੀਂ |

**ਨਿਯਮ ਅਤੇ ਸ਼ਰਤਾਂ:** ਵਿਕਰੀ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 'ਚ ਦਰਸਾਈਆਂ ਸ਼ਰਤਾਂ ਤੇ ਨਿਯਮਾਂ ਅਤੇ ਹੇਠਾਂ ਦਰਸਾਈਆਂ ਹੋਰ ਸ਼ਰਤਾਂ ਅਨੁਸਾਰ ਹੋਵੇਗੀ : 1. ਜਾਇਦਾਦਾਂ ਦੀ ਵਿਕਰੀ "ਜਿਵੇਂ ਹੈ, ਜਿਥੇ ਹੈ" ਅਤੇ "ਜਿਵੇਂ ਹੈ ਜੋ ਹੈ" ਅਤੇ "ਉਥੇ ਜੋ ਵੀ ਹੈ, ਦੇ ਅਧਾਰ" 'ਤੇ ਹੋਵੇਗੀ। 2.ਉਪਰੋਕਤ ਦਰਸਾਈ ਸਾਰਣੀ 'ਚ ਸਕਿਉਰਡ ਐਸੇਟਸ ਦੇ ਦੱਸੇ ਗਏ ਵੇਰਵੇ ਅਧਿਕਾਰਤ ਅਫਸਰ ਦੀ ਬਿਹਤਰ ਜਾਣਕਾਰੀ ਅਨੁਸਾਰ ਹਨ ਪ੍ਰੰਤੂ ਇਸ ਐਲਾਨਨਾਮੇ 'ਚ ਅਧਿਕਾਰਤ ਅਫਸਰ ਕਿਸੇ ਭੁੱਲ, ਗਲਤ ਬਿਆਨੀ ਜਾਂ ਗਲਤੀ ਲਈ ਜਵਾਬਦੇਹ ਨਹੀਂ ਹੋਵੇਗਾ। 3. ਈ ਐੱਮ ਡੀ ਨਿਲਾਮੀ ਤੋਂ ਇਕ ਦਿਨ ਪਹਿਲਾਂ ਤੱਕ ਜਮ੍ਹਾਂ ਕਰਵਾਈ ਜਾ ਸਕੇਗੀ। 4. ਵਿਕਰੀ ਨਿਮਨਹਸਤਾਖਰੀ ਵੱਲੋਂ ਵੈੱਬਸਾਈਟ https://ebkray.in 'ਤੇ ਮੁਹੱਈਆ ਈ-ਨਿਲਾਮੀ ਪਲੇਟਫਾਰਮ ਰਾਹੀਂ 28-04-2026 ਨੂੰ ਸਵੇਰ ਦੇ 11.00 ਵਜੇ ਤੋਂ ਸ਼ਾਮ ਦੇ 04.00 ਵਜੇ ਤੱਕ ਕਰਵਾਈ ਜਾਵੇਗੀ। 5.ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ https://baanknet.com&www.pnbindia.in ਦਾ ਹਵਾਲਾ ਲਿਆ ਜਾਵੇ।

ਮਿਤੀ : 06.04.2026
ਸਥਾਨ : ਜਲੰਧਰ

ਅਧਿਕਾਰਤ ਅਫਸਰ
ਪੰਜਾਬ ਨੈਸ਼ਨਲ ਬੈਂਕ, ਸਕਿਉਰਡ ਕ੍ਰੈਡਿਟਰ

ਸਰਫੇਸੀ ਐਕਟ, 2002 ਦੇ ਰੂਲ 8 (6) ਤਹਿਤ ਵਿਧਾਨਕ ਵਿਕਰੀ ਨੋਟਿਸ

# ਅਗਲੇ ਪੰਜ ਸਾਲਾਂ 'ਚ ਗ੍ਰੀਨ ਐਨਰਜੀ ਤੋਂ 85 ਫੀਸਦੀ ਬਿਜਲੀ ਉਤਪਾਦਨ ਦਾ ਟੀਚਾ ਮਿੱਥਿਆ : ਸੰਜੀਵ ਅਰੋੜਾ

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**- ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਸਥਾਨਕ ਸਰਕਾਰਾਂ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ 2025-26 ਦੌਰਾਨ ਪੰਜਾਬ ਦੇ ਇਤਿਹਾਸ ਵਿੱਚ ਹੁਣ ਤੱਕ ਦਾ ਸਭ ਤੋਂ ਵੱਧ ਨਿਵੇਸ਼ ਹੋਇਆ ਹੈ, ਜਿਸ ਵਿੱਚ 60,000 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਦੇ ਕਰਾਰ ਸ਼ਾਮਲ ਹਨ, ਜੋ ਕਿ ਉਦਯੋਗਿਕ ਵਿਕਾਸ ਲਈ ਸਾਜ਼ਗਾਰ ਮਾਹੌਲ ਪ੍ਰਦਾਨ ਕਰਨ ਦੇ ਪੰਜਾਬ ਸਰਕਾਰ ਦੇ ਸੰਕਲਪ ਨੂੰ ਦਰਸਾਉਂਦੇ ਹਨ। ਜਲੰਧਰ ਵਿੱਚ ਸਥਾਨਕ ਉਦਯੋਗਪਤੀਆਂ ਨਾਲ ਗੱਲਬਾਤ ਸੈਸ਼ਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਉਦਯੋਗ ਮੰਤਰੀ ਨੇ ਕਿਹਾ ਕਿ ਪੰਜਾਬ ਨਿਵੇਸ਼ਕਾਂ ਲਈ ਸਭ ਤੋਂ ਪਸੰਦੀਦਾ ਸਥਾਨਾਂ ਵਿੱਚੋਂ ਇੱਕ ਵਜੋਂ ਉਭਰਿਆ ਹੈ। ਉਨ੍ਹਾਂ ਕਿਹਾ ਕਿ ਜੇ ਐੱਸ ਡਬਲਯੂ ਗਰੁੱਪ ਤੇ ਮਿੱਤਲ ਗਰੁੱਪ ਸਮੇਤ ਪ੍ਰਮੁੱਖ ਉਦਯੋਗਿਕ ਸਮੂਹਾਂ ਵੱਲੋਂ ਕ੍ਰਮਵਾਰ 3,000 ਕਰੋੜ ਅਤੇ 2,600 ਕਰੋੜ ਰੁਪਏ ਦੇ ਨਿਵੇਸ਼ ਦਾ ਐਲਾਨ ਕੀਤਾ ਗਿਆ ਹੈ। ਅਰੋੜਾ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਇੱਕ ਮਹੀਨੇ ਦੇ ਅੰਦਰ ਇੱਕ ਨਵੀਂ ਇੰਡਸਟ੍ਰੀਅਲ ਪਾਰਕ ਨੀਤੀ ਲਾਗੂ ਕਰਨ ਜਾ ਰਹੀ ਹੈ, ਜਿਸ ਤਹਿਤ ਸੂਬੇ ਵਿੱਚ ਘੱਟੋ-ਘੱਟ 25 ਏਕੜ ਵਿੱਚ ਫੈਲੇ ਵੱਡੇ ਇੰਡਸਟ੍ਰੀਅਲ ਪਾਰਕ ਵਿਕਸਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਉਦਯੋਗਪਤੀ ਅਤੇ ਰੀਅਲ ਇਸਟੇਟ ਡਿਵੈਲਪਰ ਸਾਂਝੇ ਤੌਰ 'ਤੇ ਇਨ੍ਹਾਂ ਪਾਰਕਾਂ ਦੇ ਵਿਕਾਸ ਵਿੱਚ ਸ਼ਾਮਲ ਹੋਣਗੇ, ਜਦਕਿ ਨਿਵੇਸ਼ਕ ਇਨ੍ਹਾਂ ਪ੍ਰਾਜੈਕਟਾਂ ਵਿੱਚ ਨਿਵੇਸ਼ ਲਈ ਰਜਿਸਟਰ ਕਰਕੇ ਸਾਰੀਆਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨਗੇ। ਇਸ ਨੀਤੀ ਨੂੰ ਕ੍ਰਾਂਤੀਕਾਰੀ ਕਦਮ ਦੱਸਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਨਵੇਂ ਪਾਰਕਾਂ ਵਿੱਚ ਸ਼ਿਫ਼ਟ ਹੋਣ ਵਾਲੇ ਉਦਯੋਗਾਂ ਨੂੰ ਵੱਡੇ ਪ੍ਰੋਤਸਾਹਨ ਮਿਲਣਗੇ। ਜ਼ੀਰੋ ਲਿਕਵਿਡ ਡਿਸਚਾਰਜ ਮਾਪਦੰਡ ਅਪਣਾਉਣ ਵਾਲੇ ਮੌਜੂਦਾ ਉਦਯੋਗ 10 ਕਰੋੜ ਰੁਪਏ ਤੱਕ ਦੇ ਪ੍ਰੋਤਸਾਹਨ ਲਈ ਯੋਗ ਹੋਣਗੇ, ਜਦਕਿ ਨਵੇਂ ਉਦਯੋਗਾਂ ਨੂੰ 100 ਫੀਸਦੀ ਪ੍ਰੋਤਸਾਹਨ ਮਿਲੇਗਾ।



# ਮਿਸ਼ਨ ਕਰਮਯੋਗੀ ਸਾਧਨਾ ਸਪਤਾਹ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਾਇਰੈਕਟਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ ਦੇ ਦਿਸ਼ਾ ਨਿਰਦੇਸ਼ ਤਹਿਤ ਸਰਕਾਰੀ ਆਈ ਟੀ ਆਈ ਹੁਸ਼ਿਆਰਪੁਰ ਵਿਖੇ ਵਾਈਸ ਪ੍ਰਿੰਸੀਪਲ ਪੁਸ਼ਪਿੰਦਰ ਸਿੰਘ ਦੀ ਅਗਵਾਈ ਵਿੱਚ ਸੰਸਥਾ ਦੇ ਦਫਤਰੀ ਤੇ ਤਕਨੀਕੀ ਸਟਾਫ ਵੱਲੋਂ ਮਿਸ਼ਨ ਕਰਮਯੋਗੀ ਸਾਧਨਾ ਸਪਤਾਹ ਮਨਾਇਆ ਗਿਆ।ਨੋਡਲ ਅਫਸਰ ਹੰਸ ਰਾਜ ਵੱਲੋਂ ਪ੍ਰੋਗਰਾਮ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਇਸ ਪ੍ਰੋਗਰਾਮ ਦਾ ਉਦੇਸ਼ ਕਰਮਚਾਰੀਆਂ ਨੂੰ ਆਧੁਨਿਕ ਯੁੱਗ ਵਿੱਚ ਹੋ ਰਹੇ ਤਕਨਾਲੋਜੀ ਦੇ ਵਿਕਾਸ ਕਾਰਨ ਆਪਣੇ ਹੁਨਰ ਨੂੰ ਵਧਾਉਣ ਲਈ ਪ੍ਰੇਰਿਤ ਕਰਨਾ ਹੈ ਤਾਂ ਜੋ ਉਹ ਵਿਕਸਿਤ ਭਾਰਤ 2047 ਲਈ ਪ੍ਰਸ਼ਾਸਨਿਕ ਅਤੇ ਤਕਨੀਕੀ ਕੰਮਾਂ ਨੂੰ ਸਫਲਤਾ ਪੂਰਬਕ ਕਰਨ ਦੇ ਯੋਗ ਹੋ ਸਕਣ। ਇਸ ਮੌਕੇ ਵਾਈਸ ਪ੍ਰਿੰਸੀਪਲ ਪੁਸ਼ਪਿੰਦਰ ਸਿੰਘ ਵਲੋਂ ਸਾਰੇ ਕਰਮਚਾਰੀਆ ਨੂੰ ਦਫਤਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਚੰਡੀਗੜ੍ਹ ਵਲੋਂ ਦਰਸਾਏ ਸਾਈਬਰ ਸਕਿਉਰਟੀ, ਜਨਤਕ ਸੇਵਾ ਵਿੱਚ ਨੈਤਿਕਤਾ ਅਤੇ ਕਦਰਾਂ ਕੀਮਤਾਂ, ਨਾਗਰਿਕ-ਕੇਂਦਰ ਸ਼ਾਸ਼ਨ ਆਦਿ ਏ ਆਈ ਬੇਸਡ ਕੋਰਸ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਟ੍ਰੇਨਿੰਗ ਅਫਸਰ ਮਸਤ ਰਾਮ, ਅਸ਼ਵਨੀ ਕੁਮਾਰ, ਸਤਪਾਲ ਸਿੰਘ, ਸਤਪਾਲ, ਪੁਨੀਤ ਕੌਰ, ਕਮਲਪ੍ਰੀਤ ਕੌਰ, ਸ੍ਰੀਮਤੀ ਗਰਿਮਾ, ਜਗਦੀਪ ਸਿੰਘ, ਦਲਜੀਤ ਸਿੰਘ, ਰਵੀ ਕੁਮਾਰ, ਪੁਰਵਿੰਦਰ ਕੌਰ, ਬਲਜੀਤ ਸਿੰਘ, ਰਜਵੰਤ ਕੌਰ, ਮਾਈਕਲ, ਰਵੀਨਾ, ਧੀਰਜ ਕੁਮਾਰ, ਰਵਿੰਦਰ ਸਿੰਘ, ਅਨਿਲ ਕੁਮਾਰ, ਲਖਵਿੰਦਰ ਸਿੰਘ, ਰਮਨ ਕੁਮਾਰ, ਬਲਵਿੰਦਰ ਸਿੰਘ, ਸ੍ਰੀਮਤੀ ਸੁਨਿਤਾ ਕੁਮਾਰੀ, ਸ੍ਰੀਮਤੀ ਸੰਗੀਤਾ ਕੁਮਾਰੀ, ਸ੍ਰੀਮਤੀ ਰਵੀਨ, ਗਗਨਦੀਪ ਸਿੰਘ, ਬਲਜਿੰਦਰ ਸਿੰਘ, ਮਨਜਿੰਦਰ ਸਿੰਘ, ਨਰੇਸ਼ ਕੁਮਾਰ, ਚਰਨਜੀਤ ਸਿੰਘ ਸਮੇਤ ਸੰਸਥਾ ਦੇ ਸਟਾਫ ਮੈਂਬਰ ਹਾਜ਼ਰ ਹੋਏ ।



# ਕੈਬਨਿਟ ਮੰਤਰੀ ਵੱਲੋਂ ਪੁਲੀਆਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

**ਜਲੰਧਰ (ਸੁਰਿੰਦਰ ਕੁਮਾਰ)** ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਹੁਲਾਰਾ ਦਿੰਦਿਆਂ ਅੱਜ ਗੁਲਾਬ ਦੇਵੀ ਰੋਡ 'ਤੇ ਨਹਿਰ 'ਤੇ 2 ਕਰੋੜ 25 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ 2 ਨਵੀਆਂ ਪੁਲੀਆਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨਾਲ ਮੇਅਰ ਵਿਨੀਤ ਧੀਰ ਵੀ ਮੌਜੂਦ ਸਨ।ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਇਨ੍ਹਾਂ ਪੁਲੀਆਂ ਦੇ ਬਣਨ ਨਾਲ ਇਲਾਕੇ ਦੇ ਲੋਕਾਂ ਦੀ ਪ੍ਰਮੁੱਖ ਮੰਗ ਪੂਰੀ ਹੋਵੇਗੀ ਅਤੇ ਇਥੋਂ ਆਉਣ-ਜਾਣ ਵਾਲੇ ਲੋਕਾਂ ਨੂੰ ਆਵਾਜਾਈ ਵਿੱਚ ਕਾਫੀ ਸੌਖ ਹੋਵੇਗੀ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵਿਕਾਸ ਪ੍ਰਾਜੈਕਟਾਂ ਦੀ ਗਤੀ ਨੂੰ ਹੋਰ ਤੇਜ਼ ਕੀਤਾ ਜਾਵੇਗਾ ਕਿਉਂਕਿ ਵਿਕਾਸ ਕਾਰਜਾਂ ਲਈ ਫੰਡਸ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਸੂਬਾ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਂਦੇ ਹੋਏ ਸਰਵਪੱਖੀ ਵਿਕਾਸ ਦੀ ਵਚਨਬੱਧਤਾ ਦੁਹਰਾਈ।ਇਸ ਮੌਕੇ ਮੇਅਰ ਵਿਨੀਤ ਧੀਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਗਰ ਨਿਗਮ ਵੱਲੋਂ ਸ਼ਹਿਰ ਦੀ ਨੁਹਾਰ ਬਦਲਣ ਲਈ ਦਿਨ-ਰਾਤ ਕੰਮ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਦੀ ਦਿੱਖ ਨੂੰ ਹੋਰ ਸੰਵਾਰਨ ਅਤੇ ਲੋਕਾਂ ਨੂੰ ਸਹੂਲਤ ਦੇਣ ਲਈ ਹੋਰ ਵਿਕਾਸ ਕਾਰਜ ਕਰਵਾਏ ਜਾਣਗੇ।



# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਗਾਇਆ ਕੈਂਪ



**ਨੰਗਲ ਭਲਾਣ (ਹਰਭਜਨ ਸਿੰਘਢਿੱਲੋਂ)**

ਨਜ਼ਦੀਕੀ ਪਿੰਡ ਪਲਾਸੀ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਤਹਿਤ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਲੋਕਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਬਾਰੇ ਜਾਣੂ ਕਰਵਾਉਣਾ ਅਤੇ ਲਾਭਪਾਤਰੀਆਂ ਦੇ ਸਿਹਤ ਬੀਮਾ ਕਾਰਡ ਤਿਆਰ ਕਰਨਾ ਸੀ।ਇਹ ਜਾਣਕਾਰੀ ਸਚਿਨ ਪਾਠਕ ਐਸ.ਡੀ.ਐਮ ਨੰਗਲ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਪਿੰਡ ਵਾਸੀਆਂ ਨੂੰ ਯੋਜਨਾ ਦੇ ਫਾਇਦਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਵੀ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਕੈਂਪ ਵਿੱਚ ਨੇੜਲੇ ਇਲਾਕਿਆਂ ਤੋਂ ਆਏ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ ਅਤੇ ਸਿਹਤ ਯੋਜਨਾ ਕਾਰਡ ਬਣਵਾਉਣ ਲਈ ਉਤਸ਼ਾਹ ਦਿਖਾਇਆ। ਲੋਕਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਕੈਂਪਾਂ ਰਾਹੀਂ ਉਨ੍ਹਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਵਿੱਚ ਬਹੁਤ ਸਹੂਲਤ ਮਿਲਦੀ ਹੈ ਕਿਉਂਕਿ ਉਨ੍ਹਾਂ ਨੂੰ ਦਫ਼ਤਰਾਂ ਦੇ ਚੱਕਰ ਨਹੀਂ ਲਗਾਉਣੇ ਪੈਂਦੇ। ਕੈਂਪ ਦੌਰਾਨ ਅਧਿਕਾਰੀਆਂ ਵੱਲੋਂ ਯੋਗ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਤੇ ਕਈ ਲੋਕਾਂ ਦੇ ਮੌਕੇ 'ਤੇ ਹੀ ਸਿਹਤ ਬੀਮਾ ਕਾਰਡ ਬਣਾਏ ਗਏ। ਇਸ ਯੋਜਨਾ ਤਹਿਤ ਲੋੜਵੰਦ ਪਰਿਵਾਰਾਂ ਨੂੰ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਹੈ।ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਆਮ ਲੋਕਾਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਸ਼ੁਰੂ ਕੀਤੀਆਂ ਜਾ ਰਹੀਆਂ ਅਜਿਹੀਆਂ ਯੋਜਨਾਵਾਂ ਨਾਲ ਸਮਾਜ ਦੇ ਹਰ ਵਰਗ ਨੂੰ ਫਾਇਦਾ ਮਿਲ ਰਿਹਾ ਹੈ।

# ਡਿਪਟੀ ਕਮਿਸ਼ਨਰ ਵੱਲੋਂ ਵਪਾਰੀਆਂ ਦੇ ਮਸਲੇ ਦੇ ਨਿਪਟਾਰੇ ਦੇ ਹੁਕਮ



**ਮੁਹਾਲੀ (ਗੁਰਜੀਤ ਬਿੱਲਾ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੀਆਂ ਹਾਲ ਹੀ ਵਿੱਚ ਹੋਈਆਂ ਮੀਟਿੰਗਾਂ ਦੌਰਾਨ ਵਪਾਰੀਆਂ ਵੱਲੋਂ ਉਠਾਏ ਗਏ ਮਸਲਿਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ ਅਤੇ ਸਬੰਧਤ ਵਿਭਾਗਾਂ ਨੂੰ ਇਨ੍ਹਾਂ ਮਸਲਿਆਂ ਦੇ ਤੁਰੰਤ ਨਿਪਟਾਰੇ ਲਈ ਪ੍ਰਾਥਮਿਕਤਾ ਦੇਣ ਦੇ ਨਿਰਦੇਸ਼ ਜਾਰੀ ਕੀਤੇ ਗਏ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਵੀ ਆਦੇਸ਼ ਦਿੱਤਾ ਕਿ ਹਰ ਕੇਸ ਦੀ ਸਥਿਤੀ ਨੂੰ ਤੁਰੰਤ ਆਨਲਾਈਨ ਪੋਰਟਲ 'ਤੇ ਅਪਡੇਟ ਕੀਤਾ ਜਾਵੇ।ਇਹ ਸਮੀਖਿਆ ਮੀਟਿੰਗ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਰਣਜੀਤ ਪਾਲ ਸਿੰਘ ਅਤੇ ਵਾਈਸ ਚੇਅਰਮੈਨ ਤਰਲੋਚਨ ਸਿੰਘ ਬੈਦਵਾਨ ਦੀ ਹਾਜ਼ਰੀ ਵਿੱਚ ਹੋਈ। ਇਸ ਤੋਂ ਇਲਾਵਾ ਮੋਹਾਲੀ ਹਲਕੇ ਦੇ ਚੇਅਰਮੈਨ ਅਕਵਿੰਦਰ ਸਿੰਘ ਗੋਸਲ ਅਤੇ ਖਰੜ ਹਲਕੇ ਦੇ ਚੇਅਰਮੈਨ ਯਸ਼ਪਾਲ ਬਾਂਸਲ ਵੀ ਮੌਜੂਦ ਸਨ।

# ਮਨੀਸ਼ ਸਿਸੋਦੀਆ ਵਾਲਮੀਕਿ ਯੋਗ ਆਸ਼ਰਮ 'ਚ ਨਤਮਸਤਕ ਹੋਏ

**ਨਕੋਦਰ (ਮਨਜੀਤ ਮਾਨ)**- ਮੁਨੀਸ਼ ਸਿਸੋਦੀਆ ਵਾਲਮੀਕਿ ਯੋਗ ਆਸ਼ਰਮ ਰਹੀਮਪੁਰ ਵਿਖੇ ਨਤਮਸਤਕ ਹੋਏ ਜਿਥੇ ਵਾਲਮੀਕਿ ਯੋਗ ਆਸ਼ਰਮ ਰਹੀਮਪੁਰ ਦੇ ਮੁੱਖ ਸੰਚਾਲਕ ਬਾਲਯੋਗੀ ਪ੍ਰਗਟ ਨਾਥ ਵੱਲੋਂ ਮੁਨੀਸ਼ ਸਿਸੋਦੀਆ ਦਾ ਆਸ਼ਰਮ ਵਿਖੇ ਪਹੁੰਚਣ ਤੇ ਬਾਲਯੋਗੀ ਪ੍ਰਗਟ ਨਾਥ ਵੱਲੋਂ ਭਰਵਾਂ ਸਵਾਗਤ ਕੀਤਾ। ਮੁਨੀਸ਼ ਸਿਸੋਦੀਆ ਨੇ ਕਿਹਾ ਕਿ ਵਾਲਮੀਕਿ ਯੋਗ ਆਸ਼ਰਮ ਦੇ ਮੁੱਖ ਸੰਚਾਲਕ ਬਾਲਯੋਗੀ ਸੰਤ ਬਾਬਾ ਪ੍ਰਗਟ ਨਾਥ ਵੱਲੋਂ ਮਾਣ ਸਤਿਕਾਰ ਦਿੱਤਾ ਗਿਆ ਉਹ ਹਮੇਸ਼ਾ ਰਿਣੀ ਰਹਿਣਗੇ। ਇਸ ਮੌਕੇ ਡੀ ਐੱਸ ਪੀ ਉਂਕਾਰ ਸਿੰਘ ਬਰਾੜ ਸਬ ਡਵੀਜ਼ਨ ਨਕੋਦਰ, ਥਾਣਾ ਮੁਖੀ ਨਕੋਦਰ ਦੇ ਐਸ ਐਚ ਓ ਦਿਲਬਾਗ ਸਿੰਘ, ਪੁਲਿਸ ਚੌਂਕੀ ਉੱਗੀ ਦੇ ਇੰਚਾਰਜ ਏ ਐਸ ਆਈ ਬੂਟਾ ਰਾਮ, ਕੁਲਦੀਪ ਸਿੰਘ ਸੱਭਰਵਾਲ ਸਰਪੰਚ ਰਹੀਮਪੁਰ, ਸਮਾਜ ਸੇਵਕ ਜਸਵਿੰਦਰ ਸਿੰਘ ਜੱਸਾ ਬੈਲਜੀਅਮ, ਅਮਿਤ ਅਹੂਜਾ ਪੀ ਏ ਹਲਕਾ ਵਿਧਾਇਕਾ ਬੀਬੀ ਇੰਦਰਜੀਤ ਕੌਰ ਮਾਨ, ਗੁਰਮੁਖ ਸਿੰਘ ਯੂਕੇ, ਜ਼ੋਰਾਵਰ ਸਿੰਘ ਪੰਚ, ਹਰਜੀਤ ਸਿੰਘ ਚੱਕ੍ਰਤ, ਗੁਰਮੁੱਖ ਸਿੰਘ ਗੋਮਾ ਤੋਂ ਇਲਾਵਾ ਹੋਰ ਆਗੂ ਵੀ ਇਸ ਮੌਕੇ ਤੇ ਹਾਜ਼ਰ ਸਨ।



# ਐਡਵੋਕੇਟ ਸਾਜਨ ਕੌਲ ਸਨਮਾਨਤ



**ਫਿਲੌਰ (ਨਿਰਮਲ)**-ਸਾਜਨ ਕੁਮਾਰ ਕੌਲ ਬਾਰ ਐਸੋਸੀਏਸ਼ਨ ਫਿਲੌਰ ਦੇ ਮੈਂਬਰ ਹਨ। ਆਮ ਆਦਮੀ ਪਾਰਟੀ ਵੱਲੋਂ ਐਡਵੋਕੇਟ ਸਾਜਨ ਕੌਲ ਨੂੰ ਸਬ-ਡਿਵਿਜ਼ਨ ਫਿਲੌਰ 'ਚ ਲੀਗਲ ਵਿੰਗ ਦੇ ਪ੍ਰਧਾਨ ਵਜੋਂ ਨਿਯੁਕਤ ਕੀਤਾ ਗਿਆ ਹੈ। ਇਹ ਅਹੁਦਾ ਮਿਲਣ ਤੇ ਬਾਰ ਐਸੋਸੀਏਸ਼ਨ ਫਿਲੌਰ ਵੱਲੋਂ ਫੁੱਲਾਂ ਦਾ ਗੁਲਦੱਸਤਾ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਸਾਜਨ ਕੌਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਜੋ ਉਨ੍ਹਾਂ ਨੂੰ ਮਾਣ ਬਖਸ਼ਿਆ ਹੈ ਉਸ ਤੇ ਪਹਿਰਾ ਦਿਆਂਗਾ ਤੇ ਪੂਰੀ ਤਨਦੇਹੀ ਨਾਲ ਪਾਰਟੀ ਦੀ ਸੇਵਾ ਕਰਾਂਗਾ।

# ਸਰਕਾਰੀ ਹਸਪਤਾਲਾਂ 'ਚ ਡਾਕਟਰਾਂ ਦੀ ਕੰਟ੍ਰੈਕਟ 'ਤੇ ਹੋਵੇਗੀ ਭਰਤੀ : ਸਿਹਤ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਸੂਬੇ ਦੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਵੱਡਾ ਫੈਸਲਾ ਲੈਂਦੇ ਹੋਏ ਐਲਾਨ ਕੀਤਾ ਹੈ ਕਿ ਸੂਬੇ ਦੇ ਸਰਕਾਰੀ ਹਸਪਤਾਲਾਂ ਵਿੱਚ ਮਾਹਰ ਡਾਕਟਰਾਂ ਦੀ ਕਮੀ ਨੂੰ ਦੂਰ ਕਰਨ ਲਈ 195 ਅਸਾਮੀਆਂ 'ਤੇ ਕੰਟ੍ਰੈਕਟ ਆਧਾਰ 'ਤੇ ਭਰਤੀ ਕੀਤੀ ਜਾਵੇਗੀ।ਸਿਹਤ ਮੰਤਰੀ ਨੇ ਦਸਿਆ ਕਿ ਇਹ ਭਰਤੀ ਪ੍ਰਕ੍ਰਿਆ ਪੂਰੀ ਤਰ੍ਹਾ ਪਾਰਦਰਸ਼ੀ ਅਤੇ ਮੈਰਿਟ ਆਧਾਰ ਹੋਵੇਗੀ। ਉਨ੍ਹਾਂ ਨੇ ਦਸਿਆ ਕਿ ਨੂੰਹ ਜ਼ਿਲ੍ਹਾ ਨੂੰ ਛੱਡ ਕੇ ਹੋਰ ਜਿਲ੍ਹਿਆਂ ਲਈ ਚੋਣ ਕੀਤੇ ਮਾਹਰ ਡਾਕਟਰਾਂ ਵਿੱਚ ਐਮ ਬੀ ਬੀ ਐਸ ਤੇ ਡਿਪਲੋਮਾ ਦੀ ਯੋਗਤਾ ਵਾਲੇ ਮਾਹਰ ਡਾਕਟਰਾਂ ਨੂੰ ਇੱਕ ਲੱਖ ਰੁਪਏ ਪ੍ਰਤੀ ਮਹੀਨਾ ਤੇ ਐਮ ਬੀ ਬੀ ਐੱਸ ਤੇ ਐਮ ਡੀ/ਐਮ ਐੱਸ/ਡੀ ਐੱਨ ਬੀ ਯੋਗਤਾ ਵਾਲੇ ਮਾਹਰ ਡਾਕਟਰਾਂ ਨੂੰ 1.50 ਲੱਖ ਰੁਪਏ ਪ੍ਰਤੀ ਮਹੀਨਾ ਦਿੱਤਾ ਜਾਵੇਗਾ।ਵਿਸ਼ੇਸ਼ ਤੌਰ 'ਤੇ ਨੂੰਹ ਜਿਲ੍ਹਾ ਦੇ ਲਈ ਚੋਣ ਕੀਤੇ ਮਾਹਰ ਡਾਕਟਰਾਂ ਵਿੱਚ ਐਮ ਬੀ ਬੀ ਐੱਸ ਤੇ ਡਿਪਲੋਮਾ ਦੀ ਯੋਗਤਾ ਵਾਲੇ ਮਾਹਰ ਡਾਕਟਰਾਂ ਨੂੰ 1.50 ਲੱਖ ਰੁਪਏ ਪ੍ਰਤੀ ਮਹੀਨਾ ਤੇ ਐਮ ਬੀ ਬੀ ਐੱਸ ਤੇ ਐਮ ਡੀ/ਐੱਮਐਸ/ਡੀ ਐੱਨਬੀ ਯੋਗਤਾ ਵਾਲੇ ਮਾਹਰ ਡਾਕਟਰਾਂ ਨੂੰ 22 ਲੱਖ ਰੁਪਏ ਪ੍ਰਤੀ ਮਹੀਨਾ ਦਿੱਤਾ ਜਾਵੇਗਾ।

## ਮਨੀਸ਼ ਸੋਨੀ ਦੇ ਪਿਤਾ ਦੀ ਮੌਤ 'ਤੇ ਵੱਖ-ਵੱਖ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ

**ਨੰਗਲ (ਸੁਰਜੀਤ ਸਿੰਘ)**- ਸਮਾਜ ਸੇਵੀ ਮਨੀਸ਼ ਸੋਨੀ ਤੇ ਡਾਕਟਰ ਰਾਜੇਸ਼ ਸੋਨੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ,ਜਦੋਂ ਉਹਨਾਂ ਦੇ ਪਿਤਾ ਹਰੀ ਚੰਦ ਸੋਨੀ (72) ਵਾਸੀ ਬੰਦਲੈਹੜੀ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ। ਪਰਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਸਤਨਾਮ ਸਿੰਘ, ਰਕੇਸ਼ ਬਾਲੀ ਕਲਸੇੜਾ, ਇੰਦਰਜੀਤ ਸਿੰਘ ਫੌਜੀ,ਨਿਰਦੇਵ ਸ਼ਰਮਾ, ਡਾਕਟਰ ਰਾਜ ਕੁਮਾਰ, ਰਾਮਕਿਸ਼ਨ ਦਬਕੇਹੜਾ, ਸੁਖਦੇਵ ਸਿੰਘ, ਜਰਨੈਲ ਸਿੰਘ ਸੰਧੂ, ਸਾਬਕਾ ਪ੍ਰਿੰਸੀਪਲ ਕੁਲਵੰਤ ਪਾਠਕ, ਵਿਜੇ ਸ਼ਰਮਾ, ਪਿਆਰੇ ਲਾਲ ਜਸਵਾਲ, ਐਡਵੋਕੇਟ ਪਰਮਜੀਤ ਸਿੰਘ ਪੰਮਾ, ਦਰਵੇਸ਼ ਗੁਪਤਾ, ਐਡਵੋਕੇਟ ਤਨੁਜ ਠਾਕੁਰ, ਮਾਸਟਰ ਤਰਸੇਮ ਲਾਲ ਭਨਾਮ, ਨਿਰਮਲ ਸਿੰਘ ਨੇ ਦੁੱਖ ਸਾਂਝਾ ਕੀਤਾ ਤੇ ਕਿਹਾ ਕਿ ਇਸ ਪਰਵਾਰ ਦਾ ਸਮਾਜ ਸੇਵਾ ਵਿੱਚ ਬਹੁਤ ਵੱਡਾ ਯੋਗਦਾਨ ਹੈ।



# ਰੇਜਾਂਗਲਾ ਤੇ ਅਤੁਲ ਕਟਾਰੀਆ ਚੌਕ ਦਾ ਹੋਵੇਗਾ ਸੁੰਦਰੀਕਰਨ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਰਾਜ ਉਦਯੋਗਿਕ ਤੇ ਅਵਸਰੰਚਨਾ ਵਿਕਾਸ ਨਿਗਮ ਤੇ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਦੇ ਅਧਿਕਾਰਿਆਂ ਨੂੰ ਨਿਰਦੇਸ਼ ਦਿੱਤੇ ਕਿ ਸੂਬੇ ਭਰ ਵਿੱਚ ਪੈਂਡਿੰਗ ਤਤੀਮਾ ਨਾਲ ਸਬੰਧਿਤ ਸਾਰੇ ਮਾਮਲਿਆਂ ਦਾ ਪ੍ਰਾਥਮਿਕਤਾ ਦੇ ਅਧਾਰ 'ਤੇ ਜਲਦ ਨਿਪਟਾਰੇ ਨੂੰ ਯਕੀਨੀ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਦੇਰੀ ਕਾਰਨਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਕੱਟਣੇ ਪੈਂਦੇ ਹਨ, ਬੇਲੋੜੇ ਵਿਵਾਦ ਅਤੇ ਅਦਾਲਤੀ ਪ੍ਰਕਿਰਿਆਵਾਂ ਵੱਧੀਆਂ ਹਨ।ਮੁੱਖ ਮੰਤਰੀ ਗੁਰੂਗ੍ਰਾਮ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਤੇ ਕਸ਼ਟ ਨਿਵਾਰਨ ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਵਿੱਚ ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ, ਪਟੌਦੀ ਵਿਧਾਇਕ ਸ੍ਰੀਮਤੀ ਬਿਮਲਾ ਚੌਧਰੀ, ਸੋਹਨਾ ਵਿਧਾਇਕ ਤੇਜਪਾਲ ਤੰਵਰ, ਗੁਰੂਗ੍ਰਾਮ ਦੇ ਵਿਧਾਇਕ ਮੁਕੇਸ਼ ਸ਼ਰਮਾ ਵੀ ਮੌਜੂਦ ਰਹੇ। ਮੀਟਿੰਗ ਵਿੱਚ ਕੁੱਲ 15 ਮਾਮਲੇ ਰੱਖੇ ਗਏ, ਜਿਨ੍ਹਾਂ ਵਿੱਚੋਂ ਮੁੱਖ ਮੰਤਰੀ ਨੇ 11 ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਰੇਜਾਂਗਲਾ ਚੌਕ ਦੀ ਸਵੱਛਤਾ ਵਿਵਸਥਾ ਦਾ ਨੋਟਿਸ ਲੈਂਦੇ ਹੋਏ ਅਧਿਕਾਰਿਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਰੇਜਾਂਗਲਾ ਚੌਕ ਤੇ ਸ਼ਹੀਦ ਲੈਫਟਿਨੇਂਟ ਅਤੁਲ ਕਟਾਰਿਆ ਚੌਕ ਦਾ ਵਿਵਸਥਿਤ ਢੰਗ ਨਾਲ ਸੁੰਦਰੀਕਰਨ ਕੀਤਾ ਜਾਵੇ, ਨਾਲ ਹੀ ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਰੇਜਾਂਗਲਾ ਸਮਾਰਕ ਦਾ ਸਮੁਚਿਤ ਸੌਂਦਰੀਕਰਨ, ਗੀਡਿਜਾਇਨਿੰਗ ਕੀਤਾ ਜਾਵੇ ਤਾਂ ਜੋ ਇਸ ਨੂੰ ਹੋਰ ਵੱਧ ਆਕਰਸ਼ਕ, ਗਰਿਮਾਪੂਰਨ ਅਤੇ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਸਥਾਨਾਂ 'ਤੇ ਹਰਿਤ ਖੇਤਰ ਵਿਕਸਿਤ ਕੀਤੇ ਜਾਣ ਅਤੇ ਨਿਮਤ ਸਫਾਈ ਵਿਵਸਥਾ ਨੂੰ ਮਜਬੂਤ ਕੀਤਾ ਜਾਵੇ ਜਿਸ ਨਾਲ ਆਮਜਨ ਨੂੰ ਇੱਕ ਸਵੱਛ, ਵਿਵਸਥਿਤ ਅਤੇ ਆਕਰਸ਼ਕ ਵਾਤਾਵਰਨ ਦਾ ਅਨੁਭਵ ਹੋ ਸਕੇ।

# ਜਲੰਧਰ ਦਿਹਾਤੀ ਪੁਲਸ ਨੂੰ ਮਿਲੀਆਂ 16 ਨਵੀਆਂ ਗੱਡੀਆਂ



**ਜਲੰਧਰ (ਸੁਰਿੰਦਰ ਕੁਮਾਰ)**-ਜਨਤਕ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਅਤੇ ਪੁਲਿਸ ਦੀ ਮੌਜੂਦਗੀ ਵਧਾਉਣ ਦੇ ਮਕਸਦ ਨਾਲ ਪੰਜਾਬ ਸਰਕਾਰ ਤੇ ਡੀ ਜੀ ਪੀ ਪੰਜਾਬ ਪੁਲਿਸ ਵੱਲੋਂ ਜਲੰਧਰ ਦਿਹਾਤੀ ਪੁਲਿਸ ਨੂੰ ਕੁੱਲ 16 ਨਵੀਆਂ ਗੱਡੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਇਹ ਗੱਡੀਆਂ ਖ਼ਾਸ ਤੌਰ 'ਤੇ 112 ਹੈਲਪਲਾਈਨ ਸੇਵਾ ਲਈ ਤਾਇਨਾਤ ਕੀਤੀਆਂ ਗਈਆਂ ਹਨ ਤਾਂ ਜੋ ਐਮਰਜੈਂਸੀ ਕਾਲਾਂ 'ਤੇ ਤੁਰੰਤ ਕਾਰਵਾਈ ਯਕੀਨੀ ਬਣਾਈ ਜਾ ਸਕੇ।ਇਨ੍ਹਾਂ ਗੱਡੀਆਂ ਨੂੰ ਸੀਨੀਅਰ ਪੁਲਿਸ ਕਪਤਾਨ, ਜਲੰਧਰ (ਦਿਹਾਤੀ) ਹਰਵਿੰਦਰ ਸਿੰਘ ਵਿਰਕ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਐੱਸ ਐੱਸ ਪੀ ਜਲੰਧਰ ਦਿਹਾਤੀ ਨੇ ਕਿਹਾ ਕਿ ਨਵੀਆਂ ਗੱਡੀਆਂ ਦੇ ਸ਼ਾਮਲ ਹੋਣ ਨਾਲ ਪੁਲਿਸ ਦੀ ਮੌਕੇ 'ਤੇ ਤੁਰੰਤ ਪਹੁੰਚਣ ਦੀ ਸਮਰੱਥਾ ਵਿੱਚ ਵੱਡਾ ਸੁਧਾਰ ਆਵੇਗਾ, ਜਿਸ ਨਾਲ ਲੋਕਾਂ ਨੂੰ ਹੋਰ ਤੇਜ਼ ਅਤੇ ਪ੍ਰਭਾਵਸ਼ਾਲੀ ਸੇਵਾ ਮਿਲੇਗੀ। 112 ਹੈਲਪਲਾਈਨ 'ਤੇ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਹੁਣ ਹੋਰ ਵੀ ਤੇਜ਼ੀ ਨਾਲ ਨਿਪਟਾਰਾ ਕੀਤਾ ਜਾਵੇਗਾ ਅਤੇ ਪੁਲਿਸ ਟੀਮਾਂ ਤੁਰੰਤ ਮੌਕੇ 'ਤੇ ਪਹੁੰਚਣਗੀਆਂ। ਉਨ੍ਹਾਂ ਦੱਸਿਆ ਕਿ ਪਹਿਲਾਂ ਜਲੰਧਰ ਦਿਹਾਤੀ ਪੁਲਿਸ ਕੋਲ 20 ਗੱਡੀਆਂ ਸਨ, ਹੁਣ 16 ਨਵੀਆਂ ਗੱਡੀਆਂ ਦੇ ਸ਼ਾਮਲ ਹੋਣ ਨਾਲ ਵੱਧ ਕੇ ਕੁੱਲ 36 ਹੋ ਗਈਆਂ ਹਨ।

# ਐੱਸ ਕੇ ਐੱਮ ਵੱਲੋਂ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਸੰਬੰਧੀ ਲਾਇਆ ਧਰਨਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਹਰਬੰਸ ਸਿੰਘ ਸੰਘਾ ਮੈਂਬਰ ਐੱਸ ਕੇ ਐੱਮ ਪੰਜਾਬ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਐੱਸ ਕੇ ਐੱਮ ਦੀ ਅਗਵਾਈ ਵਿੱਚ ਹੁਸ਼ਿਆਰਪੁਰ ਵਿਖੇ ਕਿਸਾਨਾਂ ਮਜ਼ਦੂਰਾਂ ਅਤੇ ਹੋਰ ਤਬਕਿਆਂ ਦੇ ਲੋਕਾਂ ਨੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਫਤਰ ਅੱਗੇ ਧਰਨਾ ਦਿੱਤਾ। ਇਹ ਧਰਨਾ ਕਿਸਾਨਾਂ ਦੀਆਂ ਰਹਿੰਦੀਆਂ ਮੰਗਾਂ ਦੇ ਸਬੰਧ ਵਿੱਚ ਸੀ। ਇਸ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਨੇ ਵੀ ਸ਼ਮੂਲੀਅਤ ਕੀਤੀ। ਕਿਸਾਨ ਮੰਗ ਕਰਦੇ ਹਨ ਕਿ ਸਾਰੀਆਂ ਫਸਲਾਂ ਤੇ ਐੱਮ ਐੱਸ ਪੀ ਸੀ 2+50% ਕੀਮਤ ਦਿਤੀ ਜਾਵੇ। ਕਿਸਾਨਾਂ ਤੇ ਦਿੱਲੀ ਧਰਨੇ ਦੌਰਾਨ ਬਣਾਏ ਕੇਸ ਤੇ ਉਹਨਾਂ ਦਾ ਸਮਾਨ ਵਾਪਸ ਕੀਤਾ ਜਾਵੇ ਤੇ ਕੇਸ ਵਾਪਸ ਲਏ ਜਾਣ। ਧਰਨੇ ਵਿੱਚ ਬਲਵਿੰਦਰ ਸਿੰਘ ਗਿੱਲ, ਭੁਪਿੰਦਰ ਸਿੰਘ ਭੁੰਗਾ, ਮਲਕੀਤ ਸਿੰਘ, ਹਰਬੰਸ ਸਿੰਘ ਸੰਘਾ, ਗੁਰਜਪਾਲ ਸਿੰਘ, ਗੁਰਮੇਸ਼ ਸਿੰਘ, ਤਲਵਿੰਦਰ ਸਿੰਘ ਉਗਰਾਹਾਂ, ਕਾਮਰੇਡ ਗੰਗਾ ਪ੍ਰਸ਼ਾਦ, ਗੁਰਨਾਮ ਸਿੰਘ ਚੱਕ ਰਾਜੂ, ਚਰਨਜੀਤ ਸਿੰਘ ਭਿੰਡ, ਅਤੇ ਹਰਮੇਸ਼ ਸਿੰਘ ਢੇਸੀ ਨੇ ਧਰਨੇ ਵਿੱਚ ਹਾਜ਼ਰ ਲੋਕਾਂ ਅੱਗੇ ਆਪਣੇ ਵਿਚਾਰ ਰੱਖੇ। ਧਰਨੇ ਤੋਂ ਬਾਅਦ ਡੀ ਸੀ ਦੇ ਜੀ ਏ ਨੂੰ ਮੰਗ ਪੱਤਰ ਦਿੱਤਾ ਗਿਆ।



# ਮਿਊਸਪਲ ਪੈਨਸ਼ਨਰ ਤੇ ਮੁਲਾਜ਼ਮਾਂ ਦੀ ਕਨਵੈਨਸ਼ਨ ਦੌਰਾਨ ਚੋਣ

**ਗੁਰਾਇਆ (ਬਿੰਦਰ ਸੁਮਨ)**- ਪੰਜਾਬ ਮਿਊਸਪਲ ਪੈਨਸ਼ਨਰ ਤੇ ਮੁਲਾਜ਼ਮਾਂ ਦੀ ਸੂਬਾ ਪੱਧਰੀ ਕਨਵੈਨਸ਼ਨ ਸ੍ਰੀ ਰਾਧਾ ਕ੍ਰਿਸ਼ਨ ਟਰੱਸਟ ਹੰਢਿਆਇਆ ਵਿਖੇ ਸੂਬਾ ਚੈਅਰਮੈਨ ਜਨਕ ਰਾਜ ਮਾਨਸਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਮੌਜੂਦਾ ਅਤੇ ਸੇਵਾ ਮੁਕਤ ਮਿਊਸਪਲ ਮੁਲਾਜ਼ਮਾਂ ਨੂੰ ਪੇਸ਼ ਆ ਰਹੀਆਂ ਮੁਸਕਲਾਂ ਤੇ ਸੂਬਾ ਪੱਧਰੀ ਮੰਗਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੂਬਾ ਚੈਅਰਮੈਨ ਜਨਕ ਰਾਜ ਮਾਨਸਾ ਨੇ ਮੰਗਾਂ ਪ੍ਰਤੀ ਸਰਕਾਰ ਦੇ ਰਵਈਏ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 1 ਜਨਵਰੀ 2004 ਤੋਂ ਪੁਰਾਣੀ ਪੈਨਸ਼ਨ ਬਹਾਲ ਨਾ ਕਰਨਾ, ਡੀ ਏ ਦੀਆਂ ਕਿਸ਼ਤਾਂ ਅਤੇ ਬਕਾਇਆ ਨਾ ਦੇਣਾ, ਮੈਡੀਕਲ ਭੱਤਾ ਅਤੇ ਸਫਰੀ ਭੱਤਾ ਪੈਨਸ਼ਨ ਨਾਲ ਜੋੜ ਕੇ ਨਾ ਦੇਣਾ, ਮੁਲਾਜ਼ਮਾਂ ਦਾ ਪੀ ਐਫ਼ ਜਮਾਂ ਨਾ ਕਰਨਾ ਤੇ ਮੁਲਾਜ਼ਮਾਂ ਦੇ ਬਕਾਏ ਨਾ ਦਿੱਤੇ ਤਾਂ ਪੰਜਾਬ ਦੇ ਮਿਊਸਪਲ ਪੈਨਸ਼ਨਰ ਤੇ ਮੁਲਾਜ਼ਮ ਸੰਘਰਸ਼ ਕਰਨ ਲਈ ਮਜ਼ਬੂਰ ਹੋਣਗੇ। ਇਸ ਉਪਰੰਤ ਪੰਜਾਬ ਰਿਟਾਇਰਡ ਮਿਊਸਪਲ ਵਰਕਰਜ਼ ਯੂਨੀਅਨ ਦੀ ਚੋਣ ਕੀਤੀ ਗਈ। ਜਿਸ ਵਿੱਚ ਜਨਕ ਰਾਜ ਮਾਨਸਾ ਨੂੰ ਸੂਬਾ ਚੈਅਰਮੈਨ ਤੇ ਰਵਿੰਦਰ ਚੀਮਾ ਬਠਿੰਡਾ ਨੂੰ ਸੂਬਾ ਪ੍ਰਧਾਨ ਚੁਣਿਆ ਗਿਆ। ਪੰਜਾਬ ਮਿਊਸਪਲ ਵਰਕਰਜ਼ ਯੂਨੀਅਨ ਦੀ ਚੋਣ ਵਿੱਚ ਅਮਨਦੀਪ ਸਿੰਘ ਜ਼ੀਰਾ ਨੂੰ ਸੂਬਾ ਚੈਅਰਮੈਨ ਅਤੇ ਟੇਕ ਚੰਦ ਮਲੋਟ ਨੂੰ ਸੂਬਾ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਮੀਤ ਪ੍ਰਧਾਨ ਨਾਇਬ ਸਿੰਘ ਹੰਢਿਆਇਆ, ਰਣਜੀਤ ਸਿੰਘ ਬਠਿੰਡਾ, ਪ੍ਰਮਜੀਤ ਸਿੰਘ ਬਾਘਾਪੁਰਾਣਾ, ਗੋਬਿੰਦ ਸਿੰਘ, ਤਾਰਾ ਸਿੰਘ ਗੁਰਾਇਆ, ਸਤਨਾਮ ਸਿੰਘ ਸ਼ਾਹਕੋਟ,ਚੰਦਨ ਸਿੰਘ ਨੇਗੀ ਖੰਨਾ, ਅਸ਼ੋਕ ਕੁਮਾਰ ਕੁਰਾਲੀ, ਮੰਗਤ ਰਾਮ ਅਬੋਹਰ, ਰਾਜ ਕੁਮਾਰ ਫਾਜ਼ਲਿਕਾ, ਪਤਲੂ ਸਿੰਘ, ਅਸ਼ੋਕ ਕੁਮਾਰ ਬਾਠ, ਤਰੁਣ ਕੁਮਾਰ ਗਿਦੜਬਾਹਾ, ਰਣਜੀਤ ਸਿੰਘ ਹੰਢਿਆਇਆ, ਰਜਿੰਦਰ ਨੰਦਾ ਮੋਗਾ, ਨਰੇਸ਼ ਕੁਮਾਰ ਗੜ੍ਹਸ਼ੰਕਰ, ਯੂਨੀਅਨ ਦੇ ਸੂਬਾ ਪ੍ਰਧਾਨ ਭੋਲਾ ਸਿੰਘ ਬਠਿੰਡਾ ਆਦਿ ਹਾਜ਼ਰ ਸਨ। ਕਨਵੈਨਸ਼ਨ ਵਿੱਚ 45 ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਮਿਊਸਪਲ ਪੈਨਸ਼ਨਰ ਅਤੇ ਮੌਜੂਦਾ ਮੁਲਾਜ਼ਮ ਹਾਜ਼ਰ ਸਨ। ਸੂਬਾ ਪੱਧਰੀ ਕਨਵੈਨਸ਼ਨ ਵਿੱਚ 165 ਮੌਜੂਦਾ ਮੁਲਾਜ਼ਮ ਤੇ ਮਿਊਸਪਲ ਪੈਨਸ਼ਨਰ ਹਾਜ਼ਰ ਸਨ।



# ਕੀਰਤਨ ਦਰਬਾਰ ਦੌਰਾਨ ਬਾਬਾ ਹਰਪ੍ਰੀਤ ਸਿੰਘ ਬੱਲ ਦਾ ਸਨਮਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਮੜੌਲੀ ਕਲਾਂ ਮੋਰਿੰਡਾ ਵਿਖੇ ਪੰਜ ਰੋਜ਼ਾ ਕੀਰਤਨ ਦਰਬਾਰ ਕਰਵਾਇਆ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਧਾਰਮਿਕ ਸਮਾਗਮ ਦੇ ਮੁੱਖ ਪ੍ਰਬੰਧਕ ਬਾਬਾ ਸੁਰਿੰਦਰ ਪਾਲ ਸਿੰਘ ਸੋਢੀ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ 1 ਅਪ੍ਰੈਲ ਤੋਂ ਲੈ ਕੇ 5 ਅਪ੍ਰੈਲ ਤੱਕ ਰੋਜ਼ਨਾ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ ਦੀਵਾਨ ਸਜਾਏ ਗਏ। ਇਸ ਮੌਕੇ ਬਾਬਾ ਬਲਵੀਰ ਸਿੰਘ ਧਿਆਨੂ ਮਾਜਰੇ ਵਾਲੀਆਂ ਅਤੇ ਪ੍ਰਬੰਧਕ ਸੁਰਿੰਦਰ ਸਿੰਘ ਸੋਢੀ ਵਲੋਂ ਉਘੇ ਸਮਾਜ ਸੇਵਕ ਬਾਬਾ ਹਰਪ੍ਰੀਤ ਸਿੰਘ ਬੱਲ ਮੋਰਿੰਡਾ ਵਾਲਿਆਂ ਨੂੰ ਸਿਰੋਪਾਓ, ਲੋਈ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਦੀਵਾਨ ਦਾ ਅਰੰਭ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਮੋਰਿੰਡਾ ਦੀਆਂ ਬੀਬੀਆਂ ਦੇ ਜਥੇ ਵਲੋਂ ਕੀਤਾ ਗਿਆ। ਉਹਨਾਂ ਦੱਸਿਆ ਕਿ ਕੀਰਤਨ ਦਰਬਾਰ ਦੌਰਾਨ ਬੀਬੀ ਜਸਵੰਤ ਕੌਰ , ਬਾਬਾ ਗੁਲਾਬ ਸਿੰਘ ਸ੍ਰੀ ਚਮਕੌਰ ਸਾਹਿਬ, ਬਾਬਾ ਅਵਤਾਰ ਸਿੰਘ ਸਲੇਮਪੁਰ ਵਾਲੇ, ਬਾਬਾ ਉਮਰਾਓ ਸਿੰਘ ਲੰਬਿਆਂ ਵਾਲੇ, ਬਾਬਾ ਗੁਰਪ੍ਰੀਤ ਸਿੰਘ ਭਾਮੀਆਂ ਵਾਲੇ,ਬਾਬਾ ਸੁਖਜੀਤ ਸਿੰਘ ਸ੍ਰੀ ਚਮਕੌਰ ਸਾਹਿਬ, ਬਾਬਾ ਲਖਬੀਰ ਸਿੰਘ ਕਾਂਸ਼ੀ ਕਲਾਂ ਲੁਧਿਆਣਾ , ਬੀਬੀ ਰਣਪ੍ਰੀਤ ਕੌਰ ਆਦਿ ਨੇ ਅਪਣੇ ਜਥਿਆਂ ਸਮੇਤ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮੂਹ ਜਥਿਆਂ ਵਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਨੀ ਨਾਲ ਜੋੜਿਆ ਅਤੇ ਗੁਰੂਆਂ ਵਲੋਂ ਦਰਸਾਏ ਮਾਰਗ ਤੇ ਚਲਣ ਦੀ ਪ੍ਰੇਰਨਾ ਦਿੱਤੀ। ਸਮਾਗਮ ਦੇ ਆਖਰੀ ਦਿਨ ਗੁਰਬਾਨੀ ਕੰਠ ਮੁਕਾਬਲੇ,, ਦਸਤਾਰ ਸਜਾਉਣ ਦੇ ਮੁਕਾਬਲੇ ਅਤੇ ਲੰਮੇ ਕੇਸਾਂ ਦੇ ਮੁਕਾਬਲੇ ਕਰਵਾਏ ਗਏ। ਜੇਤੂ ਬੱਚਿਆਂ ਨੂੰ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਪਿੰਡ ਮੜੌਲੀ ਕਲਾਂ ਦੇ ਸਰਪੰਚ ਗੁਰਮੀਤ ਸਿੰਘ ਬਾਰੂ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੇਵਲ ਜੋਸ਼ੀ, ਸ਼ਹੀਦ ਕਾਂਸੀ ਰਾਮ ਮੈਮੋਰੀਅਲ ਕਲੱਬ ਮੜੌਲੀ ਕਲਾਂ ਦੇ ਪ੍ਰਧਾਨ ਐਡਵੋਕੇਟ ਤਾਰਾ ਸਿੰਘ ਚਾਹਲ, ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਦੇ ਕਮੇਟੀ ਮੈਂਬਰ ਹਰਦੀਪ ਸਿੰਘ ਅਨੰਦ, ਗੁਰਮੀਤ ਸਿੰਘ ਮੋਰਿੰਡਾ, ਮੈਨੇਜਰ ਦਵਿੰਦਰ ਸਿੰਘ, ਗੁਰਮੁੱਖ ਸਿੰਘ ਸੰਤ ਨਗਰ, ਕਰਨੈਲ ਸਿੰਘ ਮਾਨ, ਗੁਰਪ੍ਰੀਤ ਸਿੰਘ, ਪਤਵੰਤੇ ਸੱਜਣ ਸਮੇਤ ਵੱਡੀ ਗਿਣਤੀ ਵਿਚ ਬੀਬੀਆਂ ਨੇ ਹਾਜ਼ਰੀਆਂ ਭਰੀਆਂ।



# ਅਜੇ ਮੰਗੂਪੁਰ ਦੀ ਅਗਵਾਈ ਹੇਠ ਕਾਂਗਰਸ ਨੂੰ ਮਿਲੀ ਮਜ਼ਬੂਤੀ

**ਬਲਾਚੌਰ (ਜਸਵਿੰਦਰ ਬੈਂਸ)**

ਸ਼ਹੀਦ ਭਗਤ ਸਿੰਘ ਨਗਰ ਤੋਂ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਕਾਂਗਰਸ ਦੀਆਂ ਜੜ੍ਹਾਂ ਹੋ ਰਹੀਆਂ ਹੋਰ ਵੀ ਮਜਬੂਤ ਹੋ ਰਹੀਆਂ। ਹਲਕਾ ਬਲਾਚੌਰ ਦੇ ਪਿੰਡ-ਟਕਾਰਲਾ ਤੋਂ ਨਰੇਸ਼ ਕੁਮਾਰ ਹਕਲਾ ਅਤੇ ਚਮਨ ਲਾਲ ਦੇਦੜ ਆਪਣੇ ਸਾਥੀਆਂ ਸਮੇਤ ਅਜੇ ਮੰਗਪੁਰ ਦੀ ਅਗਵਾਈ ਹੇਠ ਧਰਮਵੀਰ ਚੌਧਰੀ ਜਨਰਲ ਸਕੱਤਰ ਡੀਸੀਸੀ ਦੇ ਯਤਨਾਂ ਸਦਕਾ ਸ਼੍ਰੋਮਣੀ ਅਕਾਲੀ ਦੱਲ ਨੂੰ ਛੱਡ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਨਰੇਸ਼ ਕੁਮਾਰ ਹਕਲਾ, ਚਮਨ ਲਾਲ ਦੇਦੜ, ਰਾਮ ਲਾਲ ਦੇਦੜ, ਭੂਸ਼ਨ ਦੇਦੜ, ਨਰਿੰਦਰ ਕੁਮਾਰ ਦੇਦੜ, ਭਜਨ ਲਾਲ ਚੌਹਾਨ, ਪ੍ਰੇਮ ਲਾਲ ਚੌਹਾਨ, ਬਲਵੰਤ ਰਾਏ ਬਾਗੜੀ, ਮੋਹਨ ਲਾਲ ਹਕਲਾ, ਕਮਲ ਲਾਲ ਹਕਲਾ ਆਪਣੇ ਪਰਿਵਾਰਾਂ ਸਮੇਤ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੂੰ ਛੱਡ ਪਰਿਵਾਰਾਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਨਾਨਕ ਸਿੰਘ ਬਾਂਠ ਚੇਅਰਮੈਨ ਬਲਾਕ ਸੰਮਤੀ ਬਲਾਚੌਰ, ਬਲਵੀਰ ਚੌਧਰੀ ਵਾਈਸ ਚੇਅਰਮੈਨ ਬਲਾਕ ਸੰਮਤੀ ਸੜੋਆ, ਵਿਜੈ ਕੁਮਾਰ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਰਾਜ ਕੁਮਾਰ ਬਲਾਕ ਸੰਮਤੀ ਮੈਂਬਰ, ਰਾਜੀਵ ਘੋਲਾ ਬਲਾਕ ਸੰਮਤੀ ਮੈਂਬਰ, ਪ੍ਰੇਮ ਕੁਮਾਰ ਚੇਅਰਮੈਨ ਜਵਾਹਰ ਬਾਲ ਮੰਚ, ਧਰਮਵੀਰ ਚੌਧਰੀ ਜਨਰਲ ਸਕੱਤਰ ਜ਼ਿਲ੍ਹਾ ਕਾਂਗਰਸ ਕਮੇਟੀ, ਬਲਵੀਰ ਚੰਦ ਇੰਸਪੈਕਟਰ, ਚਮਨ ਲਾਲ ਠੇਕੇਦਾਰ, ਪਰਵੀਨ ਹਕਲਾ ਸਰਪੰਚ, ਬਿੰਦਰ ਖੇਪੜ, ਬਿੱਲਾ ਖੇਪੜ, ਸੰਦੀਪ ਖੇਪੜ, ਮਦਨ ਮਿਹਰ, ਓਮੀ ਹਕਲਾ, ਰਤਨ ਕਸਾਣਾਂ, ਰਾਜ ਕੁਮਾਰ ਠੇਕੇਦਾਰ, ਪਰਮਾਨੰਦ ਹਕਲਾ ਆਦਿ ਪਾਰਟੀ ਵਰਕਰ ਹਾਜ਼ਰ ਸਨ



# ਰਾਸ਼ਨ ਵੰਡ ਸਮਾਗਮ ਕਰਵਾਇਆ

**ਫਗਵਾੜਾ (ਡਾ. ਰਮਨ)**

ਲਾਇਨਜ਼ ਕਲੱਬ ਫਗਵਾੜਾ ਪ੍ਰਾਈਡ ਦੇ ਚਾਰਟਰ ਪ੍ਰਧਾਨ ਅਤੇ ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਸੂਬਾ ਸਕੱਤਰ ਲਾਇਨ ਗੁਰਦੀਪ ਸਿੰਘ ਕੰਗ ਐੱਮ ਜੇ ਐੱਫ ਨੇ ਬਾਬਾ ਬਾਲਕ ਨਾਥ ਸੇਵਾ ਸੰਮਿਤੀ ਫਗਵਾੜਾ ਦੇ ਸਹਿਯੋਗ ਨਾਲ 95ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਕੰਗ ਇੰਟਰਪ੍ਰਾਈਜ਼ਿਜ ਸੈਂਟਰਲ ਟਾਊਨ ਫਗਵਾੜਾ ਵਿਖੇ ਆਯੋਜਿਤ ਕੀਤਾ। ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਵਜੋਂ ਪਹੁੰਚੇ ਐੱਨ ਆਰ ਆਈ ਸੁਖਦੇਵ ਰਾਜ ਮਨੀਲਾ ਵੱਲੋਂ ਕਰਵਾਈ ਗਈ। ਉਨ੍ਹਾਂ ਨੇ ਲੋੜਵੰਦ ਪਰਵਾਰਾਂ ਦੀਆਂ ਔਰਤਾਂ ਨੂੰ ਰਾਸ਼ਨ ਵੰਡਦਿਆਂ ਲਾਇਨਜ਼ ਕਲੱਬ ਫਗਵਾੜਾ ਪ੍ਰਾਈਡ ਤੇ ਖਾਸ ਤੌਰ 'ਤੇ ਚਾਰਟਰ ਪ੍ਰਧਾਨ ਗੁਰਦੀਪ ਸਿੰਘ ਕੰਗ (ਡਿਸਟ੍ਰਿਕਟ ਚੇਅਰਮੈਨ 321-ਡੀ) ਦੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਦੱਸਿਆ। ਸੁਖਦੇਵ ਰਾਜ ਮਨੀਲਾ ਨੇ ਕਿਹਾ ਕਿ ਜ਼ਰੂਰਤਮੰਦ ਪਰਿਵਾਰਾਂ ਦੀ ਸੇਵਾ ਸਹਾਇਤਾ ਕਰਨਾ ਮਨੁੱਖਤਾ ਭਰੀ ਪਹਿਲ ਹੈ। ਇਸ ਦੌਰਾਨ ਬਾਬਾ ਬਾਲਕ ਨਾਥ ਸੇਵਾ ਸੰਮਿਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ, ਸਰਪ੍ਰਸਤ ਐਸ.ਪੀ. ਬਸਰਾ, ਸਮਾਜ ਸੇਵਿਕਾ ਚੰਚਲ ਸੇਠ, ਸਮਾਜ ਸੇਵਕ ਕੇ.ਕੇ. ਸ਼ਰਮਾ ਅਤੇ ਸਮਾਜ ਸੇਵਕ ਬੱਬੂ ਮਨੀਲਾ ਨੇ ਵੀ ਲਾਇਨ ਕੰਗ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਭਾਈਚਾਰਕ ਸਾਂਝ ਅਤੇ ਸਹਿਯੋਗ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਲਾਇਨ ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਉਹ ਹਰ ਮਹੀਨੇ 20 ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਣ ਲਈ ਸਮਾਗਮ ਆਯੋਜਿਤ ਕਰਦੇ ਹਨ, ਜਿਸ ਵਿੱਚ ਉਨ੍ਹਾਂ ਨੂੰ ਬਾਬਾ ਬਾਲਕ ਨਾਥ ਸੇਵਾ ਸੰਮਿਤੀ ਤੇ ਐੱਨ ਆਰ ਆਈ ਰਾਣਾ ਕੁਲਥਮੀਆ ਦਾ ਵਢਮੁੱਲਾ ਸਹਿਯੋਗ ਪ੍ਰਾਪਤ ਹੁੰਦਾ ਹੈ। ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ। ਸਟੇਜ ਦੀ ਸੇਵਾ ਲਾਇਨ ਸੁਸ਼ੀਲ ਸ਼ਰਮਾ ਨੇ ਬਖ਼ੂਬੀ ਨਿਭਾਈ।ਲਾਇਨਜ਼ ਕਲੱਬ ਫਗਵਾੜਾ ਪ੍ਰਾਈਡ ਦੇ ਸਕੱਤਰ ਲਾਇਨ ਸੰਜੀਵ ਲਾਂਬਾ, ਕੈਸ਼ੀਅਰ ਲਾਇਨ ਸਤਵਿੰਦਰ ਸਿੰਘ ਭਮਰਾ, ਪੀ ਆਰ ਓ. ਲਾਇਨ ਵਰੁਣ ਵਧਵਾ ਤੋਂ ਇਲਾਵਾ ਲਾਇਨ ਤਰੁਨ ਗਰਗ, ਲਾਇਨ ਵਿਜੇ ਕੁਮਾਰ, ਲਾਇਨ ਪੰਕਜ ਚੱਡਾ, ਲਾਇਨ ਨਿਖਿਲ ਵਧਵਾ, ਲਾਇਨ ਸਤਵਿੰਦਰ ਸਿੰਘ, ਲਾਇਨ ਵਿਜੇ ਕੁਮਾਰ, ਲਾਇਨ ਵਿਪਨ ਸ਼ਰਮਾ, ਲਾਇਨ ਡਾ. ਅਮਿਤ ਕੁਮਾਰ, ਲਾਇਨ ਜਤਿੰਦਰ ਸਹਿਦੇਵ, ਸਤੀਸ਼ ਬੱਗਾ, ਪ੍ਰਦੀਪ ਕੁਮਾਰ, ਸੰਦੀਪ ਕੁਮਾਰ ਆਦਿ ਹਾਜ਼ਰ ਸਨ।



# ਸਿਵਲ ਹਸਪਤਾਲ 'ਚ ਚੋਰਾਂ ਨੇ ਲੱਖਾਂ ਰੁਪਏ ਦਾ ਸਮਾਨ ਕੀਤਾ ਚੋਰੀ



**ਨਕੋਦਰ (ਮਨਜੀਤ ਮਾਨ)**- ਚੋਰ ਸਿਵਲ ਹਸਪਤਾਲ ਨਕੋਦਰ ਦੀ ਪੁਰਾਣੀ ਤੇ ਨਵੀਂ ਬਿਲਡਿੰਗ ਵਿੱਚੋਂ ਚੋਰ ਮਰੀਜ਼ਾਂ ਨੂੰ ਲਾਉਣ ਵਾਲੀ ਆਕਸੀਜਨ ਦੀਆ ਪਾਈਪਾਂ, ਛੱਤ ਵਾਲੇ ਪੱਖੇ, ਸੀ ਸੀ ਟੀ ਵੀ ਕੈਮਰਿਆਂ ਦਾ ਡੀ ਵੀ ਆਰ, ਤੇ ਐਲਮੀਨੀਅਮ ਦੇ ਦਰਵਾਜ਼ਿਆਂ ਨੂੰ ਲਾਹਕੇ ਕੇ ਲੈ ਗਏ। ਇੱਥੇ ਦੱਸਣਯੋਗ ਹੈ ਕਿ ਚੋਰਾਂ ਵੱਲੋਂ ਬੇਖੌਫ ਹੋ ਕੇ ਪੁਲਿਸ ਪ੍ਰਸ਼ਾਸਨ ਦੇ ਡਰ ਨੂੰ ਛਿੱਕੇ ਟੰਗਦਿਆਂ ਇਸ ਘਟਨਾ ਨੂੰ ਅੰਜਾਮ ਦਿੱਤਾ। ਜਦੋਂ ਸਾਡੇ ਪੱਤਰਕਾਰ ਨੇ ਸਿਵਲ ਹਸਪਤਾਲ ਨਕੋਦਰ ਦਾ ਦੌਰਾ ਤਾਂ ਉਨ੍ਹਾਂ ਦੱਸਿਆ ਕਿ ਸਿਵਲ ਹਸਪਤਾਲ ਵਿਖੇ ਰਾਤ ਨੂੰ ਮਰੀਜ਼ਾਂ, ਡਾਕਟਰਾਂ ਤੇ ਮੁਲਾਜ਼ਮਾਂ ਦੀ ਕੋਈ ਵੀ ਸੁਰੱਖਿਆ ਰੱਬ ਆਸਰੇ ਹੈ। ਜ਼ਿਕਰਯੋਗ ਹੈ ਕਿ ਨਵੀਂ ਬਿਲਡਿੰਗ ਵਿੱਚ ਸਰਕਾਰ ਵੱਲੋਂ ਲੱਖਾਂ ਰੁਪਏ ਦੀ ਲਾਗਤ ਨਾਲ ਮਰੀਜ਼ਾਂ ਦੀ ਸਿਹਤ ਸੰਭਾਲ ਵਾਸਤੇ ਲਗਾਏ ਗਏ ਆਕਸੀਜਨ ਵਾਲੀਆ ਪਾਈਪਾਂ ਵਿੱਚੋਂ ਕਾਪਰ ਕੱਢ ਕੇ ਲੈ ਗਏ ਤੇ ਲੱਖਾਂ ਰੁਪਏ ਦੀ ਲਾਗਤ ਨਾਲ ਚੱਲਣ ਵਾਲਾ ਪ੍ਰੋਜੈਕਟ ਬੇਕਾਰ ਹੋ ਕੇ ਰਹਿ ਗਿਆ ਹੈ। ਇਸ ਘਟਨਾ ਨੂੰ ਲੈ ਕੇ ਮਰੀਜ਼ਾਂ , ਮੁਲਾਜ਼ਮਾਂ ਵਿੱਚ ਡਰ ਤੇ ਸਹਿਮ ਵਾਲਾ ਮਾਹੌਲ ਬਣਿਆ ਹੋਇਆ ਹੈ ਇੱਥੇ ਇਹ ਵੀ ਦੱਸਣਯੋਗ ਹੈ ਕਿ ਸਿਵਲ ਹਸਪਤਾਲ ਇੱਕ ਨਸ਼ੇੜੀਆਂ ਦਾ ਅੱਡਾ ਬਣ ਕੇ ਰਹਿ ਗਿਆ ਹੈ ਜਿੱਥੇ ਨਸ਼ੇੜੀ ਸਿਵਲ ਹਸਪਤਾਲ ਨਕੋਦਰ ਤੋਂ ਮਰੀਜ਼ਾਂ ਦੇ ਮੋਟਰਸਾਈਕਲ ਚੋਰੀ ਕਰਕੇ ਲੈ ਜਾਂਦੇ ਹਨ।

# ਹਾਕੀ ਟੂਰਨਾਮੈਂਟ ਸਮਾਪਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸਕੂਲ, ਸ਼ਾਹਬਾਜ਼ਪੁਰ ਵਿੱਚ ਚੱਲ ਰਿਹਾ ਤਿੰਨ ਰੋਜ਼ਾ ਆਲ ਇੰਡੀਆ ਗਰਾਸ ਰੂਟ ਹਾਕੀ ਟੂਰਨਾਮੈਂਟ 2026 ਸ਼ਾਨਦਾਰ ਤਰੀਕੇ ਨਾਲ ਸਮਾਪਤ ਹੋਇਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਵਾਈਸ ਚੇਅਰਪਰਸਨ ਕਮਲੇਸ਼ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਚੱਲ ਰਹੇ ਇਸ ਟੂਰਨਾਮੈਂਟ ਦੀ ਸਮਾਪਤੀ ਮੌਕੇ ਸਕੂਲ ਦੇ ਬੱਚਿਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ।ਇਸ ਟੂਰਨਾਮੈਂਟ ਦੇ ਆਖਰੀ ਦਿਨ ਮੁੱਖ ਮਹਿਮਾਨ ਦੇ ਤੌਰ ਤੇ ਸੰਗਤ ਸਿੰਘ ਗਿਲਜੀਆਂ, ਸਾਬਕਾ ਕੈਬਨਟ ਮੰਤਰੀ ਪੰਜਾਬ ਬੱਚਿਆਂ ਨੂੰ ਖਾਸ ਤੌਰ ਤੇ ਆਸ਼ੀਰਵਾਦ ਦੇਣ ਪਹੁੰਚੇ। ਇਸ ਤੋਂ ਇਲਾਵਾ ਖਾਸ ਮਹਿਮਾਨਾਂ ਵਿੱਚ ਸ. ਹਰਮੀਤ ਸਿੰਘ ਔਲਖ ਸਾਬਕਾ ਚੇਅਰਮੈਨ ਜਿਲਾ ਇੰਪਰੂਵਮੈਂਟ ਟਰੱਸਟ ਹੁਸ਼ਿਆਰਪੁਰ, ਡਾ. ਕੇਵਲ ਸਿੰਘ ਸਾਬਕਾ ਡਿਪਟੀ ਡਾਇਰੈਕਟਰ ਚੀਫ ਕੈਮੀਕਲ ਐਗਜ਼ਾਮੀਨਰ ਪੰਜਾਬ, ਡਾ. ਅਮਿਤ ਪਾਠਕ, ਚੇਅਰਮੈਨ ਪਾਠਕ ਹਸਪਤਾਲ ਟਾਂਡਾ, ਗੁਰਸੇਵਕ ਮਾਰਸ਼ਲ ਪ੍ਰਧਾਨ ਨਗਰ ਕੌਂਸਲ ਟਾਂਡਾ, ਕੌਂਸਲਰ ਰਾਜੇਸ਼ ਲਾਡੀ, ਪਰਵਿੰਦਰ ਸਿੰਘ ਸ਼ਾਹਬਾਜ਼ਪੁਰ, ਅਵਤਾਰ ਤੱਖੀ, ਐਮ.ਸੀ ਜਗਜੀਵਨ ਜੱਗੀ ਨੇ ਬੱਚਿਆਂ ਦਾ ਹੌਸਲਾ ਵਧਾਉਣ ਲਈ ਟੂਰਨਾਮੈਂਟ ਵਿੱਚ ਹਾਜ਼ਰੀ ਭਰੀ।ਟੂਰਨਾਮੈਂਟ ਦੇ ਫਾਈਨਲ ਮੈਚਾਂ ਦੌਰਾਨ ਲੜਕੀਆਂ ਦੇ ਵਰਗ ਵਿੱਚ ਈਸਟ ਜੋਨ ਨੇ ਹਰਿਆਣੇ ਨੂੰ 2-3 ਦੇ ਫਰਕ ਨਾਲ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦ ਕਿ ਹਰਿਆਣਾ ਦੂਜੇ ਸਥਾਨ ਤੇ ਕਾਬਜ਼ ਰਿਹਾ ਅਤੇ ਉੱਤਰ ਪ੍ਰਦੇਸ਼ ਦੇ ਹਿੱਸੇ ਤੀਜਾ ਸਥਾਨ ਆਇਆ।ਇਸੇ ਤਰ੍ਹਾਂ ਲੜਕਿਆਂ ਦੇ ਮੁਕਾਬਲਿਆਂ ਦੇ ਵਿੱਚ ਆਸਾਮ ਨੇ ਪੰਜਾਬ ਨੂੰ 5-3 ਦੇ ਫਰਕ ਨਾਲ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦ ਕਿ ਪੰਜਾਬ ਦੂਸਰੇ ਸਥਾਨ ਤੇ ਰਿਹਾ ਅਤੇ ਹਰਿਆਣਾ ਤੀਸਰੇ ਸਥਾਨ ਤੇ ਕਾਬਜ਼ ਹੋਇਆ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਇਸ ਮੌਕੇ ਤੇ ਸਕੂਲ ਦੇ ਖੇਡ ਵਿਭਾਗ ਦੇ ਸੁਰੇਸ਼ ਸਿੰਘ, ਪੰਕਜ, ਬਲਦੇਵ, ਸੁਸ਼ੀਲ, ਸੰਜੀਵ ਕੁਮਾਰ, ਰੁਪਿੰਦਰ ਕੌਰ, ਅਮਰਜੀਤ ਕੌਰ ਸੈਣੀ ਅਤੇ ਜਗਬੰਧਨ ਦਾ ਇਸ ਟੂਰਨਾਮੈਂਟ ਨੂੰ ਵਧੀਆ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ।



# ਨਸ਼ੀਲੇ ਪਾਊਡਰ ਸਮੇਤ ਨੌਜਵਾਨ ਗ੍ਰਿਫਤਾਰ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਚਮਕੌਰ ਸਾਹਿਬ ਪੁਲਿਸ ਵੱਲੋਂ ਐੱਸ ਐੱਸ ਪੀ ਮਨਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਡੀ ਐੱਸ ਪੀ ਮਨਜੀਤ ਸਿੰਘ ਔਲਖ ਦੀ ਅਗਵਾਈ ਹੇਠ ਨਸ਼ੇ ਨੂੰ ਵੇਚਣ ਵਾਲਿਆਂ ਵਿਰੁੱਧ ਕਾਰਵਾਈ ਕਰਦਿਆਂ ਪਿੰਡ ਡਹਿਰ ਦੇ ਇੱਕ ਨੌਜਵਾਨ ਨੂੰ 10 ਗ੍ਰਾਮ ਨਸ਼ੀਲੇ ਪਾਊਡਰ ਸਮੇਤ ਗ੍ਰਿਫਤਾਰ ਕੀਤਾ ਹੈ।ਥਾਣਾ ਮੁਖੀ ਇੰਸਪੈਕਟਰ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਪੁਲੀਸ ਵੱਲੋਂ ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਤਹਿਤ ਪੁਲੀਸ ਚੌਕੀ ਡੱਲਾ ਦੇ ਇੰਚਾਰਜ ਸ਼ਿੰਦਰਪਾਲ ਸਿੰਘ ਵੱਲੋਂ ਪੁਲਿਸ ਪਾਰਟੀ ਸਮੇਤ ਪਿੰਡ ਡੱਲਾ ਤੋਂ ਪਿੰਡ ਮੱਕੋਵਾਲ ਨੂੰ ਜਾਣ ਵਾਲੀ ਸੜਕ ਤੇ ਨਾਕਾਬੰਦੀ ਕਰਕੇ ਗਸ਼ਤ ਕੀਤੀ ਜਾ ਰਹੀ ਸੀ ਤਾਂ ਪਿੰਡ ਮੱਕੋਵਾਲ ਵੱਲ ਤੋਂ ਇਕ ਵਿਅਕਤੀ ਆਉਂਦਾ ਦਿਖਾਈ ਦਿੱਤਾ ਜਿਹੜਾ ਪੁਲੀਸ ਮੁਲਾਜ਼ਮਾਂ ਨੂੰ ਵੇਖ ਕੇ ਪਿੱਛੇ ਮੁੜਨ ਲੱਗਾ, ਜਿਸ ਨੂੰ ਪੁਲਸ ਮੁਲਾਜ਼ਮਾਂ ਨੇ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਜਦੋਂ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋ 10 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਹੋਇਆ। ਮੁਲਾਜ਼ਮ ਦੀ ਪਹਿਚਾਣ ਸੁਦਾਗਰ ਸਿੰਘ ਉਰਫ ਕਾਲੀ ਪਿੰਡ ਡਹਿਰ ਵਜੋਂ ਹੋਈ। ਪੁਲੀਸ ਨੇ ਕੇਸ ਦਰਜ ਕਰ ਲਿਆ ਹੈ।ਏ ਐੱਸ ਆਈ ਰਣਜੀਤ ਸਿੰਘ ਵੱਲੋਂ ਨਸ਼ਾ ਕਰਨ ਦੇ ਆਦੀ ਪਿੰਡ ਗਧਰਾਮ ਦੇ ਰਮਨਦੀਪ ਸਿੰਘ ਤੇ ਅਮਨਦੀਪ ਸਿੰਘ ਨੂੰ ਗ੍ਰਿਫਤਾਰ ਕਰਕੇ ਡੋਪ ਟੈਸਟ ਦੀ ਰਿਪੋਰਟ ਪੌਜੇਟਿਵ ਆਉਣ ਉਪਰੰਤ ਦੋਵਾਂ ਖਿਲਾਫ਼ ਕੇਸ ਦਰਜ ਕਰਕੇ ਸਿਵਲ ਹਸਪਤਾਲ ਰੂਪਨਗਰ ਵਿੱਚ ਨਸ਼ਾ ਮੁਕਤ ਕੇਂਦਰ ਵਿੱਚ ਇਲਾਜ ਲਈ ਦਾਖ਼ਲ ਕਰਵਾ ਦਿੱਤਾ।



# ਕੰਪਿਊਟਰਾਇਜ਼ਡ ਜਨਮ ਸਰਟੀਫਿਕੇਟ ਦੀ ਸ਼ਰਤ ਵਾਪਸ ਲਵੇ ਬੋਰਡ : ਡੀ ਟੀ ਐੱਫ

**ਗੁਰਾਇਆ (ਬਿੰਦਰ ਸੁੰਮਨ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਦਿਆਰਥੀਆਂ ਦੇ ਦਾਖਲੇ 'ਤੇ ਲਾਏ ਨਵੇਂ ਨਿਯਮਾਂ ਕਾਰਨ ਵਿਦਿਆਰਥੀਆਂ ਦਾ ਭਵਿੱਖ ਖਤਰੇ ਵਿੱਚ ਪਾ ਦਿੱਤਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਦੱਸਿਆ ਕਿ ਨੌਵੀਂ ਜਮਾਤ ਵਿੱਚ ਦਾਖਲਾ ਲੈਣ ਲਈ ਵਿਦਿਆਰਥੀ ਕੋਲ ਸੁਵਿਧਾ ਕੇਂਦਰ ਵੱਲੋਂ ਜ਼ਾਰੀ ਕੀਤਾ ਕੰਪਿਊਟਰਾਇਜ਼ਡ ਜਨਮ ਸਰਟੀਫਿਕੇਟ ਹੋਣਾ ਜ਼ਰੂਰੀ ਕਰ ਦਿੱਤਾ ਹੈ। ਜਿਸ ਨਾਲ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਦੀਆਂ ਪ੍ਰੇਸ਼ਾਨੀਆਂ ਵਧ ਜਾਣਗੀਆਂ ਅਤੇ ਵਿਦਿਆਰਥੀ ਦਾਖਲਾ ਲੈਣ ਤੋਂ ਅਯੋਗ ਹੋ ਜਾਣਗੇ। ਉਹਨਾਂ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਇਹ ਫ਼ੈਸਲਾ ਜ਼ਮੀਨੀ ਪੱਧਰ ਦੀਆਂ ਹਾਲਤਾਂ ਦੇ ਅਨੁਕੂਲ ਨਹੀਂ ਹੈ। ਕਿਉਂਕਿ ਬਹੁਤ ਸਾਰੇ ਬੱਚਿਆਂ ਕੋਲ ਜਨਮ ਸਰਟੀਫਿਕੇਟ ਨਹੀਂ ਹੈ ਤੇ ਬਹੁਤਿਆਂ ਕੋਲ ਹਸਪਤਾਲ ਜਾਂ ਕਿਸੇ ਹੋਰ ਸੰਸਥਾ ਵੱਲੋਂ ਹੱਥ ਲਿਖਤ ਜਨਮ ਸਰਟੀਫਿਕੇਟ ਹੀ ਹਨ। ਆਗੂਆਂ ਨੇ ਕਿਹਾ ਕਿ ਇਸ ਫੈਸਲੇ ਨਾਲ ਸਰਕਾਰੀ ਸਕੂਲਾਂ ਦੇ ਦਾਖਲੇ ਘਟਣ ਦਾ ਖਦਸ਼ਾ ਵੀ ਪੈਦਾ ਹੋ ਗਿਆ ਹੈ। ਜਥੇਬੰਦੀ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ, ਜ਼ਿਲ੍ਹਾ ਸਕੱਤਰ ਅਵਤਾਰ ਲਾਲ, ਜ਼ਿਲਾ ਕਮੇਟੀ ਮੈਂਬਰ ਗੌਰਵ ਕੁਮਾਰ, ਅਮਨਦੀਪ ਸਿੰਘ ਸ਼ਾਹਕੋਟ ਤੇ ਰਾਜਵਿੰਦਰਪਾਲ ਸਿੰਘ ਆਗੂਆਂ ਨੇ ਕਿਹਾ ਕਿ ਬੋਰਡ ਦੇ ਇਸ ਫੈਸਲੇ ਨਾਲ ਵਿਦਿਆਰਥੀਆਂ ਅਤੇ ਮਾਪਿਆਂ ਦੀ ਖੱਜਲ ਖੁਆਰੀ ਵਧ ਜਾਵੇਗੀ। ਉਹ ਦਾਖਲਾ ਲੈਣ ਦੇ ਦਿਨਾਂ ਵਿੱਚ ਸੁਵਿਧਾ ਕੇਂਦਰਾਂ ਦੀਆਂ ਲਾਇਨਾਂ ਵਿੱਚ ਖੜ੍ਹ ਕੇ ਖੱਜਲ ਖੁਆਰ ਹੋ ਰਹੇ ਹਨ। ਆਗੂਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਅਪੀਲ ਕੀਤੀ ਕਿ ਇਹ ਬੇਤੁੱਕਾ ਫ਼ੈਸਲਾ ਤੁਰੰਤ ਵਾਪਿਸ ਲਿਆ ਜਾਵੇ।



# ਸੈਕੰਡਰੀ ਸਕੂਲ ਸ਼ੁਰੂ ਕਰਨ ਲਈ ਜਥੇਬੰਦੀਆਂ ਵੱਲੋਂ ਜ਼ਿਲ੍ਹਾ ਸਿੱਖਿਆ ਅ.ਫਸਰ ਦ.ਫਤਰ ਅੱਗੇ ਰੋਸ ਪ੍ਰਦਰਸ਼ਨ

**ਜਲੰਧਰ (ਰਾਜੇਸ਼ ਥਾਪਾ)**- ਵੱਖ ਵੱਖ ਜਥੇਬੰਦੀਆਂ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਮਹਿਲ ਨੂੰ ਸ਼ੁਰੂ ਕਰਵਾਉਣ ਸੰਬੰਧੀ ਜ਼ਿਲ੍ਹਾ ਸਿੱਖਿਆ ਅਫਸਰ ਦੇ ਦਫਤਰ ਅੱਗੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਗੁਰਪਿੰਦਰਜੀਤ ਕੌਰ ਨੇ ਫੋਨ 'ਤੇ ਹੋਈ ਗੱਲ 'ਚ ਭਰੋਸਾ ਦਿੱਤਾ ਕਿ ਅਸੀਂ ਡੈਪੂਟੇਸ਼ਨ 'ਤੇ ਟੀਚਰ ਦੇ ਕੇ ਕਲਾਸ ਸ਼ੁਰੂ ਕਰਨ ਦਾ ਯਤਨ ਕਰਾਂਗੇ। ਇਸ ਸਮੇਂ ਡਿਪਟੀ ਡੀ ਈ ਓ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਆਗੂਆਂ ਸੰਬੋਧਨ ਕਰਦਿਆਂ ਕਿਹਾ ਕਿ ਪਹਿਲਾਂ ਜਦੋਂ ਅਸੀਂ ਜ਼ਿਲ੍ਹਾ ਸਿੱਖਿਆ ਅ.ਫਸਰ ਨੂੰ 21/01/2026 ਨੂੰ ਮਿਲੇ ਸੀ ਤਾਂ ਉਨ੍ਹਾਂ ਨੇ ਸਕੂਲ ਦੀ ਇਮਾਰਤ ਦਾ ਨਿਰੀਖਣ ਕਰਨ ਤੇ 16 ਕਰੋੜ ਦੀ ਆਈ ਹੋਈ ਗ੍ਰਾਂਟ ਨੂੰ ਸਕੂਲ ਦੀ ਉਸਾਰੀ ਕਰਨ ਲਈ ਖ਼ਰਚਣ ਅਤੇ ਪਹਿਲੀ ਅਪ੍ਰੈਲ ਤੋਂ ਸਕੂਲ ਦੀਆਂ ਕਲਾਸਾਂ ਸ਼ੁਰੂ ਕਰਨ ਦਾ ਭਰੋਸਾ ਦਿੱਤਾ ਗਿਆ ਸੀ।ਪਰ ਮਹਿਕਮੇ ਵਲੋਂ ਅਪ੍ਰੈਲ ਦਾ ਪਹਿਲਾ ਹਫ਼ਤਾ ਬੀਤ ਜਾਣ ਦੇ ਬਾਵਜੂਦ ਸਕੂਲ ਖੋਲ੍ਹਣ ਦੀ ਕੋਈ ਅਮਲਦਾਰੀ ਸ਼ੁਰੂ ਨਹੀਂ ਕੀਤੀ ਗਈ। ਨੂਰਮਹਿਲ ਸ਼ਹਿਰ 'ਚ ਕਈ ਸਰਕਾਰੀ ਵਿਦਿਅਕ ਅਦਾਰਾ ਨਾ ਹੋਣ ਕਾਰਨ ਗਰੀਬ ਪਰਵਾਰਾਂ ਦੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਸਿੱਖਿਆ ਲੈਣੀ ਮੁਸ਼ਕਲ ਹੋ ਰਹੀ ਹੈ। ਪਰ ਸਰਕਾਰ ਅਤੇ ਮਹਿਕਮੇ ਕੁੰਭਕਰਨੀ ਨੀਂਦ ਸੁੱਤੇ ਪਏ ਹਨ। ਆਗੂਆਂ ਕਿਹਾ ਕਿ ਜੇਕਰ ਸਕੂਲ ਸ਼ੁਰੂ ਨਹੀਂ ਕੀਤਾ ਜਾਂਦਾ ਤਾਂ ਇਸ ਖ਼ਿਲਾਫ਼ ਤਿੱਖਾ ਸੰਘਰਸ਼ ਉਲੀਕਿਆ ਜਾਵੇਗਾ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ, ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਮਨਦੀਪ ਕੌਰ, ਸਮਾਜ ਸੇਵੀ ਅਤੇ ਸੀਨੀਅਰ ਪੱਤਰਕਾਰ ਬਾਲਕ੍ਰਿਸ਼ਨ ਬਾਲੀ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਭੈਣ ਸੁਰਿੰਦਰ ਕੁਮਾਰੀ ਕੋਛੜ, ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਮੰਗਲਜੀਤ ਪੰਡੋਰੀ, ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਆਗੂ ਰਛਪਾਲ ਸਿੰਘ, ਸ਼੍ਰੋਮਣੀ ਰੰਘਰੇਟਾ ਦਲ ਰਜਿਸਟਰ ਭਾਰਤ ਗਿਆਰਾਂ ਨਿਹੰਗ ਸਿੰਘ ਜਥੇਬੰਦੀਆਂ ਦੇ ਚੇਅਰਮੈਨ, ਭਾਰਤ ਬਲਵੀਰ ਸਿੰਘ ਚੀਮਾ, ਜਸਪਿੰਦਰ ਸਿੰਘ ਚੀਮਾ ਯੂਥ ਆਗੂ ਸ਼੍ਰੋਮਣੀ ਰੰਘਰੇਟਾ ਦਲ ਆਦਿ ਆਗੂ ਹਾਜ਼ਰ ਸਨ।




# ਸ੍ਰੀ ਗੁਰੂ ਤੇਗ ਬਹਾਦਰ ਦਾ ਪ੍ਰਕਾਸ਼ ਪੁਰਬ ਮਨਾਇਆ

**ਮੁਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦਾ 405ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਪ੍ਰਕਾਸ਼ ਪੁਰਬ ਦੀ ਖੁੱਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਮਲਕੀਤ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਹਿੰਦ ਦੀ ਚਾਦਰ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਜੀਵਨ ਬ੍ਰਿਤਾਂਤ ਅਤੇ ਉਨ੍ਹਾਂ ਵੱਲੋਂ ਮਜਲੂਮਾਂ ਦੀ ਰਾਖੀ ਲਈ ਦਿੱਤੀ ਅਦੁੱਤੀ ਅਤੇ ਲਾਸਾਨੀ ਸ਼ਹਾਦਰ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂੰ ਕਰਵਾਇਆ। ਭਾਈ ਗੁਰਮੀਤ ਸਿੰਘ ਜੀ ਦਮਦਮੀ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਅਮਰੀਕ ਸਿੰਘ ਜੀ ਸ਼ਾਹਬਾਦ ਮਾਰਕੰਡੇ ਵਾਲਿਆਂ ਨੇ ਗੁਰੂ ਸਾਹਿਬ ਵਲੋਂ ਉਚਾਰਨ ਧੁਰ ਕੀ ਬਾਣੀ ਦੇ 15 ਰਾਗਾਂ ਵਿੱਚ 59 ਸ਼ਬਦ ਅਤੇ 57 ਸ਼ਲੋਕ ਜੋ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਸੁਭਾਇਮਾਨ ਹਨ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਧਰਮ ਸਿੰਘ ਪਟਿਆਲੇ ਵਾਲੇ, ਭਾਈ ਕੁਲਦੀਪ ਸਿੰਘ ਜੀ ਅੰਮ੍ਰਿਤਸਰ ਵਾਲੇ, ਭਾਈ ਹਰਭਜਨ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਸਰਬਜੋਤ ਸਿੰਘ, ਭਾਈ ਦਿਲਬਰ ਸਿੰਘ, ਭਾਈ ਮਨਪ੍ਰੀਤ ਸਿੰਘ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਬਾਬਾ ਦੀਪ ਸਿੰਘ ਕਵੀਸ਼ਰੀ ਜੱਥਾ, ਹਰਜੱਸ ਕੀਰਤਨੀ ਜੱਥਾ, ਭਾਈ ਸੁਖਵਿੰਦਰ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਗੁਰਨਾਮ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਇਸ ਮੌਕੇ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਪ੍ਰਬੰਧਕ ਕਮੇਟੀ ਗੁ: ਸਿੰਘ ਸ਼ਹੀਦਾਂ ਦੇ ਬੁਲਾਰੇ ਨੇ ਦੱਸਿਆ ਕਿ ਖਾਲਸਾ ਪੰਥ ਸਾਜਨਾ ਦਿਵਸ ਦੀ ਖੁਸ਼ੀ ਵਿੱਚ ਮਿਤੀ 6 ਅਪ੍ਰੈਲ ਤੋਂ 14 ਅਪ੍ਰੈਲ ਤਕ ਵਿਸ਼ੇਸ਼ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਵਿੱਚ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਰੋਜ਼ਾਨਾ ਸ਼ਾਮ 4:45 ਤੋਂ 06:00 ਵਜੇ ਤਕ ਸੰਗਤਾਂ ਨੂੰ ਹਰਜੱਸ ਸੁਨਾ ਕੇ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



# ਐੱਸ ਕੇ ਐੱਮ ਦੇ ਸੱਦੇ 'ਤੇ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਧਰਨਾ

**ਬੰਗਾ (ਅਵਤਾਰ ਕਲੇਰ)**- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਦੇ ਦਫਤਰ ਸਾਹਮਣੇ ਧਰਨਾ ਦਿੱਤਾ ਗਿਆ। ਧਰਨੇ ਦੌਰਾਨ ਬੁਲਾਰਿਆ ਸੁਰਿੰਦਰ ਸਿੰਘ ਬੈਂਸ, ਨਿਰਮਲ ਸਿੰਘ ਔਜਲਾ, ਕਰਨੈਲ ਸਿੰਘ, ਜੁਝਾਰ ਸਿੰਘ, ਭੁਪਿੰਦਰ ਸਿੰਘ ਵੜੈਚ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਕਰਜਾ ਮੁਕਤ ਕੀਤਾ ਜਾਵੇ। ਕਰਜੇ ਅਤੇ ਆਰਥਿਕ ਤੰਗੀਆਂ ਤੋਂ ਪੀੜਿਤ ਖੁਦਕੁਸ਼ੀਆਂ ਦਾ ਸ਼ਿਕਾਰ ਹੋਏ ਪੀੜਤ ਕਿਸਾਨਾਂ ਦੇ ਵਾਰਸਾਂ ਨੂੰ ਦਸ ਲੱਖ ਰੁਪਏ ਦੀ ਮਾਲੀ ਮਦਦ, ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ, ਹਰ ਖੇਤ ਲਈ ਨਹਿਰੀ ਪਾਣੀ ਅਤੇ ਹਰ ਘਰ ਨੂੰ ਪੀਣ ਵਾਲਾ ਸਾਫ ਨਹਿਰੀ ਪਾਣੀ ਦਿੱਤਾ ਜਾਵੇ, ਸੰਸਾਰ ਬੈਂਕ ਦੀ ਯੋਜਨਾ ਅਨੁਸਾਰ ਪਾਣੀ ਉੱਤੇ ਕਾਰਪੋਰੇਟ ਕੰਟਰੋਲ ਦੀ ਨੀਤੀ ਰੱਦ ਕੀਤੀ ਜਾਵੇ, ਫਸਲੀ ਵਿਭਿੰਨਤਾ ਨੂੰ ਉਤਸਾਹਿਤ ਕਰਨ ਲਈ ਸਾਰੀਆਂ ਫਸਲਾਂ, ਫਲਾਂ, ਸਬਜੀਆਂ ਅਤੇ ਬਾਸਮਤੀ ਦੀ ਸੀ2+50% ਫਾਰਮੂਲੇ ਨਾਲ ਐਮ ਐਸ ਪੀ ਉਤੇ ਖਰੀਦ ਦੀ ਕਾਨੂੰਨੀ ਗਰੰਟੀ ਦਿੱਤੀ ਜਾਵੇ, ਗੰਨੇ ਦੀ ਕੀਮਤ 500 ਰੁਪਏ ਪ੍ਰਤੀ ਕੁਇੰਟਲ ਕੀਤੀ ਜਾਵੇ। ਬਿਜਲੀ ਸੋਧ ਬਿੱਲ 2025, ਬੀਜ ਬਿੱਲ 2025 ਅਤੇ ਅਮਰੀਕਾ ਨਾਲ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ। ਮੱਧ ਪੂਰਬ ਅਤੇ ਪਾਕਿਸਤਾਨ ਨਾਲ ਅਟਾਰੀ ਵਾਹਘਾ ਬਾਰਡਰ ਅਤੇ ਹੁਸੈਨੀਵਾਲਾ ਬਾਰਡਰ ਦੇ ਸੜਕੀ ਅਤੇ ਰੇਲ ਲਾਂਘਿਆ ਨੂੰ ਵਪਾਰ ਲਈ ਖੋਲਿਆ ਜਾਵੇ, ਅਤੇ ਬਾਕੀ ਦੀਆਂ ਮੰਗਾਂ ਦੀ ਪੂਰਤੀ ਕੀਤੀ ਜਾਵੇ। ਡਿਪਟੀ ਕਮਿਸ਼ਨਰ ਰਾਹੀਂ ਮਾਣਯੋਗ ਰਾਜਪਾਲ ਪੰਜਾਬ ਨੂੰ ਮੰਗ ਪੱਤਰ ਭੇਜਿਆ ਗਿਆ। ਅਵਤਾਰ ਸਿੰਘ ਇਫਟੂ ਦੇ ਸੂਬਾ ਆਗੂ, ਤਰਸੇਮ ਸਿੰਘ ਬੈਂਸ, ਕੁਲਦੀਪ ਦੌੜਕਾ, ਮਨਜੀਤ ਕੌਰ ਅਲਾਚੌਰ, ਜਸਬੀਰ ਮੋਰੋਂ, ਸੋਹਣ ਸਿੰਘ, ਅਵਤਾਰ ਕੱਟ, ਕੁਲਬੀਰ ਸਿੰਘ, ਸੁਰਿੰਦਰ ਸਿੰਘ ਮਹਿਰਮਪੁਰ, ਗੁਰਦੇਵ ਸਿੰਘ ਚੌਹੜ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਕੁਲਬੀਰ ਕੌਰ, ਕੁਲਦੀਪ ਕੌਰ, ਪਿੰਕੀ, ਗੁਰਮੀਤ ਕੌਰ, ਮੱਖਣ, ਭਾਨਮਜਾਰਾ ਕਸ਼ਮੀਰ ਸਿੰਘ, ਨਿਰਮਲ ਸਿੰਘ ਮੱਲਪੁਰ ਅੜਕਾ, ਜਸਵੀਰ ਸਿੰਘ ਮੰਗੂਵਾਲ ਅਤੇ ਹੋਰ ਹਾਜ਼ਰ ਸਨ।



## ਯੂਨੀਅਨ ਆਗੂਆਂ ਨੂੰ ਘਰਾਂ 'ਚ ਨਜ਼ਰਬੰਦ ਕਰਨ ਦੀ ਨਿਖੇਧੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਸੀ ਪੀ ਐੱਫ ਯੂਨੀਅਨ ਪੰਜਾਬ ਵੱਲੋਂ ਆਪਣੀ ਹੱਕੀ ਮੰਗ ਸੂਬੇ ਦੇ ਲਗਭਗ 2 ਲੱਖ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਨਾ ਕਰਨ ਤੇ ਸਰਕਾਰ ਨੂੰ ਮਨਵਾਉਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਹੁਸ਼ਿਆਰਪੁਰ ਦੇ ਹਰਿਆਣਾ ਫੇਰੀ 'ਤੇ ਕਾਲੀਆਂ ਝੰਡੀਆਂ ਨਾਲ ਰੋਸ ਪ੍ਰਦਰਸਨ ਕਰਨ ਦਾ ਐਲਾਨ ਕੀਤਾ ਸੀ, ਜਿਸ ਤੋਂ ਖਫ਼ਾ ਹੋ ਕੇ ਸਰਕਾਰ ਨੇ ਸੂਬਾ ਕਨਵੀਨਰ ਜਸਵੀਰ ਤਲਵਾੜਾ, ਜ਼ਿਲ੍ਹਾ ਪ੍ਰਧਾਨ ਸੰਜੀਵ ਧੂਤ ਨੂੰ ਘਰ ਵਿੱਚ ਨਜ਼ਰਬੰਦ ਕੀਤਾ। ਇਸ ਤੋਂ ਇਲਾਵਾ ਜਿਲ੍ਹਾ ਉਪ-ਪ੍ਰਧਾਨ ਪ੍ਰਿੰਸ ਪਲਿਆਲ ਗੜ੍ਹਦੀਵਾਲਾ, ਰਜਤ ਮਹਾਜਨ, ਵਰਿੰਦਰ ਵਿੱਕੀ, ਸਤੀਸ਼ ਕੁਮਾਰ, ਬ੍ਰਿਜ ਮੋਹਨ ਅਤੇ ਲਗਭਗ 4 ਦਰਜਨ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਸੀ ਪੀ ਐੱਫ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਬੁੱਲੋਵਾਲ ਅਤੇ ਜ਼ਿਲ੍ਹੇ ਦੇ ਵੱਖ-ਵੱਖ ਥਾਨਿਆਂ ਅੰਦਰ ਡੱਕ ਦਿੱਤਾ ਜਿਸ ਦੀ ਯੂਨੀਅਨ ਦੇ ਆਗੂਆਂ ਨੇ ਨਿੰਦਾ ਕੀਤੀ।ਇਸ ਮੌਕੇ ਪਰਮਜੀਤ ਕਾਤਿਬ, ਰਾਜਿੰਦਰ ਟੱਪਾ, ਪਰਮਜੀਤ ਸਿੰਘ, ਇੰਦਰਜੀਤ, ਸੰਜੀਵ ਅੱਜੋਵਾਲ, ਜਸਵੀਰ ਬੋਦਲ, ਜਗਵਿੰਦਰ ਸਿੰਘ, ਮਨਜਿੰਦਰ ਸਿੰਘ, ਰਾਜ ਕੁਮਾਰ, ਸਤਪ੍ਰਕਾਸ਼, ਨਰੇਸ਼ ਮਿੱਡਾ, ਦਵਿੰਦਰ ਸਿੰਘ, ਚਮਨ ਲਾਲ, ਰਾਜਿੰਦਰ ਠਾਕੁਰ, ਮਨਜੀਤ ਸਿੰਘ, ਜਗਵਿੰਦਰ ਸਿੰਘ, ਜਸਵੀਰ ਬੋਦਲ, ਸਚਿਨ ਨਲੋਇਆ ਆਦਿ ਹਾਜ਼ਰ ਸਨ।



## ਬੱਚਿਆਂ ਨੂੰ ਸਟੇਸ਼ਨਰੀ ਕੀਤੀ ਭੇਟ



**ਕਾਲਾ ਸੰਘਿਆਂ (ਮਨਜੀਤ ਮਾਨ)**- ਸਰਕਾਰੀ ਪ੍ਰਾਇਮਰੀ ਸਕੂਲ ਸੰਧੂ ਚੱਠਾ ਦੇ ਨਵੇਂ ਵਿਦਿਅਕ ਸੈਸ਼ਨ ਦੀ ਸ਼ੁਰੂਆਤ ਪਿੰਡ ਦੀ ਪੰਚਾਇਤ ਅਤੇ ਪਤਵੰਤੇ ਸੱਜਣਾਂ ਨੇ ਬੱਚਿਆਂ ਨੂੰ ਅਸ਼ੀਰਵਾਦ ਦੇ ਕੇ ਕੀਤੀ। ਇਸ ਮੌਕੇ ਤੇ ਸ੍ ਜੋਗਿੰਦਰ ਸਿੰਘ ਇੰਸਪੈਕਟਰ ਪੰਜਾਬ ਪੁਲਿਸ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਕਾਪੀਆਂ ਪੈਨ ਤੇ ਪੈਨਸਲਾਂ ਭੇਟ ਕੀਤੀਆਂ।ਇਸ ਮੌਕੇ ਤੇ ਬੋਲਦਿਆਂ ਕਿਹਾ ਕਿ ਪਿੰਡ ਦੇ ਹਰ ਲੋੜਵੰਦ ਬੱਚੇ ਦੀ ਵਿਦਿਅਕ ਲੋੜ ਪੂਰੀ ਕੀਤੀ ਜਾਵੇਗੀ, ਕੋਈ ਵੀ ਬੱਚਾ ਕਿਤਾਬਾਂ ਕਾਪੀਆਂ ਪੈਨਸਲਾਂ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਹਰ ਬੱਚੇ ਨੂੰ ਸਟੇਸ਼ਨਰੀ ਮੁਹੱਈਆ ਕੀਤੀ ਜਾਵੇਗੀ ਅਤੇ ਅੱਗੇ ਤੋਂ ਵੀ ਮੈਂ ਇਹ ਸੇਵਾ ਨਿਰੰਤਰ ਕਰਦਾ ਰਹਾਂਗਾ। ਇਸ ਦੌਰਾਨ ਨੰਬਰਦਾਰ ਸ ਸੰਤੋਖ ਸਿੰਘ ਵੱਲੋਂ 5000 ਰੁਪਏ ਅਤੇ ਸ ਭਜਨ ਸਿੰਘ ਸੰਧੂ ਕਨੇਡਾ ਵੱਲੋਂ 4500 ਸਕੂਲ ਦੇ ਚੱਲ ਰਹੇ ਵਿਕਾਸ ਕਾਰਜਾਂ ਲਈ ਭੇਂਟ ਕੀਤੇ ਗਏ। ਸਕੂਲ ਦਾ ਸਮੁੱਚਾ ਸਟਾਫ, ਸਕੂਲ ਮੈਨੇਜਮੈਂਟ ਕਮੇਟੀ ਤੇ ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਉਹਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਡਾਕਟਰ ਸਤਪਾਲ, ਡਾਕਟਰ ਨਿਰਮਲ ਸਿੰਘ ਸਾਬਕਾ ਪੰਚ, ਚਰਨਜੀਤ ਸਿੰਘ ਪੰਚ, ਸਤਵਿੰਦਰ ਸਿੰਘ ਪੰਚ, ਜਥੇਦਾਰ ਸੰਤੋਖ ਸਿੰਘ, ਗੁਰਮੇਲ ਸਿੰਘ ਗੋਪੀ ਸਾਬਕਾ ਪੰਚ, ਸ ਇੰਦਰਜੀਤ ਸਿੰਘ ਸੰਧੂ ਤੇ ਸੁੱਖਾ ਚੱਕੀ ਵਾਲਾ ਆਦਿ ਇਸ ਮੌਕੇ ਤੇ ਹਾਜ਼ਰ ਸਨ।

# ਖੁਰਾਲਗੜ੍ਹ ਸਾਹਿਬ ਵਿਖੇ ਕਰਵਾਏ ਜਾ ਰਹੇ ਸਾਲਾਨਾ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ : ਸੰਤ ਸਰਵਣ ਦਾਸ, ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਦੀ ਅਗਵਾਈ ਹੇਠ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ 12 ਅਪ੍ਰੈਲ ਤੋਂ 14 ਅਪ੍ਰੈਲ ਤੱਕ ਕਰਵਾਏ ਜਾ ਰਹੇ ਵਿਸ਼ਾਲ ਧਾਰਮਿਕ ਸਮਾਗਮ ਦੀਆਂ ਤਿਆਰੀਆਂ ਪੂਰੇ ਜ਼ੋਰ- ਸ਼ੋਰ ਨਾਲ ਚੱਲ ਰਹੀਆਂ ਹਨ। ਸੰਤ ਸਤਵਿੰਦਰ ਹੀਰਾ ਅਤੇ ਸੰਤ ਸਰਵਣ ਦਾਸ ਸਲੇਮ ਟਾਵਰੀ ਵਾਲਿਆਂ ਨੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸਮਾਗਮ 12 ਅਪ੍ਰੈਲ ਨੂੰ ਆਰੰਭ ਹੋ ਕੇ 14 ਅਪ੍ਰੈਲ ਤੱਕ ਚੱਲੇਗਾ ਤੇ ਸੰਗਤਾਂ ਦੇ ਰਹਿਣ, ਖਾਣ-ਪੀਣ ਅਤੇ ਬੈਠਣ ਲਈ ਪੁਖ਼ਤਾ ਪ੍ਰਬੰਧ ਕੀਤੇ ਜਾ ਰਹੇ ਹਨ। ਪੂਰੇ ਅਸਥਾਨ ਨੂੰ ਸੁੰਦਰ ਢੰਗ ਨਾਲ ਸਜਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕੀ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਤੋਂ ਆਏ ਸੇਵਾਦਾਰ ਦਿਨ-ਰਾਤ ਤਿਆਰੀਆਂ ਵਿੱਚ ਜੁਟੇ ਹੋਏ ਹਨ। ਮੀਡੀਆ ਨਾਲ ਗੱਲਬਾਤ ਕਰਦਿਆਂ ਸੰਤ ਸਰਵਣ ਦਾਸ ਤੇ ਸੰਤ ਸਤਵਿੰਦਰ ਹੀਰਾ ਨੇ ਦੱਸਿਆ ਕਿ ਇਹ ਅਸਥਾਨ ਸਤਿਗੁਰੂ ਰਵਿਦਾਸ ਮਹਾਰਾਜ ਦੀ ਚਰਨ ਛੋਹ ਪ੍ਰਾਪਤ ਧਰਤੀ ਹੈ ਅਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣ ਲਈ ਪਹੁੰਚਣਗੀਆਂ। ਉਨ੍ਹਾਂ ਅਪੀਲ ਕੀਤੀ ਕਿ ਸਮੂਹ ਸੰਗਤਾਂ ਇਸ ਮੌਕੇ ਵਧ-ਚੜ੍ਹ ਕੇ ਹੁੰਮ-ਹੁਮਾ ਕੇ ਪਹੁੰਚਣ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਉਹਨਾ ਕਿਹਾ ਕਿ ਸਾਡਾ ਮਕਸਦ ਸਤਿਗੁਰੂ ਰਵਿਦਾਸ ਮਹਾਰਾਜ ਦੇ ਮਿਸ਼ਨ ਤੇ ਬਾਣੀ ਦਾ ਪ੍ਰਚਾਰ-ਪ੍ਰਸਾਰ ਕਰਨਾ ਹੈ। ਸਮਾਗਮ ਦੌਰਾਨ ਵੱਖ-ਵੱਖ ਰਾਗੀ, ਢਾਡੀ ਅਤੇ ਪ੍ਰਚਾਰਕ ਸੰਗਤਾਂ ਨੂੰ ਗੁਰੂਆ ਦੇ ਇਤਿਹਾਸ ਨਾਲ ਜੋੜਨਗੇ। ਉਹਨਾਂ ਦੱਸਿਆ ਕਿ ਪ੍ਰਸ਼ਾਸਨ ਦੇ ਸਹਿਯੋਗ ਨਾਲ ਟ੍ਰੈਫਿਕ ਅਤੇ ਸੁਰੱਖਿਆ ਦੇ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।



## ਸੜਕ ਹਾਦਸੇ 'ਚ ਨੌਜਵਾਨ ਦੀ ਮੌਤ

**ਕਪੂਰਥਲਾ (ਮਨਜੀਤ ਮਾਨ)**- ਢਿਲਵਾਂ-ਨਡਾਲਾ ਰੋਡ 'ਤੇ ਮੋਟਰਸਾਈਕਲ 'ਤੇ ਜਾ ਰਹੇ ਇੱਕ ਵਿਅਕਤੀ ਨੂੰ ਕਾਰ ਨੇ ਟੱਕਰ ਮਾਰ ਦਿੱਤੀ, ਜਿਸ ਕਾਰਨ ਉਹ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ। ਜਿਸ ਨੂੰ ਸਿਵਿਲ ਹਸਪਤਾਲ ਕਪੂਰਥਲਾ ਲਿਆਂਦਾ ਗਿਆ ਤੇ ਮੁਢਲੇ ਇਲਾਜ ਤੋਂ ਬਾਅਦ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ ਜਿਸ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ 108 ਐਂਬੂਲੈਂਸ ਦੇ ਪਾਇਲਟ ਸੋਨਾ ਸਿੰਘ ਤੇ ਈ ਐੱਮ ਟੀ ਚੰਦਰ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਢਿਲਵਾਂ-ਨਡਾਲਾ ਰੋਡ 'ਤੇ ਇਕ ਮੋਟਰਸਾਈਕਲ ਚਾਲਕ ਨੂੰ ਵਾਹਨ ਟੱਕਰ ਮਾਰ ਗਿਆ ਹੈ, ਜਿਸ 'ਤੇ ਉਹ ਮੌਕੇ 'ਤੇ ਪੁੱਜੇ ਤੇ ਜ਼ਖ਼ਮੀ ਨੂੰ ਉਨ੍ਹਾਂ ਨੇ ਸਿਵਲ ਹਸਪਤਾਲ ਕਪੂਰਥਲਾ ਵਿਖੇ ਦਾਖ਼ਲ ਕਰਵਾਇਆ। ਜ਼ਖ਼ਮੀ ਵਿਅਕਤੀ ਦੀ ਪਹਿਚਾਣ ਬਲਵਿੰਦਰ ਸਿੰਘ ਪੁੱਤਰ ਦਾਰੀ ਸਿੰਘ ਵਾਸੀ ਧੂਲਕਾ ਜ਼ਿਲ੍ਹਾ ਅੰਮ੍ਰਿਤਸਰ ਵਜੋਂ ਹੋਈ ਹੈ ਜਿਸ ਦੀ ਇਕ ਲੱਤ ਵੀ ਕੱਟੀ ਗਈ ਹੈ। ਡਿਊਟੀ ਡਾ. ਜਸ਼ਨ ਵਲੋਂ ਜ਼ਖ਼ਮੀ ਵਿਅਕਤੀ ਨੂੰ ਮੁੱਢਲੇ ਇਲਾਜ ਤੋਂ ਬਾਅਦ ਅੰਮ੍ਰਿਤਸਰ ਮੈਡੀਕਲ ਕਾਲਜ ਵਿਖੇ ਰੈਫ਼ਰ ਕਰ ਦਿੱਤਾ ਗਿਆ ਪਰ ਰਸਤੇ ਵਿੱਚ ਹੀ ਉਸ ਦੀ ਮੌਤ ਹੋ ਗਈ। ਲਾਸ਼ ਨੂੰ ਸਿਵਲ ਹਸਪਤਾਲ ਕਪੂਰਥਲਾ ਦੇ ਮੁਰਦਾ ਘਰ ਚ ਰਖਵਾ ਦਿੱਤਾ ਗਿਆ ਹੈ। ਇਸ ਸਬੰਧੀ ਥਾਣਾ ਮੁਖੀ ਢਿਲਵਾਂ ਦਲਵਿੰਦਰ ਬੀਰ ਸਿੰਘ ਏ ਐਸ ਆਈ ਮੂਰਤਾ ਸਿੰਘ ਨੇ ਦੱਸਿਆ ਕਿ ਅਰਸ਼ ਦੀਪ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਕਾਰ ਚਾਲਕ ਸੁਖਦੇਵ ਸਿੰਘ ਵਾਸੀ ਪਿੰਡ ਦਮੂਲੀਆਂ ਵਿਰੁੱਧ ਕੇਸ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਹਸਪਤਾਲ ਨੂੰ ਫੋਗਿੰਗ ਮਸ਼ੀਨ ਭੇਟ



**ਕਪੂਰਥਲਾ (ਮਨਜੀਤ ਮਾਨ)**- ਸਮਾਜ ਸੇਵੀ ਸੰਸਥਾ ਦੁਆਬਾ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਨੇ ਪਿਛਲੇ ਦਿਨੀ ਐੱਸ ਐੱਮ ਓ ਟਿੱਬਾ ਸਰਬਰਿੰਦਰ ਸਿੰਘ ਤੇ ਉਨਾਂ ਦੇ ਸਟਾਫ ਨੂੰ ਆਉਣ ਵਾਲੇ ਦਿਨਾਂ ਦੇ ਵਿੱਚ ਮੱਛਰਾਂ ਤੋਂ ਅਤੇ ਉਹਨਾਂ ਦੇ ਲਾਰਵੇ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਖਦਸ਼ਿਆਂ ਨੂੰ ਦੇਖਦਿਆਂ ਹੋਇਆ ਇੱਕ ਫੋਗਿੰਗ ਮਸ਼ੀਨ ਦਿੱਤੀ ਗਈ। ਇਸ ਮੌਕੇ ਤੇ ਗੱਲ ਕਰਦਿਆਂ ਹੋਇਆਂ ਜ਼ਿਲ੍ਹਾ ਪ੍ਰਧਾਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਜਿਵੇਂ ਕਿ ਪਿਛਲੇ ਸਾਲ ਕਾਫੀ ਹੜ੍ਹਾਂ ਦਾ ਪ੍ਰਕੋਪ ਹੋਇਆ ਅਤੇ ਹੜ੍ਹਾਂ ਦੇ ਜਾਣ ਤੋਂ ਬਾਅਦ ਬਿਮਾਰੀਆਂ ਨੇ ਜਨ ਜੀਵਨ ਨੂੰ ਬਹੁਤ ਪ੍ਰਭਾਵਿਤ ਕੀਤਾ। ਉਸ ਗੱਲ ਦਾ ਖਿਆਲ ਰੱਖਦਿਆਂ ਹੋਇਆ ਜਥੇਬੰਦੀ ਨੇ ਇਹ ਫੈਸਲਾ ਲਿਆ ਕਿ ਸਰਕਾਰੀ ਹਸਪਤਾਲ ਟਿੱਬਾ ਨੂੰ ਇੱਕ ਫੋਗੀਗ ਮਸ਼ੀਨ ਭੇਟ ਕਰੀਏ ਤਾਂ ਕਿ ਲਾਗੇ ਦੇ ਖੇਤਰ ਤੇ ਜਨ ਜੀਵਨ ਨੂੰ ਆਉਣ ਵਾਲੇ ਗਰਮੀਆਂ ਦੇ ਮੌਸਮ ਦੇ ਵਿੱਚ ਅਤੇ ਬਰਸਾਤ ਦੇ ਮੌਸਮ ਦੇ ਵਿੱਚ ਬਿਮਾਰੀਆਂ ਤੋਂ ਬਚਾਅ ਕੀਤਾ ਜਾਵੇ। ਗਰਮੀਆਂ ਸ਼ੁਰੂ ਹੁੰਦੇ ਹੀ ਟਾਈਫਾਇਡ, ਮਲੇਰੀਆ, ਹੈਜਾ ਤੇ ਹੋਰ ਬਿਮਾਰੀਆਂ ਦਾ ਖਦਸ਼ਾ ਵੱਧ ਜਾਂਦਾ ਹੈ। ਜਥੇਬੰਦੀ ਨੇ ਇਹ ਫੈਸਲਾ ਲਿਆ ਕਿ ਅਸੀਂ ਕੋਈ ਐਸੀ ਮਦਦ ਕਰੀਏ ਜਿਸ ਨਾਲ ਸਮਾਜ ਦੀ ਭਲਾਈ ਹੋ ਸਕੇ।ਇਹ ਮਸ਼ੀਨ ਐੱਸ ਐੱਮ ਓ ਟਿੱਬਾ ਸਰਬਰਿੰਦਰ ਸਿੰਘ ਤੇ ਉਨ੍ਹਾਂ ਦੇ ਸਟਾਫ ਨੂੰ ਦਿੱਤੀ ਹੈ। ਜਥੇਬੰਦੀ ਦੇ ਸੀਨੀਅਰ ਆਗੂ ਖਜਾਨਚੀ ਪੰਨਾ ਲਾਲ, ਉਪ ਪ੍ਰਧਾਨ ਬਲੌਰ ਖਾਨ ਦੀ ਸਾਬਕਾ ਪ੍ਰਧਾਨ ਬਲਕਾਰ ਸਿੰਘ, ਬਲਵੀਰ ਥਾਪਰ, ਪਲਵਿੰਦਰ ਸਿੰਘ ਡਾਕਟਰ ਸੋਮਨਾਥ, ਸਤਪਾਲ, ਡਾਕਟਰ ਹਰਜੀਤ ਸਿੰਘ, ਡਾਕਟਰ ਬਲਵੀਰ ਸਿੰਘ, ਡਾਕਟਰ ਸਵਰਨ ਸਿੰਘ, ਅਤੇ ਮਨੀਸ਼ ਕੁਮਾਰ ਤੋਂ ਇਲਾਵਾ ਆਗੂ ਹਾਜ਼ਰ ਸਨ।

## 'ਬਿਖੜੇ ਪੈਂਡਿਆਂ ਦਾ ਸ.ਫਰ' ਪੁਸਤਕ ਰਲੀਜ਼

**ਬੰਗਾ (ਅਵਤਾਰ ਕਲੇਰ)**- ਪਿੰਡ ਸੁੱਜੋਂ ਵਿਖੇ ਇੱਕ ਘਰੇਲੂ ਮਿਲਣੀ ਦੌਰਾਨ ਬਿਖੜੇ ਪੈਂਡਿਆਂ ਦਾ ਸਫ਼ਰ ਪੁਸਤਕ ਰਿਲੀਜ਼ ਕੀਤੀ ਗਈ।ਇਸ ਪੁਸਤਕ ਦੀ ਰਚਨਾ ਡਾ. ਭਗਵਾਨ ਦਾਸ ਸੁੱਜੋਂ ਵਲੋਂ ਆਪਣੀ ਸਵੈ- ਜੀਵਨੀ ਦੇ ਰੂਪ ਵਿੱਚ ਕੀਤੀ ਗਈ ਹੈ। ਜਿਸ ਦਾ ਸਮਰਪਣ ਬੁਲੰਦ ਹੌਸਲਿਆਂ ਤੇ ਮਿਹਨਤ ਨੂੰ ਕੀਤਾ ਗਿਆ ਹੈ। ਉਹਨਾਂ ਨੇ ਅੱਤ ਦੀ ਗਰੀਬੀ ਹੋਣ ਦੇ ਬਾਵਜੂਦ ਉੱਚ ਸਿੱਖਿਆ ਪ੍ਰਾਪਤ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਨੇ ਜੀਵਨ ਵਿੱਚ ਆਈਆਂ ਮੁਸ਼ਕਲਾਂ ਤੇ ਕਿਵੇਂ ਦ੍ਰਿੜ ਇਰਾਦੇ,ਹੱਠ, ਸਵੈ-ਵਿਸ਼ਵਾਸ ਨਾਲ ਜਿੱਤ ਪ੍ਰਾਪਤ ਕੀਤੀ ਹੈ। ਇਸ ਵਿੱਚ ਅਜਿਹੇ ਕੁਝ ਦਾ ਵਿਵਰਣ ਕੀਤਾ ਗਿਆ ਹੈ। ਉਮੀਦ ਹੈ ਇਹ ਪੁਸਤਕ ਕਿਸਮਤ ਨੂੰ ਕੋਸਣ ਵਾਲਿਆਂ ਲਈ ਰਾਹ ਦਸੇਰਾ ਅਤੇ ਆਸ ਦੀ ਕਿਰਨ ਬਣੇਗੀ। ਇਸ ਮੌਕੇ ਡਾ ਭਗਵਾਨ ਦਾਸ ਸੁੱਜੋਂ, ਸੋਹਣ ਸਿੰਘ ਸੁੰਨੀ ਸੇਵਾ ਮੁਕਤ ਪ੍ਰਿੰਸੀਪਲ, ਇੰਜੀ. ਜਸਵੀਰ ਸਿੰਘ ਮੋਰੋਂ, ਲੈਕਚਰਾਰ ਸ਼ੰਕਰ ਦਾਸ, ਲੈਕਚਰਾਰ ਬਲਿਹਾਰ ਚੰਦ, ਡਾ. ਹਰਜਿੰਦਰ ਸਿੰਘ, ਸਤਨਾਮ ਸਿੰਘ, ਕਸ਼ਮੀਰ ਕੌਰ,ਅੰਮ੍ਰਿਤਪਾਲ, ਅਮਨਦੀਪ ਕੌਰ ਆਦਿ ਹਾਜ਼ਰ ਸਨ।



# 'ਜੰਗ ਨੂੰ ਸਮਝਦਿਆਂ ਦਾਰਸ਼ਨਿਕ, ਇਤਿਹਾਸਕ ਤੇ ਸਮਕਾਲੀ ਪਰਿਪੇਖ' ਵਿਸ਼ੇ 'ਤੇ ਸੈਮੀਨਾਰ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਕਲਾ ਪਰੀਸ਼ਦ ਚੰਡੀਗੜ੍ਹ ਵਿਖੇ ਜੰਗ ਨੂੰ ਸਮਝਦਿਆ ਦਾਰਸ਼ਨਿਕ, ਇਤਿਹਾਸਕ ਤੇ ਸਮਕਾਲੀ ਪਰਿਪੇਖ ਵਿਸ਼ੇ 'ਤੇ ਇਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਕੁਲਤਾਰ ਸਿੰਘ ਸੰਧਵਾਂ, ਮਾਣਯੋਗ ਸਪੀਕਰ, ਪੰਜਾਬ ਵਿਧਾਨ ਸਭਾ ਸ਼ਾਮਿਲ ਹੋਏ। ਕਲਾ ਪਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਨੇ ਸੁਆਗਤੀ ਸ਼ਬਦ ਬੋਲਦਿਆਂ ਕਿਹਾ ਕਿ ਜੰਗ ਸਾਡੇ ਸਭਿਆਚਾਰ ਨੂੰ ਬਦਲਦੀ ਹੈ। ਸਾਡੀ ਆਰਥਿਕਤਾ ਨੂੰ ਤਬਾਹ ਕਰਦੀ ਹੈ, ਵਾਤਾਵਰਣ ਬਰਬਾਦ ਕਰਦੀ ਹੈ। ਜੰਗੀ ਟਕਰਾਅ ਨਕਸ਼ਿਆਂ ਨੂੰ ਬਦਲ ਦਿੰਦਾ। ਡਾ. ਸ਼ੈਲੀ ਵਾਲੀਆ ਨੇ ਕਿਹਾ ਕਿ ਅੱਜ ਜੰਗ ਬਾਰੇ ਗੱਲ ਕਰਨਾ ਹੀ ਆਪਣੇ ਆਪ ਵਿਚ ਜ਼ਰੂਰੀ ਹੈ। ਜੰਗ ਦਾ ਅੰਜ਼ਾਮ ਅਸੀਂ ਪਹਿਲਾਂ ਦੋ ਵਿਸ਼ਵ ਯੁੱਧਾਂ ਵਿਚ ਦੇਖ ਲਿਆ ਹੈ। ਅਮਰੀਕਾ ਤੇ ਇਰਾਨ ਦੀ ਪਹੁੰਚ ਬਾਰੇ ਮਹੱਤਵਪੂਰਨ ਗੱਲ ਕਰਦਿਆਂ ਕਿਹਾ ਕਿ ਸਾਮਰਾਜ ਦਾ ਕੰਮ ਹੀ ਕੁਦਰਤੀ ਸਰੋਤਾਂ 'ਤੇ ਕਾਬਜ਼ ਹੋਣਾ ਹੁੰਦਾ ਹੈ। ਪ੍ਰੋ. ਰੌਣਕੀ ਰਾਮ ਨੇ ਕਿਹਾ ਕਿ ਜਦੋਂ ਕਿਸੇ ਮੁਲਕ ਦੀ ਤਾਕਤ ਪੂਰੇ ਜੋਬਨ 'ਤੇ ਹੁੰਦੀ ਹੈ ਤਾਂ ਉਹ ਅਮਰੀਕਾ ਵਾਂਗ ਹੀ ਕਰਦਾ।ਇਰਾਨ 'ਤੇ ਹਮਲੇ ਦਾ ਮੁੱਖ ਕਾਰਨ ਤੇਲ ਤੇ ਹਥਿਆਰ ਬਣਾਉਣ ਤੋਂ ਰੋਕਣਾ ਹੈ। ਉਹਨਾਂ ਕਿਹਾ ਕਿ ਚੌਥਾ ਵਿਸ਼ਵ ਯੁੱਧ ਪੱਥਰਾਂ ਨਾਲ ਲੜਿਆ ਜਾਵੇਗਾ। ਡਾ. ਮਨਮੋਹਨ ਨੇ ਕਿਹਾ ਕਿ ਭਾਰਤੀ ਪਰੰਪਰਾ ਵਿਚ ਜੰਗ ਨੂੰ ਧਰਮਯੁੱਧ ਵਜੋ ਲਿਆ ਜਾਂਦਾ ਸੀ। ਪਰਖਣਾ ਹੋਵੇਗਾ ਕਿ ਜੰਗ ਕਿਸ ਕਾਰਨ 'ਚੋਂ ਨਿਕਲੀ ਹੈ ? ਜੰਗ ਦੇ ਔਜ਼ਾਰ ਬਦਲਦੇ ਰਹਿੰਦੇ ਨੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਦੇਖਣਾ ਹੋਵੇਗਾ ਕਿ ਜੰਗ ਕਿੱਥੋਂ ਤਕ ਡਿਜੀਟਲ ਹੁੰਦੀ ਹੈ। ਡਾ. ਪ੍ਰਤਿਭਾ ਦਿਓਲ ਨੇ ਆਰਥਿਕ ਪਹਿਲੂਆਂ ਦੇ ਹਵਾਲੇ ਨਾਲ ਅਮਰਜੀਤ ਗਰੇਵਾਲ ਦੀ ਕਵਿਤਾ ਦਾ ਉਦਾਹਰਨ ਦਿੰਦੇ ਹੋਏ ਲੋੜ ਤੇ ਹੋੜ ਦੀ ਗੱਲ ਕੀਤੀ। ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪੰਜਾਬ ਦਾ ਮਾਣਮੱਤਾ ਇਤਿਹਾਸ ਤਲਵਾਰ ਨਾਲ ਲਿਖਿਆ ਗਿਆ ਹੈ, ਜਦਕਿ ਇਸ ਤੋਂ ਵੀ ਪਹਿਲਾਂ ਸ਼ਬਦ ਨਾਲ ਲਿਖਿਆ ਗਿਆ ਸੀ। ਅੱਜ ਬੰਦੇ ਅੰਦਰਲਾ ਬੱਚਾ ਮਰ ਰਿਹਾ ਹੈ, ਇਸ ਲਈ ਹੀ ਉਹ ਯੁੱਧਗ੍ਰਸਤ ਹੈ। ਉਹਨਾਂ ਪੰਜਾਬ ਕਲਾ ਪਰਿਸ਼ਦ ਨੂੰ ਇਸ ਸਮਾਗਮ ਲਈ ਵਧਾਈ ਦਿੱਤੀ।

ਕਵੀਆਂ ਵਿਚ ਗੁਲ ਚੌਹਾਨ, ਗੁਰਪ੍ਰੀਤ, ਅਮਰਜੀਤ ਕੌਂਕੇ, ਬਲਵਿੰਦਰ ਸੰਧੂ, ਦਰਸ਼ਨ ਬੁੱਟਰ, ਤਰਸੇਮ, ਪਰਮਜੀਤ ਸੋਹਲ, ਸਵਰਨਜੀਤ ਸਵੀ ਅਮਰਜੀਤ ਗਰੇਵਾਲ, ਸ਼ਮਸ਼ੇਰ ਸਾਹਿਲ, ਮਨਮੋਹਨ ਆਦਿ ਨੇ ਸ਼ਿਰਕਤ ਕੀਤੀ। ਇਸ ਸੈਮੀਨਾਰ ਦੇ ਕਨਵੀਨਰ ਡਾ. ਪ੍ਰਵੀਨ ਕੁਮਾਰ ਸਨ, ਜਦਕਿ ਮੰਚ ਸੰਚਾਲਨ ਜਗਦੀਪ ਸਿੱਧੂ ਨੇ ਬਾਖੂਬੀ ਕੀਤਾ। ਅੰਤ ਵਿੱਚ ਧੰਨਵਾਦ ਉੱਘੇ ਆਲੋਚਕ ਡਾ. ਯੋਗਰਾਜ ਅੰਗਰੀਸ਼ ਨੇ ਕੀਤਾ।



# ਜੀ ਆਰ ਡੀ ਨਰਸਿੰਗ ਕਾਲਜ 'ਚ ਵਿਸ਼ਵ ਸਿਹਤ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਟਾਂਡਾ ਇਲਾਕੇ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਇੰਟਰਨੈਸ਼ਨਲ ਕਾਲਜ ਆਫ ਨਰਸਿੰਗ ਇੰਸਟੀਚਿਊਟ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ।ਜੀ ਆਰ ਡੀ ਸਿੱਖਿਆ ਸੰਸਥਾਵਾਂ ਦੀ ਚੇਅਰ ਪਰਸਨ ਪ੍ਰਦੀਪ ਕੌਰ, ਐੱਮ ਡੀ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾ ਤਹਿਤ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਰੇਨੂ ਬਾਲਾ ਦੀ ਅਗਵਾਈ ਵਿੱਚ ਹੋਏ ਇਸ ਸਮਾਰੋਹ ਵਿੱਚ ਨਰਸਿੰਗ ਦੀਆ ਵਿਦਿਆਰਥਣਾਂ ਨੇ ਬੜੀ ਹੀ ਦਿਲਚਸਪੀ ਨਾਲ ਭਾਗ ਲਿਆ।ਪ੍ਰਿੰਸੀਪਲ ਰੇਨੂ ਬਾਲਾ ਨੇ ਸੰਬੋਧਨ ਕਰਦੇ ਹੋਏ ਦੱਸਿਆ ਕਿ ਵਿਸ਼ਵ ਸਿਹਤ ਸੰਗਠਨ (ਡਬਲਯੂ ਐੱਚ ਓ) ਵੱਲੋਂ ਹਰ ਸਾਲ 7 ਅਪ੍ਰੈਲ ਨੂੰ ਵਿਸ਼ਵ ਸਿਹਤ ਦਿਵਸ ਮਨਾਇਆ ਜਾਂਦਾ ਹੈ ਜਿਸ ਦਾ ਮੁੱਖ ਮਸਤਕ ਇਹੀ ਹੁੰਦਾ ਹੈ ਕਿ ਅਸੀਂ ਅੱਜ ਦੀ ਦੌੜ ਭੱਜ ਅਤੇ ਤਨਾਅ ਭਰੀ ਜ਼ਿੰਦਗੀ ਵਿੱਚ ਆਪਣੇ ਆਪ ਨੂੰ ਤੰਦਰੁਸਤ ਰੱਖੀਏ ਕਿਉਂਕਿ ਜੇਕਰ ਅਸੀਂ ਤੰਦਰੁਸਤ ਹੋਵਾਂਗੇ ਤਾਂ ਤਾ ਹੀ ਅਸੀਂ ਵਧੀਆ ਤੇ ਸਾਰਥਕ ਕੰਮ ਕਰ ਸਕਾਂਗੇ। ਇਸ ਲਈ ਸਾਨੂੰ ਆਪਣੀ ਜ਼ਿੰਦਗੀ ਦੇ ਹੋਰਨਾਂ ਕੰਮਾਂ ਦੇ ਨਾਲ ਨਾਲ ਆਪਣੀ ਸਿਹਤ ਦਾ ਵੀ ਪੂਰਾ ਧਿਆਨ ਰੱਖਣਾ ਚਾਹੀਦਾ ਹੈ। ਇਸ ਮੌਕੇ ਸੰਬੋਧਨ ਕਰਦੇ ਹੋਏ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਕਿਹਾ ਕਿ ਸਾਨੂੰ ਅੱਜ ਦੇ ਸਮੇਂ ਦੌਰਾਨ ਬਾਜ਼ਾਰ ਦੇ ਫਾਸਟ ਫੂਡ ਖਾਣੇ ਤੋਂ ਬਚ ਕੇ ਪੌਸ਼ਟਿਕ ਖਾਣਾ ਤੇ ਹਰੀ ਸਬਜ਼ੀਆਂ ਦਾ ਸੇਵਨ ਕਰਨਾ ਚਾਹੀਦਾ ਹੈ ਕਿਉਂਕਿ ਇਸ ਨਾਲ ਜਿੱਥੇ ਸਾਡਾ ਸਰੀਰ ਤੰਦਰੁਸਤ ਰਹਿੰਦਾ ਉੱਥੇ ਹੀ ਸਾਨੂੰ ਵੱਖ-ਵੱਖ ਬਿਮਾਰੀਆਂ ਤੋਂ ਵੀ ਬਚਾਆ ਕੇ ਰੱਖਦਾ ਹੈ। ਸਾਨੂੰ ਸਵੇਰ ਅਤੇ ਸ਼ਾਮ ਸਮੇਂ ਸੈਰ ਕਰਨ ਦੇ ਨਾਲ ਨਾਲ ਨਿਯਮਤ ਰੂਪ ਵਿੱਚ ਕਸਰਤ ਵੀ ਕਰਨੀ ਚਾਹੀਦੀ ਹੈ।ਇਸ ਮੌਕੇ ਵੱਖ-ਵੱਖ ਕਲਾਸਾਂ ਦੀਆਂ ਵਿਦਿਆਰਥਣਾ ਨੇ ਵੀ ਸੰਬੋਧਨ ਕਰਦੇ ਹੋਏ ਵਿਸ਼ਵ ਸਿਹਤ ਦਿਵਸ ਨਾਲ ਸੰਬੰਧਿਤ ਤਿਆਰ ਕੀਤੇ ਗਏ ਲੇਖ ਪੜ੍ਹ ਕੇ ਸੁਣਾਏ ਅਤੇ ਨਿਰੋਗ ਜੀਵਨ ਜਿਉਣ ਦਾ ਸੰਦੇਸ਼ ਦਿੱਤਾ। ਇਸੇ ਦੌਰਾਨ ਹੀ ਵਿਦਿਆਰਥਣਾਂ ਦੇ ਸਿਹਤ ਦਿਵਸ ਨਾਲ ਸੰਬੰਧਿਤ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ ਜਿਸ ਦੌਰਾਨ ਜੇਤੂ ਰਹੀਆਂ ਵਿਦਿਆਰਥਣਾ ਨੂੰ ਸੰਸਥਾ ਦੇ ਪ੍ਰਬੰਧਕਾਂ ਵੱਲੋਂ ਯਾਦਗਾਰੀ ਚਿੰਨ ਭੇਂਟ ਕਰਦੇ ਹੋਏ ਸਨਮਾਨਤ ਕੀਤਾ।ਇਸ ਮੌਕੇ ਤੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਐਡਮਿਨ ਸਟੇਟ ਦਲਜਿੰਦਰ ਕੌਰ, ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ, ਮੈਨੇਜਰ ਸਰਬਜੀਤ ਸਿੰਘ ਮੋਮੀ, ਰਮਨਦੀਪ ਕੌਰ, ਮਨਪ੍ਰੀਤ ਕੌਰ, ਲਖਵਿੰਦਰ ਕੌਰ, ਪ੍ਰਿਯੰਕਾ ਟਾਂਡਾ ਤੋਂ ਇਲਾਵਾ ਕਾਲਜ ਦੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।




## ਕਮਿਊਨਿਟੀ ਹੈੱਲਥ ਸੈਂਟਰ ਨੇ ਵਿਸ਼ਵ ਸਿਹਤ ਦਿਵਸ ਮਨਾਇਆ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਵਿਸ਼ਵ ਸਿਹਤ ਦਿਵਸ ਦੇ ਮੌਕੇ ਤੇ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵਲੋਂ ਸਿਹਤ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸਿਹਤ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਸਮਾਗਮ ਦੀ ਅਗਵਾਈ ਸੀਨੀਅਰ ਮੈਡੀਕਲ ਅਫਸਰ ਡਾ. ਪਰਮਜੀਤ ਸਿੰਘ ਨੇ ਕੀਤੀ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਿਹਤਮੰਦ ਜੀਵਨ ਲਈ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਹੋਣਾ ਬਹੁਤ ਜ਼ਰੂਰੀ ਹੈ ਅਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਪੂਰਾ ਲਾਭ ਲੈਣਾ ਚਾਹੀਦਾ ਹੈ।ਉਨ੍ਹਾਂ ਨੇ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਯੋਜਨਾ ਰਾਹੀਂ ਪੰਜਾਬ ਦੇ ਹਰ ਨਾਗਰਿਕ ਨੂੰ ਦੱਸ ਲੱਖ ਰੁਪਏ ਤੱਕ ਦਾ ਮੁਫ਼ਤ ਬੀਮਾ ਮੁਹਿਆ ਕਰਵਾਇਆ ਜਾ ਰਿਹਾ ਹੈ।ਮੈਡੀਕਲ ਅਫਸਰ ਡੈਂਟਲ ਡਾ. ਅਵਿਨਾਸ਼ ਨੇ ਦੰਦਾ ਸਿਹਤ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਸਿਹਤਮੰਦ ਦੰਦ ਅਤੇ ਮੂੰਹ ਸਰੀਰ ਦੀ ਸਮੁੱਚੀ ਸਿਹਤ ਲਈ ਬਹੁਤ ਜ਼ਰੂਰੀ ਹਨ ਅਤੇ ਲੋਕਾਂ ਨੂੰ ਨਿਯਮਿਤ ਤੌਰ 'ਤੇ ਦੰਦਾਂ ਦੀ ਜਾਂਚ ਕਰਵਾਉਣੀ ਚਾਹੀਦੀ ਹੈ।ਮੈਡੀਕਲ ਅਫ਼ਸਰ ਡਾ ਮਮਤਾ ਗੌਤਮ ਨੇ ਟੈਲੀ-ਮਨਾਸ ਸੇਵਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਨਸਿਕ ਤਣਾਅ, ਡਿਪ੍ਰੈਸ਼ਨ ਅਤੇ ਹੋਰ ਮਨੋਵਿਗਿਆਨਕ ਸਮੱਸਿਆਵਾਂ ਲਈ ਸਰਕਾਰ ਵੱਲੋਂ ਟੋਲ ਫਰੀ ਨੰਬਰ 14416 ਅਤੇ 1-800-891-4416 ਤੇ ਮਾਹਿਰਾਂ ਦੀ ਸਲਾਹ ਉਪਲਬਧ ਹੈ।ਬਲਾਕ ਐਜੂਕੇਟਰ ਪ੍ਰੀਤਇੰਦਰ ਸਿੰਘ ਨੇ ਸਰਵਾਈਕਲ ਕੈਂਸਰ ਤੋਂ ਬਚਾਉਣ ਲਈ ਟੀਕਾਕਰਨ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਉਨਾਂ ਦੱਸਿਆ ਕਿ ਇਹ ਟੀਕਾ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਬਹੁਤ ਪ੍ਰਭਾਵਸ਼ਾਲੀ ਹੈ ਤੇ 14 ਤੋਂ 15 ਸਾਲ ਤੱਕ ਦੀਆ ਲੜਕੀਆਂ ਨੂੰ ਸਿਹਤ ਸੰਸਥਾਵਾਂ ਵਿੱਚ ਮੁਫਤ ਲਗਾਇਆ ਜਾਂਦਾ ਹੈ।ਅੰਤ ਵਿੱਚ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਸਿਹਤ ਵਿਭਾਗ ਦੀਆਂ ਯੋਜਨਾਵਾਂ ਦਾ ਲਾਭ ਲੈਣ। ਇਸ ਮੌਕੇ 'ਤੇ ਹੈਲਥ ਸੁਪਰਵਾਈਜ਼ਰ ਸਤਨਾਮ, ਹੈਲਥ ਸੁਪਰਵਾਈਜ਼ਰ ਕੁਲਦੀਪ ਵਰਮਾ, ਫਾਰਮਾਸਿਸਟ ਅਮਿਤ ਪਾਂਡੇ ਅਤੇ ਸਮੂਹ ਸਟਾਫ ਹਾਜ਼ਰ ਸੀ।



# ਮਾਵਾਂ-ਧੀਆਂ ਸਤਿਕਾਰ ਯੋਜਨਾ ਲਈ ਮਹਿਲਾਵਾਂ ਦਾ ਵੱਡਾ ਰੁਝਾਨ

## ਸੇਵਾ ਕੇਂਦਰਾਂ 'ਚ ਲੱਗ ਰਹੀਆਂ ਲੰਬੀਆਂ ਕਤਾਰਾਂ

**ਨੰਗਲ ਭਲਾਣ (ਹਰਭਜਨ ਸਿੰਘ ਦਿਲੋਂ)**- ਪੰਜਾਬ ਸਰਕਾਰ ਵੱਲੋਂ ਮਾਵਾਂ ਧੀਆਂ ਸਤਿਕਾਰ ਸਕੀਮ ਸ਼ੁਰੂ ਕੀਤੀ ਜਿਸ ਤਹਿਤ ਸੇਵਾ ਕੇਂਦਰਾਂ ਵਿੱਚ ਜਾਤੀ ਸਰਟੀਫਿਕੇਟ ਬਣਾਉਣ ਦੇ ਲਈ ਇਨ੍ਹਾਂ ਦਿਨਾਂ ਵਿੱਚ ਭਾਰੀ ਭੀੜ ਦੇ ਦ੍ਰਿਸ਼ ਦੇਖਣ ਨੂੰ ਮਿਲ ਰਹੇ ਹਨ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮਾਵਾਂ-ਭੈਣਾ ਸਤਿਕਾਰ ਯੋਜਨਾ ਦੇ ਤਹਿਤ ਜਾਤੀ ਸਰਟੀਫਿਕੇਟ ਬਣਾਉਣ ਲਈ ਵੱਡੀ ਗਿਣਤੀ ਵਿੱਚ ਮਹਿਲਾਵਾਂ ਸੇਵਾ ਕੇਂਦਰਾਂ ਦਾ ਰੁਖ ਕਰ ਰਹੀਆਂ ਹਨ, ਜਿਸ ਕਾਰਨ ਲੰਬੀਆਂ ਕਤਾਰਾਂ ਲੱਗ ਰਹੀਆਂ ਹਨ।ਪ੍ਰਾਪਤ ਜਾਣਕਾਰੀ ਅਨੁਸਾਰ ਸਵੇਰੇ ਤੜਕੇ ਹੀ ਮਹਿਲਾਵਾਂ ਸੇਵਾ ਕੇਂਦਰਾਂ ਦੇ ਬਾਹਰ ਇਕੱਠੀਆਂ ਹੋਣ ਲੱਗ ਪੈਂਦੀਆਂ ਹਨ ਤਾਂ ਜੋ ਉਹ ਆਪਣਾ ਕੰਮ ਸਮੇਂ ਸਿਰ ਕਰਵਾ ਸਕਣ। ਕਈ ਥਾਵਾਂ 'ਤੇ ਮਹਿਲਾਵਾਂ ਨੂੰ ਕਈ ਕਈ ਘੰਟੇ ਲਾਈਨਾਂ ਵਿੱਚ ਖੜ੍ਹਾ ਰਹਿਣਾ ਪੈਂਦਾ ਹੈ। ਜਦੋਂ ਅੱਜ ਪੱਤਰਕਾਰਾਂ ਵੱਲੋਂ ਨੰਗਲ ਦੇ ਸੇਵਾ ਕੇਂਦਰ ਦਾ ਦੌਰਾਂ ਕੀਤਾ ਗਿਆ ਤਾਂ ਉਥੇ ਲਾਈਨਾਂ ਵਿੱਚ ਖੜੀਆਂ ਬਜ਼ੁਰਗ ਮਹਿਲਾਵਾਂ ਨੇ ਦੱਸਿਆ ਕਿ ਉਹ ਯੋਜਨਾ ਦਾ ਲਾਭ ਲੈਣ ਲਈ ਜਾਤੀ ਸਰਟੀਫਿਕੇਟ ਲਾਜ਼ਮੀ ਹੋਣ ਕਰਕੇ ਉਹ ਮਜਬੂਰਨ ਸੇਵਾ ਕੇਂਦਰਾਂ 'ਤੇ ਆ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਉਹ ਸਵੇਰੇ ਸਾਢੇ ਤਿਨ ਚਾਰ ਵਜੇ ਤੋਂ ਸੇਵਾ ਕੇਂਦਰ ਵਿਖੇ ਲਾਈਨਾ ਵਿੱਚ ਲੱਗੀਆਂ ਹੋਈਆਂ ਹਨ,ਪਰ ਹੁਣ ਤਕ ਉਨਾਂ ਦਾ ਨੰਬਰ ਨਹੀ ਆ ਰਿਹਾਜਿਸ ਕਾਰਨ ਉਨ੍ਹਾਂ ਨੂੰ ਖੱਜਲ ਖੁਆਰ ਹੋਣਾ ਪੈ ਰਿਹਾ ਹੈ। ਸੇਵਾ ਕੇਂਦਰਾਂ ਵਿੱਚ ਭੀੜ ਨੂੰ ਸੰਭਾਲਣ ਲਈ ਪ੍ਰਬੰਧ ਪੂਰੇ ਨਹੀਂ ਦਿੱਖ ਰਹੇ, ਜਿਸ ਨਾਲ ਪ੍ਰਕਿਰਿਆ ਧੀਮੀ ਹੋ ਰਹੀ ਹੈ।ਇਸ ਸਬੰਧੀ ਸੇਵਾ ਕੇਂਦਰ ਦੇ ਇੰਚਾਰਜ ਹਰਪ੍ਰੀਤ ਸਿੰਘ ਦੇ ਨਾਲ ਗੱਲ ਕੀਤੀ ਤਾਂ ਉਹਨਾਂ ਦੱਸਿਆ ਇਸ ਸਬੰਧੀ ਸੇਵਾ ਕੇਂਦਰ ਦੇ ਇੰਚਾਰਜ ਹਰਪ੍ਰੀਤ ਨਾਲ ਗੱਲ ਕੀਤੀ ਤਾਂ ਉਹਨਾਂ ਦੱਸਿਆ ਸੇਵਾ ਕੇਂਦਰ ਵਿੱਚ ਰੋਜ਼ਾਨਾ 120 ਟੋਕਨ ਜਾਰੀ ਕੀਤੇ ਜਾਂਦੇ ਹਨ।ਜਿਨਾ ਦਾ ਕੰਮ ਪੂਰਾ ਹੋਣ ਉਪਰੰਤ ਹੀ ਇਸ ਤੋਂ ਵਧ ਟੋਕਨ ਜਾਰੀ ਕੀਤੇ ਜਾ ਸਕਦੇ ਹਨ। ਇਸ ਸਬੰਧ ਵਿੱਚ ਨੰਗਲ ਦੇ ਐੱਸ ਡੀ ਐੱਮ ਸਚਿਨ ਪਾਠਕ ਨਾਲ ਗੱਲ ਕੀਤੀ ਗਈ ਤਾਂ ਉਨਾਂ ਦੱਸਿਆਂ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਮਾਂਵਾ-ਭੈਣਾਂ ਸਤਿਕਾਰ ਯੋਜਨਾ ਲਈ ਲੋੜੀਂਦੇ ਜਾਤੀ ਸਰਟੀਫਿਕੇਟ ਕਾਰਣ ਵੱਡੀ ਗਿਣਤੀ ਮਹਿਲਾਵਾਂ ਵੱਲੋਂ ਸੇਵਾਂ ਕੇਂਦਰਾ ਦਾ ਰੁਖ ਕੀਤਾ ਜਾ ਰਿਹਾ ਹੈ।ਇਸ ਸੰਬੰਧੀ ਕੰਮ ਕਰਨ ਲਈ ਕਰਮਚਾਰੀਆਂ ਦੀ ਵੱਧ ਰਹੀ ਮੰਗ ਨੂੰ ਦੇਖਦੇ ਹੋਏ ਪ੍ਰਬੰਧ ਸੁਧਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤੇ ਜਲਦੀ ਹੀ ਹਾਲਾਤ ਕੰਟਰੋਲ ਵਿੱਚ ਲਿਆਂਦੇ ਜਾਣਗੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜਿੱਥੇ ਸੰਭਵ ਹੋਵੇ ਆਨਲਾਈਨ ਸਹੂਲਤਾਂ ਦਾ ਵੀ ਲਾਭ ਲਿਆ ਜਾਵੇ।



# ਵਿਸ਼ਵ ਸਿਹਤ ਦਿਵਸ 'ਤੇ ਜਾਗਰੂਕਤਾ ਸੈਮੀਨਾਰ

**ਗੁਰਾਇਆ (ਬਿੰਦਰ ਸੁੰਮਨ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਮਾਣਯੋਗ ਉਪ- ਕੁਲਪਤੀ ਪ੍ਰੋ. (ਡਾ) ਕਰਮਜੀਤ ਸਿੰਘ ਦੀ ਯੋਗ ਅਗਵਾਈ ਅਧੀਨ ਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋ. ( ਡਾ.) ਸਰੋਜ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਿਸ਼ਵ ਸਿਹਤ ਦਿਵਸ ਤੇ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਆਯੋਜਨ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਰਹਿਨੁਮਾਈ ਹੇਠ ਤੇ ਐੱਨ ਐੱਸ ਐੱਸ ਵਿਭਾਗ ਦੇ ਸਹਿਯੋਗ ਨਾਲ ਕੀਤਾ ਗਿਆ। ਸਾਲ 2026 ਵਿੱਚ ਨਿਰਧਾਰਿਤ ਕੀਤੇ ਥੀਮ ਸਿਹਤ ਲਈ ਇੱਕਜੁੱਟ ਵਿਗਿਆਨ ਦੇ ਨਾਲ ਖੜ੍ਹੇ ਰਹੋ ਨੂੰ ਮੁੱਖ ਰੱਖਦਿਆਂ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਤੇ ਵਿਗਿਆਨਿਕ ਸਿਹਤ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਸੈਮੀਨਾਰ ਵਿੱਚ ਮੁੱਖ ਮਹਿਮਾਨ ਸਿਵਲ ਹਸਪਤਾਲ ਜੰਡਿਆਲਾ ਦੇ ਡਾਕਟਰ ਅਮਿਤਾ ਭਾਰਤੀ ਨੇ ਸ਼ਿਰਕਤ ਕੀਤੀ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿੱਚ ਵੱਧ ਰਿਹਾ ਪ੍ਰਦੂਸ਼ਣ ਅਤੇ ਖਾਣ-ਪੀਣ ਦੀਆਂ ਗਲਤ ਆਦਤਾਂ ਕਾਰਨ ਸ਼ੂਗਰ, ਬਲੱਡ ਪ੍ਰੈਸ਼ਰ ਅਤੇ ਦਿਲ ਦੀਆਂ ਬਿਮਾਰੀਆਂ ਤੇਜ਼ੀ ਨਾਲ ਫੈਲ ਰਹੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਰੋਜ਼ਾਨਾ ਕਸਰਤ ਕਰਨ, ਪੌਸ਼ਟਿਕ ਭੋਜਨ ਲੈਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਕਾਲਜ ਇੰਚਾਰਜ ਜੌਹਲ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਅਜੋਕੇ ਜੀਵਨ ਦੀ ਭੱਜ ਦੌੜ, ਫਾਸਟ ਫੂਡ ਰੁਝਾਨ, ਮਾਨਸਿਕ ਤਣਾਅ ਅਤੇ ਸਰੀਰਿਕ ਕਸਰਤ ਦੀ ਕਮੀ ਕਾਰਨ ਸਾਨੂੰ ਨਿੱਤ ਨਵੀਆਂ ਬੀਮਾਰੀਆਂ ਨਾਲ ਜੂਝਣਾ ਪੈ ਰਿਹਾ ਹੈ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੇ ਉਹਨਾਂ ਨੂੰ ਬਹੁਤ ਧਿਆਨ ਨਾਲ ਸੁਣਿਆ ਅਤੇ ਆਪਣੇ ਪ੍ਰਸ਼ਨਾਂ ਰਾਹੀਂ ਸਿਹਤ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਮਾਹਿਰ ਡਾਕਟਰ ਦੁਆਰਾ ਪ੍ਰਸ਼ਨਾਂ ਦਾ ਸੰਤੁਸ਼ਟੀਜਨਕ ਜਵਾਬ ਦਿੱਤਾ ਗਿਆ। ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਮਾਹਿਰ ਡਾਕਟਰ ਵੱਲੋਂ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਭਰਪੂਰ ਜਾਣਕਾਰੀ ਦੇਣ ਲਈ ਤਹਿ ਦਿਲੋਂ ਧੰਨਵਾਦ ਕੀਤਾ, ਉਹਨਾਂ ਕਿਹਾ ਕਿ ਅਜਿਹੇ ਸੈਮੀਨਾਰ ਵਿਦਿਆਰਥੀਆਂ ਨੂੰ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਲਈ ਪ੍ਰੇਰਿਤ ਕਰਦੇ ਹਨ। ਸੈਮੀਨਾਰ ਦੌਰਾਨ ਕਾਲਜ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ। ਸੈਮੀਨਾਰ ਦਾ ਆਯੋਜਨ ਐੱਨ ਐੱਸ ਐੱਸ. ਕੋਆਰਡੀਨੇਟਰ ਗੌਰਵ ਸ਼ਰਮਾ ਨੇ ਕੀਤਾ। ਮੰਚ ਸੰਚਾਲਨ ਡਾ.ਤਰਨਪ੍ਰੀਤ ਕੌਰ (ਪੰਜਾਬੀ ਵਿਭਾਗ) ਨੇ ਕੀਤਾ।




## 226 ਘਰਾਂ ਦੇ ਪਰਵਾਰਾਂ ਨੂੰ ਮਿਲੇ ਮਾਲਕਾਨਾ ਹੱਕ

**ਬਲਾਚੌਰ/ਬੰਗਾ (ਜਸਵਿੰਦਰ ਬੈਂਸ, ਅਵਤਾਰ ਕਲੇਰ)**- ਪੰਜਾਬ ਸਰਕਾਰ ਦੀ ਮੇਰਾ ਘਰ ਮੇਰੇ ਨਾਮ ਯੋਜਨਾ ਤਹਿਤ ਵਿਧਾਇਕ ਹਲਕਾ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਬੰਗਾ ਦੇ ਪਿੰਡ ਅਟਾਰੀ ਵਿੱਚ 226 ਘਰਾਂ ਦੇ ਪਰਵਾਰਾਂ ਦੇ ਲਾਭਪਾਤਰੀਆਂ ਨੂੰ ਉਹਨਾਂ ਦੇ ਘਰਾਂ ਦੇ ਮਾਲਕਾਨਾ ਹੱਕਾਂ ਦੇ ਸਰਟੀਫਿਕੇਟ ਸੌਂਪੇ ਗਏ।ਡਾ. ਸੁੱਖੀ ਨੇ ਸੰਬੋਧਨ ਕਰਦਿਆਂ ਦੱਸਿਆ ਗਿਆ ਕਿ ਮੇਰਾ ਘਰ ਮੇਰੇ ਨਾਮ ਯੋਜਨਾ ਨਾਲ ਲਾਭਪਾਤਰੀਆਂ ਨੂੰ ਆਪਣੇ ਘਰਾਂ ਦਾ ਪੂਰਾ ਕਾਨੂੰਨੀ ਮਾਲਕੀ ਹੱਕ ਮਿਲ ਗਿਆ ਹੈ। ਹੁਣ ਉਹ ਆਪਣੀ ਜਾਇਦਾਦ ਦੇ ਆਧਾਰ 'ਤੇ ਬੈਂਕਾਂ ਤੋਂ ਲੋਨ ਲੈ ਸਕਣਗੇ, ਆਪਣੇ ਘਰਾਂ ਨੂੰ ਗਿਰਵੀ ਰੱਖ ਕੇ ਆਰਥਿਕ ਸਹਾਇਤਾ ਪ੍ਰਾਪਤ ਕਰ ਸਕਣਗੇ ਤੇ ਆਪਣੇ ਜੀਵਨ ਪੱਧਰ ਨੂੰ ਹੋਰ ਸੁਧਾਰ ਸਕਣਗੇ। ਇਸ ਨਾਲ ਉਹਨਾਂ ਨੂੰ ਸਿਰਫ਼ ਸੁਰੱਖਿਆ ਹੀ ਨਹੀਂ ਮਿਲੇਗੀ, ਸਗੋਂ ਉਹ ਆਪਣੇ ਸੰਪਤੀ ਹੱਕ ਨੂੰ ਹੋਰ ਵੱਖ-ਵੱਖ ਤਰੀਕਿਆਂ ਨਾਲ ਵੀ ਵਰਤ ਸਕਣਗੇ। ਇਸ ਮੌਕੇ 'ਤੇ ਐੱਸ ਡੀ ਐੱਮ ਬੰਗਾ ਵਿਪਿਨ ਭੰਡਾਰੀ, ਨਾਇਬ ਤਹਿਸੀਲਦਾਰ ਲਵਪ੍ਰੀਤ ਸਿੰਘ, ਬੀ ਡੀ ਪੀ ਓ ਬੰਗਾ ਆਦੇਸ਼, ਮੈਂਬਰ ਜ਼ਿਲਾ ਪਰਿਸ਼ਦ ਸੋਹਣ ਲਾਲ ਢੰਡਾ, ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ, ਪਟਵਾਰੀ ਜਗਤਪਾਲ ਸਿੰਘ, ਏ ਐੱਸ ਐੱਮ ਜੈ ਗੋਪਾਲ ਰਾਣਾ, ਰਘਵੀਰ ਸਿੰਘ ਸਰਪੰਚ ਅਟਾਰੀ, ਪ੍ਰਭਜੋਤ ਸਿੰਘ ਰੀਡਰ ਤਹਿਸੀਲਦਾਰ, ਰਵਿੰਦਰ ਸਿੰਘ, ਕਮਲਜੀਤ ਸਿੰਘ ਮੇਹਲੀ, ਗੁਰਮੇਲ ਸਿੰਘ ਸਾਹਲੋਂ ਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।



# ਕਿਸਾਨ ਜਥੇਬੰਦੀਆਂ ਨੇ ਏ ਡੀ ਸੀ ਦਾ ਘਿਰਾਓ ਕਰਨ ਉਪਰੰਤ ਸੌਂਪਿਆ ਮੰਗ ਪੱਤਰ



**ਜਗਰਾਉਂ (ਸੰਜੀਵ ਅਰੋੜਾ)**-ਸੰਯੁਕਤ ਕਿਸਾਨ ਮੋਰਚੇ ਦੇ ਪੰਜਾਬ ਪੱਧਰੀ ਦਿੱਤੇ ਸੱਦੇ ਅਨੁਸਾਰ ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਬੁਰਜਗਿੱਲ), ਰਾਜੇਵਾਲ, ਲੱਖੋਵਾਲ, ਪੰਜਾਬ ਕਿਸਾਨ ਯੂਨੀਅਨ ਤੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਏਡੀਸੀ ਜਗਰਾਉਂ ਦਾ ਘਿਰਾਓ ਕਰਨ ਉਪਰੰਤ ਪ੍ਰਧਾਨ ਮੰਤਰੀ ਦੇ ਨਾਮ ਹੇਠ ਮੰਗ ਪੱਤਰ ਸੌਂਪਿਆ ਗਿਆ। ਇਸ ਪ੍ਰੋਗਰਾਮ ਦੌਰਾਨ ਕਿਸਾਨਾਂ ਦੀ ਵੱਡੀ ਇਕੱਤਰਤਾ ਨੂੰ ਸੰਬੋਧਨ ਕਰਦਿਆ ਬੀਕੇਯੂ ਡਕੌਂਦਾ ਦੇ ਸੂਬਾ ਮੀਤ ਪ੍ਰਧਾਨ ਰਾਜਵੀਰ ਸਿੰਘ ਘੁਡਾਣੀ, ਜ਼ਿਲ੍ਹਾ ਪ੍ਰਧਾਨ ਮਾਸਟਰ ਮਹਿੰਦਰ ਸਿੰਘ ਕਮਾਲਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਹਰਬਖਸ਼ੀਸ਼ ਸਿੰਘ ਰਾਏ ਚੱਕ ਭਾਈ ਕਾ, ਬੀਕੇਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਮਲਸੀਹਾਂ ਬਾਜਣ, ਬੀਕੇਯੂ ਰਾਜੇਵਾਲ ਦੇ ਪਵਨਦੀਪ ਸਿੰਘ ਮੱਲ੍ਹਾ, ਪੰਜਾਬ ਕਿਸਾਨ ਯੂਨੀਅਨ ਦੇ ਮਲਕੀਤ ਸਿੰਘ ਭੈਣੀ ਬੜਿੰਗ, ਅਜਮੇਰ ਸਿੰਘ ਬੜਿੰਗ ਤੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਹਰਦੇਵ ਸਿੰਘ ਸੰਧੂ ਨੇ ਆਖਿਆ ਕਿ ਜਦੋਂ ਕਾਲੇ ਕਾਨੂੰਨ ਵਾਪਸ ਕਰਵਾਉਣ ਸਮੇਂ ਦਿੱਲੀ ਦੀਆ ਬਰੂਹਾਂ ਤੋਂ ਸੰਘਰਸ਼ ਮੁਅੱਤਲ ਕਰਨ ਸਮੇਂ ਕੇਂਦਰ ਸਰਕਾਰ ਨੇ ਜੋ ਭਰੋਸਾ ਕਿਸਾਨਾਂ ਮਜ਼ਦੂਰਾਂ ਨੂੰ ਦਿੱਤਾ ਸੀ, ਉਹ ਅੱਜ ਤੱਕ ਵਫ਼ਾ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਪੰਜਾਬ ਦਰਿਆਵਾਂ ਦੀ ਧਰਤੀ ਹੈ, ਪਰ ਫਿਰ ਵੀ ਸਭ ਕੁਝ ਦੇ ਬਾਵਜੂਦ ਸੂਬੇ ਦੀ ਖੇਤੀ ਸੰਕਟ ਗ੍ਰਸਤ ਹੈ। ਕਿਸਾਨਾਂ ਮਜ਼ਦੂਰਾਂ ਦੀਆਂ ਖੁਦਕਸ਼ੀਆਂ, ਹਵਾ, ਪਾਣੀ, ਜ਼ਮੀਨ ਦਾ ਦੂਸ਼ਿਤ ਹੋਣਾ, ਹੜ੍ਹਾਂ ਦਾ ਆਉਣਾ, ਬੇਮੌਸਮੀ ਬਾਰਿਸ਼ ਜਾਂ ਗੜ੍ਹੇਮਾਰੀ ਹੋਣਾ, ਫਸਲਾਂ ਦਾ ਸਹੀ ਸਮਰਥਨ ਮੁੱਲ ਨਾ ਮਿਲਣਾ ਇਸ ਸੰਕਟ ਦੀ ਸਪੱਸ਼ਟ ਉਦਾਹਰਣ ਹੈ। ਸਰਹੱਦੀ ਤੇ ਦੇਸ਼ ਨੂੰ ਆਜ਼ਾਦ ਕਰਵਾਉਣ ਲਈ 92 ਪ੍ਰਤੀਸ਼ਤ ਸ਼ਹੀਦੀਆਂ ਪਾਉਣ ਵਾਲੇ ਪੰਜਾਬ ਸੂਬੇ ਨੂੰ ਇਸ ਸੰਕਟ 'ਚੋਂ ਕੱਢਣ ਲਈ ਕੇਂਦਰ ਸਰਕਾਰ ਦੇ ਪੱਧਰ ਤੇ ਬਹੁਪੱਖੀ ਕਦਮ ਚੁੱਕਣ ਦੀ ਜ਼ਰੂਰਤ ਹੈ, ਜਿਨ੍ਹਾਂ ਵਿੱਚ ਕਿਸਾਨਾਂ ਤੇ ਪੇਂਡੂ ਮਜ਼ਦੂਰਾਂ ਦੀ ਕਰਜ਼ਾ ਮੁਆਫ਼ੀ, ਪੰਜਾਬ ਦੀ ਦਰਿਆਵਾਂ, ਨਹਿਰਾਂ ਤੇ ਧਰਤੀ ਹੇਠਲੇ ਪਾਣੀ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਠੋਸ ਉਪਰਾਲੇ ਕਰਨ, ਡੈਮਾਂ ਉੱਤੇ ਸੂਬਿਆਂ ਦੇ ਮਾਲਕੀ ਹੱਕ ਹੋਣ, ਜੰਗਲੀ ਰਕਬਾ ਵਧਾਉਣ ਸਬੰਧੀ, ਬਿਜਲੀ ਖੇਤਰ ਦੇ ਮੁਕੰਮਲ ਨਿੱਜੀਕਰਨ ਲਈ ਪ੍ਰਸਤਾਵਿਤ ਬਿਜਲੀ ਬਿੱਲ 2025 ਵਾਪਸ ਲੈਣ, ਫਸਲਾਂ ਦੇ ਸਹੀ ਰੇਟ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਲਾਗੂ ਕਰਨ ਤੇ ਐਮਐਸਪੀ ਗਾਰੰਟੀ ਕਾਨੂੰਨ ਬਣਾਉਣ ਤੇ ਹੋਰ ਮੰਗਾਂ ਸੰਬੰਧੀ ਮੰਗ ਪੱਤਰ ਏਡੀਸੀ ਜਗਰਾਉਂ ਨੂੰ ਸੌਂਪਿਆ ਗਿਆ। ਇਸ ਸਮੇਂ ਹਰਬਖਸ਼ੀਸ਼ ਸਿੰਘ ਚੱਕ ਭਾਈ ਕਾ, ਮਨਜਿੰਦਰ ਸਿੰਘ ਮੋਰਕਰੀਮਾਂ, ਹਰਜੀਤ ਸਿੰਘ ਜਨੇਤਪੁਰਾ, ਰਣਧੀਰ ਸਿੰਘ ਬੱਸੀਆ, ਕੈਪਟਨ ਸੁਖਚੈਨ ਸਿੰਘ ਜਨੇਤਪੁਰਾ, ਹਰੀ ਸਿੰਘ ਕੋਟ ਮਾਨ, ਸੁਖਜਿੰਦਰ ਸਿੰਘ ਰਸੂਲਪੁਰ, ਅਮਰਜੀਤ ਸਿੰਘ ਚੌਕੀਮਾਨ, ਸਤਿਬੀਰ ਸਿੰਘ ਬੋਪਾਰਾਏ ਖੁਰਦ, ਜੰਗੀਰ ਸਿੰਘ ਲੀਹਾਂ, ਪ੍ਰੇਮ ਸਿੰਘ ਧਾਲੀਵਾਲ, ਸੁਖਦੇਵ ਸਿੰਘ ਲਹਿਲ, ਜਗਦੀਸ਼ ਕੁਮਾਰ ਮਲਸੀਹਾਂ, ਬਚਿੱਤਰ ਸਿੰਘ ਜਨੇਤਪੁਰਾ, ਜਥੇ. ਅਮਰਪਾਲ ਸਿੰਘ ਲਲਤੋਂ ਕਲਾਂ, ਮਾ. ਕੁਲਵਿੰਦਰ ਸਿੰਘ ਛੋਕਰਾਂ, ਬਲਜਿੰਦਰ ਸਿੰਘ ਕਮਾਲਪੁਰਾ, ਸਾਧੂ ਸਿੰਘ ਚੱਕ ਭਾਈ ਕਾ, ਚਮਕੌਰ ਸਿੰਘ ਕਮਾਲਪੁਰਾ, ਡਾ. ਜਗਤਾਰ ਸਿੰਘ ਅਤੀਆਣਾ, ਪਵਿੱਤਰ ਸਿੰਘ ਲੋਧੀਵਾਲ, ਸਾਧੂ ਸਿੰਘ ਲੱਖਾ, ਜਥੇ.ਸੁਖਦੇਵ ਸਿੰਘ ਦੇਹੜਕਾ, ਦਵਿੰਦਰ ਸਿੰਘ ਗੁੜੇ, ਲਾਡੀ ਹਠੂਰ, ਹਾਕਮ ਸਿੰਘ ਬਿੰਜਲ, ਬਲਕਾਰ ਸਿੰਘ ਬੋਪਾਰਾਏ ਖੁਰਦ, ਸੁਦਾਗਰ ਸਿੰਘ ਚਕਰ, ਜਸਵੰਤ ਸਿੰਘ ਨਵਾ ਡੱਲਾ, ਕੁਲਵਿੰਦਰ ਸਿੰਘ ਪਮਾਲ, ਅਤਿੰਦਰਪਾਲ ਸਿੰਘ ਮੋਹੀ, ਹਰਮਿੰਦਰ ਸਿੰਘ ਮੋਹੀ, ਗੁਰਸ਼ਰਨ ਸਿੰਘ ਜਵੰਧਾ ਤੇ ਤੇਜਿੰਦਰ ਸਿੰਘ ਲੀਹਾਂ ਆਦਿ ਹਾਜ਼ਰ ਸਨ।

## ਵਪਾਰੀਆਂ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਆਧਾਰ 'ਤੇ ਹੋਵੇਗਾ ਹੱਲ : ਪੂਨਮਦੀਪ ਕੌਰ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਫਰੀਦਕੋਟ ਦੇ ਡਿਪਟੀ ਕਮਿਸ਼ਨਰ ਸ੍ਰੀਮਤੀ ਪੂਨਮਦੀਪ ਕੌਰ ਨੇ ਸਥਾਨਕ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤ ਕੀਤੀ ਹੈ ਕਿ ਵਪਾਰਕ ਵਰਗ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਇਆ ਜਾਵੇ।ਇੱਥੇ ਜ਼ਿਲ੍ਹਾ ਟਰੇਡ ਯੂਨੀਅਨ ਦੀ ਵਿਸ਼ੇਸ਼ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਵੱਖ-ਵੱਖ ਵਿਭਾਗਾਂ ਵੱਲੋਂ ਵਪਾਰੀਆਂ ਦੀਆਂ ਸ਼ਿਕਾਇਤਾਂ 'ਤੇ ਕੀਤੀ ਗਈ ਕਾਰਵਾਈ ਦੀ ਬਾਰੀਕੀ ਨਾਲ ਸਮੀਖਿਆ ਕੀਤੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਹੜੀਆਂ ਸ਼ਿਕਾਇਤਾਂ ਅਜੇ ਵੀ ਲੰਬਿਤ ਹਨ, ਉਨ੍ਹਾਂ ਨੂੰ ਬਿਨਾਂ ਕਿਸੇ ਦੇਰੀ ਦੇ ਤੁਰੰਤ ਹੱਲ ਕੀਤਾ ਜਾਵੇ।ਉਨ੍ਹਾਂ ਅਧਿਕਾਰੀਆਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਜਾਂ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਮੀਟਿੰਗ ਦੌਰਾਨ ਸ਼ਹਿਰ ਤੇ ਵਪਾਰਕ ਖੇਤਰਾਂ ਨਾਲ ਜੁੜੇ ਕਈ ਅਹਿਮ ਮੁੱਦਿਆਂ 'ਤੇ ਚਰਚਾ ਹੋਈ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਸ਼ਾਮਲ ਸਨ।ਇਸ ਮੌਕੇ ਪ੍ਰਸ਼ਾਸਨ ਵੱਲੋਂ ਵਧੀਕ ਡਿਪਟੀ ਕਮਿਸ਼ਨਰ (ਜ) ਸੰਦੀਪ ਮਲਹੋਤਰਾ, ਐਸ.ਡੀ.ਐਮ. ਫਰੀਦਕੋਟ ਪੁਨੀਤ ਸ਼ਰਮਾ, ਐਸ.ਡੀ.ਐਮ. ਕੋਟਕਪੂਰਾ ਸੁਖਰਾਜ ਸਿੰਘ, ਐਸ.ਡੀ.ਐਮ. ਜੈਤੋ ਵਿਕਰਮਜੀਤ ਤੇ ਡੀ.ਆਰ.ਓ. ਮੈਡਮ ਲਵਪ੍ਰੀਤ ਕੌਰ ਹਾਜ਼ਰ ਸਨ।ਟਰੇਡ ਯੂਨੀਅਨ ਵੱਲੋਂ ਚੇਅਰਮੈਨ ਨਰੇਸ਼ ਸਿੰਗਲਾ ਤੇ ਫਰੀਦਕੋਟ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਨੇ ਵਪਾਰੀਆਂ ਦਾ ਪੱਖ ਰੱਖਿਆ।

## ਦੀ ਰਿਟਾਇਰਡ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਰਿਟਾਇਰਡ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਮਾਨਸਾ ਦੀ ਮਹੀਨਾਵਾਰ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾਂ ਦੀ ਪ੍ਰਧਾਨਗੀ ਹੇਠ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਹੋਈ।ਮੀਟਿੰਗ ਦੇ ਸ਼ੁਰੂ 'ਚ ਐਸੋਸੀਏਸ਼ਨ ਦੇ ਪਰਿਵਾਰ 'ਚੋਂ ਸਦੀਵੀ ਵਿਛੋੜਾ ਦੇ ਗਏ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਉਪਰੰਤ ਕੀਤੀ ਗਈ।ਮੀਟਿੰਗ ਦੌਰਾਨ ਵੱਖ ਬੁਲਾਰਿਆਂ ਨੇ ਲੰਘੀ ਅੱਠ ਮਾਰਚ ਨੂੰ ਮੋਹਾਲੀ ਵਿਖੇ ਹੋਈ ਮੁਲਾਜ਼ਮ ਪੈਨਸ਼ਨਰਜ਼ ਸਾਂਝੇ ਫਰੰਟ ਦੀ ਰੈਲੀ ਦਾ ਰੀਵਿਊ ਕਰਦਿਆਂ ਸਰਕਾਰ ਵੱਲੋਂ ਪੈਨਸ਼ਨਰਜ਼ ਤੇ ਮੁਲਾਜ਼ਮਾਂ 'ਤੇ ਕੀਤੇ ਤਸ਼ੱਦਦ ਦੀ ਸਖ਼ਤ ਨਿਖੇਧੀ ਕੀਤੀ।ਆਗੂਆਂ ਨੇ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਪੁਰਾਣੀ ਪੈਨਸ਼ਨ ਦੀ ਮੁੜ ਬਹਾਲੀ, ਪਹਿਲਾਂ ਮਿਲਦੇ ਵੱਖ ਵੱਖ ਤਰ੍ਹਾਂ ਦੇ ਭੱਤੇ ਤੇ ਹੋਰ ਸਹੂਲਤਾਂ ਜੋ ਮੁਲਾਜ਼ਮ ਜੱਥੇਬੰਦੀਆਂ ਵੱਲੋਂ ਸੰਘਰਸ਼ ਕਰਨ ਉਪਰੰਤ ਹਾਸਲ ਕੀਤੀਆਂ ਸਨ ਵੀ ਮੌਜੂਦਾ ਸਰਕਾਰ ਨੇ ਬੰਦ ਕਰ ਦਿੱਤੀਆਂ ਹਨ।ਉਨ੍ਹਾਂ ਸਰਕਾਰ ਨੂੰ ਕੋਸਦਿਆਂ ਕਿਹਾ ਕਿ ਹੋਰ ਤਾਂ ਹੋਰ ਸਰਕਾਰ 2023 ਤੋਂ ਅੱਜ ਤੱਕ ਮਹਿੰਗਾਈ ਭੱਤਾ ਦੇਣ ਤੋਂ ਵੀ ਹੱਥ ਖੜ੍ਹੇ ਕਰ ਗਈ ਹੈ।ਐਸੋਸੀਏਸ਼ਨ ਦੇ ਪ੍ਰਧਾਨ ਘਰਾਂਗਣਾਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਬੇ ਦਾ ਇੱਕ ਵੀ ਵਰਗ ਅਜਿਹਾ ਨਹੀਂ ਹੋ ਜੋ ਇਸ ਅਖੌਤੀ ਇਨਕਲਾਬੀ ਸਰਕਾਰ ਤੋਂ ਸੰਤੁਸ਼ਟ ਹੋਵੇ।ਮੁੱਖ ਮੰਤਰੀ ਸਾਹਿਬ ਵੱਲੋਂ ਮੀਟਿੰਗਾਂ ਦਾ ਸਮਾਂ ਦੇ ਕੇ ਕਿਸੇ ਵੀ ਜੱਥੇਬੰਦੀ ਨਾਲ ਮੀਟਿੰਗ ਨਹੀਂ ਕੀਤੀ ਜਾ ਰਹੀ। ਉਨ੍ਹਾਂ ਚਿਤਾਵਨੀ ਭਰੇ ਲਹਿਜੇ 'ਚ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਣਗੌਲਿਆ ਕਰਨਾ ਆਗਾਮੀ ਚੋਣਾਂ ਦੌਰਾਨ ਮਹਿੰਗਾ ਵੀ ਪੈ ਸਕਦਾ ਹੈ।ਉਨ੍ਹਾਂ ਸਮੁੱਚੇ ਮੁਲਾਜ਼ਮਾਂ, ਪੈਨਸ਼ਨਰਜ਼ ਅਤੇ ਭਰਾਤਰੀ ਜਥੇਬੰਦੀਆਂ ਨੂੰ ਇੱਕਮੁੱਠ ਹੋ ਕੇ ਸਰਕਾਰ ਖ਼ਿਲਾਫ਼ ਤਿੱਖਾ ਸੰਘਰਸ਼ ਵਿੱਢਣ ਦਾ ਸੱਦਾ ਵੀ ਦਿੱਤਾ।ਮੰਚ ਸੰਚਾਲਨ ਦੀ ਭੂਮਿਕਾ ਅਜੈਬ ਸਿੰਘ ਅਲੀਸ਼ੇਰ ਵੱਲੋਂ ਬਾਖੂਬੀ ਨਿਭਾਈ ਗਈ।

## ਬਾਬਾ ਗੁਰਦਿਆਲ ਸਿੰਘ ਦਾ ਬਰਸੀ ਸਮਾਗਮ ਭਲਕੇ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਹਾਨ ਤੇਜਸਵੀ ਤੇ ਤਪੱਸਵੀ ਬਾਬਾ ਗੁਰਦਿਆਲ ਸਿੰਘ ਜੀ ਦਾ ਬਰਸੀ ਸਮਾਗਮ 9 ਅਪ੍ਰੈਲ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਕ੍ਰਿਪਾਨ ਭੇਟ ਸਾਹਿਬ ਵਿਖੇ ਕਰਵਾਇਆ ਜਾਵੇਗਾ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਸਰਵਣ ਸਿੰਘ ਰਸਾਲਦਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 9 ਅਪ੍ਰੈਲ ਨੂੰ ਸਵੇਰੇ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪੈਣ ਤੋਂ ਬਾਅਦ ਦੀਵਾਨ ਸਜਾਏ ਜਾਣਗੇ। ਉਨ੍ਹਾਂ ਦੱਸਿਆ ਕਿ ਅੰਤਰਰਾਸ਼ਟਰੀ ਕਵੀਸ਼ਰ ਭਾਈ ਗੁਰਮੁਖ ਸਿੰਘ ਐਮ.ਏ., ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਸਦੇਵ ਸਿੰਘ, ਬਾਬਾ ਬਲਦੇਵ ਸਿੰਘ ਰਾੜਾ ਸਾਹਿਬ ਵਾਲੇ ਤੇ ਹੋਰ ਰਾਗੀ, ਢਾਡੀ ਜੱਥੇ ਗੁਰੂ ਜਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਸ਼ਾਮ ਸਮੇਂ ਨਿਹੰਗ ਸਿੰਘਾਂ ਵੱਲੋਂ ਮਹੱਲਾ ਸਜਾਇਆ ਜਾਵੇਗਾ। ਲੱਗਭਗ ਡੇਢ ਮਹੀਨੇ ਤੋਂ ਚੱਲ ਰਹੀ ਅਖੰਡ ਪਾਠ ਦੇ ਭੋਗ ਦੀ ਲੜੀ ਦੇ ਭੋਗ ਵਿਸਾਖੀ ਤੱਕ ਜਾਰੀ ਰਹਿਣਗੇ।

## ਬੇਅਦਬੀਆਂ ਸੰਬੰਧੀ ਕਾਨੂੰਨ ਬਣਾਉਣ ਤੋਂ ਪਹਿਲੇ ਸਰਕਾਰ ਸਿੱਖ ਸੰਸਥਾਵਾਂ ਤੇ ਵਿਦਵਾਨਾਂ ਦੀ ਰਾਇ ਲੈਣ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜੋ ਪੰਜਾਬ ਦੀ ਸ. ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਬੇਅਦਬੀਆਂ ਹੋਣ ਦੀਆਂ ਵਧ ਰਹੀਆਂ ਕਾਰਵਾਈਆਂ ਦੀ ਰੋਕਥਾਮ ਲਈ 13 ਅਪ੍ਰੈਲ ਨੂੰ ਇਕ ਵਿਸ਼ੇਸ਼ ਇਜਲਾਸ ਸੱਦ ਕੇ ਕਾਨੂੰਨ ਬਣਾਉਣ ਦੀ ਗੱਲ ਕੀਤੀ ਜਾ ਰਹੀ ਹੈ, ਅਸਲੀਅਤ ਵਿੱਚ ਇਹ ਸਿੱਖ ਮਨਾਂ ਦੀ ਹਮਦਰਦੀ ਪ੍ਰਾਪਤ ਕਰਕੇ 2027 ਦੀਆਂ ਆਉਣ ਵਾਲੀਆਂ ਪੰਜਾਬ ਦੀਆਂ ਚੋਣਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਸਿਆਸੀ ਲਾਭ ਪ੍ਰਾਪਤ ਕਰਨ ਲਈ ਸਿਆਸੀ ਪੈਂਤੜੇ ਵਜੋਂ ਲਿਆ ਜਾ ਰਿਹਾ ਹੈ।ਜਦੋਂਕਿ ਧਾਰਮਿਕ ਗ੍ਰੰਥਾਂ ਦੀਆਂ ਹੋ ਰਹੀਆਂ ਨਿਰੰਤਰ ਬੇਅਦਬੀਆਂ ਬਹੁਤ ਹੀ ਸੰਜੀਦਾ ਮਸਲਾ ਹੈ, ਜਿਸ ਨਾਲ ਸਿੱਖ ਕੌਮ ਦੇ ਮਨ-ਆਤਮਾਵਾਂ ਵਲੂੰਧਰੇ ਪਏ ਹਨ।

ਇਸ ਉੱਤੇ ਸਖਤ ਤੇ ਅਸਰਦਾਇਕ ਕਾਨੂੰਨ ਬਣਨਾ ਜ਼ਰੂਰੀ ਹੈ।ਜੇਕਰ ਐਸ.ਜੀ.ਪੀ.ਸੀ, ਚੀਫ ਖਾਲਸਾ ਦੀਵਾਨ, ਨਿਹੰਗ ਸਿੰਘ ਜਥੇਬੰਦੀਆਂ, ਸਿੰਘ ਸਭਾਵਾ, ਟਕਸਾਲਾਂ, ਸਿੱਖ ਸਟੂਡੈਂਟ ਫੈਡਰੇਸ਼ਨਾਂ ਤੇ ਖਾਲਸਾ ਪੰਥ ਨਾਲ ਸੰਬੰਧਤ ਸਿਆਸੀ ਧਿਰਾਂ ਦੇ ਮੁਖੀਆਂ ਤੇ ਸਿੱਖ ਵਿਦਵਾਨਾਂ ਦੀ ਇਸ ਵਿਸ਼ੇ ਉੱਤੇ ਕੀਮਤੀ ਰਾਏ ਪ੍ਰਾਪਤ ਕਰਨ ਤੋਂ ਬਿਨਾਂ ਜਲਦਬਾਜ਼ੀ ਵਿੱਚ ਕੋਈ ਅਜਿਹਾ ਕਾਨੂੰਨ ਬਣਾ ਵੀ ਦੇਣਗੇ ਤਾਂ ਉਸ ਦੇ ਕਤਈ ਵੀ ਸਾਰਥਿਕ ਨਤੀਜੇ ਨਹੀ ਨਿਕਲ ਸਕਣਗੇ। ਇਸ ਲਈ ਸਰਕਾਰ ਕੇਵਲ ਸਿੱਖ ਕੌਮ ਦੀ ਸਿਆਸੀ ਹਮਦਰਦੀ ਪ੍ਰਾਪਤ ਕਰਨ ਦੀ ਇੱਛਾ ਅਧੀਨ ਹੀ ਇਸ ਕਾਨੂੰਨ ਨੂੰ ਹੋਂਦ ਵਿੱਚ ਨਾ ਲਿਆਵੇ, ਬਲਕਿ ਇਸ ਵਿੱਚ ਸਭ ਬਾਰੀਕੀਆਂ, ਇਸ ਪਿੱਛੇ ਕੰਮ ਕਰ ਰਹੇ ਸ਼ਰਾਰਤੀ ਦਿਮਾਗਾਂ, ਮੁਤੱਸਵੀ ਜਮਾਤਾਂ ਦੇ ਗੁੱਝੇ ਮਕਸਦਾਂ ਨੂੰ ਜਾਨਣ ਤੋਂ ਬਿਨਾਂ ਬਣਾਇਆ ਕੋਈ ਕਾਨੂੰਨ ਅਜਿਹੀਆਂ ਹੋਣ ਵਾਲੀਆਂ ਬੇਅਦਬੀਆਂ ਨੂੰ ਨਹੀਂ ਰੋਕ ਸਕੇਗਾ।ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ. ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਸਿੱਖ ਗ੍ਰੰਥਾਂ, ਗੁਟਕਿਆ ਦੀਆਂ ਹੁੰਦੀਆਂ ਆ ਰਹੀਆਂ ਬੇਅਦਬੀਆਂ ਸੰਬੰਧੀ ਕਾਨੂੰਨ ਬਣਾਏ ਜਾਣ ਉੱਤੇ ਵਿਸ਼ੇਸ਼ ਇਜਲਾਸ ਸੱਦਣ ਦੇ ਸੰਬੰਧ 'ਚ ਪ੍ਰਗਟ ਕੀਤੇ।ਉਨ੍ਹਾਂ ਇਸ ਗੱਲ 'ਤੇ ਵੀ ਡੂੰਘਾ ਦੁੱਖ ਜ਼ਾਹਰ ਕੀਤਾ ਕਿ ਜੋ ਬੀਤੇ 11-12 ਸਾਲਾਂ ਤੋਂ ਵੱਡੀ ਗਿਣਤੀ ਵਿੱਚ ਬੇਅਦਬੀਆਂ ਹੁੰਦੀਆਂ ਆ ਰਹੀਆਂ ਹਨ, ਉਹ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਸਿੱਖ ਕੌਮ ਦੇ ਗੁਟਕਿਆਂ ਦੀਆਂ ਹੀ ਕੀਤੀਆਂ ਜਾਂਦੀਆਂ ਆ ਰਹੀਆਂ ਹਨ, ਜਿਸ ਪਿੱਛੇ ਸਿੱਖ ਵਿਰੋਧੀ ਜਮਾਤਾਂ, ਤਾਕਤਾਂ ਦੀ ਡੂੰਘੀ ਸਾਜ਼ਿਸ਼ ਪ੍ਰਤੱਖ ਹੋ ਰਹੀ ਹੈ।ਇਸ ਲਈ ਅਜਿਹੀਆਂ ਸਿੱਖ ਵਿਰੋਧੀ ਸਾਜ਼ਿਸ਼ਾਂ ਕਰਨ ਵਾਲੀਆਂ ਤਾਕਤਾਂ ਤੇ ਸ਼ਰਾਰਤੀ ਦਿਮਾਗਾਂ ਦੇ ਮਨਸੂਬਿਆਂ ਨੂੰ ਘੋਖਣ ਦਾ ਇਸ ਵਿਸ਼ੇ 'ਤੇ ਡੂੰਘੀ ਸਮੀਖਿਆ ਕਰਨ ਤੇ ਇਸ ਦੇ ਕਾਰਨਾਂ ਨੂੰ ਸਮਝਣ ਤੋਂ ਬਿਨਾਂ ਕਿਸੇ ਤਰ੍ਹਾਂ ਦਾ ਬਣਾਇਆ ਗਿਆ ਕਾਨੂੰਨ ਇਸ ਵਾਪਰਦੇ ਆ ਰਹੇ ਦੁਖਾਂਤ ਦਾ ਅੰਤ ਨਹੀਂ ਕਰ ਸਕੇਗਾ।

## ਰਣਜੀਤ ਕਾਂਝਲਾ ਦਾ ਕਾਵਿ ਸੰਗ੍ਰਹਿ 'ਟਹਿਣੀਓਂ ਟੁੱਟੇ ਫੁੱਲ' ਲੋਕ ਅਰਪਣ



**ਧੂਰੀ (ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬੀ ਸਾਹਿਤ ਭਵਨ ਲੁਧਿਆਣਾ ਦੇ ਸੈਮੀਨਾਰ ਹਾਲ 'ਚ ਹਰਫਾਂ ਦੀ ਲੋਅ ਸਾਹਿਤਕ ਸੱਥ ਰਜਿ: ਪੰਜਾਬ ਵੱਲੋਂ ਕਰਵਾਏ ਗਏ ਚੌਥੇ ਸਮਾਗਮ ਦੌਰਾਨ ਪੰਜਾਬੀ ਦੇ ਸਰਬਾਂਗੀ ਲੇਖਕ ਤੇ ਸਾਹਿਤ ਸਭਾ ਧੂਰੀ ਦੇ ਸਾਬਕਾ ਪ੍ਰਧਾਨ ਰਣਜੀਤ ਆਜ਼ਾਦ ਕਾਂਝਲਾ ਦੀ ਚੌਥੀ ਪੁਸਤਕ 'ਟਹਿਣੀਓਂ ਟੁੱਟੇ ਫੁੱਲ' (ਕਾਵਿ ਸੰਗ੍ਰਹਿ) ਦਾ ਲੋਕ ਅਰਪਣ ਕੀਤਾ ਗਿਆ।ਸਮਾਗਮ ਦੌਰਾਨ ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਉੱਘੇ, ਪੁੰਗਰਦੇ ਤੇ ਪ੍ਰੌੜ ਸਾਹਿਤਕਾਰਾਂ ਨੇ ਸ਼ਿਰਕਤ ਕੀਤੀ।ਵਿਸ਼ੇਸ਼ ਤੌਰ 'ਤੇ ਪੁੱਜਣ ਵਾਲਿਆਂ 'ਚ ਉੱਘੇ ਗਾਇਕ ਪਾਲੀ ਦੇਤਵਾਲੀਆ, ਲੇਖਕ ਅਮਰੀਕ ਸਿੰਘ ਤਲਵੰਡੀ, ਲੱਖਾ ਸਿੰਘ ਸਲੇਮਪੁਰੀ, ਮੈਡਮ ਸਰਬਜੀਤ ਕੌਰ ਢਿੱਲੋਂ, ਵੀਰ ਸਿੰਘ ਮੱਲ੍ਹੀ ਤੇ ਜਸਵਿੰਦਰ ਪੰਜਾਬੀ ਹਾਜ਼ਰ ਸਨ।ਕਰੀਬ ਛੇ ਘੰਟੇ ਚੱਲੇ ਇਸ ਯਾਦਗਾਰੀ ਸਮਾਗਮ ਦੌਰਾਨ ਜਿੱਥੇ ਸੱਥ ਵੱਲੋਂ ਰਣਜੀਤ ਆਜ਼ਾਦ ਕਾਂਝਲਾ ਨੂੰ ਸਨਮਾਨਤ ਕੀਤਾ ਗਿਆ, ਉਥੇ ਸਮੁੱਚੇ ਹਾਜ਼ਰੀਨ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਆ ਗਿਆ।

## ਆਖਰੀ ਵਰ੍ਹੇ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਬਿਜ਼ਨੈੱਸ ਸਟੱਡੀਜ਼ ਵਿਭਾਗ ਵਿਖੇ ਐੱਮ.ਬੀ.ਏ, ਐੱਮ. ਕਾਮ, ਬੀ.ਬੀ.ਏ ਤੇ ਬੀ. ਕਾਮ ਵਰਗੇ ਵੱਖ-ਵੱਖ ਕੋਰਸਾਂ ਵਿੱਚ ਇਸ ਸੈਸ਼ਨ ਦੌਰਾਨ ਆਖਰੀ ਸਾਲ ਦੇ ਵਿਦਿਆਰਥੀਆਂ ਲਈ ਇੱਕ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ।ਪਾਰਟੀ ਦਾ ਆਯੋਜਨ ਵਿਭਾਗ ਦੇ ਸੱਭਿਆਚਾਰਕ ਗਤੀਵਿਧੀਆਂ ਦੇ ਕੋਆਰਡੀਨੇਟਰ ਡਾ. ਅਮਨਦੀਪ ਕੌਰ, ਸਹਾਇਕ ਪ੍ਰੋਫੈਸਰ ਦੀ ਦੇਖ-ਰੇਖ ਹੇਠ ਹੋਇਆ।ਪਾਰਟੀ ਦੀ ਸ਼ੁਰੂਆਤ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਦੁਆਰਾ ਵਿਭਾਗ ਦੇ ਮੁਖੀ ਡਾ. ਨਰਿੰਦਰ ਕੌਰ ਦੇ ਨਾਲ ਵਿਭਾਗ ਦੇ ਸਾਰੇ ਫੈਕਲਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਰਿਬਨ ਕੱਟਣ ਦੀ ਰਸਮ ਨਾਲ ਹੋਈ। ਡਾਇਰੈਕਟਰ ਤੇ ਵਿਭਾਗ ਦੇ ਮੁਖੀ ਦੋਵਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੇ ਖੁਸ਼ਹਾਲ ਕਰੀਅਰ ਦੀ ਕਾਮਨਾ ਕੀਤੀ।ਐਮਬੀਏ ਦੂਜੇ ਸਾਲ ਦੀ ਮਨਿੰਦਰਾ ਰਾਣੀ ਨੂੰ ਅਕਾਦਮਿਕ ਤੇ ਵਿਭਾਗੀ ਗਤੀਵਿਧੀਆਂ ਵਿੱਚ ਉਸ ਦੇ ਆਲ ਰਾਊਂਡਰ ਪ੍ਰਦਰਸ਼ਨ ਲਈ ਸਾਲ ਦੀ ਸਰਵੋਤਮ ਵਿਦਿਆਰਥਣ ਚੁਣਿਆ ਗਿਆ।ਅਕਵਿੰਦਰ ਕੌਰ ਤੇ ਬਲਵੀਰ ਸਿੰਘ ਨੂੰ ਬੀਬੀਏ ਲਈ ਕ੍ਰਮਵਾਰ ਮਿਸ ਤੇ ਮਿਸਟਰ ਫੇਅਰਵੈੱਲ ਚੁਣਿਆ ਗਿਆ।ਜਸ਼ਨਦੀਪ ਕੌਰ ਤੇ ਅਮਰਿੰਦਰ ਸਿੰਘ ਨੂੰ ਕ੍ਰਮਵਾਰ ਬੀ. ਕਾਮ. ਲਈ ਮਿਸ ਤੇ ਮਿਸਟਰ ਫੇਅਰਵੈੱਲ ਚੁਣਿਆ ਗਿਆ।ਸਰਸਵਤੀ ਤੇ ਅਮਨਦੀਪ ਕੌਰ ਨੂੰ ਕ੍ਰਮਵਾਰ ਐੱਮ.ਬੀ.ਏ. ਤੇ ਐੱਮ. ਕਾਮ. ਕੋਰਸਾਂ ਲਈ ਮਿਸ ਫੇਅਰਵੈੱਲ ਚੁਣਿਆ ਗਿਆ।ਪਾਰਟੀ ਦੇ ਸਮਾਪਨ ਸਮਾਰੋਹ ਸਮੇਂ ਮੁਖੀ ਡਾ. ਨਰਿੰਦਰ ਕੌਰ ਨੇ ਵਿਦਾਇਗੀ ਪਾਰਟੀ ਦੇ ਸ਼ਾਨਦਾਰ ਆਯੋਜਨ ਲਈ ਅਧਿਆਪਕ ਤੇ ਵਿਦਿਆਰਥੀ ਆਯੋਜਕਾਂ ਦੀ ਭਰਪੂਰ ਸ਼ਲਾਘਾ ਕੀਤੀ।

## ਮੁਹੰਮਦ ਹਾਸ਼ਿਮ ਸਰਬ-ਸੰਮਤੀ ਨਾਲ ਪੰਜਾਬ ਸਟੇਟ ਹੱਜ ਕਮੇਟੀ ਦੇ ਚੇਅਰਮੈਨ ਬਣੇ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਸਰਕਾਰ ਵੱਲੋਂ ਨਵੀਂ ਬਣੀ ਹੱਜ ਕਮੇਟੀ ਦੀ ਮੀਟਿੰਗ ਸਥਾਨਕ ਉਰਦੂ ਐਕਡਮੀ ਵਿਖੇ ਕੀਤੀ ਗਈ।ਇਸ ਮੀਟਿੰਗ ਵਿੱਚ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਤੇ ਐੱਸ.ਡੀ.ਐੱਮ. ਕਨੂ ਗਰਗ ਦੀ ਹਾਜ਼ਰੀ ਵਿੱਚ ਹੱਜ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਸਰਵਸੰਮਤੀ ਨਾਲ ਮੁਹੰਮਦ ਹਾਸ਼ਿਮ ਨੂੰ ਹੱਜ ਕਮੇਟੀ, ਪੰਜਾਬ ਦਾ ਚੇਅਰਮੈਨ ਚੁਣਿਆ ਗਿਆ।ਇਸ ਮੌਕੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਨਵ-ਚੁਣੇ ਚੇਅਰਮੈਨ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਹੱਜ ਕਮੇਟੀ ਦਾ ਕੰਮ ਬਹੁਤ ਮਹੱਤਵਪੂਰਨ ਹੈ ਅਤੇ ਇਹ ਕਮੇਟੀ ਹਾਜੀਆਂ ਨੂੰ ਸੁਵਿਧਾਜਨਕ ਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਹੀ ਹਾਜੀਆਂ ਦੀ ਸਹੂਲਤ ਲਈ ਵਚਨਬੱਧ ਰਹੀ ਹੈ ਅਤੇ ਨਵੀਂ ਕਮੇਟੀ ਤੋਂ ਵੀ ਉਮੀਦ ਹੈ ਕਿ ਇਹ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਤੇ ਪੂਰੀ ਲਗਨ ਨਾਲ ਨਿਭਾਏਗੀ।ਇਸ ਮੌਕੇ ਨਵ ਚੁਣੇ ਚੇਅਰਮੈਨ ਮੁਹੰਮਦ ਹਾਸ਼ਿਮ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਤੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਦਾ ਧੰਨਵਾਦ ਕਰਦੇ ਹਨ।ਉਨ੍ਹਾਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਲਗਨ ਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਹਾਜੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਤੇ ਉਨ੍ਹਾਂ ਦੀ ਯਾਤਰਾ ਨੂੰ ਸੁਖਦ ਤੇ ਸੁਗਮ ਬਣਾਉਣ ਲਈ ਵਚਨਬੱਧ ਹਨ।ਇਸ ਮੌਕੇ ਅਬਦੁਲ ਸ਼ਕੂਰ ਪ੍ਰਧਾਨ ਕਿਲਾ, ਹੱਜ ਕਮੇਟੀ ਦੇ ਮੈਂਬਰ ਮੁਹੰਮਦ ਇਕਬਾਲ, ਮੁਹੰਮਦ ਅਖਤਰ, ਮੁਹੰਮਦ ਨਜੀਰ, ਸਿੰਗਾਰਾ ਖਾਨ, ਸਈਦ ਅਲੀ ਹੈਦਰ, ਮੁਹੰਮਦ ਅਸ਼ਕ, ਅਬਾਸ, ਸੌਕਤ ਅਲੀ, ਯਾਕੂਬ ਖਾਨ, ਮੁਹੰਮਦ ਸ਼ਾਹਿਦ, ਚੇਅਰਮੈਨ ਸਟੇਟ ਵਾਕਫ ਬੋਰਡ ਪੰਜਾਬ ਅਤੇ ਐਗਜ਼ਿਕਿਊਟਿਵ ਅਫਸਰ ਪੰਜਾਬ ਸਟੇਟ ਹੱਜ ਕਮੇਟੀ, ਬਲਾਕ ਸ਼ੋਸ਼ਲ ਮੀਡੀਆ ਇੰਚਾਰਜ ਯਾਸਰ ਅਰਫਾਤ ਮੌਜੂਦ ਸਨ।

## ਕੰਬੋਜ ਫਾਊਂਡੇਸ਼ਨ ਨੇ ਅਮਨ ਅਰੋੜਾ ਨੂੰ ਸੌਂਪਿਆ ਮੰਗ ਪੱਤਰ

### ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੁਨਾਮ ਵਿਖੇ ਬੁਲਾਇਆ ਜਾਵੇ : ਡਾ. ਕੌੜਾ/ਹਾਂਡਾ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਦੁਨੀਆ ਭਰ ਵਿੱਚ ਵਸਦੇ ਕੰਬੋਜ ਭਾਈਚਾਰੇ ਦੇ ਸਹਿਯੋਗ ਨਾਲ ਸ਼ਹੀਦ ਊਧਮ ਸਿੰਘ ਦੇ ਨਾਮ ਉਤੇ ਸਕਿੱਲ ਯੂਨੀਵਰਸਿਟੀ ਸਥਾਪਤ ਕਰਨ ਵਾਲੀ ਕੰਬੋਜ ਭਾਈਚਾਰੇ ਦੀ ਸਿਰਮੌਰ ਸੰਸਥਾ ਕੰਬੋਜ ਫਾਊਂਡੇਸ਼ਨ ਦੀ ਗਵਰਨਿੰਗ ਬੋਡੀ ਦੇ ਵਫਦ ਵੱਲੋਂ ਚੰਡੀਗੜ੍ਹ ਵਿਖੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਨਾਲ ਕੰਬੋਜ ਫਾਊਂਡੇਸ਼ਨ ਦੇ ਚੀਫ ਪੈਟਰਨ ਤੇ ਫਾਊਂਡਰ ਚਾਂਸਲਰ ਡਾਕਟਰ ਸੰਦੀਪ ਸਿੰਘ ਕੌੜਾ ਤੇ ਜਗਦੀਪ ਸਿੰਘ ਗੋਲਡੀ ਕੰਬੋਜ ਹਲਕਾ ਵਿਧਾਇਕ ਜਲਾਲਾਬਾਦ ਦੀ ਅਗਵਾਈ ਹੇਠ ਇੱਕ ਉੱਚ ਪੱਧਰੀ ਮੀਟਿੰਗ ਕੀਤੀ ਗਈ।ਲੰਬਾਂ ਸਮਾਂ ਚੱਲੀ ਇਸ ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਕੰਬੋਜ ਫਾਊਂਡੇਸ਼ਨ ਦੇ ਵਾਇਸ ਪ੍ਰਧਾਨ ਤੇ ਸਪੋਕਸਮੈਨ ਹਰਜਿੰਦਰ ਹਾਂਡਾ ਗੁਰੂ ਹਰਸਹਾਏ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਰਾਹੀਂ ਪੰਜਾਬ ਸਰਕਾਰ ਨੂੰ ਲਿਖਤੀ ਤੇ ਰਸਮੀ ਰੂਪ ਵਿੱਚ ਬੇਨਤੀ ਕੀਤੀ ਗਈ ਹੈ ਕਿ ਆਉਣ ਵਾਲੀ 31 ਜੁਲਾਈ ਨੂੰ ਸ਼੍ਰੋਮਣੀ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਉਨ੍ਹਾਂ ਨੂੰ ਵਿਸ਼ੇਸ਼ ਸ਼ਰਧਾਂਜਲੀ ਵਜੋਂ ਪੰਜਾਬ ਦੀ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਇਸ ਵਾਰ ਸ਼ਹੀਦ ਊਧਮ ਸਿੰਘ ਦੇ ਜਨਮ ਸਥਾਨ ਸੁਨਾਮ ਦੀ ਧਰਤੀ ਉੱਤੇ ਬੁਲਾਇਆ ਜਾਵੇ।ਹਰਜਿੰਦਰ ਹਾਂਡਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ 31 ਜੁਲਾਈ ਨੂੰ ਸੁਨਾਮ ਵਿਖੇ ਸ਼ਹੀਦਾਂ ਦੀ ਧਰਤੀ ਉੱਤੇ ਇਸ ਵਿਸ਼ੇਸ਼ ਸੈਸ਼ਨ ਦੌਰਾਨ ਹੀ ਸ਼ਹੀਦ ਊਧਮ ਸਿੰਘ ਦੇ ਨਾਮ ਉੱਤੇ ਬਨਣ ਜਾ ਰਹੀ ਸਕਿੱਲ ਯੂਨੀਵਰਸਿਟੀ ਦਾ ਐਕਟ (ਊਧਮ ਸਿੰਘ ਸ਼ਹੀਦ ਸਕਿੱਲ ਐਂਡ ਇੰਟਰਪਿਨਓਰਸਿਪ ਯੂਨੀਵਰਸਿਟੀ ਐਕਟ-2026) ਪਾਸ ਕੀਤਾ ਜਾਵੇ, ਜੋ ਕਿ ਸ਼ਹੀਦ ਊਧਮ ਸਿੰਘ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਹਰਜਿੰਦਰ ਹਾਂਡਾ ਨੇ ਦੱਸਿਆ ਕਿ ਵਿਧਾਨ ਸਭਾ ਵਿੱਚ ਇਸ ਐਕਟ ਦੇ ਪਾਸ ਹੁੰਦੇ ਸਾਰ ਹੀ ਸ਼ਹੀਦ ਊਧਮ ਸਿੰਘ ਦੇ ਨਾਮ ਉੱਤੇ ਬਨਣ ਵਾਲੀ ਇਸ ਸਕਿੱਲ ਯੂਨੀਵਰਸਿਟੀ ਦਾ ਜਨਮ ਹੋ ਜਾਵੇਗਾ।ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪੰਜਾਬ ਸਰਕਾਰ ਦੀ ਤਰਫੋਂ ਕੰਬੋਜ ਭਾਈਚਾਰੇ ਦੇ ਵਫਦ ਨੂੰ ਵਿਸ਼ਵਾਸ ਦਿਵਾਇਆ ਕਿ ਕੰਬੋਜ ਭਾਈਚਾਰੇ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਪੰਜਾਬ ਸਰਕਾਰ ਦਿਲੋਂ ਯਤਨ ਕਰੇਗੀ।ਇਸ ਮੌਕੇ ਜਗਦੀਪ ਸਿੰਘ ਮਰੋਕ (ਸਾਬਕਾ ਜੱਜ), ਡਾਕਟਰ ਸੂਬਾ ਸਿੰਘ ਕੰਬੋਜ, ਡਾਕਟਰ ਮੰਗਲ ਸਿੰਘ, ਬਲਜਿੰਦਰ ਸਿੰਘ ਮੋਹਾਲੀ, ਹਰਦਿਆਲ ਕੰਬੋਜ ਸੁਨਾਮ, ਜਸਬੀਰ ਕੌੜਾ, ਹਰਦੀਪ ਸਨੇਰ, ਲੇਕਚਰਾਰ ਆਸੂਤੋਸ਼ ਕੰਬੋਜ, ਲੈਕਚਰਾਰ ਰਜਿੰਦਰ ਕੰਬੋਜ, ਜਗਦੀਸ਼ ਥਿੰਦ ਗੋਲੂ ਕੇ (ਗੁਰੂ ਹਰਸਹਾਏ) ਤੇ ਮਨਦੀਪ ਸਿੰਘ ਜੰਮੂ ਆਦਿ ਆਗੂ ਹਾਜ਼ਰ ਸਨ।

## ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ/ਟ੍ਰਾਂਸਕੋ ਵੱਲੋਂ ਸੰਘਰਸ਼ ਦੀ ਚਿਤਾਵਨੀ



**ਦੋਰਾਹਾ (ਹਰਮਿੰਦਰ ਸੇਠ)**-ਪਾਵਰਕਾਮ ਤੇ ਟ੍ਰਾਂਸਕੋ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਤੇ ਬਹੁ-ਕੌਮੀ ਕੰਪਨੀਆਂ ਦੇ ਮੁਨਾਫਿਆਂ ਵਿੱਚ ਵਾਧਾ ਕਰਨ ਲਈ ਤੇ 2003 ਬਿਜਲੀ ਐਕਟ ਮੁਤਾਬਕ ਮਹਿਕਮੇ ਵਿੱਚ ਠੇਕੇਦਾਰੀ ਪ੍ਰਬੰਧ ਨੂੰ ਲਾਗੂ ਕਰਨਾ ਬਿਨਾਂ ਸ਼ਰਤ ਪੱਕੀ ਭਰਤੀ ਨੂੰ ਨਾ ਕਰਨਾ, ਨਿੱਜੀਕਰਨ ਦੀ ਨੀਤੀ ਨੂੰ ਰੱਦ ਨਾ ਕਰਨਾ, 1948 ਐਕਟ ਮੁਤਾਬਕ ਸੇਵਾ ਸ਼ਰਤਾਂ ਨੂੰ ਬਹਾਲ ਨਾ ਕਰਨਾ, ਠੇਕੇ ਤੇ ਭਰਤੀ ਕੀਤੇ ਮੁਲਾਜ਼ਮਾਂ ਨੂੰ ਯੋਗਤਾ ਦੇ ਅਧਾਰ 'ਤੇ ਪੱਕੇ ਨਾ ਕਰਨਾ, 31-12-2015 ਤੋਂ ਪਹਿਲਾ ਸੇਵਾ ਮੁਕਤ ਹੋ ਚੁੱਕੇ ਕਾਮਿਆਂ ਦੀ ਪੈਨਸ਼ਨ 2.59% ਨਾਲ ਫਿਕਸ ਕਰਕੇ ਇਕ ਕਿਸ਼ਤ ਵਿੱਚ ਬਕਾਇਆ ਨਾ ਦੇਣਾ, 01-01-2016 ਤੋਂ ਬਾਅਦ ਸੇਵਾ ਮੁਕਤ ਕਾਮਿਆਂ ਦਾ ਬਣਦਾ ਬਕਾਇਆ ਇਕ ਕਿਸ਼ਤ ਵਿੱਚ ਨਾ ਦੇਣਾ, 23 ਸਾਲਾਂ ਅਡਵਾਂਸ ਪ੍ਰੋਮੋਸ਼ਨਲ ਇਨਕ੍ਰੀਮੈਂਟ ਨਾ ਦੇਣਾ, ਮੈਡੀਕਲ ਭੱਤਾ 2000/- ਪ੍ਰਤੀ ਮਹੀਨੇ ਨਾ ਕਰਨਾ, ਬਿਜਲੀ ਯੂਨਿਟਾਂ ਦੀ ਰਿਆਇਤ ਲਾਗੂ ਨਾ ਕਰਨਾ ਆਦਿ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਲਗਾਤਾਰ ਮੰਨਣ ਤੋਂ ਇਨਕਾਰ ਕੀਤਾ ਜਾ ਰਿਹਾ।ਇਨ੍ਹਾਂ ਮੰਗਾਂ ਮਸਲਿਆਂ ਨੂੰ ਹੱਲ ਕਰਾਉਣ ਲਈ ਤੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਾਉਣ ਲਈ ਸੂਬਾ ਵਰਕਿੰਗ ਕਮੇਟੀ ਵੱਲੋਂ ਉਲੀਕੇ ਸੰਘਰਸ਼ ਦੀ ਤਿਆਰੀ ਲਈ ਤੇ ਸਰਕਲ ਵਰਕਿੰਗ ਕਮੇਟੀ ਖੰਨਾ ਦੇ ਫੈਸਲੇ ਮੁਤਾਬਕ ਸੰਘਰਸ਼ ਪ੍ਰੋਗਰਾਮ ਨੂੰ ਲਾਗੂ ਕਰਨ ਦੀ ਤਿਆਰੀ ਲਈ 6 ਅਪ੍ਰੈਲ 2026 ਨੂੰ ਵਿਸ਼ਵਕਰਮਾ ਮੰਦਿਰ ਦੋਰਾਹਾ ਵਿਖੇ ਡਵੀਜਨ ਪ੍ਰਧਾਨ ਸੁਖਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਜਰਨਲ ਬਾਡੀ ਦੀ ਮੀਟਿੰਗ ਕੀਤੀ ਗਈ। ਡਵੀਜ਼ਨ ਦੇ ਸਕੱਤਰ ਤਰਸੇਮ ਲਾਲ ਤੇ ਪ੍ਰੈੱਸ ਸਕੱਤਰ ਕ੍ਰਿਸ਼ਨ ਕੁਮਾਰ ਵਿਨਾਇਕ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਉਪਰੋਕਤ ਮੰਗਾਂ ਮਸਲਿਆਂ ਤੇ ਨਿੱਜੀਕਰਨ ਦੀ ਨੀਤੀ ਬਾਰੇ ਮੈਨਜਮੈਂਟਾਂ ਤੇ ਸਰਕਾਰਾਂ ਵੱਲੋਂ ਲਏ ਜਾ ਰਹੇ ਫੈਸਲਿਆਂ ਬਾਰੇ ਸਰਕਲ ਖੰਨਾ ਦੇ ਪ੍ਰਧਾਨ ਹਰਬੰਸ ਸਿੰਘ ਦੋਬੁਰਜੀ, ਮੀਤ ਪ੍ਰਧਾਨ ਪਲਵਿੰਦਰ ਸਿੰਘ, ਮੈਂਬਰ ਸੁਰਜੀਤ ਸਿੰਘ ਤੇ ਦੋਰਾਹਾ ਡਵੀਜ਼ਨ ਦੇ ਆਗੂਆਂ ਹਰਚਰਨ ਸਿੰਘ 'ਗਰੇਵਾਲ', ਰਾਮ ਕ੍ਰਿਸ਼ਨ, ਰਕੇਸ਼ ਕੁਮਾਰ, ਭਗੰਵਤ ਸਿੰਘ, ਜਗਦੇਵ ਸਿੰਘ, ਅਵਤਾਰ ਸਿੰਘ, ਸਾਂਗਾ ਰਾਮ, ਰਾਮ ਸਰੂਪ, ਸਿਕੰਦਰ ਸਿੰਘ ਨੇ ਵਿਸਥਾਰ ਨਾਲ ਚਾਨਣਾ ਪਾਉਂਦੇ ਹੋਏ ਚਿਤਾਵਨੀ ਦਿੱਤੀ ਕਿ ਜੇਕਰ ਉਪਰੋਕਤ ਲੋਕ ਵਿਰੋਧੀ ਨੀਤੀਆਂ ਤੇ ਮੰਗਾਂ ਮਸਲਿਆਂ ਨੂੰ ਹੱਲ ਨਾ ਕੀਤਾ ਤਾਂ 15 ਅਪ੍ਰੈਲ 2026 ਨੂੰ ਡਵੀਜ਼ਨ ਦੋਰਾਹਾ ਦਫਤਰ ਅੱਗੇ ਧਰਨਾ ਦਿੱਤਾ ਜਾਵੇਗਾ।18 ਅਪ੍ਰੈਲ 2026 ਨੂੰ ਲੁਧਿਆਣਾ ਵਿਖੇ ਬਿਜਲੀ ਮੰਤਰੀ ਖਿਲਾਫ ਪੰਜਾਬ ਪੱਧਰ ਦੇ ਧਰਨੇ ਵਿੱਚ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ।ਬਿਜਲੀ ਮੁਲਾਜ਼ਮਾਂ ਖਿਲਾਫ ਮੁੱਖ ਮੰਤਰੀ ਪੰਜਾਬ ਵੱਲੋਂ ਬੋਲੇ ਗਏ ਭੱਦੇ ਸ਼ਬਦਾਂ ਦੀ ਸਖਤ ਨਿਖੇਧੀ ਕੀਤੀ।

## ਬੀ ਕੇ ਯੂ ਲੱਖੋਵਾਲ ਦੀ ਕਿਸਾਨ ਮਹਾਂ ਰੈਲੀ 10 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਹੈ ਕਿ 10 ਅਪ੍ਰੈਲ ਨੂੰ ਜੋ ਜ਼ਿਲ੍ਹਾ ਦਫਤਰ ਮੋਗਾ ਵਿਖੇ ਬੀ.ਕੇ.ਯੂ. ਲੱਖੋਵਾਲ ਦੀ ਕਿਸਾਨ ਮਹਾਂ ਰੈਲੀ ਹੋ ਰਹੀ ਸੀ ਉਹ ਰੈਲੀ ਮੌਸਮ ਦੀ ਖਰਾਬੀ ਕਾਰਨ ਰੈਲੀ ਸਥਾਨ ਬਦਲ ਕੇ ਫਿਰੋਜ਼ਪੁਰ ਰੋਡ ਪਿੰਡ ਦੁੱਨੇਕੇ ਵਿੰਡਸਰ ਪੈਲਸ ਵਿਖੇ ਕੀਤਾ ਗਿਆ ਹੈ, ਸੋ ਸਾਰੇ ਕਿਸਾਨ ਭਰਾਵਾਂ ਨੂੰ ਬੇਨਤੀ ਹੈ ਕਿ 10 ਅਪ੍ਰੈਲ ਨੂੰ ਹੋਣ ਵਾਲੀ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮਹਾਂ ਕਿਸਾਨ ਰੈਲੀ ਹੁਣ ਵਿੰਡਸਰ ਪੈਲਸ ਫਿਰੋਜ਼ਪੁਰ ਰੋਡ ਦੁੱਨੇਕੇ ਮੋਗਾ ਵਿਖੇ 10 ਵਜੇ ਹੋਵੇਗੀ। ਕਿਸਾਨ ਮਹਾ ਰੈਲੀ ਦੌਰਾਨ ਭਾਰਤੀ ਕਿਸਾਨ ਯੂਨੀਅਨ ਦੇ ਰਾਸ਼ਟਰੀ ਬੁਲਾਰਾ ਸ਼੍ਰੀ ਰਕੇਸ਼ ਟਿਕੈਤ, ਚੌਧਰੀ ਯੁੱਧਵੀਰ ਜੀ ਜਰਨਲ ਸੈਕਟਰੀ ਭਾਰਤ, ਡਾਕਟਰ ਪਿਆਰੇ ਲਾਲ ਗਰਗ, ਡਾਕਟਰ ਅਮਰਦੀਪ ਸਿੰਘ ਚੀਮਾ ਕਿਸਾਨ ਰੈਲੀ ਨੂੰ ਸੰਬੋਧਨ ਕਰਨਗੇ। ਉਨ੍ਹਾ ਪੰਜਾਬ ਦੇ ਸਮੁੱਚੇ ਕਿਸਾਨ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨ।

## ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ ਪਿੰਡ ਖੋਟੇ ਵਿਖੇ ਇਕਾਈ ਪ੍ਰਧਾਨ ਨਛੱਤਰ ਸਿੰਘ ਖੋਟੇ ਦੀ ਅਗਵਾਈ ਹੇਠ ਸਟੋਰ ਵਿੱਚ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਮੀਤ ਪ੍ਰਧਾਨ ਸੁਖਵੰਤ ਸਿੰਘ ਖੋਟੇ ਸ਼ਾਮਲ ਹੋਏ ਤੇ 10 ਅਪ੍ਰੈਲ ਨੂੰ ਮੋਗਾ ਵਿਖੇ ਵਿੰਡਸਰ ਪੈਲੇਸ ਵਿਖੇ ਪਹੁੰਚ ਰਹੇ ਯੂਨੀਅਨ ਦੇ ਨੈਸ਼ਨਲ ਆਗੂ ਸ੍ਰੀ ਰਕੇਸ਼ ਟਕੈਤ, ਸ੍ਰੀ ਯੁੱਧਵੀਰ ਜਰਨਲ ਸਕੱਤਰ ਇੰਡੀਆ, ਪੰਜਾਬ ਪ੍ਰਧਾਨ ਸ੍ਰ. ਹਰਿੰਦਰ ਸਿੰਘ ਲੱਖੋਵਾਲ, ਉੱਘੇ ਚਿੰਤਕ ਸਰਦਾਰ ਅਮਰਦੀਪ ਸਿੰਘ ਚੀਮਾ ਤੇ ਬੁੱਧੀਜੀਵੀ ਡਾ. ਪਿਆਰੇ ਲਾਲ ਗਰਗ ਦੇ ਵਿਚਾਰ ਸੁਣਨ ਦੀ ਸਮੂਹ ਕਿਸਾਨਾਂ ਮਜ਼ਦੂਰਾਂ ਨੂੰ ਅਪੀਲ ਕੀਤੀ। ਇਸ ਸਮੇਂ ਇਕਾਈ ਮੀਤ ਪ੍ਰਧਾਨ ਦਲਜੀਤ ਸਿੰਘ ਲਾਡੀ ਮੈਂਬਰ, ਰਜੀਵ ਕੁਮਾਰ, ਜਰਨਲ ਸਕੱਤਰ ਜਗਤਾਰ ਸਿੰਘ, ਬਲਵਿੰਦਰ ਸਿੰਘ, ਪਰਵਿੰਦਰ ਸਿੰਘ, ਸ਼ਿਗਾਰਾ ਸਿੰਘ, ਤਾਰਾ ਸਿੰਘ, ਅਮਨਦੀਪ ਸਿੰਘ, ਬਲਵੀਰ ਸਿੰਘ ਕਾਕਾ, ਕੌਰਾ ਸਿੰਘ ਹਾਜ਼ਰ ਸਨ।

## ਸੰਯੁਕਤ ਕਿਸਾਨ ਮੋਰਚਾ ਵੱਲੋਂ ਜ਼ਿਲ੍ਹਾ ਪੱਧਰੀ ਰੋਸ ਧਰਨਾ



**ਮਾਨਸਾ (ਆਤਮਾ ਸਿੰਘ ਪਮਾਰ)**

ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ ਤਹਿਤ ਜ਼ਿਲ੍ਹਾ ਮਾਨਸਾ ਵਿਖੇ ਸ਼ਾਮਲ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਮੂਹਰੇ ਜ਼ਿਲ੍ਹਾ ਪੱਧਰੀ ਰੋਸ ਧਰਨਾ ਦਿੱਤਾ ਗਿਆ।ਧਰਨੇ ਦੌਰਾਨ ਮੋਰਚੇ ਵੱਲੋਂ ਕਿਸਾਨਾਂ ਮਜ਼ਦੂਰਾਂ ਸਿਰ ਚੜ੍ਹਿਆ ਕਰਜ਼ਾ, ਦਰਿਆਈ ਪਾਣੀ, ਵਾਤਾਵਰਨ ਤੇ ਲੋਕ ਵਿਰੋਧੀ ਕਾਨੂੰਨਾਂ ਨੂੰ ਰੱਦ ਕਰਨ ਸਬੰਧੀ ਮੰਗਾਂ ਨੂੰ ਲੈ ਕੇ ਮਾਣਯੋਗ ਗਵਰਨਰ ਸਾਹਿਬ ਪੰਜਾਬ ਨੂੰ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਇੱਕ ਮੰਗ ਪੱਤਰ ਵੀ ਭੇਜਿਆ ਗਿਆ।ਧਰਨੇ 'ਚ ਵੱਡੀ ਗਿਣਤੀ ਵੱਖ ਵੱਖ ਜਥੇਬੰਦੀਆਂ ਦੇ ਆਗੂ ਤੇ ਵਰਕਰ ਨੇ ਸ਼ਮੂਲੀਅਤ ਕੀਤੀ।ਇਸ ਸਮੇਂ ਪ੍ਰਧਾਨਗੀ ਮੰਡਲ ਵਿੱਚ ਅਮਰੀਕ ਸਿੰਘ ਫਫੜੇ, ਮਹਿੰਦਰ ਸਿੰਘ ਭੈਣੀਬਾਘਾ ਤੇ ਪ੍ਰਸ਼ੋਤਮ ਸਿਘ ਗਿੱਲ ਵੱਲੋਂ ਕੀਤੀ ਗਈ।ਇਕੱਠ ਨੂੰ ਸੰਬੋਧਨ ਕਰਦਿਆਂ ਰਾਮ ਸਿੰਘ ਭੈਣੀਬਾਘਾ, ਕੁਲਵੰਤ ਸਿੰਘ ਕਿਸ਼ਨਗੜ੍ਹ, ਗੁਰਨਾਮ ਸਿੰਘ ਭੀਖੀ, ਨਿਰਮਲ ਸਿੰਘ ਝੰਡੂਕੇ ਨੇ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ, ਜਿਸ ਦਾ ਅਰਥਚਾਰਾ ਖੇਤੀ ਖੇਤਰ 'ਤੇ ਹੀ ਨਿਰਭਰ ਹੈ।ਪੰਜਾਬ ਦਰਿਆਵਾਂ ਦੀ ਧਰਤੀ ਹੋਣ ਦੇ ਬਾਵਜੂਦ ਖੇਤੀ ਸੰਕਟ 'ਚ ਗ੍ਰਸਤ ਹੈ। ਖੁਦਕਸ਼ੀਆਂ ਦੇ ਨਾਲ ਨਾਲ ਹਵਾ ਤੇ ਪਾਣੀ ਦੂਸ਼ਿਤ ਹੋਣ ਕਾਰਨ ਧਰਤੀ ਬਿਮਾਰ ਹੈ ਤੇ ਕੈਂਸਰ, ਕਾਲਾ ਪੀਲੀਆ ਵਰਗੀਆਂ ਨਾ ਮੁਰਾਦ ਬਿਮਾਰੀਆਂ ਦਾ ਪ੍ਰੋਕਪ ਦਿਨ ਪ੍ਰਤੀ ਦਿਨ ਵਧਦਾ ਜਾ ਰਿਹਾ ਹੈ।ਇਸ ਲਈ ਕੇਂਦਰ ਤੇ ਸੂਬਾ ਸਰਕਾਰ ਦਾ ਫਰਜ਼ ਬਣਦਾ ਹੈ ਕਿ ਖੇਤੀ ਖੇਤਰ ਨੂੰ ਬਚਾਉਣ ਦੇ ਲਈ ਸੁਹਿਰਦਤਾ ਨਾਲ ਵਿਚਾਰਦਿਆਂ ਬਹੁਪੱਖੀ ਕਦਮ ਫੌਰੀ ਤੌਰ 'ਤੇ ਉਠਾਉਣ ਦੀ ਵੱਡੀ ਜ਼ਰੂਰਤ ਹੈ। ਇਸ ਸਮੇਂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ ਨੇ ਕਿਸਾਨੀ ਮੰਗਾਂ ਦੀ ਹਮਾਇਤ ਕਰਦਿਆਂ 11 ਅਪ੍ਰੈਲ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘੇਰਾਓ ਕਰਨ ਲਈ ਜਥੇਬੰਦੀ ਵੱਲੋਂ ਸੂਬਾ ਪੱਧਰੀ ਰੈਲੀ ਵਿੱਚ ਪਹੁੰਚਣ ਦੀ ਪੁਰਜ਼ੋਰ ਅਪੀਲ ਕੀਤੀ।ਸਮੂਹ ਆਗੂਆਂ ਵੱਲੋਂ ਜ਼ੋਰਦਾਰ ਸਮਰਥਨ ਕੀਤਾ ਗਿਆ।

ਇਸ ਸਮੇਂ ਸਟੇਜ ਦੀ ਜ਼ਿੰਮੇਵਾਰੀ ਰੂਪ ਸਿੰਘ ਢਿੱਲੋਂ ਤੇ ਤਾਰਾ ਚੰਦ ਬਰੇਟਾ ਵੱਲੋਂ ਬਾਖੂਬੀ ਨਿਭਾਈ ਗਈ।ਇਸ ਸਮੇਂ ਸੰਬੋਧਨ ਕਰਦਿਆਂ ਲਾਲ ਚੰਦ, ਭਜਨ ਸਿੰਘ ਘੁੰਮਣ, ਬਿੰਦਰ ਗੁਰਨੇ ,ਗੁਰਨਾਮ ਸਿੰਘ ਭੀਖੀ, ਗੋਰਾ ਸਿੰਘ ਭੈਣੀ ਬਾਘਾ ਆਦਿ ਬੁਲਾਰਿਆਂ ਨੇ ਵੀ ਸੰਬੋਧਨ ਕੀਤਾ।

## ਆੜ੍ਹਤੀਆਂ ਵੱਲੋਂ ਮਾਰਕੀਟ ਕਮੇਟੀ ਦੇ ਦਫਤਰ ਅੱਗੇ ਧਰਨਾ



**ਬਰੇਟਾ (ਰੀਤਵਾਲ)**-ਸਥਾਨਕ ਮਾਰਕੀਟ ਕਮੇਟੀ ਦੇ ਦਫਤਰ ਅੱਗੇ ਬਰੇਟਾ ਮੰਡੀ ਦੇ ਆੜ੍ਹਤੀਆ ਐਸੋਸੀਏਸ਼ਨ ਵੱਲੋਂ ਅਣਮਿੱਥੇ ਸਮੇਂ ਲਈ ਧਰਨਾ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰ ਗਰਗ ਨੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨੂੰ ਖੂਬ ਕੋਸਿਆ।ਉਨ੍ਹਾਂ ਕਿਹਾ ਕਿ ਆੜ੍ਹਤੀਆਂ ਦੇ ਵਾਰ ਵਾਰ ਸੰਘਰਸ਼ ਕਰਨ ਦੇ ਬਾਵਜੂਦ ਸਰਕਾਰਾਂ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕ ਰਹੀ।ਉਨ੍ਹਾਂ ਕਿਹਾ ਕਿ ਜਦ ਤੱਕ ਸਰਕਾਰਾਂ ਆੜ੍ਹਤੀਆਂ ਦੀ ਮੰਗ ਤੇ ਖਰੀਆਂ ਨਹੀਂ ਉਤਰਦੀਆਂ ਤੇ ਜਦੋਂ ਤੱਕ ਆੜ੍ਹਤੀਆਂ ਦੀ ਮੰਗ ਦੇ ਮੁਤਾਬਿਕ ਬਣਦਾ ਕਮਿਸ਼ਨ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਕੋਈ ਵੀ ਆੜ੍ਹਤੀਆ ਕਣਕ ਖਰੀਦ ਵਿੱਚ ਸ਼ਾਮਲ ਨਹੀਂ ਹੋਵੇਗਾ।ਉਨ੍ਹਾਂ ਕਿਹਾ ਕਿ ਸਰਕਾਰਾਂ ਵਾਰ ਵਾਰ ਆੜ੍ਹਤੀਆਂ ਵੱਲੋਂ ਮੰਗ ਰੱਖਣ ਦੇ ਬਾਵਜੂਦ ਜੁਮਲੇ ਦੇ ਕੇ ਹੀ ਚਲੀਆਂ ਜਾਂਦੀਆਂ ਹਨ।ਪਿਛਲੀਆਂ ਸਰਕਾਰਾਂ ਨੇ ਆੜ੍ਹਤੀਆਂ ਦਾ ਕਮਿਸ਼ਨ ਕੁੱਝ ਵਧਾ ਦਿੱਤਾ ਸੀ, ਪਰ ਹੁਣ ਭਗਵੰਤ ਮਾਨ ਸਰਕਾਰ ਤਾਂ ਬਿਲਕੁਲ ਕੋਰਾ ਜਵਾਬ ਦਿੰਦੀ ਨਜ਼ਰ ਆ ਰਹੀ ਹੈ।ਉਨ੍ਹਾਂ ਵੱਲੋਂ ਤਾਂ ਇਹ ਕਹਿ ਕੇ ਟਾਲ ਦਿੱਤਾ ਜਾਂਦਾ ਹੈ ਕਿ ਇਹ ਕੇਂਦਰ ਸਰਕਾਰ ਨੇ ਹੀ ਮੰਗ ਪੂਰੀ ਕਰਨੀ ਹੈ ਤੇ ਇਸ ਵਿੱਚ ਪੰਜਾਬ ਸਰਕਾਰ ਦਾ ਕੋਈ ਰੋਲ ਨਹੀਂ। ਪ੍ਰਧਾਨ ਗਰਗ ਨੇ ਕਿਹਾ ਕਿ ਅਸੀਂ ਪੰਜਾਬ ਸਰਕਾਰ ਦੇ ਅਧੀਨ ਆਉਂਦੇ ਹਾਂ ਤਾਂ ਅਸੀਂ ਆਪਣਾ ਰੋਣਾ ਪੰਜਾਬ ਸਰਕਾਰ ਕੋਲੇ ਹੀ ਰੋਵਾਂਗੇ।ਪੱਤਰਕਾਰਾਂ ਵੱਲੋਂ ਸਵਾਲ ਪੁੱਛਣ 'ਤੇ ਉਨ੍ਹਾਂ ਕਿਹਾ ਕਿ ਜਦੋਂ ਤੱਕ ਆੜ੍ਹਤੀਆਂ ਦਾ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਉਦੋਂ ਤੱਕ ਇਹ ਸੰਘਰਸ਼ ਚਲਦਾ ਰਹੇਗਾ ਤੇ ਸਮਾਂ ਆਉਣ 'ਤੇ ਸੰਘਰਸ਼ ਹੋਰ ਵੀ ਤੇਜ਼ ਕੀਤਾ ਜਾਵੇਗਾ।ਧਰਨੇ ਦੀ ਸਟੇਜ ਦੀ ਕਾਰਵਾਈ ਰਜਿੰਦਰ ਸ਼ਰਮਾ ਨੇ ਕੀਤੀ। ਇਸ ਮੌਕੇ ਮੰਡੀ ਦੇ ਸਾਰੇ ਆੜ੍ਹਤੀਏ ਧਰਨੇ ਵਿੱਚ ਸ਼ਾਮਲ ਸਨ।

## ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ ਸੁਖਮੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਵਿਚ ਹੋਈ।ਮੀਟਿੰਗ ਵਿੱਚ ਪਾਸ ਹੋਇਆ ਕਿ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਰੈਲੀ 10 ਅਪ੍ਰੈਲ 2026 ਨੂੰ ਮੋਗੇ ਵਿਖੇ 10 ਵਜੇ ਵਿੰਡ ਫਾਰ ਪੈਲੇਸ ਦੁਨੇਕੇ ਫਿਰੋਜ਼ਪੁਰ ਰੋਡ ਮੋਗਾ ਵਿਖੇ ਹੋ ਰਹੀ ਹੈ, ਜਿਸ ਵਿੱਚ ਰਾਸ਼ਟਰੀ ਪ੍ਰਧਾਨ ਰਾਕੇਸ਼ ਟਕੈਤ ਤੇ ਹੋਰ ਬੁੱਧੀਜਵੀ ਕਿਸਾਨ ਪਹੁੰਚ ਰਹੇ ਹਨ।ਸਾਰੇ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਵੱਧ ਤੋਂ ਵੱਧ ਕਿਸਾਨ ਨਾਲ ਲੈ ਕੇ ਮੋਗਾ ਰੈਲੀ ਵਿੱਚ ਪਹੁੰਚਣ।ਇਸ ਰੈਲੀ ਵਿੱਚ ਕਿਸਾਨਾਂ ਨੂੰ ਆਉਣ ਵਾਲੀਆਂ ਮੁਸ਼ਕਲਾਂ ਬਾਰੇ ਦੱਸਿਆ ਜਾਵੇਗਾ।ਇਸ ਮੌਕੇ ਦੂਜਾ ਮਤਾ ਪਾਸ ਕੀਤਾ ਗਿਆ ਕਿ ਕਿਸਾਨਾਂ ਦੀਆਂ ਫਸਲਾਂ ਖਰਾਬ ਹੋਈਆਂ ਹਨ।ਇਨ੍ਹਾਂ ਦੀ ਸਪੈਸ਼ਲ ਗਿਰਾਦਵਰੀ ਕਰਵਾ ਕੇ ਕਿਸਾਨਾਂ ਨੂੰ ਖਰਾਬ ਹੋਈ ਫਸਲ ਦਾ ਮੁਆਵਜ਼ਾ ਦਿੱਤਾ ਜਾਵੇ ਤੇ ਸਰਕਾਰ ਸਾਰੇ ਕਿਸਾਨਾਂ ਨੂੰ ਫਸਲ 'ਤੇ ਬੋਨਸ ਦਿੱਤਾ ਜਾਵੇ, ਤਾਂ ਕਿਸਾਨਾਂ ਦੀ ਹਾਲਤ ਸੁਧਰ ਸਕੇ। ਸਰਕਾਰ ਆੜ੍ਹਤੀਆਂ ਦੀਆਂ ਮੁਸ਼ਕਲਾਂ ਸੁਣ ਕੇ ਇਨ੍ਹਾਂ ਦਾ ਹੱਲ ਕਰੇ ਤੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਜਾਵੇ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਕਿਸਾਨ ਆਗੂ ਤੇ ਮੈਂਬਰ ਹਾਜ਼ਰ ਸਨ।

## ਜਗਪਾਲ ਸਿੰਘ ਕਲੇਰ ਆੜ੍ਹਤੀ ਐਸੋਸੀਏਸ਼ਨ ਦੇ ਬਣੇ ਪ੍ਰਧਾਨ



**ਜਗਰਾਉਂ (ਸੰਜੀਵ ਅਰੋੜਾ)**-ਆੜ੍ਹਤੀ ਐਸੋਸੀਏਸ਼ਨ ਜਗਰਾਉਂ ਦੀ ਚੋਣ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ ਦੀ ਰਹਿਨੁਮਾਈ ਹੇਠ ਹੋਈ, ਜਿਸ 'ਚ ਪ੍ਰੋ: ਸੁਖਵਿੰਦਰ ਸਿੰਘ ਨੂੰ ਸਰਪ੍ਰਸਤ, ਸੁਰਜੀਤ ਸਿੰਘ ਕਲੇਰ ਨੂੰ ਚੇਅਰਮੈਨ, ਜਗਪਾਲ ਸਿੰਘ ਕਲੇਰ ਨੂੰ ਪ੍ਰਧਾਨ ਤੇ ਪ੍ਰਹਿਲਾਦ ਸਿੰਗਲਾ ਨੂੰ ਸੈਕਟਰੀ ਨਿਯੁਕਤ ਕੀਤਾ ਗਿਆ। ਇਸ ਮੌਕੇ ਬਲਰਾਜ ਸਿੰਘ ਖਹਿਰਾ ਨੇ ਆਏ ਹੋਏ ਸਮੂਹ ਆੜ੍ਹਤੀਆਂ ਦਾ ਧੰਨਵਾਦ ਕੀਤਾ ਤੇ ਮੀਟਿੰਗ ਦੌਰਾਨ ਸਮੂਹ ਆੜ੍ਹਤੀਆਂ ਵੱਲੋਂ ਸਰਕਾਰ ਨਾਲ ਰਲਕੇ ਚੱਲਣ ਦਾ ਫੈਸਲਾ ਕੀਤਾ। ਇਸ ਮੌਕੇ ਚੇਅਰਮੈਨ ਦਰਸ਼ਨ ਸਿੰਘ ਸਿੱਧਵਾਂ, ਹਰਪਾਲ ਸਿੰਘ ਹਾਂਸ, ਮਨਜਿੰਦਰ ਸਿੰਘ ਖਹਿਰਾ, ਵਿਸ਼ਵਰਤਨ, ਧਰਮਿੰਦਰ ਭਾਰਦਵਾਜ, ਰਜੇਸ਼ ਬਾਂਸਲ, ਮੰਗਤ ਰਾਮ ਬਾਂਸਲ, ਦੀਦਾਰ ਸਿੰਘ ਮਲਕ, ਮਨੀ ਗਰਗ, ਨਿੱਤਨ ਬਬਲੂ, ਧੀਰਜ ਵਰਮਾ, ਅਰੁਣ ਕੋਹਲੀ, ਕੁਲਵਿੰਦਰ ਸਿੰਘ, ਰਮੇਸ਼ ਬਾਂਸਲ, ਜਗਮੀਤ ਸਿੰਘ ਬੁੱਟਰ, ਮਨੋਜ ਕੁਮਾਰ, ਸੰਦੀਪ ਬਾਂਸਲ, ਵਨੀਤ ਕੁਮਾਰ, ਨੀਟਾ ਅੱਗਰਵਾਲ, ਗੌਰਵ ਮੈਨੀ, ਬਲਵਿੰਦਰ ਸਿੰਘ ਭੰਮੀਪੁਰਾ, ਕਰਨ ਮਿੱਤਲ, ਪਰਮਜੀਤ ਸਿੰਘ ਧੰਮਾ, ਮਹਿੰਦਰ ਸਿੰਘ ਖੁਦਾਈ ਚੱਕ, ਪਰਮਜੀਤ ਸਿੰਘ ਹਾਂਸ, ਨਰੇਸ਼ ਕੁਮਾਰ ਗੋਇਲ, ਸੋਨੂੰ ਢੰਡ, ਨਿਰਮਲ ਕੁੰਦਰਾ, ਤਰਸੇਮ ਲਾਲ, ਚੇਅਰਮੈਨ ਤਰਸੇਮ ਸਿੰਘ ਚਚਰਾੜੀ, ਬੂਟਾ ਸਿੰਘ ਵਿਰਕ, ਰਾਹੁਲ ਸਿੰਘ, ਕੁਲਦੀਪ ਸਿੰਘ ਸ਼ੇਖਦੌਲਤ, ਸਰਪੰਚ ਜਰਨੈਲ ਸਿੰਘ ਰਸੂਲਪੁਰ, ਰਣਜੀਤ ਸਿੰਘ ਬੱਲੂ, ਨਿਰਾਤਾ ਰਾਮ ਤੇ ਰਾਹੁਲ ਬਾਂਸਲਾ ਆਦਿ ਹਾਜ਼ਰ ਸਨ।

## ਭਾਜਪਾ ਆਗੂਆਂ ਨੇ ਪਾਰਟੀ ਦਾ ਸਥਾਪਨਾ ਦਿਵਸ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਵਿਖੇ ਭਾਰਤੀ ਜਨਤਾ ਪਾਰਟੀ ਦਾ ਸਥਾਪਨਾ ਦਿਵਸ ਆਗੂਆਂ ਵੱਲੋਂ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਕਰਵਾਏ ਸਮਾਗਮ 'ਚ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੇ ਵੱਡੀ ਗਿਣਤੀ 'ਚ ਸ਼ਿਰਕਤ ਕੀਤੀ। ਇਸ ਮੌਕੇ ਮੰਡਲ ਪ੍ਰਧਾਨ ਸੁਖਵਿੰਦਰ ਲਾਲ ਸ਼ਰਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਜਪਾ ਦਾ ਇਤਿਹਾਸ ਦੇਸ਼ ਸੇਵਾ ਤੇ ਲੋਕ-ਭਲਾਈ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਪਾਰਟੀ ਦੀ ਵਿਚਾਰਧਾਰਾ ਤੇ ਪ੍ਰਾਪਤੀਆਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ। ਅੰਤ 'ਚ ਮੰਡਲ ਪ੍ਰਧਾਨ ਸੁਖਵਿੰਦਰ ਲਾਲ ਸ਼ਰਮਾ ਨੇ ਆਗੂਆਂ ਤੇ ਵਰਕਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲ੍ਹਾ ਉਪ ਪ੍ਰਧਾਨ ਸੰਜੀਵ ਲੀਹਲ, ਰਾਜੇਸ਼ ਕੁਮਾਰ ਲੀਹਲ, ਡਾ. ਸੰਜੀਵ ਗਰਗ, ਨਿਤਿਨ ਲੂਥਰਾ, ਡਾ. ਪਰਵੀਨ ਗੋਇਲ, ਅਸ਼ਵਨੀ ਸਿੰਗਲਾ, ਡਾ. ਅਸ਼ੋਕ ਸ਼ਰਮਾ ਸ਼ਾਮਲ ਸਨ।

## ਪਬਲਿਕ ਕਾਲਜ ਵਿਖੇ 'ਇੰਡੀਅਨ ਟੈਕਸ ਸਿਸਟਮ 'ਚ ਗਲੋਬਲ ਕੰਪੈਰੀਜਨ' ਵਿਸ਼ੇ 'ਤੇ ਲੈਕਚਰ



**ਸਮਾਣਾ (ਇਕਬਾਲ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਦੇ ਅਰਥ-ਸ਼ਾਸਤਰ ਤੇ ਕਾਮਰਸ ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਕਾਲਜ ਕੈਂਪਸ ਵਿਖੇ ਇੰਡੀਅਨ ਟੈਕਸ ਸਿਸਟਮ ਵਿੱਚ ਗਲੋਬਲ ਕੰਪੈਰੀਜਨ ਵਿਸ਼ੇ 'ਤੇ ਵਿਦਿਆਰਥੀਆਂ ਲਈ ਇੱਕ ਲੈਕਚਰ ਕਰਵਾਇਆ ਗਿਆ, ਜਿਸ ਵਿੱਚ ਵਾਈਸ ਪ੍ਰਿੰਸੀਪਲ ਤੇ ਮੁਖੀ ਕਾਮਰਸ ਵਿਭਾਗ ਡਾ. ਹਰਕੀਰਤਨ ਕੌਰ ਵਿਦਿਆਰਥੀਆਂ ਨੇ ਵਿਦਿਆਰਥੀਆਂ ਨੂੰ ਟੈਕਸ ਦੀ ਮਹੱਤਤਾ ਤੇ ਭਾਰਤੀ ਟੈਕਸ ਸਿਸਟਮ ਵਿੱਚ ਆਏ ਅਜੋਕੇ ਪਰਿਵਰਤਨਾਂ ਤੋਂ ਜਾਣੂ ਕਰਵਾਇਆ।ਉਨ੍ਹਾਂ ਆਪਣੇ ਭਾਸ਼ਣ ਵਿੱਚ ਭਾਰਤੀ ਟੈਕਸ ਸਰੰਚਨਾ ਦੀਆਂ ਵਿਸ਼ੇਸ਼ਤਾਵਾਂ ਤੇ ਖਾਮੀਆਂ ਨੂੰ ਦੂਜੇ ਦੇਸ਼ਾਂ ਵਿੱਚ ਮੌਜੂਦਾ ਟੈਕਸ ਸਰੰਚਨਾ ਨਾਲ ਤੁਲਨਾ ਕਰਦਿਆਂ ਬਾਖੂਬੀ ਪੇਸ਼ ਕੀਤਾ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਵਿਦਿਆਰਥੀਆਂ ਨੂੰ ਇਸ ਲੈਕਚਰ ਤੋਂ ਵੱਡਮੁੱਲੀ ਜਾਣਕਾਰੀ ਲੈਣ ਲਈ ਪ੍ਰੇਰਿਤ ਕੀਤਾ।ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਰਮਾ ਰਾਣੀ, ਮੁੱਖੀ ਅਰਥ ਸਾਸ਼ਤਰ ਵਿਭਾਗ ਨੇ ਬਾਖੂਬੀ ਨਿਭਾਈ।ਅਖੀਰ ਵਿੱਚ ਪ੍ਰੋ. ਜਗਦੇਵ ਸਿੰਘ, ਅਰਥ-ਸਾਸਤਰ ਵਿਭਾਗ ਨੇ ਕਾਲਜ ਪ੍ਰਿੰਸੀਪਲ, ਮੁੱਖ ਵਕਤਾ ਤੇ ਮੌਜੂਦ ਅਧਿਆਪਕ ਸਾਹਿਬਾਨ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੈਡੀਕਲ ਪ੍ਰੈਕਟਸ਼ੀਅਨ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਦੇ ਬਲਾਕ ਫਿਰੋਜ਼ਪੁਰ ਕੈਂਟ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਡਾ. ਅਨਿਲ ਸ਼ਰਮਾ ਤੇ ਚੇਅਰਮੈਨ ਡਾ. ਮਨਪ੍ਰੀਤ ਸਿੰਘ ਜ਼ਿਲ੍ਹਾ ਪ੍ਰੈੱਸ ਸਕੱਤਰ ਦੀ ਅਗਵਾਈ ਵਿੱਚ ਕਰਵਾਈ ਗਈ, ਜਿਸ ਵਿੱਚ 11 ਅਪ੍ਰੈਲ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੰਗਰੂਰ ਦੀ ਰਿਹਾਇਸ਼ ਦਾ ਘੇਰਾਓ ਕਰਨ ਸਬੰਧੀ ਤੇ ਸਾਥੀਆਂ ਨੂੰ ਆ ਰਹੀਆਂ ਔਕੜਾਂ ਸਬੰਧੀ ਵਿਚਾਰ ਵਟਾਂਦਰੇ ਕੀਤੇ ਗਏ, ਜੋ ਕਿ ਸਟੇਟ ਪ੍ਰਧਾਨ ਡਾ. ਧੰਨਾ ਮੱਲ ਗੋਇਲ ਦੀ ਅਗਵਾਈ ਵਿੱਚ ਸਾਰਾ ਪੰਜਾਬ ਪਹੁੰਚੇਗਾ। ਮੀਟਿੰਗ ਵਿੱਚ ਡਾ. ਮਨਪ੍ਰੀਤ ਸਿੰਘ ਜ਼ਿਲ੍ਹਾ ਪ੍ਰੈੱਸ ਸਕੱਤਰ, ਡਾ. ਅਮਰਜੀਤ ਸਿੰਘ ਜ਼ਿਲ੍ਹਾ ਕਮੇਟੀ ਮੈਂਬਰ, ਡਾ. ਕਮਲ ਸੈਕਟਰੀ, ਡਾ. ਰਿੰਕੂ ਕੈਸ਼ੀਅਰ, ਡਾ. ਨੀਤਿਨ ਧਵਨ ਸਲਾਹਕਾਰ। ਡਾ. ਗੁਰਚਰਨ ਸਿੰਘ ਪਿੰਕੀ ਸਲਾਹਕਾਰ, ਡਾ. ਨਵਲ ਸਟੇਜ ਸੈਕਟਰੀ, ਡਾ. ਸੁਖਵਿੰਦਰ ਕੌਰ ਮਹਿਲਾ ਵਿੰਗ ਤੇ ਹੋਰ ਡਾਕਟਰ ਸਾਥੀਆਂ ਨੇ ਮੀਟਿੰਗ ਵਿੱਚ ਭਾਗ ਲਿਆ।

# ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਕਾਦੀਆਂ 'ਚ ਨੌ ਮੈਂਬਰੀ ਕਮੇਟੀ ਦਾ ਗਠਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਜਥੇਬੰਦੀ ਵੱਲੋਂ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਦੇ ਲਈ ਕਾਦੀਆਂ ਇਲਾਕੇ ਵਿੱਚ 9 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਪੰਡੋਰੀ, ਜ਼ਿਲ੍ਹਾ ਸਕੱਤਰ ਰੂਪ ਲਾਲ ਮੁਸਤਾਬਾਦ ਸੈਦਾਂ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ ਜਿਸ ਵਿੱਚ ਇਲਾਕੇ ਦੇ ਪੇਂਡੂ ਮਜ਼ਦੂਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਪੇਂਡੂ ਮਜ਼ਦੂਰ ਯੂਨੀਅਨ ਯੂਥ ਵਿੰਗ ਦੇ ਸੂਬਾ ਆਗੂ ਮੇਜਰ ਸਿੰਘ ਕੋਟ ਟੋਡਰ ਮੱਲ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਮੀਟਿੰਗ ਦਾ ਮੁੱਖ ਮਕਸਦ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਨਵੀਂ 9 ਮੈਂਬਰੀ ਕਮੇਟੀ ਦੀ ਚੋਣ ਕਰਨਾ ਸੀ।

ਮੀਟਿੰਗ ਦੇ ਸ਼ੁਰੂ ਵਿੱਚ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਅਤੇ ਮੌਜੂਦਾ ਹਾਲਾਤ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਸਰਬਸੰਮਤੀ ਨਾਲ ਅਹੁਦੇਦਾਰਾਂ ਦੀ ਚੋਣ ਕੀਤੀ ਗਈ ਜਿਸ ਵਿੱਚ ਕਾਦੀਆਂ ਇਲਾਕੇ ਦੀ ਕਮੇਟੀ ਦਾ ਪ੍ਰਧਾਨ ਦਲਬੀਰ ਸਿੰਘ ਲੀਲ੍ਹ ਕਲਾਂ, ਮੀਤ ਪ੍ਰਧਾਨ ਕਾਲਾ ਸਿੰਘ ਭਰਥ, ਸਕੱਤਰ ਸੁਖਵਿੰਦਰ ਪਾਲ ਬੱਬਲੂ ਮਾੜੀ ਪੰਨਵਾਂ, ਖ਼ਜ਼ਾਨਚੀ ਰਵਿੰਦਰ ਕੁਮਾਰ ਤੁਗਲਵਾਲ, ਪ੍ਰੈੱਸ ਸਕੱਤਰ ਰਵਿੰਦਰ ਸਿੰਘ ਭਰਥ, ਕਾਰਜਕਾਰੀ ਮੈਂਬਰ ਗੁਰਪ੍ਰੀਤ ਕੌਰ ਕੋਹਾਲੀ, ਮੈਂਬਰ ਜਸਵੰਤ ਸਿੰਘ ਤੁਗਲਵਾਲ, ਸੁਲੱਖਣ ਸਿੰਘ ਕੋਟ ਟੋਡਰ ਮੱਲ, ਕਾਬਲ ਸਿੰਘ ਜਫਰਵਾਲ ਨੂੰ ਕਮੇਟੀ ਮੈਂਬਰ ਚੁਣਿਆ ਗਿਆ। ਇਸ ਮੌਕੇ ਰਾਜ ਕੁਮਾਰ ਪੰਡੋਰੀ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ ਅਤੇ ਮਜ਼ਦੂਰਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਿਵਾਉਣ ਲਈ ਸੰਘਰਸ਼ ਤੇਜ਼ ਕੀਤਾ ਜਾਵੇਗਾ।

ਮੀਟਿੰਗ ਦੇ ਅਖੀਰ ਵਿੱਚ ਸਾਰਿਆਂ ਨੇ ਇਕਜੁੱਟ ਰਹਿਣ ਦਾ ਅਹਿਦ ਲਿਆ।ਇਸ ਮੌਕੇ ਮਜ਼ਦੂਰ ਜੱਥੇਬੰਦੀ ਦੇ ਹੋਰ ਵੀ ਸਾਥੀ ਰਤਨ ਲਾਲ ਅਤੇ ਸੁੱਚਾ ਸਿੰਘ ਲੀਲ੍ਹ ਕਲਾਂ, ਰਾਜ ਮਿਸਤਰੀ ਗੁਰਦਿਆਲ ਸਿੰਘ, ਸਲਵਿੰਦਰ ਸਿੰਘ, ਕੁਲਦੀਪ ਸਿੰਘ ਕੋਟ ਟੋਡਰ ਮੱਲ, ਜਸਵੰਤ ਸਿੰਘ ਤੁਗਲਵਾਲ, ਲਖਵਿੰਦਰ ਸਿੰਘ ਭਰਥ ਆਦਿ ਮੌਕੇ ਤੇ ਹਾਜ਼ਰ ਸਨ।

## ਫੋਰਟਿਸ ਹਸਪਤਾਲ ਜਲੰਧਰ ਨੇ ਡਾਇਲਿਸਿਸ ਤੇ ਰਾਜ-ਪੱਧਰੀ ਸੀ ਐੱਮ ਈ ਦੀ ਕੀਤੀ ਮੇਜ਼ਬਾਨੀ

ਜਲੰਧਰ,: ਫੋਰਟਿਸ ਹਸਪਤਾਲ ਜਲੰਧਰ ਨੇ ਇੰਡੀਅਨ ਐਸੋਸੀਏਸ਼ਨ ਆਫ਼ ਡਾਇਲਿਸਿਸ ਟੈਕਨੋਲੋਜਿਸਟਸ (ਆਈਏਡੀਟੀ) ਅਤੇ ਕੰਟੀਨਿਊਸ ਡਾਇਲਿਸਿਸ ਸਿੱਖਿਆ ਪ੍ਰੋਗਰਾਮ-ਪੰਜਾਬ ਚੈਪਟਰ ਦੇ ਸਹਿਯੋਗ ਨਾਲ ਡਾਇਲਿਸਿਸ 'ਤੇ ਇੱਕ ਵਿਆਪਕ ਕੰਟੀਨਿਊਸ ਮੈਡੀਕਲ ਐਜੂਕੇਸ਼ਨ (ਸੀਐੱਮਈ-ਨਿਰੰਤਰ ਮੈਡੀਕਲ ਸਿੱਖਿਆ) ਪ੍ਰੋਗਰਾਮ ਦਾ ਸਫਲਤਾਪੂਰਵਕ ਆਯੋਜਨ ਕੀਤਾ।ਇਸ ਸਮਾਗਮ ਵਿੱਚ 150 ਤੋਂ ਵੱਧ ਡਾਇਲਿਸਿਸ ਟੈਕਨੀਸ਼ੀਅਨਾਂ, ਪੰਜਾਬ ਦੇ ਮਾਹਿਰ ਨੈਫਰੋਲੋਜਿਸਟਾਂ ਅਤੇ ਹੈਲਥ ਕੇਅਰ ਪ੍ਰੋਫੈਸ਼ਨਲਾਂ ਦੀ ਉਤਸਾਹ ਭਰੀ ਸ਼ਮੂਲੀਅਤ ਦੇਖਣ ਨੂੰ ਮਿਲੀ।ਕੰਟੀਨਿਊਸ ਡਾਇਲਿਸਿਸ ਸਿੱਖਿਆ ਪ੍ਰੋਗਰਾਮ (ਸੀਡੀਈਪੀ) ਦਾ ਉਦੇਸ਼ ਕਲੀਨੀਕਲ ਜਾਣਕਾਰੀ ਨੂੰ ਵਧਾਉਣਾ, ਮਰੀਜ਼ਾਂ ਦੀ ਸੁਰੱਖਿਆ ਵਿੱਚ ਸੁਧਾਰ ਕਰਨਾ ਅਤੇ ਸਿਹਤ ਸੰਭਾਲ ਸੰਸਥਾਵਾਂ ਵਿੱਚ ਡਾਇਲਿਸਿਸ ਪ੍ਰਕ੍ਰਿਆਵਾਂ ਨੂੰ ਮਿਆਰੀ ਬਣਾਉਣਾ ਹੈ।ਡਾ. ਰਾਜੀਵ ਭਾਟੀਆ ਡਾਇਰੈਕਟਰ ਅਤੇ ਸੀਨੀਅਰ ਕੰਸਲਟੈਂਟ, ਨੈਫਰੋਲੋਜੀ ਨੇ ਕਿਹਾ ਕਿ ਫੋਰਟਿਸ ਹਸਪਤਾਲ ਜਲੰਧਰ ਵਿਖੇ ਅਸੀਂ ਐਡਵਾਂਸਡ ਤਕਨੀਕਾਂ ਅਤੇ ਵਿਸ਼ਵ ਪੱਧਰੀ ਸਭ ਤੋਂ ਵਧੀਆ ਪ੍ਰਕ੍ਰਿਆਵਾਂ ਨੂੰ ਜੋੜ ਕੇ ਵਿਸ਼ਵ ਪੱਧਰੀ ਡਾਇਲਿਸਿਸ ਸੇਵਾਵਾਂ ਲਈ ਵਚਨਬੱਧ ਹਾਂ।

# ਬੇਅਦਬੀਆਂ ਸਬੰਧੀ ਕਾਨੂੰਨ ਬਾਰੇ ਸ਼੍ਰੋਮਣੀ ਕਮੇਟੀ ਵੱਲੋਂ ਪੰਥਕ ਜਥੇਬੰਦੀਆਂ ਨਾਲ ਇਕੱਤਰਤਾ

## * ਕਾਨੂੰਨ ਬਣਾਉਣ ਤੋਂ ਪਹਿਲਾਂ ਪੰਥਕ ਵਿਚਾਰਾਂ ਦੀ ਤਰਜਮਾਨੀ ਨੂੰ ਯਕੀਨੀ ਬਣਾਉਣ ਸਬੰਧੀ ਮਤਾ ਪਾਸ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਸਬੰਧੀ ਸਰਕਾਰ ਵੱਲੋਂ ਕਾਨੂੰਨ ਬਣਾਉਣ ਨੂੰ ਲੈ ਕੇ ਸੱਦੀ ਪੰਥਕ ਇਕੱਤਰਤਾ 'ਚ ਸਮੁੱਚੀਆਂ ਸਿੱਖ ਜਥੇਬੰਦੀਆਂ ਨੇ ਇਕਸੁਰ ਹੋ ਕੇ ਸਰਕਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਜਾਗਤ ਜੋਤਿ ਗੁਰਆਈ, ਸਤਿਕਾਰ, ਪ੍ਰੰਪਰਾ, ਵਿਲੱਖਣਤਾ ਦੇ ਮੱਦੇਨਜ਼ਰ ਕਾਨੂੰਨ ਬਣਾਉਣ ਤੋਂ ਪਹਿਲਾਂ ਪੰਥਕ ਭਾਵਨਾਵਾਂ ਦੀ ਤਰਜਮਾਨੀ ਨੂੰ ਯਕੀਨੀ ਬਣਾਉਣ ਲਈ ਆਖਿਆ।ਇਹ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਈ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਕਾਰਜਕਾਰੀ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਦਮਦਮੀ ਟਕਸਾਲ ਦੇ ਮੁੱਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਪੰਥ ਅਕਾਲੀ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਬਾਬਾ ਜੋਗਾ ਸਿੰਘ ਬਾਬਾ ਬਕਾਲਾ ਸਾਹਿਬ, ਬਾਬਾ ਸੇਵਾ ਸਿੰਘ ਕਾਰ ਸੇਵਾ ਸ੍ਰੀ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਕਾਰਸੇਵਾ ਭੂਰੀਵਾਲੇ, ਤਖ਼ਤ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਚੇਅਰਮੈਨ ਸ. ਵਿਜੈਸਤਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਭਾਈ ਗਗਨਦੀਪ ਸਿੰਘ ਸਮੇਤ ਸਿੱਖ ਜਥੇਬੰਦੀਆਂ, ਸੰਪ੍ਰਦਾਵਾਂ, ਨਿਹੰਗ ਸਿੰਘ ਦਲ, ਕਾਰ ਸੇਵਾ ਵਾਲੇ ਮਹਾਂਪੁਰਸ਼, ਸਟੱਡੀ ਸਰਕਲ, ਸਿੱਖ ਮਿਸ਼ਨਰੀ ਕਾਲਜ, ਉਦਾਸੀ, ਨਿਰਮਲੇ ਤੇ ਸੇਵਾ ਪੰਥੀ ਸੰਪ੍ਰਦਾਵਾਂ ਦੇ ਮੁਖੀਆਂ ਨੇ ਵਿਸ਼ਾਲ ਰੂਪ ਵਿਚ ਸ਼ਮੂਲੀਅਤ ਕੀਤੀ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਮਸਲਿਆਂ ਸਬੰਧੀ ਕੋਈ ਵੀ ਕਾਰਜ ਕਰਨ ਸਮੇਂ ਸਰਕਾਰਾਂ ਸਿੱਖ ਸੰਸਥਾਵਾਂ ਤੇ ਜਥੇਬੰਦੀਆਂ ਦੀ ਰਾਇ ਜ਼ਰੂਰ ਲੈਣ।ਜੇਕਰ ਸਰਕਾਰਾਂ ਆਪਣੀ ਮਨਮਰਜ਼ੀ ਨਾਲ ਸਿੱਖ ਮਸਲਿਆਂ ਸਬੰਧੀ ਕਾਰਵਾਈ ਕਰਨਗੀਆਂ ਤਾਂ ਇਹ ਅਧੂਰੀ ਸਾਬਤ ਹੋਵੇਗੀ।ਇਸ ਮੌਕੇ ਬਹੁਗਿਣਤੀ ਬੁਲਾਰਿਆਂ ਵੱਲੋਂ ਇਹ ਵਿਚਾਰ ਪ੍ਰਮੁੱਖ ਤੌਰ 'ਤੇ ਸਾਹਮਣੇ ਆਇਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਕੌਮ ਲਈ ਅਤਿ ਗੰਭੀਰ ਅਤੇ ਚਿੰਤਾਮਈ ਹਨ, ਜਿਸ ਪ੍ਰਤੀ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਤਾਂ ਹੋਣਾ ਚਾਹੀਦਾ ਹੈ, ਪ੍ਰੰਤੂ ਇਹ ਸਰਕਾਰੀ ਪੱਧਰ 'ਤੇ ਮਨਮਰਜ਼ੀ ਨਾਲ ਬਣਾਏ ਜਾਣ ਵਾਲੇ ਕਾਨੂੰਨ ਦੁਆਰਾ ਸੰਭਵ ਨਹੀਂ ਹੈ ਕਿਉਂਕਿ ਇਸ ਮਾਮਲੇ 'ਤੇ ਕਾਨੂੰਨ ਸਿੱਖ ਵਿਚਾਰਧਾਰਾ ਦੀ ਸੇਧ ਵਿਚ ਹੋਣਾ ਚਾਹੀਦਾ ਹੈ, ਜਿਸ ਲਈ ਪੰਥਕ ਰਾਏ ਤੋਂ ਬਿਨਾਂ ਇਹ ਮੁਕੰਮਲ ਨਹੀਂ ਮੰਨਿਆ ਜਾਵੇਗਾ।

## ਜਨਰਲ ਮੈਨੇਜਰ ਨੇ ਬਿਆਸ ਰੇਲਵੇ ਸਟੇਸ਼ਨ ਦਾ ਕੀਤਾ ਦੌਰਾ

ਬਿਆਸ (ਪਰਮਜੀਤ ਸਿੰਘ ਰੱਖੜਾ) ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਬਕਾਇਦਾ ਐਲਾਨ ਕੀਤਾ ਗਿਆ ਸੀ ਕਿ 62 ਕਰੋੜ ਰੁਪਏ ਦੀ ਲਾਗਤ ਨਾਲ ਬਿਆਸ ਰੇਲਵੇ ਸਟੇਸ਼ਨ ਦੀ ਇਮਾਰਤ ਦਾ ਕਾਇਆ-ਕਲਪ ਕੀਤਾ ਜਾਵੇਗਾ ਅਤੇ ਇਸ ਸੰਬੰਧੀ ਟੈਂਡਰ ਵੀ ਮਨਜ਼ੂਰ ਹੋ ਚੁੱਕੇ ਹਨ ਅਤੇ ਜਲਦ ਹੀ ਕੰਮ ਦੀ ਸ਼ੁਰੂਆਤ ਕਰਵਾਈ ਜਾਵੇਗੀ। ਉਤਰ ਰੇਲਵੇ ਦੇ ਜਨਰਲ ਮੈਨੇਜਰ ਰਾਜੇਸ਼ ਪਾਂਡੇ ਵੱਲੋਂ ਬਿਆਸ ਰੇਲਵੇ ਸਟੇਸ਼ਨ ਦਾ ਦੌਰਾ ਕਰਕੇ ਨਵੇਂ ਸ਼ੁਰੂ ਹੋਣ ਵਾਲੇ ਕੰਮਾਂ ਦੀ ਸਮੀਖਿਆ ਕੀਤੀ ਅਤੇ ਵਿਸ਼ਵਾਸ ਦਿਵਾਇਆ ਕਿ ਇਹ ਕੰਮ ਆਉਂਦੇ ਕੁਝ ਦਿਨਾਂ ਤੱਕ ਸ਼ੁਰੂ ਕਰਵਾ ਦਿੱਤਾ ਜਾਵੇਗਾ।



## ਭਾਜਪਾ ਦੀ ਸਭ ਤੋਂ ਵੱਡੀ ਤਾਕਤ ਬੂਥ ਪੱਧਰ ਦੇ ਸਮਰਪਿਤ ਵਰਕਰ : ਤਰੁਣ ਚੁੱਘ

ਛੇਹਰਟਾ, (ਮਨੋਜ ਕੁਮਾਰ) : ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਪਾਰਟੀ ਦੇ 47ਵੇਂ ਸਥਾਪਨਾ ਦਿਵਸ ਮੌਕੇ ਲਹੌਰੀ ਗੇਟ ਸਥਿਤ ਭਾਜਪਾ ਦਫ਼ਤਰ ਵਿਚ ਵੀਡੀਓ ਕਾਨਫਰੰਸਿੰਗ ਰਾਹੀਂ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਜਪਾ ਦੀ ਸਭ ਤੋਂ ਵੱਡੀ ਤਾਕਤ ਬੂਥ ਪੱਧਰ 'ਤੇ ਕੰਮ ਕਰਨ ਵਾਲੇ ਸਮਰਪਿਤ ਵਰਕਰ ਹਨ। ਉਨ੍ਹਾਂ ਕਿਹਾ ਕਿ ਅੱਜ ਭਾਜਪਾ ਦੁਨੀਆ ਦੀ ਸਭ ਤੋਂ ਵੱਡੀ ਰਾਜਨੀਤਿਕ ਪਾਰਟੀ ਬਣ ਗਈ ਹੈ, ਜੋ 140 ਕਰੋੜ ਦੇਸ਼ ਵਾਸੀਆਂ ਦੇ ਵਿਸ਼ਵਾਸ਼ ਦਾ ਪ੍ਰਤੀਕ ਹੈ।



ਚੁੱਘ ਨੇ ਵਰਕਰਾਂ ਨੂੰ ਸੱਦਾ ਦਿੱਤਾ ਕਿ ਉਹ ਸਰਕਾਰ ਦੀਆਂ ਕਲਿਆਣਕਾਰੀ ਯੋਜਨਾਵਾਂ ਨੂੰ ਸਮਾਜ ਦੇ ਆਖ਼ਰੀ ਵਿਅਕਤੀ ਤਕ ਪਹੁੰਚਾਉਣ ਅਤੇ ਜਨਤਾ ਤੇ ਸਰਕਾਰ ਦਰਮਿਆਨ ਇਕ ਮਜ਼ਬੂਤ ਪੁਲ ਬਣਨ। ਇਸ ਮੌਕੇ ਡਾ. ਸੁਰਿੰਦਰ ਕੰਵਲ, ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸਰਬਜੀਤ ਸਿੰਘ ਸ਼ੈਂਟੀ, ਸਾਬਕਾ ਕੌਂਸਲਰ ਲਵਿੰਦਰ ਬੰਟੀ, ਤਰੁਣ ਚੁੱਘ ਦੇ ਦਫ਼ਤਰ ਸਕੱਤਰ ਰਾਜੇਸ਼ ਮਹਿਤਾ, ਹੇਮੰਤ ਪਿੰਕੀ, ਸੰਦੀਪ ਬਹਿਲ, ਪ੍ਰਦੀਪ ਸਰੀਨ, ਇੰਦਰਪਾਲ ਆਰੀਆ, ਹੈਪੀ ਨਈਅਰ, ਅਸ਼ੋਕ ਮਨਚੰਦਾ, ਸੰਜੀਵ ਅਰੋੜਾ, ਜਤਿੰਦਰ ਪੱਪੀ, ਰਵੀ ਬਾਨੀ, ਪ੍ਰਭਾਤ ਮਲਹੋਤਰਾ, ਪ੍ਰਦੀਪ ਖੰਨਾ, ਸਤੀਸ਼ ਅਰੋੜਾ, ਡਾ. ਜੀ. ਐੱਸ. ਮਹਿਤਾ, ਪ੍ਰਦੀਪ ਵਰਮਾ, ਰਮਨ ਮਹਿਤਾ, ਗੌਰਵ ਭਾਟੀਆ, ਹਰੀਸ਼ ਕੁਮਾਰ, ਸੀਮਾ ਕੁਮਾਰੀ, ਮਨਜੀਤ ਚੰਡੋਕ, ਜਸਬੀਰ ਕੌਰ ਰਾਣੀ, ਮੋਨਿਕਾ ਮਲਹੋਤਰਾ, ਰਿੰਪੀ ਰਾਜਪੂਤ, ਚੰਦਰ ਪ੍ਰਭਾ, ਕਮਲੇਸ਼ ਕੁਮਾਰੀ, ਅਖਿਲ ਮਖੀਜਾ, ਐਡਵੋਕੇਟ ਸ਼ਾਮ ਸੁੰਦਰ, ਰੋਹਿਤ ਭੋਪਾਲ, ਰਣਜੀਤ ਪਾਲ, ਸੂਰਜ, ਕਾਰਤਿਕ ਮਹਿਤਾ, ਵਰਿਆਮ ਸਿੰਘ ਬਿੱਟੂ, ਸੁਰਿੰਦਰ ਮਹਿਰਾ, ਗਰੀਬ ਦਾਸ, ਬਿੱਟੂ ਹੀਰੋ ਹਾਂਡਾ, ਸੁਰਿੰਦਰ ਕੁਮਾਰ, ਨਰੇਸ਼ ਕੁਮਾਰ, ਨਵੀਨ, ਦੀਪਕ ਕੁਮਾਰ, ਵਿਨੋਦ ਕੁਮਾਰ ਆਦਿ ਹਾਜ਼ਰ ਸਨ।

## ਨੌਜਵਾਨ ਸੇਵਕ ਜੱਥੇ ਵੱਲੋਂ ਧਾਰਮਿਕ ਅਸਥਾਨਾਂ ਲਈ ਬੱਸ ਰਵਾਨਾ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਨੌਜਵਾਨ ਸੇਵਕ ਜੱਥਾ (ਸੰਗ ਸੇਵਾ) ਕਾਦੀਆਂ ਵੱਲੋਂ ਉਪਰਾਲਾ ਕਰਦੇ ਹੋਏ ਸਤਿਗੁਰਾਂ ਦੇ ਪਾਵਨ ਤੇ ਪਵਿੱਤਰ ਚਰਨ ਛੋਹ ਪ੍ਰਾਪਤ ਗੁਰੂ ਅਸਥਾਨਾਂ ਦੇ ਦਰਸ਼ਨ ਦੀਦਾਰ ਕਰਨ ਲਈ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਗਤ ਨਾਲ ਏਸੀ ਬੱਸ ਸਰਵਿਸ ਰਾਹੀਂ ਸਵੇਰੇ 4 ਵਜੇ ਸੰਗਤ ਵਲੋਂ ਰਵਾਨਗੀ ਹੋਈ। ਸਵੇਰੇ 4 ਵਜੇ ਯਾਤਰਾ ਦੀ ਆਰੰਭਤਾ ਸਮੇਂ ਭਾਈ ਚਰਨਜੀਤ ਸਿੰਘ ਜੀ (ਗ੍ਰੰਥੀ ਸਿੰਘ ਗੁਰਦਵਾਰਾ ਅਕਾਲਗੜ੍ਹ ਸਾਹਿਬ) ਵੱਲੋਂ ਅਰਦਾਸ ਬੇਨਤੀ ਕੀਤੀ ਗਈ ਅਤੇ ਦੇਗ ਵਰਤਾਈ ਗਈ ਤੇ ਯਾਤਰਾ ਆਰੰਭ ਹੋਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਭਾਟੀਆ, ਬਿਕਰਮਜੀਤ ਸਿੰਘ ਹੈਪੀ, ਸੁਖਪਾਲ ਸਿੰਘ ਬਿੰਟਾ, ਗੁਰਜੀਤ ਸਿੰਘ ਡਿੰਪਲ, ਪ੍ਰੀਤਮ ਸਿੰਘ ਭਾਟੀਆ, ਪਰਮਿੰਦਰ ਸਿੰਘ ਪ੍ਰਿੰਸ, ਮਿਲਨ ਸਿੰਘ ਮਿੱਲਾ, ਸੁਰਿੰਦਰ ਸਿੰਘ ਲਾਡੀ, ਰਜਿੰਦਰ ਸਿੰਘ ਸੰਨੀ, ਸੰਜੀਵ ਕੁਮਾਰ ਸੀਟਾ, ਕੁਲਦੀਪ ਸਿੰਘ ਬੌਬੀ, ਮਨਜੋਤ ਸਿੰਘ ਮੱਖਣ, ਗੁਰਦੀਪ ਸਿੰਘ ਸਿਵਲ ਲਾਈਨ, ਰਣਜੋਤ ਸਿੰਘ ਭਾਟੀਆ, ਕਿਰਨ ਭਾਟੀਆ, ਮਨਦੀਪ ਕੌਰ, ਕਰਨ ਰੰਧਾਵਾ, ਕੁਲਵਿੰਦਰ ਸਿੰਘ ਘੁੱਲਾ, ਦਮਨਪ੍ਰੀਤ ਸਿੰਘ ਪਾਰਸ, ਪੁਸ਼ਪਦੀਪ ਸਿੰਘ ਗੁਰਸਿਮਰਨ ਸਿੰਘ, ਜਨਮਜੋਤ ਸਿੰਘ ਨੰਗਲ, ਗਗਨਪ੍ਰੀਤ ਸਿੰਘ, ਕੈਪਟਨ ਸਿੰਘ, ਸਿਮਰਨ ਸਿੰਘ, ਨੂਰ ਭਾਟੀਆ, ਮੀਤ ਭਾਟੀਆ, ਅਨਹਦ ਸਿੰਘ, ਕਰਮਜੋਤ ਸਿੰਘ, ਪ੍ਰਭ, ਏਕਮਜੋਤ ਸਿੰਘ ਅਤੇ ਹੋਰ ਵੀ ਪਰਿਵਾਰਾਂ ਸਮੇਤ ਇਸ ਯਾਤਰਾ ਵਿਚ ਸ਼ਾਮਿਲ ਹੋਏ।



## ਕੌਮਾਂਤਰੀ ਸਿਹਤ ਦਿਵਸ 'ਤੇ ਲਗਾਇਆ ਸਿਹਤ ਜਾਂਚ ਕੈਂਪ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਸ੍ਰੀ ਗੁਰੂ ਅਰਜਨ ਦੇਵ ਜੀ ਕਾਲਜ ਆਫ ਨਰਸਿੰਗ, ਝਬਾਲ ਰੋਡ ਦੀ ਡਾਇਰੈਕਟਰ ਰਾਧਿਕਾ ਚੁੱਘ ਦੇ ਸੱਦੇ 'ਤੇ ਕੌਮਾਂਤਰੀ ਸਿਹਤ ਦਿਵਸ ਦੇ ਮੌਕੇ 'ਤੇ ਡੀਏਵੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਲੋਹਗੜ੍ਹ ਗੇਟ, ਅੰਮ੍ਰਿਤਸਰ ਵਿਚ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਕਾਲਜ ਦੀ ਮਾਹਿਰਾਂ ਦੀ ਟੀਮ ਵੱਲੋਂ ਸਕੂਲ ਦੇ ਵਿਹੜੇ ਵਿਚ ਮੁਫ਼ਤ ਸਿਹਤ ਜਾਂਚ ਕੈਂਪ ਲਗਾਇਆ ਗਿਆ, ਜਿਸ ਵਿਚ ਵਿਦਿਆਰਥੀਆਂ ਦੀ ਸਿਹਤ ਦੀ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਜ਼ਰੂਰੀ ਸਲਾਹ ਵੀ ਦਿੱਤੀ ਗਈ। ਕੈਂਪ ਦੌਰਾਨ ਬੱਚਿਆਂ ਦੀ ਸਿਹਤ ਦੀ ਜਾਂਚ ਦੇ ਨਾਲ-ਨਾਲ ਉਨ੍ਹਾਂ ਨੂੰ ਸਫ਼ਾਈ, ਸੰਤੁਲਿਤ ਖ਼ੁਰਾਕ ਅਤੇ ਸਿਹਤਮੰਦ ਜੀਵਨ ਸ਼ੈਲੀ ਬਾਰੇ ਵੀ ਜਾਗਰੂਕ ਕੀਤਾ ਗਿਆ। ਇਸ ਮੌਕੇ ਰਾਧਿਕਾ ਚੁੱਘ ਨੇ ਕਿਹਾ ਇਕ ਸਿਹਤਮੰਦ ਮਨ ਇਕ ਸਿਹਤਮੰਦ ਸਰੀਰ ਵਿਚ ਵਿਕਸਤ ਹੁੰਦਾ ਹੈ। ਸਕੂਲ ਮੈਨੇਜਮੈਂਟ ਨੇ ਇਸ ਪਹਿਲਕਦਮੀ ਲਈ ਕਾਲਜ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਮੈਨੇਜਰ ਮੋਨਿਕਾ ਤਲਵਾੜ, ਹਰਸੁਮਿਤ ਕੌਰ, ਰਮਨਦੀਪ ਕੌਰ, ਸੁਨੈਨਾ, ਮਨਿੰਦਰ, ਸਵਿਤਾ ਸ਼ਰਮਾ, ਪਾਇਲ, ਸਨੇਹਾ, ਅਰਸ਼ਪ੍ਰੀਤ ਤੇ ਜਸ਼ਨ ਮੌਜੂਦ ਸਨ।



## ਮਨਜਿੰਦਰ ਸਿੰਘ ਸਿਰਸਾ ਦੀ ਭਰੋਵਾਲ ਨਾਲ ਮੁਲਾਕਾਤ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਪੰਥਕ ਹਲਕਾ ਖਡੂਰ ਸਾਹਿਬ ਤੋਂ ਭਾਜਪਾ ਦੇ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਵੱਲੋਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਲੀਡਰ ਤੇ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਮੁਲਾਕਾਤ ਦੌਰਾਨ ਹਲਕਾ ਖਡੂਰ ਸਾਹਿਬ ਦੀਆਂ ਮੌਜੂਦਾ ਸਿਆਸੀ ਸਥਿਤੀਆਂ ਅਤੇ ਇਲਾਕੇ ਦੇ ਸਰਵਪੱਖੀ ਵਿਕਾਸ ਨੂੰ ਲੈ ਕੇ ਡੂੰਘਾਈ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਰਮਨਦੀਪ ਸਿੰਘ ਭਰੋਵਾਲ ਨੇ ਹਲਕੇ ਦੇ ਲੋਕਾਂ ਨੂੰ ਦਰਪੇਸ਼ ਮੁੱਖ ਸਮੱਸਿਆਵਾਂ ਬਾਰੇ ਭਾਜਪਾ ਦੇ ਸੀਨੀਅਰ ਆਗੂਆਂ ਨੂੰ ਜਾਣੂ ਕਰਵਾਇਆ। ਸ. ਭਰੋਵਾਲ ਨੇ ਦੱਸਿਆ ਕਿ ਉਨ੍ਹਾਂ ਨੇ ਆਉਣ ਵਾਲੇ ਸਮੇਂ ਵਿੱਚ ਭਾਜਪਾ ਨੂੰ ਹਲਕੇ ਅੰਦਰ ਹੋਰ ਮਜ਼ਬੂਤ ਕਰਨ ਲਈ ਵਰਕਰਾਂ ਨੂੰ ਹੋਰ ਸੁਚਾਰੂ ਢੰਗ ਨਾਲ ਲਾਮਬੰਦ ਕੀਤਾ ਜਾਵੇਗਾ। ਰਮਨਦੀਪ ਸਿੰਘ ਭਰੋਵਾਲ ਨੇ ਕਿਹਾ ਕਿ ਹਲਕਾ ਖਡੂਰ ਸਾਹਿਬ ਦੀ ਤਰੱਕੀ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਉਨ੍ਹਾਂ ਦਾ ਮੁੱਖ ਮਕਸਦ ਹੈ। ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਉਨ੍ਹਾਂ ਨੂੰ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ਗਿਆ ਹੈ। ਉਹ ਪਿੰਡ ਪਿੰਡ ਜਾ ਕੇ ਪੁਰਾਣੇ ਭਾਜਪਾ ਵਰਕਰਾਂ ਨੂੰ ਨਾਲ ਲੈ ਕੇ ਕੇਂਦਰ ਸਰਕਾਰ ਦੀਆਂ ਸਕੀਮਾਂ ਬਾਰੇ ਲੋਕਾਂ ਨੂੰ ਤੇ ਖਾਸ ਕਰ ਗਰੀਬ ਪਰਿਵਾਰਾਂ ਨੂੰ ਜਾਗਰੂਕ ਕਰਨਗੇ ਕਿ ਕਿਸ ਤਰ੍ਹਾਂ ਸਾਰੀਆਂ ਸਹੂਲਤਾਂ ਆਟਾ ਦਾਲ ਸਕੀਮ, ਉਜਵਲ ਸਕੀਮ ਤਹਿਤ ਸਲੰਡਰ ਪਿੰਡਾਂ 'ਚ ਵਿੱਤ ਕਮਿਸ਼ਨ ਤਹਿਤ ਗਲੀਆਂ ਪੱਕੀਆਂ ਲਈ ਫੰਡ ਤੇ ਹੁਣ ਪ੍ਰਧਾਨ ਮੰਤਰੀ ਪੇਂਡੂ ਸੜਕ ਸਕੀਮ ਤਹਿਤ ਪੰਜਾਬ ਦੀਆਂ ਸੜਕਾਂ ਦੀ ਨੁਹਾਰ ਬਦਲੀ ਜਾਵੇਗੀ ਜੋ ਕਿ ਕੇਂਦਰ ਸਰਕਾਰ ਦੇ ਫੰਡਾਂ ਨਾਲ ਹੋਵੇਗੀ।



# ਬਾਬਾ ਬੁੱਢਾ ਕਾਲਜ ਦਾ ਬੀ. ਕਾਮ. ਪਹਿਲੇ ਸਮੈਸਟਰ ਦਾ ਨਤੀਜਾ ਰਿਹਾ ਸੌ ਫ਼ੀਸਦੀ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਬਾਬਾ ਬੁੱਢਾ ਕਾਲਜ ਦੇ ਬੀ.ਕਾਮ. ਪਹਿਲੇ ਸਮੈਸਟਰ ਦੀ ਪ੍ਰਿਖਿਆ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਨਤੀਜਾ ਐਲਾਨਿਆ ਗਿਆ, ਜਿਸ ਵਿਚ ਕਾਲਜ ਦੀ ਪਾਸ ਪ੍ਰਤੀਸ਼ਿਤ ਸੌ ਫੀਸਦੀ ਰਹੀ। ਅਮਨਪ੍ਰੀਤ ਕੌਰ ਨੇ 78.8% ਨਾਲ ਕਾਲਜ ਵਿਚੋਂ ਪਹਿਲਾ ਸਥਾਨ ਹਾਸਲ ਕੀਤਾ, ਸਮਰੀਨ ਕੌਰ ਨੇ 77.7% ਨਾਲ ਦੂਸਰਾ ਅਤੇ ਕੋਮਲਪ੍ਰੀਤ ਕੌਰ ਨੇ 76.5% ਨਾਲ ਤੀਸਰਾ ਸਥਾਨ ਹਾਸਲ ਕੀਤਾ।ਕੁੱਲ 40 ਸੀਟਾਂ ਸਨ ਜਿਸ ਵਿਚ 37 ਵਿਦਿਆਰਥੀ ਪ੍ਰੀਖਿਆ ਵਿਚ ਬੈਠੇ ਅਤੇ ਸਾਰੇ ਵਿਦਿਆਰਥੀ ਹੀ ਚੰਗੇ ਨੰਬਰਾਂ ਨਾਲ ਪਾਸ ਹੋਏ। ਇਸ ਮੌਕੇ ਪ੍ਰਿੰਸੀਪਲ ਡਾ. ਕਰਨਜੀਤ ਸਿੰਘ ਬੇਦੀ ਨੇ ਪਾਸ ਹੋਏ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਪਹਿਲੇ ਸਥਾਨ ਹਾਸਲ ਕਰਨ ਵਾਲਿਆਂ ਦਾ ਮੂੰਹ ਮਿੱਠਾ ਕਰਵਾਇਆ।ਸਕੱਤਰ ਜਗੀਰ ਸਿੰਘ ਨੇ ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਹੋਰ ਮਿਹਨਤ ਕਰਕੇ ਮਾਪਿਆਂ ਅਤੇ ਕਾਲਜ ਦਾ ਨਾਂ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰਿੰਸੀਪਲ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਕਾਲਜ ਵਿਖੇ ਮਹੱਤਵਪੂਰਨ ਵਿਸ਼ਿਆਂ ਵਿਚ ਯੂਨੀਵਰਸਿਟੀ ਵੱਲੋਂ 40-40 ਸੀਟਾਂ ਹੀ ਕਾਲਜਾਂ ਨੂੰ ਦਿੱਤੀਆਂ ਜਾਂਦੀਆਂ ਹਨ, ਇਸ ਲਈ ਇਲਾਕੇ ਦੇ ਵਿਦਿਆਰਥੀ ਜਲਦ ਤੋਂ ਜਲਦ ਇਨ੍ਹਾਂ ਕੋਰਸਾਂ ਵਿਚ ਦਾਖਲਾ ਲੈਣ, ਨਹੀਂ ਤਾਂ ਹੋਰਨਾਂ ਜ਼ਿਲ੍ਹਿਆ ਤੋਂ ਆ ਕੇ ਵਿਦਿਆਰਥੀ ਪਹਿਲਾਂ ਹੀ ਦਾਖਲਾ ਹੀ ਲੈ ਰਹੇ ਹਨ। ਇਸ ਮੌਕੇ ਡਾ. ਅਮਰਬੀਰ ਸਿੰਘ, ਪ੍ਰੋ. ਸੁਖਪਾਲ ਕੌਰ, ਪ੍ਰੋ. ਇੰਦਰਜੀਤ ਸਿੰਘ, ਪ੍ਰੋ. ਸੁਰਿੰਦਰ ਸਿੰਘ, ਪ੍ਰੋ. ਗਗਨਦੀਪ ਕੌਰ, ਸੁਪਰਡੈਂਟ ਤਜਿੰਦਰਜੀਤ ਸਿੰਘ, ਸੁਖਬੀਰ ਸਿੰਘ ਹਾਜ਼ਰ ਸਨ।

## ਸਕੋਡਾ ਆਟੋ ਇੰਡੀਆ ਵੱਲੋਂ ਸਾਲ 2026 'ਚ ਰਿਕਾਰਡ ਵਿਕਰੀ ਦਰਜ

**ਅੰਮ੍ਰਿਤਸਰ**-ਸਕੋਡਾ ਆਟੋ ਇੰਡੀਆ ਨੇ ਸਾਲ 2026 ਦੀ ਪਹਿਲੀ ਤਿਮਾਹੀ (ਜਨਵਰੀ-ਮਾਰਚ) ਵਿੱਚ 20,028 ਕਾਰਾਂ ਦੀ ਵਿਕਰੀ ਦਰਜ ਕੀਤੀ ਹੈ, ਜੋ ਕੰਪਨੀ ਲਈ ਹੁਣ ਤੱਕ ਦੀ ਸਭ ਤੋਂ ਵੱਧ ਤਿਮਾਹੀ ਵਿਕਰੀ ਹੈ।ਇਹ ਅੰਕੜਾ ਪਿਛਲੇ ਸਾਲ ਦੀ ਇਸੇ ਅਵਧੀ ਵਿੱਚ ਵੇਚੀਆਂ ਗਈਆਂ 17,138 ਯੂਨਿਟਾਂ ਨਾਲੋਂ ਲਗਭਗ 17 ਫੀਸਦੀ ਵੱਧ ਹੈ।ਕੰਪਨੀ ਮੁਤਾਬਕ, ਇਸ ਵਾਧੇ ਵਿੱਚ ਇਸਦੇ ਵੱਖ-ਵੱਖ ਮਾਡਲਾਂ ਦੀ ਲਗਾਤਾਰ ਮੰਗ ਦਾ ਯੋਗਦਾਨ ਰਿਹਾ। ਖ਼ਾਸ ਕਰਕੇ ਕਾਇਲੈਕ ਮਾਡਲ ਦੀ ਵਿਕਰੀ ਨੇ ਕੁੱਲ ਪ੍ਰਦਰਸ਼ਨ ਨੂੰ ਮਜ਼ਬੂਤੀ ਦਿੱਤੀ ਹੈ, ਜਿਸ ਨੇ ਹਾਲ ਹੀ ਵਿੱਚ 50,000 ਯੂਨਿਟਾਂ ਦਾ ਅੰਕੜਾ ਪਾਰ ਕੀਤਾ ਹੈ।ਇਸ ਤੋਂ ਇਲਾਵਾ ਕੁਸ਼ਾਕ ਦੇ ਨਵੇਂ ਵਰਜ਼ਨ ਦੀ ਮਾਰਕੀਟ ਵਿੱਚ ਐਂਟਰੀ ਅਤੇ ਸਲਾਵੀਆ ਦੀ ਸਥਿਰ ਵਿਕਰੀ ਵੀ ਇਸ ਵਿੱਚ ਸ਼ਾਮਲ ਰਹੀ। ਪ੍ਰੀਮੀਅਮ ਐਸ ਯੂ ਵੀ ਸੈਗਮੈਂਟ ਵਿੱਚ ਕੋਡਿਆਕ ਦੀ ਮੰਗ ਵੀ ਬਣੀ ਹੋਈ ਹੈ।ਕੰਪਨੀ ਨੇ ਦੱਸਿਆ ਕਿ ਉਹ ਆਪਣੇ ਪ੍ਰੋਡਕਟ ਪੋਰਟਫੋਲੀਓ ਦੇ ਨਾਲ ਨਾਲ ਨੈੱਟਵਰਕ ਦੇ ਵਿਸਥਾਰ ਤੇ ਵੀ ਧਿਆਨ ਦੇ ਰਹੀ ਹੈ।ਮੌਜੂਦਾ ਸਮੇਂ 180 ਤੋਂ ਵੱਧ ਸ਼ਹਿਰਾਂ ਵਿੱਚ 330 ਤੋਂ ਜ਼ਿਆਦਾ ਕਸਟਮਰ ਟਚਪੁਆਇੰਟਸ ਰਾਹੀਂ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।ਨਾਲ ਹੀ ਆਫਟਰਸੇਲਜ਼ ਸਰਵਿਸ ਅਤੇ ਵਾਰੰਟੀ ਯੋਜਨਾਵਾਂ ਰਾਹੀਂ ਗਾਹਕਾਂ ਦੇ ਤਜਰਬੇ ਨੂੰ ਬਿਹਤਰ ਬਣਾਉਣ ਤੇ ਵੀ ਫੋਕਸ ਕੀਤਾ ਜਾ ਰਿਹਾ ਹੈ।

# ਲਾਰਿਆਂ ਤੋਂ ਦੁਖੀ ਅਧਿਆਪਕ ਜਥੇਬੰਦੀਆਂ ਵੱਲੋਂ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ



ਧਾਰੀਵਾਲ, (ਮਨਦੀਪ ਵਿੱਕੀ)-ਸਾਂਝਾ ਅਧਿਆਪਕ ਮੋਰਚਾ ਅਤੇ ਅਧਿਆਪਕ ਜਥੇਬੰਦੀਆਂ ਨੇ ਪੰਜਾਬ ਸਰਕਾਰ ਵੱਲੋਂ ਵਾਅਦਾ ਖਿਲਾਫੀ ਕਰਨ ਤੇ ਪੰਜਾਬ ਸਰਕਾਰ ਦੀ ਲਾਰਿਆਂ ਦੀ ਪੰਡ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ।ਇਸ ਸਮੇਂ ਸਾਂਝਾ ਅਧਿਆਪਕ ਮੋਰਚਾ ਅਤੇ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਅਸ਼ਵਨੀ ਫੱਜੂਪੁਰ, ਸੋਮ ਸਿੰਘ, ਕੁਲਦੀਪ ਪੂਰੋਵਾਲ, ਅਨਿਲ ਕੁਮਾਰ ਲਾਹੌਰੀਆ, ਪ੍ਰਭਜੋਤ ਸਿੰਘ, ਰਸ਼ਪਾਲ ਭੁੰਬਲੀ, ਰਵਿੰਦਰਜੀਤ ਪੰਨੂ, ਗੁਰਮੀਤ ਸਿੰਘ ਨੇ ਕਿਹਾ ਅਧਿਆਪਕ ਜਥੇਬੰਦੀਆਂ ਨਾਲ ਸਿੱਖਿਆ ਮੰਤਰੀ ਪੰਜਾਬ ਵੱਲੋਂ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਟੈੱਟ ਸਬੰਧੀ ਪੰਜਾਬ ਵਿਧਾਨ ਸਭਾ ਵਿੱਚ ਬਿੱਲ ਲਿਆਉਣ ਅਤੇ ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਰਜ ਕਰਨ ਦਾ ਵਾਅਦਾ ਕੀਤਾ ਗਿਆ ਸੀ ਜਿਹੜਾ ਵਫਾ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਸਿੱਖਿਆ ਮੰਤਰੀ ਵੱਲੋਂ ਵਿਧਾਨ ਸਭਾ ਵਿੱਚ ਟੈੱਟ ਸਬੰਧੀ ਕੋਈ ਚਰਚਾ ਨਾ ਕਰਕੇ ਕੀਤੇ ਵਾਅਦੇ ਨੂੰ ਤੋੜਿਆ ਹੈ, ਜਿਸ ਦੀ ਆਗੂਆਂ ਵਲੋਂ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਆਗੂਆਂ ਨੇ ਮੰਗ ਕੀਤੀ ਕਿ ਰਾਜ ਸਭਾ ਵਿੱਚ ਸੰਸਦ ਮੈਂਬਰ ਜੌਹਨ ਬਿਰਟਾਸ (ਸੀ ਪੀ ਆਈ ਐੱਮ) ਵੱਲੋਂ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਪੇਸ਼ ਕੀਤੇ ਪ੍ਰਾਈਵੇਟ ਬਿੱਲ ਨੂੰ ਤਰੁੰਤ ਪਾਸ ਕੀਤਾ ਜਾਵੇ।

ਪੰਜਾਬ ਦੇ ਲੱਖਾਂ ਮੁਲਾਜ਼ਮਾਂ 'ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਵਾਅਦਾ ਵੀ ਪੂਰਾ ਨਹੀਂ ਕੀਤਾ ਅਤੇ ਨਾ ਹੀ ਮੁਲਾਜ਼ਮਾਂ ਦਾ 16% ਪਿਛਲਾ ਮਹਿੰਗਾਈ ਭੱਤਾ ਲਾਗੂ ਕੀਤਾ ਹੈ। ਇਸ ਮੌਕੇ ਹਰਪ੍ਰੀਤ ਸਿੰਘ, ਲਵਪ੍ਰੀਤ ਰੋੜਾਂਵਾਲੀ, ਗੁਰਵਿੰਦਰ ਸਿੰਘ ਸੈਣੀ, ਗਗਨ ਬੋਪਾਰਾਏ, ਜੋਤ ਪ੍ਰਕਾਸ਼ ਸਿੰਘ, ਮਨਪ੍ਰੀਤ ਸਿੰਘ, ਸੁਪਿੰਦਰ ਸਿੰਘ, ਅਨਿਲ ਸ਼ਰਮਾ, ਪਵਨ ਕੁਮਾਰ, ਹਰਜੀਤ ਸਿੰਘ, ਸੰਜੀਵ ਕੁਮਾਰ, ਜਗਦੀਪ ਸ਼ਰਮਾ, ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।

# ਲੋਕ-ਪੱਖੀ ਕੰਮਾਂ ਤੋਂ ਸੰਤੁਸ਼ਟ ਪੰਜਾਬੀ ਮੁੜ 'ਆਪ' ਦੀ ਸਰਕਾਰ ਬਣਾਉਣ ਦੇ ਰੌਅ 'ਚ: ਤਲਬੀਰ ਗਿੱਲ



ਜੈਂਤੀਪੁਰ (ਸੁਖਬੀਰ ਸਿੱਧੂ)-ਮਾਨ ਸਰਕਾਰ ਵੱਲੋਂ ਸ਼ੁਰੂ ਕੀਤੀ ਜਨ ਸੰਕਲਪ ਮੁਹਿੰਮ ਸੰਵਾਦ ਤਹਿਤ ਹਲਕਾ ਮਜੀਠਾ ਦੇ ਪਿੰਡ ਪਾਖਰਪੁਰਾ ਵਿਖੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਤੇਜਵੀਰ ਸਿੰਘ ਢਿੱਲੋਂ ਦੇ ਗ੍ਰਹਿ ਵਿਖੇ ਇੱਕ ਨੁੱਕਰ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਮਾਨ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਵਿੱਚ ਕੀਤੇ ਗਏ ਇਤਿਹਾਸਕ ਅਤੇ ਲੋਕ ਪੱਖੀ ਕੰਮਾਂ ਬਾਰੇ ਵਿਚਾਰ ਚਰਚਾ ਕੀਤੀ ਗਈ ਅਤੇ ਮਾਨ ਸਰਕਾਰ ਵੱਲੋਂ ਕੀਤੇ ਗਏ ਤੇ ਕੀਤੇ ਜਾ ਰਹੇ ਹੋਰ ਕੰਮਾਂ ਤੋਂ ਵੀ ਲੋਕਾਂ ਨੂੰ ਜਾਣੂ ਕਰਵਾਇਆ।

ਉਨ੍ਹਾਂ ਕਿਹਾ ਕਿ ਚਾਰ ਸਾਲ 'ਚ ਕੀਤੇ ਕੰਮਾਂ ਤੋਂ ਸੰਤੁਸ਼ਟ ਪੰਜਾਬੀ ਮੁੜ 'ਆਪ' ਦੀ ਸਰਕਾਰ ਬਣਾਉਣ ਦੇ ਰੌਅ 'ਚ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਚੋਣਾਂ ਦੌਰਾਨ ਜੋ ਵਾਅਦੇ ਲੋਕਾਂ ਨਾਲ ਕੀਤੇ ਗਏ ਸਨ ਉਨ੍ਹਾਂ ਨੂੰ ਇੰਨ ਬਿੰਨ ਲਾਗੂ ਕੀਤਾ ਗਿਆ ਹੈ ਤੇ ਜਲਦੀ ਹੀ ਸਾਰੇ ਕੰਮਾਂ 'ਤੇ ਮੋਹਰ ਲਗਾਈ ਜਾਵੇਗੀ। ਇਸ ਮੌਕੇ ਤੇਜਵੀਰ ਸਿੰਘ ਢਿੱਲੋਂ, ਸਰਪੰਚ ਨਿਰਮਲ ਸਿੰਘ, ਸੁਖਵਿੰਦਰ ਸਿੰਘ ਢਿੱਲੋਂ, ਅਵਤਾਰ ਸਿੰਘ ਕਾਹਲੋਂ, ਸੁਖਚੈਨ ਸਿੰਘ ਤਲਵੰਡੀ, ਧਨਵੰਤ ਸਿੰਘ ਢਿੱਲੋਂ, ਹਰਮਨਜੀਤ ਸਿੰਘ, ਦਲਜੀਤ ਸਿੰਘ ਖਹਿਰਾ, ਅਨੂਪ ਸਿੰਘ ਖਹਿਰਾ, ਰਾਜੂ ਮਾਲਾ, ਜੋਗਿੰਦਰ ਸਿੰਘ ਢਿੱਲੋਂ, ਨਿਰਮਲ ਸਿੰਘ ਢਿੱਲੋਂ, ਗੁਲਾਬ ਸਿੰਘ ਢਿੱਲੋਂ, ਦਰਬਾਰਾ ਸਿੰਘ, ਭੁਪਿੰਦਰ ਸਿੰਘ ਘੁਲਾ, ਸੁਲੱਖਣ ਸਿੰਘ ਕਾਹਲੋਂ, ਪ੍ਰਭਜੋਤ ਸਿੰਘ ਕਾਹਲੋਂ, ਬਲਕਾਰ ਸਿੰਘ ਦੋਧੀ, ਹਰਬੰਸ ਸਿੰਘ ਰੰਧਾਵਾ, ਮੁਖਤਾਰ ਸਿੰਘ, ਕਲਵਿੰਦਰ ਸਿੰਘ ਅਸ਼ਵਨੀ ਕੁਮਾਰ, ਸਰਪੰਚ ਹਰਭੇਜ ਸਿੰਘ, ਜਗਤਾਰ ਸਿੰਘ, ਚੌਧਰੀ ਸਾਧਾਂ ਮਸੀਹ, ਪ੍ਰੇਮ ਮਸੀਹ, ਮੋਨੂੰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

## ਘਰ-ਘਰ ਮੁਫ਼ਤ ਬਿਜਲੀ ਦੇ ਕੇ ਵੀ ਬਿਜਲੀ ਵਿਭਾਗ ਮੁਨਾਫ਼ੇ 'ਚ: ਸ਼ੈਰੀ ਕਲਸੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਚਾਰ ਸਾਲਾਂ ਵਿੱਚ ਲੋਕਹਿੱਤ ਵਿੱਚ ਵੱਡੇ ਫੈਸਲੇ ਲਏ ਹਨ ਅਤੇ ਲੋਕਾਂ ਨਾਲ ਕੀਤੀਆਂ ਗਰੰਟੀਆਂ ਪੂਰੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਅਧੀਨ ਪੰਜਾਬ ਦੇ ਬਿਜਲੀ ਖੇਤਰ ਵਿੱਚ ਵੱਡਾ ਢਾਂਚਾਗਤ ਬਦਲਾਅ ਆਇਆ ਹੈ।ਕਿਸੇ ਸਮੇਂ ਘਾਟੇ ਵਿੱਚ ਚੱਲ ਰਿਹਾ ਇਹ ਵਿਭਾਗ ਹੁਣ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਪ੍ਰਦਾਨ ਕਰ ਕੇ ਵੀ ਮੁਨਾਫ਼ਾ ਕਮਾ ਰਿਹਾ ਹੈ।ਸਰਕਾਰ ਨੇ ਨਾ ਸਿਰਫ਼ 600 ਯੂਨਿਟ ਮੁਫ਼ਤ ਬਿਜਲੀ ਰਾਹੀਂ ਬਹੁਗਿਣਤੀ ਪਰਿਵਾਰਾਂ ਲਈ ਜ਼ੀਰੋ ਬਿਜਲੀ ਬਿੱਲ ਯਕੀਨੀ ਬਣਾਏ, ਸਗੋਂ 540 ਮੈਗਾਵਾਟ ਗੋਇੰਦਵਾਲ ਥਰਮਲ ਪਾਵਰ ਪਲਾਂਟ ਨੂੰ ਖ਼ਰੀਦ ਕੇ ਬਿਜਲੀ ਉਪਲਬਧਤਾ ਵਿੱਚ ਅਹਿਮ ਸੁਧਾਰ ਕੀਤੇ ਹਨ।ਉਨ੍ਹਾਂ ਕਿਹਾ ਕਿ ਵਪਾਰਕ ਅਤੇ ਉਦਯੋਗਿਕ ਖਪਤਕਾਰਾਂ ਸਮੇਤ ਹੋਰ ਸ਼੍ਰੇਣੀਆਂ ਲਈ ਟੈਰਿਫ ਘਟਾਏ ਗਏ ਹਨ, ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ ਅਤੇ ਨਵੇਂ ਸਬ-ਸਟੇਸ਼ਨਾਂ ਅਤੇ ਟ੍ਰਾਂਸਫਾਰਮਰਾਂ ਰਾਹੀਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ।ਵਿਧਾਇਕ ਨੇ ਦੱਸਿਆ ਕਿ ਬਿਜਲੀ ਖੇਤਰ ਵਿੱਚ 9593 ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ 1750 ਹੋਰ ਅਸਾਮੀਆਂ ਲਈ ਭਰਤੀ ਜਾਰੀ ਹੈ। ਪੰਜਾਬ ਬਿਜਲੀ ਵਿਭਾਗ (ਪੀਐੱਸਪੀਸੀਐੱਲ) ਵੱਲੋਂ ਏ+ ਰੇਟਿੰਗ ਹਾਸਲ ਕਰਨਾ, ਰਾਸ਼ਟਰੀ ਪੱਧਰ 'ਤੇ ਦੂਜਾ ਸਥਾਨ ਮਿਲਣਾ ਪੰਜਾਬ ਨੂੰ ਬਿਜਲੀ ਵਿੱਚ ਆਤਮ-ਨਿਰਭਰ ਬਣਾਉਣ ਅਤੇ ਲੋਕਾਂ ਲਈ 24 ਘੰਟੇ ਮੁਫ਼ਤ ਬਿਜਲੀ ਸਪਲਾਈ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਗੁਰੂ ਸਾਹਿਬ ਦੇ ਓਟ ਆਸਰੇ ਨਾਲ ਗੁਰਮਤਿ ਟ੍ਰੇਨਿੰਗ ਕੈਂਪ ਦੀ ਆਰੰਭਤਾ



ਝਬਾਲ (ਹਰਜਿੰਦਰ ਸਿੰਘ ਸੋਨੀ)-ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਅਤੇ ਐੱਮ.ਐੱਮ.ਏ. ਲਾਇਨਜ਼ ਕਲੱਬ ਬਰਮਿੰਘਮ ਵੱਲੋਂ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਨਾਲ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬੀੜ ਸਾਹਿਬ (ਤਰਨ ਤਾਰਨ) ਵਿਖੇ ਗੁਰੂ ਸਾਹਿਬ ਦਾ ਓਟ ਆਸਰਾ ਲੈ ਕੇ ਗੁਰਮਤਿ ਟ੍ਰੇਨਿੰਗ ਕੈਂਪ ਦੀ ਆਰੰਭਤਾ ਕੀਤੀ ਗਈ।ਗੁਰਮਤਿ ਟ੍ਰੇਨਿੰਗ ਕੈਂਪ ਦੇ ਪਹਿਲੇ ਦਿਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਹਾਲ ਵਿਖੇ ਸਜਾਏ ਗਏ ਦੀਵਾਨ ਮੌਕੇ ਹੈਡ ਗ੍ਰੰਥੀ ਭਾਈ ਨਿਸ਼ਾਨ ਸਿੰਘ ਗੰਡੀਵਿੰਡ ਵੱਲੋਂ ਅਰਦਾਸ ਕਰਕੇ ਕੈਂਪ ਦੀ ਸ਼ੁਰੂਆਤ ਕੀਤੀ ਗਈ।ਇਕੱਤਰ ਵਿਦਿਆਰਥੀ ਲਗਾਇਆ ਜਾ ਰਿਹਾ ਹੈ।ਦੀਵਾਨ ਹਾਲ ਵਿਖੇ ਇਕੱਤਰ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਸਹਾਇਕ ਡਾਇਰੈਕਟਰ (ਸਕੂਲਜ਼) ਮੈਡਮ ਸਤਵੰਤ ਕੌਰ ਨੇ ਆਖਿਆ ਕਿ ਕੈਂਪ ਦਾ ਮੁੱਖ ਮਕਸਦ ਵਿਦਿਆਰਥੀਆਂ ਵਿੱਚ ਨੈਤਿਕ ਕਦਰਾਂ-ਕੀਮਤਾਂ, ਸਿੱਖੀ ਸਿਧਾਂਤਾਂ ਅਤੇ ਅਨੁਸ਼ਾਸਨ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਅਤੇ ਵਿਦਿਆਰਥੀਆਂ ਨੂੰ ਗੁਰਬਾਣੀ, ਸਿੱਖ ਇਤਿਹਾਸ, ਸਿੱਖ ਸਿਧਾਂਤਾਂ ਨਾਲ ਜੋੜਨਾ ਹੈ, ਤਾਂ ਜੋ ਉਹ ਇੱਕ ਚੰਗੇ ਇਨਸਾਨ ਬਣ ਸਕਣ।ਇਸ ਮੌਕੇ ਪ੍ਰਿੰ. ਡਾ. ਤਰਨਜੀਤ ਸਿੰਘ, ਪ੍ਰਿੰ. ਮੈਡਮ ਜਗਰੂਪ ਕੌਰ, ਮੈਡਮ ਸੁਖਵਿੰਦਰ ਕੌਰ ਛੀਨਾ, ਪ੍ਰਿੰ. ਪ੍ਰਭਜੀਤ ਸਿੰਘ ਪੱਟੀ, ਪ੍ਰਿੰ. ਮੈਡਮ ਧਰਮਬੀਰ ਕੌਰ ਰੱਤੋਕੇ, ਪ੍ਰਿੰ. ਮੈਡਮ ਕੰਵਲਜੀਤ ਕੌਰ ਤਰਨ ਤਰਨ, ਪ੍ਰਿੰ. ਮਮਤਾ ਕੌਰ ਆਦਿ ਹਾਜ਼ਰ ਸਨ।

# ਵਰਲਡ ਓਰਲ ਹੈਲਥ ਮਹੀਨਾ ਮਨਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਿਵਲ ਸਰਜਨ ਡਾ. ਮਹੇਸ਼ ਪ੍ਰਭਾਕਰ, ਡੀਡੀਐੱਚਓ ਡਾ. ਵਿਨੋਦ ਭਗਤ ਅਤੇ ਐੱਸਐੱਮਓ ਡਾ. ਪਰਜੀਤ ਦੀ ਯੋਗ ਰਹਿਨੁਮਾਈ ਹੇਠ, ਸੀਐੱਚਸੀ ਡੇਰਾ ਬਾਬਾ ਨਾਨਕ ਵੱਲੋਂ ਖੁਸ਼ ਮੂੰਹ, ਖੁਸ਼ ਜੀਵਨ ਥੀਮ ਨਾਲ ਵਰਲਡ ਓਰਲ ਹੈਲਥ ਮਹੀਨਾ ਮਨਾਇਆ ਗਿਆ।ਇਸ ਮੌਕੇ ਡਾ. ਸਾਹਿਲ ਮਹਾਜਨ, ਮੈਡੀਕਲ ਅਫਸਰ (ਡੈਂਟਲ) ਵੱਲੋਂ ਇਲਾਕੇ ਦੇ ਸਾਰੇ ਸੀਐੱਚਓਜ਼ ਲਈ ਮੂੰਹ ਦੀ ਸਿਹਤ ਸੰਬੰਧੀ ਜਾਗਰੂਕਤਾ ਲੈਕਚਰ ਦਿੱਤਾ ਗਿਆ।ਇਸ ਲੈਕਚਰ ਵਿੱਚ ਮੂੰਹ ਦੀ ਬਦਬੂ (ਹੈਲਿਟੋਸਿਸ), ਫਲੋਰੋਸਿਸ, ਸਿਹਤਮੰਦ ਖੁਰਾਕ, ਮੂੰਹ ਦੇ ਕੈਂਸਰ ਦੀ ਰੋਕਥਾਮ ਅਤੇ ਸ਼ੁਰੂਆਤੀ ਪਛਾਣ, ਬਜ਼ੁਰਗਾਂ ਦੀ ਮੂੰਹ ਦੀ ਦੇਖਭਾਲ, ਮੂੰਹ ਦੀ ਸਿਹਤ ਅਤੇ ਸਰੀਰਕ ਬਿਮਾਰੀਆਂ ਦੇ ਆਪਸੀ ਸੰਬੰਧ, ਬਨਾਉਟੀ ਦੰਦਾਂ ਦੀਆਂ ਕਿਸਮਾਂ ਅਤੇ ਕੀੜਾ ਲੱਗਣ (ਕੈਰੀਜ਼) ਅਤੇ ਮਸੂੜਿਆਂ ਦੀਆਂ ਬਿਮਾਰੀਆਂ ਦੇ ਵਿਕਾਸ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾ. ਜਤਿੰਦਰ ਸਿੰਘ, ਡਾ. ਪ੍ਰਗਤੀ ਸਿੰਘ, ਡਾ. ਅਭਿਸ਼ੇਕ ਕੁਮਾਰ, ਡਾ. ਇਸ਼ੂ ਗੁਪਤਾ, ਡਾ. ਪ੍ਰਿਯੰਕਾ, ਐਲਵਿਨ, ਬਲਜੀਤ ਜਗੋਤਰਾ, ਮਨਪ੍ਰੀਤ ਕੌਰ, ਰਾਜਵਿੰਦਰ ਕੌਰ, ਰਾਣੋ ਦੇਵੀ ਅਤੇ ਸਤਨਾਮ ਆਦਿ ਹਾਜ਼ਰ ਸਨ।

# ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦਾ ਬੀ. ਕਾਮ. ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ

ਧਾਰੀਵਾਲ (ਮਨਦੀਪ ਵਿੱਕੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਬੀ.ਕਾਮ. ਸਮੈਸਟਰ ਪਹਿਲਾ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਲਈ ਗਈ ਪ੍ਰੀਖਿਆ ਵਿੱਚੋਂ ਵਧੀਆ ਨੰਬਰ ਲੈ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ।ਜ਼ਿਕਰਯੋਗ ਹੈ ਕਿ ਕਾਲਜ ਦਾ ਨਤੀਜਾ ਹਮੇਸ਼ਾ ਸਲਾਹੁਣਯੋਗ ਰਿਹਾ ਹੈ।ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਦੱਸਿਆ ਕਿ ਬੀ.ਕਾਮ. ਸਮੈਸਟਰ ਪਹਿਲਾ ਵਿੱਚੋਂ ਕਾਲਜ ਵਿਦਿਆਰਥਣ ਕਿਰਨਪ੍ਰੀਤ ਕੌਰ ਨੇ 73.6 ਪ੍ਰਤੀਸ਼ਤ ਨੰਬਰ ਲੈ ਕੇ ਕਾਲਜ ਵਿੱਚੋਂ ਪਹਿਲਾ ਸਥਾਨ, ਖੁਸ਼ਪ੍ਰੀਤ ਕੌਰ ਨੇ 72.8 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਦੂਸਰਾ ਅਤੇ ਨੇਹਾ ਤੇ ਨਿਤਿਕਾ ਨੇ 66.4 % ਨੰਬਰ ਲੈ ਕੇ ਕਾਲਜ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ।ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਚੰਗੇ ਨੰਬਰ ਲੈ ਕੇ ਕਾਲਜ ਦਾ ਨਾਮ ਰੌਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਤੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ।ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਜ਼ਿਆਦਾ ਮਿਹਨਤ ਕਰਕੇ ਕਾਲਜ ਦਾ ਨਾਮ ਰੌਸ਼ਨ ਕਰਨ ਦੀ ਗੱਲ ਆਖੀ।ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।



# ਰੂੜੀ ਵਾਲੀ ਜਗ੍ਹਾ ਤੋਂ ਸਾਬਕਾ ਸਰਪੰਚ ਦਾ ਕਬਜ਼ਾ ਛੁਡਾਉਣ ਦੀ ਮੰਗ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਦਫਤਰ ਅੰਮ੍ਰਿਤਸਰ ਵਿਖੇ ਪਿੰਡ ਰਾਮ ਤੀਰਥ ਕਲੇਰ ਦੇ ਮਜ਼ਦੂਰਾਂ ਦੀਆਂ ਰੂੜੀਆਂ ਲਗਾਉਣ ਵਾਲੀ ਜਗ੍ਹਾ ਨੂੰ ਛੁਡਵਾਉਣ ਸਬੰਧੀ ਇੱਕ ਪ੍ਰੈੱਸ ਕਾਨਫਰੰਸ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ, ਕਿਸਾਨ ਆਗੂ ਕਾਮਰੇਡ ਸੁੱਚਾ ਸਿੰਘ ਅਜਨਾਲਾ ਅਤੇ ਸੀਟੂ ਆਗੂ ਚਰਨਜੀਤ ਸਿੰਘ ਮਜੀਠਾ ਦੀ ਅਗਵਾਈ ਹੇਠ ਹੋਈ। ਪ੍ਰੈੱਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪਿੰਡ ਕਲੇਰ ਰਾਮ ਤੀਰਥ ਵਿਖੇ ਮਜ਼ਦੂਰਾਂ ਦੀ ਰੂੜੀਆਂ ਲਾਉਣ ਵਾਲੀ ਜਗ੍ਹਾ ਉਤੇ ਅਕਾਲੀ ਦਲ ਨਾਲ ਸੰਬੰਧਿਤ ਸਾਬਕਾ ਸਰਪੰਚ ਪ੍ਰਤਾਪ ਸਿੰਘ ਕਲੇਰ ਨਾਜ਼ਾਇਜ਼ ਕਬਜ਼ਾ ਕਰਕੇ ਬੈਠਾ ਹੈ, ਜਿਸ ਸਬੰਧ ਵਿੱਚ ਪਿੰਡ ਦੇ ਆਗੂ ਬਾਬਾ ਕੁਲਦੀਪ ਸਿੰਘ ਕਲੇਰ ਅਤੇ ਮੈਂਬਰ ਪੰਚਾਇਤ ਦਰਸ਼ਨ ਸਿੰਘ ਵੱਲੋਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ, ਏਡੀਸੀ, ਡੀਡੀਪੀਓ,ਬੀਡੀਪੀਓ ਆਦਿ ਅਧਿਕਾਰੀਆਂ ਨੂੰ ਦਰਖਾਸਤਾਂ ਦਿੱਤੀਆਂ ਸਨ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਇੱਕ ਦਰਖਾਸਤ ਐੱਸਡੀਐੱਮ ਅਜਨਾਲਾ ਨੂੰ ਮਾਰਕ ਹੋਈ ਸੀ, ਪਰ ਐੱਸਡੀਐੱਮ ਅਜਨਾਲਾ ਨੇ ਮਜ਼ਦੂਰਾਂ ਦੀ ਰੂੜੀਆਂ ਵਾਲੀ ਜਗ੍ਹਾ ਦਾ ਕਬਜ਼ਾ ਛੁਡਵਾਉਣ ਲਈ ਕੋਈ ਕਾਰਵਾਈ ਨਹੀਂ ਕੀਤੀ, ਜਿਸ ਕਰਕੇ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਪ੍ਰੈੱਸ ਕਾਨਫਰੰਸ ਮੌਕੇ ਉਕਤ ਆਗੂਆਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 15 ਅਪ੍ਰੈਲ ਤੱਕ ਪ੍ਰਸ਼ਾਸਨ ਨੇ ਇਹ ਜਗ੍ਹਾ ਨਾ ਛੁਡਵਾਈ ਤਾਂ ਜਥੇਬੰਦੀ ਅਗਲਾ ਸੰਘਰਸ਼ ਕਰਨ ਵਾਸਤੇ ਮਜਬੂਰ ਹੋਵੇਗੀ। ਮੀਟਿੰਗ ਵਿੱਚ ਤਰਸੇਮ ਸਿੰਘ, ਨਿਰਮਲ ਸਿੰਘ, ਪ੍ਰਗਟ ਸਿੰਘ, ਬਲਵਿੰਦਰ ਸਿੰਘ ਲਾਡੀ, ਬਲਵਿੰਦਰ ਸਿੰਘ, ਮਨਦੀਪ ਸਿੰਘ ਮੰਨਾ, ਦਲਬੀਰ ਸਿੰਘ ਬੀਰਾ, ਨਿਸ਼ਾਨ ਸਿੰਘ, ਗੁਰਵਿੰਦਰ ਸਿੰਘ, ਲਵਲੀ, ਮਲਕੀਤ ਸਿੰਘ, ਗੁਰਮੁੱਖ ਸਿੰਘ ਗੋਖਾ, ਜਸਵੰਤ ਸਿੰਘ ਲਾਡੀ, ਸਾਹਿਬਪ੍ਰੀਤ ਸਿੰਘ, ਸਤਪਾਲ ਸਿੰਘ ਬਾਰੀਆ, ਜੋਬਨਜੀਤ ਸਿੰਘ ਬਾਰੀਆ, ਗਗਨਦੀਪ ਸਿੰਘ ਬਾਰੀਆ ਤੇ ਹੋਰ ਬਹੁਤ ਸਾਰੇ ਮਜ਼ਦੂਰ ਵਰਕਰ ਹਾਜ਼ਰ ਸਨ।

# ਦਸਮੇਸ਼ ਕਾਲਜ ਮਹਿਤਾ ਚੌਕ ਦਾ ਬੀ.ਕਾਮ. ਦਾ ਨਤੀਜਾ ਮਾਣਮੱਤਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਬੀ.ਕਾਮ ਭਾਗ ਪਹਿਲਾ ਦੇ ਐਲਾਨੇ ਗਏ ਨਤੀਜੇ ਵਿੱਚ ਦਸਮੇਸ਼ ਕਾਲਜ ਫਾਰ ਵਿਮਨ, ਮਹਿਤਾ ਚੌਂਕ ਦੀਆਂ ਵਿਦਿਆਰਥਣਾਂ ਦਾ ਨਤੀਜਾ ਖੁਸ਼ੀਯੋਗ ਰਿਹਾ। ਸਮੂਹ ਸਟਾਫ ਅਤੇ ਮਾਪਿਆਂ ਦੁਆਰਾ ਇਸ ਸ਼ਾਨਦਾਰ ਨਤੀਜੇ ਲਈ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਅਤੇ ਵਿਦਿਆਰਥਣਾਂ ਦੁਆਰਾ ਭਵਿੱਖ ਵਿੱਚ ਇਸੇ ਤਰ੍ਹਾਂ ਹੀ ਮਿਹਨਤ ਕਰਦੇ ਰਹਿਣ ਦਾ ਪ੍ਰਣ ਕੀਤਾ।ਬੀ.ਕਾਮ ਭਾਗ ਪਹਿਲਾਂ ਦੀਆਂ ਵਿਦਿਆਰਥਣਾਂ ਦਾ ਨਤੀਜਾ ਸੌ ਫੀਸਦੀ ਰਿਹਾ। ਖੁਸ਼ਪ੍ਰੀਤ ਕੌਰ, ਜਸਪ੍ਰੀਤ ਕੌਰ, ਹਰਸਿਮਰਨਜੀਤ ਕੌਰ ਨੇ ਵਧੀਆ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਕ੍ਰਮਵਾਰ ਪਹਿਲਾਂ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ ਗਿਆ।ਇਸ ਤੋਂ ਇਲਾਵਾ ਬਾਕੀ ਵਿਦਿਆਰਥਣਾਂ ਵੱਲੋਂ ਫਸਟ ਡਵੀਜ਼ਨਾਂ ਵਿੱਚ ਅੰਕ ਪ੍ਰਾਪਤ ਕੀਤੇ ਗਏ।ਦਸਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰ ਕੇ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਨੂੰ ਆਉਣ ਵਾਲੇ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰਕੇ ਕਾਮਯਾਬੀ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ।ਵਿਦਿਆਰਥਣਾਂ ਦੀ ਹੌਸਲਾ ਅਫਜ਼ਾਈ ਕਰਦੇ ਸਮੇਂ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਮੈ: ਗੁਰਬੀਰ ਕੌਰ, ਡਾਇਰੈਕਟਰ ਮੈ: ਹਰਪ੍ਰੀਤ ਕੌਰ, ਕੋਆਰਡੀਨੇਟਰ ਮੈ: ਰਵਿੰਦਰ ਕੌਰ ਅਤੇ ਸਮੂਹ ਸਟਾਫ ਅਤੇ ਵਿਦਿਆਰਥਣਾਂ ਹਾਜ਼ਰ ਸਨ।

## ਅਜਨਾਲੇ ਨੂੰ ਪੰਜਾਬ ਦਾ ਵਿਕਾਸ ਪੱਖੋਂ ਮੋਹਰੀ ਹਲਕਾ ਬਣਾਇਆ ਜਾਵੇਗਾ : ਧਾਲੀਵਾਲ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਮੌਜੂਦਾ ਅਜਨਾਲਾ ਦੇ ਵਿਧਾਇਕ ਸਰਦਾਰ ਕੁਲਦੀਪ ਸਿੰਘ ਧਾਲੀਵਾਲ ਨੇ ਪਿੰਡ ਭੋਏਵਾਲੀ ਦੇ ਸਰਪੰਚ ਹਰਦੇਵ ਸਿੰਘ ਦੇ ਗ੍ਰਹਿ ਵਿਖੇ ਇੱਕ ਨੁੱਕੜ ਮੀਟਿੰਗ ਕਰਦਿਆਂ ਹਰਦੇਵ ਸਿੰਘ ਨੂੰ ਪਿੰਡ ਦਾ ਅਤੇ ਇਲਾਕੇ ਦਾ ਵੱਧ ਤੋਂ ਵੱਧ ਵਿਕਾਸ ਅਤੇ ਲੋਕਾਂ ਦੇ ਕੰਮ ਕਰਾਉਣ ਦਾ ਥਾਪੜਾ ਦਿੱਤਾ। ਧਾਲੀਵਾਲ ਨੇ ਆਪਣੇ ਚਾਰ ਸਾਲ ਦਾ ਰਿਪੋਰਟ ਕਾਰਡ ਪੇਸ਼ ਕਰਦਿਆਂ ਕਿਹਾ ਕਿ ਬਹੁਤ ਜਲਦ ਭੈਣਾਂ ਨੂੰ ਸਨਮਾਨ ਰਾਸ਼ੀ ਵੀ ਮਿਲਣੀ ਸ਼ੁਰੂ ਹੋ ਜਾਏਗੀ। ਇਸ ਮੌਕੇ ਸਰਪੰਚ ਹਰਦੇਵ ਸਿੰਘ ਨੇ ਆਈਆਂ ਸੰਗਤਾਂ ਅਤੇ ਮੌਜੂਦਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਰਹਿਨੁਮਾਈ ਹੇਠ ਪਿੰਡ ਭੋਏਵਾਲੀ ਦਾ ਸਕੂਲ ਅਤੇ ਸ਼ਮਸ਼ਾਨਘਾਟ ਦਾ ਨਵੀਨੀਕਰਨ ਹੋਇਆ ਹੈ ਅਤੇ ਪਿੰਡ ਦੀਆਂ ਗਲੀਆਂ ਨਾਲੀਆਂ ਅਤੇ ਰਹਿੰਦੇ ਕਣਕ ਵਾਲੇ ਕਾਰਡ ਵੀ ਬਹੁਤ ਜਲਦੀ ਬਣਾਏ ਜਾਣਗੇ। ਇਸ ਮੌਕੇ ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬੱਬੂ ਚੇਤਨਪੁਰਾ, ਲੰਬੜਦਾਰ ਜਸਵਿੰਦਰ ਸਿੰਘ, ਸਕੱਤਰ ਸਿੰਘ, ਮੈਂਬਰ ਪੰਚਾਇਤ ਗੁਰਪ੍ਰੀਤ ਸਿੰਘ, ਪਰਦੀਪ ਸਿੰਘ, ਮੈਂਬਰ ਮਹਿੰਦਰ ਸਿੰਘ, ਮਨਬੀਰ ਸਿੰਘ ਆਦਿ ਹਾਜ਼ਰ ਸਨ।



# ਮਾਮਲਾ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਹੋਏ ਖ਼ੂਨ-ਖਰਾਬੇ ਦਾ

## * ਦੋਸ਼ੀ ਕਿਸੇ ਵੀ ਕੀਮਤ 'ਤੇ ਬਖਸ਼ੇ ਨਹੀਂ ਜਾਣਗੇ : ਦਲਬੀਰ ਸਿੰਘ



ਬਾਬਾ ਬਕਾਲਾ ਸਾਹਿਬ, ਬਿਆਸ (ਜਸਪਾਲ ਸਿੰਘ, ਪਰਮਜੀਤ ਸਿੰਘ ਰੱਖੜਾ)-ਬੀਤੇ ਦਿਨੀਂ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਇਕ ਧਿਰ ਵੱਲੋਂ ਦੂਸਰੀ ਧਿਰ ਦੇ ਲੋਕਾਂ ਦੀ ਤੇਜ਼ਧਾਰ ਹਥਿਆਰਾਂ ਨਾਲ ਬੁਰੀ ਤਰ੍ਹਾਂ ਵੱਢ-ਟੁੱਕ ਕਰਨ ਦੇ ਮਾਮਲੇ ਤਹਿਤ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਜ਼ਖ਼ਮੀ ਪੀੜਤ ਪਰਿਵਾਰ ਦੇ ਘਰ ਪੁੱਜ ਕੇ ਜਿੱਥੇ ਹਮਦਰਦੀ ਪ੍ਰਗਟ ਕੀਤੀ, ਉਥੇ ਇਸ ਘਟਨਾ ਨੂੰ ਗੁੰਡਾਗਰਦੀ ਦਾ ਨੰਗਾ ਨਾਚ ਦੱਸਿਆ।

ਉਨ੍ਹਾਂ ਕਿਹਾ ਕਿ ਹਲਕੇ ਵਿੱਚ ਗੁੰਡਾਗਰਦੀ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕਰਕੇ ਬਣਦੀ ਸਜ਼ਾ ਦਿੱਤੀ ਜਾਵੇਗੀ। ਵਿਧਾਇਕ ਟੌਂਗ ਨੇ ਅੱਗੇ ਕਿਹਾ ਕਿ ਇਹ ਦੋਸ਼ ਬਿਲਕੁਲ ਬੇਬੁਨਿਆਦ ਹਨ ਕਿ ਦੋਸ਼ੀ ਸਰਪੰਚ ਕੁਲਦੀਪ ਸਿੰਘ ਆਪ ਪਾਰਟੀ ਨਾਲ ਸਬੰਧਿਤ ਹੈ, ਸਾਡਾ ਉਸ ਨਾਲ ਕੋਈ ਸਬੰਧ ਨਹੀਂ ਹੈ।ਇਸ ਮੌਕੇ ਉਨ੍ਹਾਂ ਦੇ ਨਾਲ ਲਖਵਿੰਦਰ ਸਿੰਘ ਚੱਕੀ ਵਾਲੇ, ਸੁਖਵੰਤ ਸਿੰਘ ਸਾਬਕਾ ਮੈਂਬਰ, ਨਿਸ਼ਾਨ ਸਿੰਘ, ਗੁਰਦੇਵ ਸਿੰਘ ਫੌਜੀ, ਬਲਜਿੰਦਰ ਸਿੰਘ, ਅਮਰੀਕ ਸਿੰਘ ਜੱਟ, ਪ੍ਰਗਟ ਸਿੰਘ, ਕੁਲਦੀਪ ਸਿੰਘ ਮਥਰੇਵਾਲ, ਮਨਜੀਤ ਸਿੰਘ ਬਲਾਕ ਪ੍ਰਧਾਨ, ਕਰਮਜੀਤ ਸਿੰਘ ਸਪਰੰਚ ਫੇਰੂਮਾਨ, ਦਲਜੀਤ ਸਿੰਘ ਮੈਂਬਰ, ਬਲਜਿੰਦਰ ਸਿੰਘ, ਹਰਪਾਲ ਸਿੰਘ ਲਖਬੀਰ ਸਿੰਘ ਵਾਟਰ ਸਪਲਾਈ, ਸੁੱਖ ਬਾਬਾ ਬਕਾਲਾ, ਸਰਵਣ ਸਿੰਘ, ਜੋਗਿੰਦਰ ਸਿੰਘ ਸਾਬਕਾ ਮੈਂਬਰ ਆਦਿ ਹਾਜ਼ਰ ਸਨ।

# ਗੈਸ ਸਿਲੰਡਰਾਂ ਦੀ ਹੇਰਾਫੇਰੀ ਦੇ ਦੋਸ਼ ਹੇਠ ਗੋਦਾਮ ਦਾ ਕਰਿੰਦਾ ਨਾਮਜ਼ਦ

## 200 ਤੋਂ ਵੱਧ ਸਿਲੰਡਰ ਗਾਇਬ, ਮੁਲਜ਼ਮ ਸਿਲੰਡਰਾਂ ਸਮੇਤ ਕਾਬੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਥਾਣਾ ਬੁੱਲ੍ਹੋਵਾਲ ਦੇ ਅਧੀਨ ਆਉਂਦੀ ਪੁਲਿਸ ਚੌਕੀ ਨਸਰਾਲਾ ਨੇ ਇੱਕ ਗੈਸ ਸਰਵਿਸ ਦੇ ਗੋਦਾਮ ਵਿੱਚੋਂ ਭਾਰੀ ਮਾਤਰਾ ਵਿੱਚ ਸਿਲੰਡਰ ਚੋਰੀ ਕਰਨ ਤੇ ਹੇਰਾਫੇਰੀ ਕਰਨ ਦੇ ਦੋਸ਼ ਹੇਠ ਇੱਕ ਕਰਿੰਦੇ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਹ ਕਾਰਵਾਈ ਗੋਦਾਮ ਦੇ ਦੇਖ-ਰੇਖ ਕਰਤਾ ਕੰਵਰਦੀਪ ਸਿੰਘ ਪੁੱਤਰ ਚਾਨਣ ਰਾਮ ਵਾਸੀ ਜਲੰਧਰ ਦੇ ਬਿਆਨਾਂ ਦੇ ਅਧਾਰ 'ਤੇ ਕੀਤੀ ਗਈ ਹੈ। ਕੰਵਰਦੀਪ ਸਿੰਘ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ ਪਿੰਡ ਰਾਮ ਨਗਰ ਢੇਹਾ ਵਿਖੇ ਸਥਿਤ ਕੇਡੀ ਗੈਸ ਸਰਵਿਸ ਦੀ ਦੇਖ-ਰੇਖ ਕਰਦਾ ਹੈ, ਜਿਸ ਦਾ ਗੋਦਾਮ ਪਿੰਡ ਤਲਵੰਡੀ ਕਾਨੂੰਗੋ ਵਿਖੇ ਹੈ। ਗੋਦਾਮ ਵਿੱਚ ਪਿੰਡ ਪੰਡੋਰੀ ਰੰਗੂਏ ਦਾ ਰਹਿਣ ਵਾਲਾ ਸੰਜੀਵ ਕੁਮਾਰ ਬਤੌਰ ਵਰਕਰ ਕੰਮ ਕਰਦਾ ਸੀ ਤੇ ਉਸ ਕੋਲ ਹੀ ਗੋਦਾਮ ਦਾ ਸਾਰਾ ਲੇਖਾ-ਜੋਖਾ ਹੁੰਦਾ ਸੀ। ਸ਼ਿਕਾਇਤਕਰਤਾ ਅਨੁਸਾਰ ਫਰਵਰੀ ਮਹੀਨੇ ਵਿੱਚ ਕੰਪਨੀ ਐੱਚ ਪੀ ਸੀ ਐੱਲ ਦੇ ਸੇਲਜ਼ ਅਫਸਰ ਵੱਲੋਂ ਕੀਤੀ ਗਈ ਚੈਕਿੰਗ ਦੌਰਾਨ ਸਟਾਕ ਪੂਰਾ ਪਾਇਆ ਗਿਆ ਸੀ। ਪਰ ਜਦੋਂ ਮਾਰਚ ਮਹੀਨੇ ਵਿੱਚ ਕੰਵਰਦੀਪ ਸਿੰਘ ਨੇ ਸੰਜੀਵ ਕੁਮਾਰ ਨੂੰ ਦੁਬਾਰਾ ਸਟਾਕ ਚੈੱਕ ਕਰਵਾਉਣ ਲਈ ਕਿਹਾ, ਤਾਂ ਉਹ ਟਾਲ-ਮਟੋਲ ਕਰਨ ਲੱਗ ਪਿਆ। ਸ਼ੱਕ ਪੈਣ 'ਤੇ ਜਦੋਂ ਖੁਦ ਗੋਦਾਮ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ ਤਾਂ ਵੱਡੀ ਗਿਣਤੀ ਵਿੱਚ ਸਿਲੰਡਰ ਘੱਟ ਪਾਏ ਗਏ। ਗਿਣਤੀ ਕਰਨ 'ਤੇ ਪਤਾ ਲੱਗਾ ਕਿ ਗੋਦਾਮ ਵਿੱਚੋਂ 14.2 ਕਿੱਲੋ ਵਾਲੇ 87 ਸਿਲੰਡਰ, 5 ਕਿੱਲੋ ਵਾਲੇ: 124 ਸਿਲੰਡਰ ਗਾਇਬ ਸਨ। ਕੰਵਰਦੀਪ ਸਿੰਘ ਨੇ ਦੱਸਿਆ ਕਿ ਜਦੋਂ ਸੰਜੀਵ ਕੁਮਾਰ ਕੋਲੋਂ ਇਸ ਬਾਰੇ ਪੁੱਛਗਿੱਛ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਸ ਨੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦਿੱਤਾ ਤੇ ਕੰਮ 'ਤੇ ਆਉਣਾ ਬੰਦ ਕਰ ਦਿੱਤਾ। ਉਸ ਨੂੰ ਵੱਖ ਵੱਖ ਨੰਬਰਾਂ ਤੋਂ ਫੋਨ ਕਰਨ ਦੇ ਬਾਵਜੂਦ ਵੀ ਉਹ ਟਾਲ ਮਟੋਲ ਕਰਦਾ ਰਿਹਾ ਜਿਸ ਤੋਂ ਤੰਗ ਆ ਕੇ ਉਨ੍ਹਾਂ ਪੁਲਿਸ ਸ਼ਿਕਾਇਤ ਦਰਜ ਕਰਵਾ ਦਿੱਤੀ ਜਿਸ ਉਪਰੰਤ ਪੁਲਿਸ ਨੇ ਕੰਵਰਦੀਪ ਸਿੰਘ ਦੇ ਬਿਆਨਾਂ 'ਤੇ ਸੰਜੀਵ ਕੁਮਾਰ ਮੁਕੱਦਮਾ ਦਰਜ ਕਰਕੇ ਕਥਿਤ ਦੋਸ਼ੀ ਸੰਜੀਵ ਕੁਮਾਰ ਨੂੰ ਕਾਬੂ ਕਰ ਲਿਆ ਹੈ। ਏ ਐੱਸ ਆਈ. ਸਰਬਜੀਤ ਸਿੰਘ ਵੱਲੋਂ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।



# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਜਲੰਧਰ ਨੇ ਜਿੱਤੀ ਓਵਰਆਲ ਟ੍ਰਾਫੀ



**ਜਲੰਧਰ, (ਕਮਲਜੀਤ ਥਾਬਲਕੇ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ ਨੇ ਲਾਇਲਪੁਰ ਖ਼ਾਲਸਾ ਕਾਲਜ ਵਿਖੇ ਆਯੋਜਿਤ ਟੈਕ ਸਿੰਫੋਨਿਕ 2026 ਵਿੱਚ ਓਵਰਆਲ ਟ੍ਰਾਫੀ ਜਿੱਤ ਕੇ ਸ਼ਾਨਦਾਰ ਉਪਲਬੱਧੀ ਹਾਸਲ ਕੀਤੀ ਹੈ ਜਿੱਥੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਕਾਲਜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਬੇਹਤਰੀਨ ਪ੍ਰਦਰਸ਼ਨ ਕਰਦੇ ਹੋਏ ਕਈ ਇਨਾਮ ਆਪਣੇ ਨਾਂਅ ਕੀਤੇ।ਇਸ ਸੰਬੰਧੀ ਜਾਣਕਾਰੀ ਦਿੰਦੇ ਕਾਲਜ ਦੀ ਓ ਐੱਸ ਡੀ ਪ੍ਰੋਫੈਸਰ (ਡਾ.) ਨਵਜੋਤ ਨੇ ਦੱਸਿਆ ਕਿ ਦਿਵਾਂਸ਼ੀ ਨੇ ਸੋਲੋ ਡਾਂਸ 'ਚ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਕੋਮਲ ਅਤੇ ਸਾਨਿਆ ਨੇ ਕੋਲਾਜ ਮੈਕਿੰਗ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ।ਬੈਸਟ ਆਊਟ ਆਫ ਵੇਸਟ ਮੁਕਾਬਲੇ ਵਿੱਚ ਪ੍ਰਿਆ ਤੇ ਰੋਹਿਤ ਨੇ ਪਹਿਲਾ ਸਥਾਨ ਜਿੱਤਿਆ, ਜਦਕਿ ਰਾਘਵਾ ਅਤੇ ਸੁਧਾਂਸ਼ੂ ਨੇ ਸਲਾਦ ਮੈਕਿੰਗ ਵਿੱਚ ਵੀ ਪਹਿਲਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਂਅ ਰੋਸ਼ਨ ਕੀਤਾ।ਇਸ ਤੋਂ ਇਲਾਵਾ, ਦੇਵਾਂਸ਼ੂ ਨੇ ਰੰਗੋਲੀ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਇਹਨਾਂ ਸਭ ਉਪਲਬੱਧੀਆਂ ਦੇ ਸਦਕਾ ਯੂਨੀਵਰਸਿਟੀ ਕਾਲਜ ਨੇ ਓਵਰਆਲ ਟ੍ਰਾਫੀ ਆਪਣੇ ਨਾਂਅ ਕੀਤੀ, ਜੋ ਕਾਲਜ ਲਈ ਗੌਰਵ ਦੀ ਗੱਲ ਹੈ।ਵਿਦਿਆਰਥੀਆਂ ਦੀ ਇਸ ਕਾਮਯਾਬੀ ਨੇ ਨਾ ਸਿਰਫ ਕਾਲਜ ਦਾ ਮਾਣ ਵਧਾਇਆ ਹੈ, ਸਗੋਂ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੀ ਹੈ।ਇਸ ਮੌਕੇ ਡਾ. ਨਵਜੋਤ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਇਹ ਉਪਲਬਧੀ ਵਿਦਿਆਰਥੀਆਂ ਦੀ ਲਗਨ, ਮਿਹਨਤ ਅਤੇ ਕਲਾ ਪ੍ਰਤੀ ਸਮਰਪਣ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਕਾਲਜ ਹਮੇਸ਼ਾਂ ਵਿਦਿਆਰਥੀਆਂ ਨੂੰ ਅਕਾਦਮਿਕ, ਸੱਭਿਆਚਾਰਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਅੱਗੇ ਵੱਧਣ ਲਈ ਉਤਸ਼ਾਹਿਤ ਕਰਦਾ ਰਹੇਗਾ।ਕਾਲਜ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਇਸ ਗੌਰਵਮਈ ਪਲ ਨੂੰ ਖੁਸ਼ੀ ਨਾਲ ਮਨਾਇਆ ਤੇ ਜੇਤੂਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਸੰਤ ਨਿਰੰਜਨ ਦਾਸ ਕਾਂਗਰਸੀ ਆਗੂ ਅਸ਼ਵਨ ਭੱਲਾ ਦੇ ਦਫ਼ਤਰ ਪਹੁੰਚੇ

**ਭੋਗਪੁਰ (ਐੱਸ ਕੇ ਭੋਗਲ)**- ਡੇਰਾ ਬੱਲਾਂ ਦੇ ਸੰਤ ਨਿਰੰਜਨ ਦਾਸ ਨੇ ਭੋਗਪੁਰ ਦਾਣਾ ਮੰਡੀ ਵਿਖੇ ਸੀਨੀਅਰ ਕਾਂਗਰਸੀ ਆਗੂ ਅਸ਼ਵਨ ਭੱਲਾ ਦੇ ਦਫ਼ਤਰ ਵਿਖੇ ਪਹੁੰਚੇ, ਜਿੱਥੇ ਪੂਰੇ ਭੱਲਾ ਪਰਿਵਾਰ ਨੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਅਸ਼ਵਨ ਭੱਲਾ ਨੇ ਆਪਣੀ ਖੁਸ਼ਕਿਸਮਤੀ ਪ੍ਰਗਟ ਕੀਤੀ ਕਿ ਡੇਰਾ ਬੱਲਾਂ ਦੇ ਸੰਤ ਨਿਰੰਜਨ ਦਾਸ ਉਨ੍ਹਾਂ ਦੇ ਦਫ਼ਤਰ ਆਏ ਸਨ ਤੇ ਉਨ੍ਹਾਂ ਦੇ ਪਰਵਾਰ ਨੂੰ ਅਸ਼ੀਰਵਾਦ ਦਿੱਤਾ। ਅਸ਼ਵਨ ਭੱਲਾ ਨੇ ਸੰਤ ਨਿਰੰਜਨ ਦਾਸ ਦਾ ਸ਼ਾਨਦਾਰ ਸਵਾਗਤ ਕੀਤਾ। ਉਨ੍ਹਾਂ ਨੇ ਗੁਰੂ ਰਵਿਦਾਸ ਮਹਾਰਾਜ ਅੱਗੇ ਅਸ਼ਵਨ ਭੱਲਾ ਅਤੇ ਭੱਲਾ ਪਰਿਵਾਰ ਅਤੇ ਸਮੁੱਚੇ ਭਾਈਚਾਰੇ ਦੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ। ਡੇਰਾ ਬੱਲਾਂ ਤੋਂ ਦਵਿੰਦਰ, ਅਸ਼ਵਨ ਭੱਲਾ, ਰਾਜ ਕੁਮਾਰ ਭੱਲਾ, ਅਮਿਤ ਭਾਰਦਵਾਜ, ਸੰਤ ਪ੍ਰਕਾਸ਼, ਹੈਪੀ ਮਾਨਕਰਾਈ, ਪਾਲਾ ਅਰੋੜਾ, ਮਨਜੀਤ ਸਿੰਘ, ਰਸ਼ਪਾਲ ਸਿੰਘ ਤੇ ਸੁਰਿੰਦਰ ਮੁਨੀਮ ਮੌਜੂਦ ਸਨ।



## ਵਿਸ਼ਵ ਸਿਹਤ ਦਿਵਸ ਮਨਾਇਆ

**ਮੁਹਾਲੀ (ਗੁਰਜੀਤ ਬਿੱਲਾ)**- ਵਿਸ਼ਵ ਸਿਹਤ ਦਿਵਸ ਮੌਕੇ ਜ਼ਿਲ੍ਹੇ ਦੀਆਂ ਵੱਖ ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਜਾਗਰੂਕਤਾ ਸਰਗਰਮੀਆਂ ਕੀਤੀਆਂ ਗਈਆਂ ਅਤੇ ਮਰੀਜ਼ਾਂ ਨੂੰ ਵੱਖ ਵੱਖ ਬੀਮਾਰੀਆਂ ਦੇ ਲੱਛਣਾਂ, ਕਾਰਨਾਂ,ਬਚਾਅ ਅਤੇ ਇਲਾਜ ਬਾਰੇ ਦੱਸਿਆ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦਸਿਆ ਕਿ ਹਰ ਸਾਲ 7 ਅਪ੍ਰੈਲ ਨੂੰ ਇਹ ਦਿਨ ਮਨਾਇਆ ਜਾਂਦਾ ਹੈ ਜੋ ਸਾਨੂੰ ਚੰਗੀ ਸਿਹਤ ਦੀ ਅਹਿਮੀਅਤ ਦਾ ਅਹਿਸਾਸ ਕਰਾਉਂਦਾ ਹੈ। ਉਨ੍ਹਾਂ ਕਿਹਾ ਕਿ ਇਹ ਮਹਿਜ਼ ਇਕ ਦਿਨ ਨਹੀਂ ਸਗੋਂ ਮੌਕਾ ਹੈ ਜਦੋਂ ਅਸੀਂ ਅਪਣੇ ਜੀਵਨ ਅਤੇ ਸਮਾਜ ਵਿਚ ਚੰਗੀ ਸਿਹਤ ਨੂੰ ਪਹਿਲ ਦੇ ਸਕਦੇ ਹਾਂ ਅਤੇ ਸਿਹਤਮੰਦ ਤੇ ਖ਼ੁਸ਼ਹਾਲ ਸਮਾਜ ਦੀ ਸਿਰਜਣਾ ਵਿਚ ਅਪਣਾ ਯੋਗਦਾਨ ਪਾ ਸਕਦੇ ਹਾਂ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਲੋਕਾਂ ਦੀ ਚੰਗੀ ਸਿਹਤ ਲਈ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਹਰ ਪੰਜਾਬ ਵਾਸੀ ਦਾ 10 ਲੱਖ ਰੁਪਏ ਦਾ ਮੁਫ਼ਤ ਸਿਹਤ ਬੀਮਾ ਕੀਤਾ ਜਾ ਰਿਹਾ ਹੈ।ਇਹ ਰਕਮ ਵੱਖ-ਵੱਖ ਬੀਮਾਰੀਆਂ ਤੋਂ ਇਲਾਜ ਲਈ ਵਰਤੀ ਜਾ ਸਕਦੀ ਹੈ ਤਾਂ ਕਿ ਵਿਅਕਤੀ ਦੀ ਤੰਦਰੁਸਤੀ ਯਕੀਨੀ ਬਣ ਸਕੇ। ਉਨ੍ਹਾਂ ਲੋਕਾਂ ਨੂੰ ਇਸ ਯੋਜਨਾ ਦਾ ਲਾਭ ਲੈਣ ਦੀ ਅਪੀਲ ਕੀਤੀ।



# ਕਿਸਾਨਾਂ ਤੇ ਮਜ਼ਦੂਰਾ ਵੱਲੋਂ ਧਰਨਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਹਰਬੰਸ ਸਿੰਘ ਸੰਘਾ ਮੈਂਬਰ ਐੱਸ ਕੇ ਐੱਮ ਪੰਜਾਬ ਨੇ ਇੱਕ ਬਿਆਨ ਵਿੱਚ ਦੱਸਿਆ ਕਿ ਐੱਸ ਕੇ ਐੱਮ ਦੀ ਅਗਵਾਈ ਵਿੱਚ ਹੁਸ਼ਿਆਰਪੁਰ ਵਿਖੇ ਕਿਸਾਨਾਂ ਮਜ਼ਦੂਰਾਂ ਤੇ ਹੋਰ ਤਬਕਿਆਂ ਦੇ ਲੋਕਾਂ ਨੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਫਤਰ ਅੱਗੇ ਧਰਨਾ ਦਿੱਤਾ। ਇਹ ਧਰਨਾ ਕਿਸਾਨਾਂ ਦੀਆਂ ਰਹਿੰਦੀਆਂ ਮੰਗਾਂ ਦੇ ਸਬੰਧ ਵਿੱਚ ਸੀ। ਇਸ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਨੇ ਵੀ ਸ਼ਮੂਲੀਅਤ ਕੀਤੀ। ਕਿਸਾਨ ਮੰਗ ਕਰਦੇ ਹਨ ਕਿ ਮੰਗ ਕਰਦੇ ਹਨ ਤੇ ਮੰਗ ਕਰਦੇ ਹਨ ਕਿ ਇਹ ਸਾਰੀਆਂ ਫਸਲਾਂ ਤੇ ਐਮਐਸਪੀ ਸੀ 2+50% ਕੀਮਤ ਦਿਤੀ ਜਾਵੇ। ਕਿਸਾਨਾਂ ਤੇ ਦਿੱਲੀ ਧਰਨੇ ਦੌਰਾਨ ਬਣਾਏ ਕੇਸ ਅਤੇ ਉਹਨਾਂ ਦਾ ਸਮਾਨ ਵਾਪਸ ਕੀਤਾ ਜਾਵੇ ਅਤੇ ਕੇਸ ਵਾਪਸ ਲਏ ਜਾਣ। ਬੀਜ ਬਿੱਲ ਬੀਜ ਤੇ ਬਿਜਲੀ ਬਿੱਲ ਵਾਪਸ ਲਏ ਜਾਣ। ਸਿੱਖਿਆ ਨੀਤੀ 2020 ਵਾਪਸ ਲਈ ਜਾਵੇ ਤੇ ਇਸ ਦੀ ਜਗ੍ਹਾ ਰੁਜ਼ਗਾਰ ਦੇਣ ਵਾਲੀ ਸਿੱਖਿਆ ਨੀਤੀ ਲਾਗੂ ਕੀਤੀ ਜਾਵੇ। ਪਿਛਲੇ ਦਿਨੀ ਬਾਰਿਸ਼ਾਂ ਅਤੇ ਗੜੇਵਾਰੀ ਨਾਲ ਗੜੇਬਾਰੀ ਨਾਲ ਹੋਏ ਫਸਲਾਂ ਦੇ ਨੁਕਸਾਨ ਦੀ ਭਰਪਾਈ ਸਰਕਾਰ ਦੁਆਰਾ ਕੀਤੀ ਜਾਵੇ। ਯੂਰੀਆ ਦੀ ਭਰਤੀ 45 ਕਿਲੋ ਦੀ ਜਗ੍ਹਾ 50 ਕਿਲੋ ਕੀਤੀ ਜਾਵੇ।ਪਹਿਲਾਂ ਦੀ ਤਰ੍ਹਾਂ ਖਾਦਾਂ ਦੀ ਸਬਸਿਡੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਉਣ ਦੀ ਬਜਾਏ ਪਹਿਲਾਂ ਦੀ ਤਰ੍ਹਾਂ ਫੈਕਟਰੀਆਂ ਜਾਂ ਤਿਆਰ ਕਰਨ ਵਾਲੇ ਤਿਆਰ ਕਰਨ ਵਾਲੀ ਸੰਸਥਾਵਾਂ ਨੂੰ ਦਿੱਤੀ ਜਾਵੇ ਤੇ ਕਿਸਾਨਾਂ ਤੋਂ ਉਹੀ ਰੇਟ ਲਏ ਜਾਣ ਜੋ ਸਬਸਿਡੀ ਤੋਂ ਬਾਅਦ ਬਣਦੇ ਹਨ.। ਖਨੌਰੀ ਅਤੇ ਖਨੌਰੀ ਅਤੇ ਸ਼ੰਭੂ ਬਾਰਡਰ ਤੇ ਕਿਸਾਨਾਂ ਦੇ ਚੋਰੀ ਹੋਏ ਸਮਾਨ ਤੇ ਟਰਾਲੀਆਂ ਦੀ ਭਰਭਾਈ ਕੀਤੀ ਜਾਵੇ। ਇਸ ਧਰਨੇ ਵਿੱਚ ਬਲਵਿੰਦਰ ਸਿੰਘ ਗਿੱਲ, ਭੁਪਿੰਦਰ ਸਿੰਘ ਭੁੰਗਾ, ਮਲਕੀਤ ਸਿੰਘ, ਹਰਬੰਸ ਸਿੰਘ ਸੰਘਾ, ਗੁਰਜਪਾਲ ਸਿੰਘ, ਗੁਰਮੇਸ਼ ਸਿੰਘ, ਤਲਵਿੰਦਰ ਸਿੰਘ ਉਗਰਾਹਾਂ, ਕਾਮਰੇਡ ਗੰਗਾ ਪ੍ਰਸ਼ਾਦ, ਗੁਰਨਾਮ ਸਿੰਘ ਚੱਕ ਰਾਜੂ, ਚਰਨਜੀਤ ਸਿੰਘ ਭਿੰਡ ਤੇ ਹਰਮੇਸ਼ ਸਿੰਘ ਢੇਸੀ ਨੇ ਧਰਨੇ ਵਿੱਚ ਹਾਜ਼ਰ ਲੋਕਾਂ ਅੱਗੇ ਆਪਣੇ ਵਿਚਾਰ ਰੱਖੇ। ਇਸ ਧਰਨੇ ਦੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸ਼ੇਰ ਜੰਗ ਬਹਾਦਰ ਸਿੰਘ ਨੇ ਨਿਭਾਈ ਤੇ ਅੰਤ ਵਿੱਚ ਸ਼ਿੰਗਾਰਾ ਸਿੰਘ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਨੇ ਸਾਰੇ ਆਏ ਹੋਏ ਕਿਸਾਨਾਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ। ਧਰਨੇ ਤੋਂ ਬਾਅਦ ਡੀ ਸੀ ਦੇ ਜੀ ਜੀ ਏ ਨੂੰ ਮੰਗ ਪੱਤਰ ਦਿੱਤਾ ।



# ਬਿਆਸ ਦਰਿਆ ਕੰਢੇ ਅਗੇਤੀ ਚਿਤਾਵਨੀ ਸਿਸਟਮ ਸਥਾਪਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕਿਸੇ ਵੀ ਹੰਗਾਮੀ ਸਥਿਤੀ 'ਚ ਡੈਮ ਤੋਂ ਬਿਆਸ ਦਰਿਆ ਵਿਚ ਵਾਧੂ ਪਾਣੀ ਛੱਡਣ ਦੀ ਜਾਣਕਾਰੀ ਲੋਕਾਂ ਨੂੰ ਤੁਰੰਤ ਮਿਲੇਗੀ। ਇਸ ਦੇ ਲਈ ਭਾਖੜਾ ਬਿਆਸ ਪ੍ਰਬੰਧਕ ਬੋਰਡ ਨੇ ਬਿਆਸ ਦਰਿਆ ਕਿਨਾਰੇ 'ਤੇ ਅਗੇਤੀ ਚਿਤਾਵਨੀ ਪ੍ਰਣਾਲੀ ਸਥਾਪਿਤ ਕੀਤੀ ਹੈ ਜਿਸ ਦਾ ਵਰਚੁਅਲ ਉਦਘਾਟਨ ਬੋਰਡ ਦੇ ਚੇਅਰਮੈਨ ਇੰਜ ਮਨੋਜ ਤ੍ਰਿਪਾਠੀ ਵੱਲੋਂ ਕੀਤਾ ਗਿਆ। ਇਸ ਤਹਿਤ 6 ਅਗੇਤੀ ਚਿਤਾਵਨੀ ਸਿਸਟਮ ਲਗਾਏ ਹਨ। ਬਿਆਸ ਡੈਮ ਦੇ ਚੀਫ਼ ਇੰਜ ਰਾਕੇਸ਼ ਗੁਪਤਾ ਨੇ ਦਸਿਆ ਕਿ ਪਹਿਲਾਂ ਹੰਗਾਮੀ ਸਥਿਤੀ 'ਚ ਪੌਂਗ ਡੈਮ ਤੋਂ ਵਾਧੂ ਪਾਣੀ ਛੱਡੇ ਜਾਣ ਦੀ ਸੂਰਤ 'ਚ ਬੋਰਡ ਦੀਆਂ ਟੀਮਾਂ ਤੇ ਸਥਾਨਕ ਪ੍ਰਸ਼ਾਸਨ ਵੱਲੋਂ ਪਿੰਡ ਪਿੰਡ ਜਾ ਕੇ ਲਾਉਡ ਸਪੀਕਰਾਂ ਰਾਹੀਂ ਲੋਕਾਂ ਸੁਚੇਤ ਕੀਤਾ ਜਾਂਦਾ ਸੀ। ਇਨ੍ਹਾਂ 6 ਪਬਲਿਕ ਐਡਰੇਸ ਸਿਸਟਮ ਦੇ ਸਥਾਪਿਤ ਹੋਣ ਨਾਲ ਲੋਕਾਂ ਤੱਕ ਸੂਚਨਾ ਪਹੁੰਚਾਉਣੀ ਅਸਾਨ ਹੋ ਗਈ ਹੈ।

ਚੀਫ਼ ਇੰਜ ਰਾਕੇਸ਼ ਗੁਪਤਾ ਨੇ ਦਸਿਆ ਕਿ ਸ਼ਾਹ ਨਹਿਰ ਬੈਰਾਜ (52 ਗੇਟ) ਤੋਂ ਮਿਰਥਲ ਤੱਕ ਕਰੀਬ 50 ਕਿਲੋਮੀਟਰ ਦੀ ਦੂਰੀ ਦਰਮਿਆਨ ਇਹ ਸਿਸਟਮ ਸਥਾਪਿਤ ਕੀਤੇ ਗਏ ਹਨ। ਇਹ ਚਿਤਾਵਨੀ ਸਿਸਟਮ ਆਬਾਦੀ ਦੇ ਨੇੜੇ ਲਗਾਏ ਗਏ ਹਨ। ਚੀਫ਼ ਇੰਜ ਰਾਕੇਸ਼ ਗੁਪਤਾ ਨੇ ਆਪਣੀ ਟੀਮ ਨਾਲ ਇਨ੍ਹਾਂ ਚਿਤਾਵਨੀ ਸਿਸਟਮ ਦਾ ਸਾਈਟ 'ਤੇ ਜਾ ਕੇ ਨਿਰੀਖਣ ਕੀਤਾ। ਹੋਰਨਾਂ ਤੋਂ ਇਲਾਵਾ ਇਸ ਮੌਕੇ ਨਿਗਰਾਨ ਇੰਜ ਮਨਵੀਨ ਚੌਧਰੀ, ਕਾਰਜਕਾਰੀ ਇੰਜ ਵਿਨੈ ਕੁਮਾਰ, ਐੱਸ ਡੀ ਓ ਪਰਮਿੰਦਰ ਸਿੰਘ ਆਦਿ ਹਾਜ਼ਰ ਸਨ।



## ਖ਼ੂਨਦਾਨ ਕੈਂਪ 12 ਨੂੰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਡਾ. ਬੀ.ਆਰ. ਅੰਬੇਡਕਰ ਬਲੱਡ ਆਰਗੇਨਾਈਜੇਸ਼ਨ ਫਗਵਾੜਾ ਤੇ ਅੰਬੇਡਕਰ ਸੈਨਾ ਪੰਜਾਬ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਨੂੰ ਸਮਰਪਿਤ ਵਿਸ਼ਾਲ ਖ਼ੂਨਦਾਨ ਕੈਂਪ 12 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਿਰ ਚੱਕ ਹਕੀਮ, ਫਗਵਾੜਾ ਵਿਖੇ ਆਯੋਜਿਤ ਕੀਤਾ ਜਾਵੇਗਾ। ਵਧੇਰੇ ਜਾਣਕਾਰੀ ਦਿੰਦਿਆਂ ਅੰਬੇਡਕਰ ਸੈਨਾ ਪੰਜਾਬ ਦੇ ਪ੍ਰਧਾਨ ਸੁਰਿੰਦਰ ਢੰਡਾ ਤੇ ਡਾ. ਬੀ.ਆਰ. ਅੰਬੇਡਕਰ ਬਲੱਡ ਆਰਗਨਾਈਜੇਸ਼ਨ ਦੇ ਪ੍ਰਧਾਨ ਪਰਮਿੰਦਰ ਬੋਧ ਨੇ ਦੱਸਿਆ ਕਿ ਕੈਂਪ ਵਿੱਚ ਹਿੱਸਾ ਲੈਣ ਵਾਲੇ ਹਰ ਖ਼ੂਨਦਾਨੀ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਇਸ ਕੈਂਪ ਦੌਰਾਨ ਸੰਤ ਸਮਾਜ, ਸਿਆਸੀ ਆਗੂ, ਬੁੱਧੀਜੀਵੀ ਵਰਗ ਅਤੇ ਸਮਾਜ ਸੇਵਕ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਉਹਨਾਂ ਨੇ ਖੇਤਰ ਦੇ ਸਮੂਹ ਨੌਜਵਾਨਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਇਸ ਕੈਂਪ ਵਿੱਚ ਵੱਧ ਤੋਂ ਵੱਧ ਯੂਨਿਟ ਖ਼ੂਨਦਾਨ ਕਰਕੇ ਬਾਬਾ ਸਾਹਿਬ ਡਾ. ਅੰਬੇਡਕਰ ਨੂੰ ਨਿੱਘੀ ਸ਼ਰਧਾਂਜਲੀ ਭੇਂਟ ਕਰਦਿਆਂ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ ਜਾਵੇ।

## ਬਾਬਾ ਬਾਲਕ ਨਾਥ ਦੀ ਚੌਂਕੀ 12 ਨੂੰ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਤੇ ਬ੍ਰਹਮਲੀਨ ਮਹੰਤ ਰਵਿੰਦਰਾ ਗਿਰੀ ਦੀ ਅਪਾਰ ਕਿਰਪਾ ਅਤੇ ਪ੍ਰੇਰਣਾ ਸਦਕਾ ਨਾਲ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਦੇ ਅਸ਼ੀਰਵਾਦ ਨਾਲ ਤੇ ਮਹੰਤ ਜੈ ਰਾਮ ਗਿਰੀ ਮਹਾਰਾਜ ਦੀ ਅਗਵਾਈ ਹੇਠ 12 ਅਪ੍ਰੈਲ ਨੂੰ ਸ਼ਾਮ 7:30 ਵਜੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਵਿੱਚ ਚੇਤ ਮਹੀਨੇ ਦੇ ਮੇਲੇ ਦੀ ਖੁਸ਼ੀ ਵਿੱਚ ਤੀਸਰੀ ਚੌਂਕੀ ਸਿੱਧ ਸ੍ਰੀ ਬਾਬਾ ਬਾਲਕ ਨਾਥ ਦੀ ਬੜੀ ਸ਼ਰਧਾ ਭਾਵਨਾ ਨਾਲ ਤੇ ਧੂਮ-ਧਾਮ ਕਰਵਾਈ ਜਾ ਰਹੀ ਹੈ। ਇਸ ਮੌਕੇ ਵਿਸ਼ੇਸ਼ ਸਹਿਯੋਗ ਵਿਨੋਦ ਗੋਇਲ (ਨੀਟਾ) ਗੋਇਲ ਗਿਫ਼ਟ ਸੈਂਟਰ ਵੱਲੋਂ ਕੀਤਾ ਜਾ ਰਿਹਾ ਹੈ।ਭਜਨ ਗਾਇਕ ਮਹਿੰਦਰ ਪਾਲ ਬੰਗੜ ਤੇ ਸੁਰਪ੍ਰੀਤ ਸਾਗਰ ਵੱਲੋਂ ਬਾਬਾ ਜੀ ਦੇ ਭਜਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਉਪਰੰਤਲੰਗਰ ਅਟੁੱਟ ਵਰਤੇਗਾ।



# ਪੰਚਾਇਤ ਨੂੰ ਖੇਡਾਂ ਦੇ ਸਮਾਨ ਲਈ ਦਿੱਤਾ ਡੇਢ ਲੱਖ ਦਾ ਚੈੱਕ

**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਤੇ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ ਸਤਨਾਮ ਜਲਾਲਪੁਰ ਨੇ ਹਲਕਾ ਨਵਾਂ ਸ਼ਹਿਰ ਦੇ ਪਿੰਡ ਜਲਵਾਹਾ ਦੀ ਗ੍ਰਾਮ ਪੰਚਾਇਤ ਨੂੰ ਆਪਣੇ ਅਖਤਿਆਰੀ ਕੋਟੇ ਵਿੱਚੋਂ 1.50 ਲੱਖ ਰੁਪਏ ਦੀ ਗਰਾਂਟ ਜਾਰੀ ਕੀਤੀ। ਇਹ ਗਰਾਂਟ ਪਿੰਡ ਵਾਸੀਆਂ ਤੇ ਨੌਜਵਾਨਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਖੇਡਾਂ ਦਾ ਸਮਾਨ ਅਤੇ ਜਿਮ ਦੀ ਖਰੀਦ ਲਈ ਦਿੱਤੀ ਗਈ ਹੈ। ?ਇਸ ਮੌਕੇ ਉਨ੍ਹਾਂ ਨਾਲ ਸਤਨਾਮ ਸਿੰਘ ਜਲਵਾਹਾ ਅਤੇ ਕੁਲਵੰਤ ਸਿੰਘ ਰਕਾਸਣ ਜ਼ਿਲ੍ਹਾ ਇੰਚਾਰਜ ਸੋਸ਼ਲ ਮੀਡੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਚੇਅਰਮੈਨ ਜਲਾਲਪੁਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਹੈ ਤਾਂ ਜੋ ਉਹ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰਹਿ ਕੇ ਸਿਹਤਮੰਦ ਸਮਾਜ ਦੀ ਸਿਰਜਣਾ ਕਰ ਸਕਣ। ਉਨ੍ਹਾਂ ਭਰੋਸਾ ਦਿੱਤਾ ਕਿ ਪਿੰਡਾਂ ਦੇ ਵਿਕਾਸ ਅਤੇ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਗਰਾਂਟ ਦਾ ਚੈੱਕ ਪ੍ਰਾਪਤ ਕਰਨ ਸਮੇਂ ਪਿੰਡ ਦੀ ਸਰਪੰਚ ਸੰਤੋਖ ਕੌਰ ਸਮੇਤ ਪੰਚ ਨਿਰਮਲ ਸਿੰਘ, ਸਨੀ ਕੁਮਾਰ, ਮਨਜਿੰਦਰ ਕੌਰ, ਮਨਜੀਤ ਕੌਰ ਅਤੇ ਹੰਸ ਰਾਜ ਹਾਜ਼ਰ ਸਨ। ਇਸ ਤੋਂ ਇਲਾਵਾ ਨੰਬਰਦਾਰ ਮੇਜ਼ਰ ਸਿੰਘ, ਮਹਿੰਦਰ ਪਾਲ ਸਿੰਘ ਜਲਵਾਹਾ, ਸੁਰਿੰਦਰ ਪਾਲ ਠੇਕੇਦਾਰ ਅਤੇ ਦਸ਼ਮੇਸ਼ ਸਪੋਰਟਸ ਕਲੱਬ ਦੇ ਮੈਂਬਰਾਂ ਨੇ ਇਸ ਸਹਿਯੋਗ ਲਈ ਚੇਅਰਮੈਨ ਦਾ ਧੰਨਵਾਦ ਕੀਤਾ।



## ਡਾ. ਅੰਬੇਡਕਰ ਦੇ ਬੁੱਤ ਦੀ ਸਥਾਪਨਾ 11 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਦੇ ਮੌਕੇ ਨੂੰ ਸਮਰਪਿਤ ਉਹਨਾਂ ਦੇ ਬੁੱਤ ਦੀ ਸਥਾਪਨਾ 11 ਅਪ੍ਰੈਲ ਦਿਨ ਸ਼ਨੀਵਾਰ ਨੂੰ ਭਗਵਾਨ ਵਾਲਮੀਕ ਮੰਦਰ ਹੁਸ਼ਿਆਰਪੁਰ ਰੋਡ ਮਾਹਿਲਪੁਰ ਵਿਖੇ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਗਵਾਨ ਸ੍ਰੀ ਵਾਲਮੀਕ ਮੰਦਰ ਸਭਾ ਰਜਿਸਟਰ ਨੰਬਰ 195 ਦੇ ਪ੍ਰਧਾਨ ਬਲਵਿੰਦਰ ਮਰਵਾਹਾ ਐੱਮਸੀ, ਸੀਮਾ ਰਾਣੀ ਬੋਧ ਪ੍ਰਧਾਨ ਮਾਤਾ ਰਾਮਾ ਬਾਈ ਜਾਗਰਤੀ ਵੈਲਫੇਅਰ ਸੋਸਾਇਟੀ ਮਾਹਿਲਪੁਰ ਤੇ ਜਨਰਲ ਸੈਕਟਰੀ ਜਗਤਾਰ ਸਿੰਘ ਸਾਬਕਾ ਐੱਸ ਡੀ ਓ ਬਿਜਲੀ ਬੋਰਡ ਨੇ ਸਾਂਝੇ ਤੌਰ ਤੇ ਦੱਸਿਆ ਕਿ ਇਸ ਮੌਕੇ 11 ਅਪ੍ਰੈਲ ਨੂੰ ਸਭ ਤੋਂ ਪਹਿਲਾਂ ਦੁਪਹਿਰ 1 ਵਜੇ ਬੀ ਡੀ ਓ ਕਾਲੋਨੀ ਵਾਰਡ ਨੰਬਰ 11- 12 ਮਾਹਿਲਪੁਰ ਤੋਂ ਵਿਸ਼ਾਲ ਸ਼ੋਭਾ ਯਾਤਰਾ ਆਰੰਭ ਹੋਵੇਗੀ। ਇਹ ਸ਼ੋਭਾ ਯਾਤਰਾ ਮਾਹਿਲਪੁਰ ਸ਼ਹਿਰ ਵਿੱਚ ਦੀ ਗੁਜਰਦੀ ਹੋਈ ਭਗਵਾਨ ਵਾਲਮੀਕ ਮੰਦਰ ਮਾਹਿਲਪੁਰ ਪਹੁੰਚੇਗੀ ਤੇ ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਸਥਾਪਨਾ ਕੀਤੀ ਜਾਵੇਗੀ। ਇਸ ਮੌਕੇ ਅੰਬੇਡਕਰ ਸੈਨਾ ਪੰਜਾਬ ਦੇ ਜਨਰਲ ਸਕੱਤਰ ਕੁਲਵੰਤ ਭੂੰਨੋ ਅਤੇ ਉਹਨਾਂ ਦੇ ਸਹਿਯੋਗੀਆਂ ਵੱਲੋਂ ਲੰਗਰ ਦੀ ਸੇਵਾ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਇਸ ਸ਼ੋਭਾ ਯਾਤਰਾ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਨਗਰ ਪੰਚਾਇਤ ਮਾਹਿਲਪੁਰ ਦੇ ਪ੍ਰਧਾਨ ਤੇ ਐੱਮ ਸੀ ਵੀ ਇਸ ਮੌਕੇ ਆਪਣੀ ਹਾਜ਼ਰੀ ਲਗਵਾਉਣਗੇ।

# ਪੈਨਸ਼ਨਰਾਂ ਤੇ ਮੁਲਾਜ਼ਮਾਂ ਦੇ ਬਕਾਏ ਤੁਰੰਤ ਦਿੱਤੇ ਜਾਣ

**ਬੰਗਾ (ਅਵਤਾਰ ਕਲੇਰ)**- ਰਿਟਾਇਰਡ ਸੀਨੀਅਰ ਰੇਡਿਓਗ੍ਰਾਫਰਜ਼ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੀ ਇੱਕ ਜ਼ਰੂਰੀ ਮੀਟਿੰਗ ਖਰੜ ਵਿਖੇ ਗੋਪਾਲ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੇ ਸ਼ੁਰੂਆਤ ਵਿੱਚ ਪਿਛਲੇ ਸਮੇਂ ਵਿੱਚ ਸਦੀਵੀ ਵਿਛੋੜਾ ਦੇ ਗਏ ਸੂਬਾਈ ਮੈਂਬਰ ਦਰਸ਼ਨ ਸਿੰਘ ਭੱਟੀ ਅਤੇ ਦਰਸ਼ਨ ਸਿੰਘ ਉੱਪਲ ਨੂੰ ਮੌਨ ਰਹਿ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਉਪਰੰਤ ਐਸੋਸੀਏਸ਼ਨ ਦੇ ਸੰਵਿਧਾਨ ਦੀ ਲੋੜ 'ਤੇ ਚਰਚਾ ਕੀਤੀ ਗਈ ਤਾਂ ਜੋ ਐਸੋਸੀਏਸ਼ਨ ਦੇ ਕੰਮਕਾਜ ਨੂੰ ਹੋਰ ਵੀ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਜਾ ਸਕੇ। ਸਾਰੇ ਮੈਂਬਰਾਂ ਵਲੋਂ ਸਹਿਮਤੀ ਦਿੱਤੀ ਗਈ ਅਤੇ ਆਪਣੇ ਸੁਝਾਅ ਵੀ ਦਿੱਤੇ ਗਏ। ਪਿਛਲੇ ਸਮੇਂ ਫਗਵਾੜਾ ਵਿਖੇ ਮਨਾਏ ਗਏ, ਸੰਸਾਰ ਰੇਡਿਓਗ੍ਰਾਫੀ ਦਿਵਸ ਦੇ ਸਮਾਗਮ 'ਤੇ ਪੂਰਨ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ ਤੇ ਕੁਝ ਨਵੇਂ ਸੁਝਾਅ ਵੀ ਨੋਟ ਕੀਤੇ ਗਏ। ਮੀਟਿੰਗ ਵਿੱਚ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਲਾਗੂ ਕਰਨ ਦੀ ਅਪੀਲ ਕੀਤੀ ਗਈ। ਇੱਕ ਹੋਰ ਮਤੇ ਰਾਹੀਂ ਪੰਜਾਬ ਦੇ ਨਰਸਿੰਗ ਸਟਾਫ਼ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਈ ਚਲ ਰਹੇ ਸੰਘਰਸ਼ ਦੀ ਹਮਾਇਤ ਕੀਤੀ ਅਤੇ ਸਰਕਾਰ ਨੂੰ ਨਰਸਿੰਗ ਸਟਾਫ਼ ਦੀਆਂ ਜਥੇਬੰਦੀਆਂ ਨਾਲ ਗੱਲਬਾਤ ਕਰਦਿਆਂ ਜਾਇਜ਼ ਤੇ ਹੱਕੀ ਮੰਗਾਂ ਮੰਨਣ ਦੀ ਅਪੀਲ ਕੀਤੀ। ਮੀਟਿੰਗ ਦੌਰਾਨ 8 ਨਵੰਬਰ ਨੂੰ ਸੰਸਾਰ ਰੇਡਿਓਗ੍ਰਾਫੀ ਦਿਵਸ ਮਨਾਉਣ ਲਈ ਨਵੇਂ ਸਥਾਨ ਦੀ ਚੋਣ ਕਰਨ ਲਈ ਇੱਕ ਕਮੇਟੀ ਦਾ ਗਠਨ ਕੀਤਾ ਗਿਆ। ਜਿਸ ਵਿੱਚ ਗੁਰਵਿੰਦਰ ਸਿੰਘ ਭੁੱਲਰ, ਹਰੀ ਬਿਲਾਸ, ਚੰਦਰ ਪ੍ਰਕਾਸ਼ ਗਰਗ ਅਤੇ ਜਗਦੀਸ਼ ਸਿੰਘ ਢਿੱਲੋਂ ਸ਼ਾਮਲ ਹੋਣਗੇ।ਇਸ ਮੀਟਿੰਗ ਵਿੱਚ ਗੁਰਵਿੰਦਰ ਸਿੰਘ ਭੁੱਲਰ, ਗੋਪਾਲ ਸਿੰਘ ਸੰਧੂ, ਹਰੀ ਬਿਲਾਸ, ਪ੍ਰੇਮਜੀਤ ਸਿੰਘ ਕੈਸ਼ੀਅਰ,ਚੰਦਰ ਪ੍ਰਕਾਸ਼ ਗਰਗ,ਬਲੀ ਮੁਹੰਮਦ ਮਲੇਰਕੋਟਲਾ ਅਤੇ ਜਗਦੀਸ਼ ਸਿੰਘ ਢਿੱਲੋਂ ਹਾਜ਼ਰ ਸਨ।



# ਆਲ ਇੰਡੀਆ ਬੈਂਕ ਰਿਟਾਇਰਜ਼ ਫੈਡਰੇਸ਼ਨ ਵੱਲੋਂ ਧਰਨਾ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਆਲ ਇੰਡੀਆ ਰੀਟਾਇਰਜ ਫੈਡਰੇਸ਼ਨ ਦੇ ਸੱਦੇ 'ਤੇ ਜ਼ਿਲ੍ਹੇ ਦੇ ਬੈਂਕ ਰਿਟਾਇਰਜ਼ ਫੈਡਰੇਸ਼ਨ ਦੇ ਮੈਂਬਰਾਂ ਨੇ ਆਪਣੀਆਂ ਹੱਕੀ ਮੰਗਾਂ ਦੇ ਸਬੰਧ ਵਿੱਚ ਕੇਂਦਰ ਸਰਕਾਰ ਵਿਰੁੱਧ ਰੋਸ ਧਰਨਾ ਦਿੱਤਾ। ਕੁੱਲ ਹਿੰਦ ਜਥੇਬੰਦਕ ਸਕੱਤਰ ਅਤੇ ਸੂਬਾਈ ਜਨਰਲ ਸਕੱਤਰ ਦਵਿੰਦਰ ਸਿੰਘ ਜਟਾਣਾ ਨੇ ਸੰਬੋਧਨ ਕਰਦਿਆ ਕਿਹਾ ਕਿ ਬੈਂਕ ਪੈਨਸ਼ਨਰ ਪਿਛਲੇ ਢਾਈ ਦਹਾਕਿਆਂ ਤੋਂ ਪੈਨਸ਼ਨ ਵਿੱਚ ਵਾਧੇ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ ਪਰ ਕੇਂਦਰ ਸਰਕਾਰ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੀ, ਜਿਸ ਕਾਰਨ ਉਹ ਧਰਨੇ ਲਗਾਉਣ ਲਈ ਮਜਬੂਰ ਹੋ ਰਹੇ ਹਨ। ਜਟਾਣਾ ਨੇ ਕਿਹਾ ਕਿ ਸੰਨ 1994 ਤੋਂ ਬਾਅਦ ਬੈਂਕ ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਹਰ ਚਾਰ ਸਾਲ ਬਾਅਦ ਵਾਧਾ ਹੋ ਜਾਂਦਾ ਹੈ ਪਰ ਪਿਛਲੇ ਢਾਈ ਦਹਾਕਿਆ ਵਿੱਚ ਇਕ ਵਾਰ ਵੀ ਪੈਨਸ਼ਨ ਵਿੱਚ ਵਾਧਾ ਨਹੀਂ ਹੋਇਆ, ਜਿਸ ਤੇ ਯੂਨੀਅਨ ਕੇਂਦਰ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਦੂਜੀ ਤੀਜੀ ਵਾਰ ਧਰਨੇ, ਸੂਬਾਈ ਧਰਨੇ, ਸੰਸਦ ਮੈਂਬਰਾਂ ਤੇ ਮੰਤਰੀਆਂ ਨੂੰ ਪੈਨਸ਼ਨ ਦੇ ਵਾਧੇ ਸਬੰਧੀ ਮੰਗ ਪੱਤਰ ਦੇ ਚੁੱਕੇ ਹਨ ਪਰ ਇਸ ਪਾਸੇ ਕੋਈ ਵੀ ਧਿਆਨ ਨਹੀਂ ਦਿੱਤਾ ਗਿਆ। ਜਟਾਣਾ ਨੇ ਕਿਹਾ ਕਿ ਫੈਡਰੇਸ਼ਨ ਦੀ ਮੰਗ ਹੈ ਕਿ ਸਰਕਾਰ ਪੈਨਸ਼ਨਰ ਐਸੋਸੀਏਸ਼ਨ ਨਾਲ ਸਿੱਧੀ ਗੱਲ ਕਰਕੇ ਉਕਤ ਮਸਲਾ ਹੱਲ ਕਰੇ, ਨਹੀਂ ਤਾਂ ਧਰਨੇ ਲੱਗਦੇ ਰਹਿਣਗੇ। ਇਸ ਮੌਕੇ ਰਕੇਸ਼ ਅਗਰਵਾਲ, ਰਵੀ ਜੈਨ, ਤਰਲੋਚਨ ਸਿੰਘ, ਰਾਧੇ ਸ਼ਿਆਮ, ਰਣਜੀਤ ਸਿੰਘ ਗਿੱਲ ਤੇ ਸੁਖਦੇਵ ਸਿੰਘ ਸੁਰਤਾਪੁਰੀ ਨੇ ਕਿਹਾ ਕਿ ਹੈਲਥ ਬੀਮਾ ਸਕੀਮ ਤੇ ਜੀ ਐੱਸ ਟੀ ਖ਼ਤਮ ਕੀਤੀ ਜਾਵੇ।



# ਕਾਂਗਰਸ ਨੇ ਗਮਾਡਾ ਦੀਆਂ ਧੱਕੇਸ਼ਾਹੀਆਂ ਵਿਰੁੱਧ ਲਗਾਇਆ ਧਰਨਾ



**ਮੋਹਾਲੀ (ਗੁਰਜੀਤ ਬਿੱਲਾ)**- ਸੀਨੀਅਰ ਕਾਂਗਰਸੀ ਆਗੂ ਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਅਗਵਾਈ ਹੇਠ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ, ਕਾਂਗਰਸੀ ਵਰਕਰਾਂ ਤੇ ਕਿਸਾਨਾਂ ਵੱਲੋਂ ਗਮਾਡਾ ਦੁਆਰਾ ਜ਼ਮੀਨ ਐਕੁਆਇਰ ਕਰਨ ਦੇ ਵਿਰੋਧ ਵਿੱਚ ਯੂ ਡੀ ਏ ਭਵਨ, ਮੋਹਾਲੀ ਦੇ ਬਾਹਰ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨਾਂ ਤੇ ਸਥਾਨਕ ਵਸਨੀਕਾਂ ਨੇ ਸ਼ਮੂਲੀਅਤ ਕਰਕੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਹੱਕਾਂ ਦੀ ਰੱਖਿਆ ਕਰਨ ਦੀ ਬਜਾਏ ਜ਼ਮੀਨਾਂ ਹਥਿਆਉਣ ਤੇ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਵਿੱਚ ਲੱਗੀ ਹੋਈ ਹੈ।ਬਾਜਵਾ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਸਰਕਾਰ ਨੇ ਤੁਰੰਤ ਆਪਣੇ ਫੈਸਲੇ ਵਾਪਸ ਨਾ ਲਏ ਤਾਂ ਕਾਂਗਰਸ ਪਾਰਟੀ ਸੜਕ ਤੋਂ ਲੈ ਕੇ ਵਿਧਾਨ ਸਭਾ ਤੱਕ ਵੱਡਾ ਅੰਦੋਲਨ ਕਰੇਗੀ।

# ਅਕਾਦਮਿਕ ਐਵਾਰਡ ਸਮਾਰੋਹ ਕਰਵਾਇਆ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਗਲੋਬਲ ਸਕੂਲ ਵੱਲੋਂ ਅਕਾਦਮਿਕ ਐਕਸੀਲੈਂਸ ਐਵਾਰਡ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਦੀ ਕਠਿਨ ਮਿਹਨਤ, ਸਮਰਪਣ, ਅਨੁਸ਼ਾਸਨ ਅਤੇ ਸ਼ਾਨਦਾਰ ਪ੍ਰਾਪਤੀਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਏ ਜੀ ਆਈ ਇੰਫਰਾ ਲਿਮਿਟਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਤੇ ਸਕੂਲ ਦੀ ਡਾਇਰੈਕਟਰ ਹਰਲੀਨ ਮੋਹੰਤੀ ਨੇ ਆਪਣੀ ਹਾਜ਼ਰੀ ਨਾਲ ਸਮਾਰੋਹ ਨੂੰ ਸੁਸ਼ੋਭਤ ਕੀਤਾ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਵਿਦਿਆਰਥੀਆਂ ਨੂੰ ਟੀਚਾ ਨਿਰਧਾਰਤ ਕਰਕੇ ਮਿਹਨਤ ਕਰਨ ਦੀ ਪ੍ਰੇਰਣਾ ਦਿੱਤੀ। ਸਮਾਰੋਹ ਦੌਰਾਨ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਨਾਲ ਨਵਾਜਿਆ ਗਿਆ। ਇਸ ਤੋਂ ਇਲਾਵਾ ਵੱਖ-ਵੱਖ ਵਿਸ਼ੇਸ਼ ਸ਼੍ਰੇਣੀਆਂ ਜਿਵੇਂ ਕਿ ਮੋਸਟ ਡਿਸ਼ਪਲਿਨਡ ਚਾਇਲਡ, 100 ਪ੍ਰਤੀਸ਼ਤ ਹਾਜ਼ਰੀ, ਬੈਸਟ ਯੂਨੀਫਾਰਮ ਅਤੇ ਆਲ ਰਾਊਂਡਰ ਵਿੱਚ ਵੀ ਇਨਾਮ ਦਿੱਤੇ ਗਏ। ਇਨ੍ਹਾਂ ਇਨਾਮਾਂ ਰਾਹੀਂ ਨਾ ਸਿਰਫ ਅਕਾਦਮਿਕ ਸਫਲਤਾ ਸਗੋਂ ਵਿਦਿਆਰਥੀਆਂ ਦੇ ਚਰਿਤਰ, ਅਨੁਸ਼ਾਸਨ, ਵਿਅਕਤਿਤਵ ਵਿਕਾਸ ਅਤੇ ਨਿਭਾਉ ਨੂੰ ਵੀ ਸਨਮਾਨਤ ਕੀਤਾ ਗਿਆ।ਇੱਕ ਪ੍ਰੇਰਨਾਦਾਇਕ ਪਹਲ ਦੇ ਤਹਿਤ 95 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸੁਖਦੇਵ ਸਿੰਘ ਵੱਲੋਂ ?5000 ਦੀ ਨਕਦ ਇਨਾਮੀ ਰਕਮ ਦਿੱਤੀ ਗਈ। ਇਸ ਉਤਸ਼ਾਹ ਨੂੰ ਹੋਰ ਮਜ਼ਬੂਤ ਬਣਾਉਂਦੇ ਹੋਏ ਉਨ੍ਹਾਂ ਨੇ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਏ ਜੀ ਆਈ ਕੰਪਨੀ ਦੇ ਸ਼ੇਅਰ ਦੇਣ ਦਾ ਐਲਾਨ ਵੀ ਕੀਤਾ, ਜੋ ਉਨ੍ਹਾਂ ਦੇ ਚਮਕਦਾਰ ਭਵਿੱਖ ਵਿੱਚ ਇੱਕ ਦੂਰਦਰਸ਼ੀ ਨਿਵੇਸ਼ ਦਾ ਪ੍ਰਤੀਕ ਹੈ।




# ਜਲਾਲਪੁਰ ਨੇ ਵਿਕਾਸ ਕਾਰਜਾਂ ਲਈ ਦਿੱਤਾ 2 ਲੱਖ ਦਾ ਚੈੱਕ

**ਬਲਾਚੌਰ (ਜਸਵਿੰਦਰ ਬੈਂਸ)**- ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਨੇ ਵੱਖ-ਵੱਖ ਸਮਾਗਮਾਂ ਵਿੱਚ ਸ਼ਿਰਕਤ ਕਰਦਿਆਂ ਇਲਾਕੇ ਦੇ ਵਿਕਾਸ ਲਈ ਗਰਾਂਟਾਂ ਦੇ ਗੱਫੇ ਵੰਡੇ। ਸਤਨਾਮ ਜਲਾਲਪੁਰ ਨੇ ਜਿੱਥੇ 30ਵੇਂ ਭਗਵਤੀ ਜਾਗਰਨ ਕਾਠਗੜ੍ਹ ਵੇਖੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ, ਉੱਥੇ ਹੀ ਮੌਕੇ 'ਤੇ ਕਾਠਗੜ੍ਹ ਪੰਚਾਇਤ ਦੇ ਵਿਕਾਸ ਲਈ 2 ਲੱਖ ਰੁਪਏ ਦੀ ਗਰਾਂਟ ਦੇਣ ਦਾ ਐਲਾਨ ਕੀਤਾ। ਇਸ ਦੇ ਨਾਲ ਹੀ ਚੇਅਰਮੈਨ ਜਲਾਲਪੁਰ ਨੇ ਗ੍ਰਾਮ ਪੰਚਾਇਤ ਕਾਠਗੜ੍ਹ ਨੂੰ ਸ਼ਮਸ਼ਾਨਘਾਟ ਦੇ ਨਵੀਨੀਕਰਨ ਤੇ ਸਹੂਲਤਾਂ ਲਈ 2 ਲੱਖ ਰੁਪਏ ਦੀ ਗਰਾਂਟ ਜਾਰੀ ਕੀਤੀ। ਉਨ੍ਹਾਂ ਇਹ ਐਲਾਨ ਸਨਾਤਨ ਧਰਮ ਸਭਾ ਕਾਠਗੜ੍ਹ ਦੇ ਮੁਖੀ ਸਵਰਗੀ ਸੁਭਾਸ਼ ਸ਼ਰਮਾ ਦੇ ਨਮਿਤ ਕਰਵਾਏ ਗਏ ਭੋਗ ਸਮਾਗਮ ਦੌਰਾਨ ਕੀਤਾ। ਇੱਕ ਧਾਰਮਿਕ ਇਕੱਠ ਦੌਰਾਨ ਚੇਅਰਮੈਨ ਨੇ ਸਰਪੰਚ ਰਿਸ਼ੂ ਬਾਲਾ ਅਤੇ ਸਾਈਂ ਕਾਲੇ ਸ਼ਾਹ ਦੀ ਹਾਜ਼ਰੀ ਵਿੱਚ ਇਹ ਚੈੱਕ ਭੇਟ ਕੀਤਾ।ਗਰਾਂਟ ਜਾਰੀ ਕਰਨ ਸਮੇਂ ਸਰਪੰਚ ਰਿਸ਼ੂ ਬਾਲਾ ਨੇ ਚੇਅਰਮੈਨ ਦਾ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਸਰਪੰਚ ਸੁਭਾਸ਼ ਆਨੰਦ, ਸਾਈਂ ਕਾਲੇ ਸ਼ਾਹ,ਕੈਲਾਸ਼ ਸ਼ਰਮਾ, ਬਲਵਿੰਦਰ ਕੁਮਾਰ ਬਿੱਟੂ, ਅਨਿਲ ਸ਼ਰਮਾ ਪੰਚ, ਰਾਜ ਕੁਮਾਰ ਆਨੰਦ, ਰਾਮ ਕੁਮਾਰ ਸ਼ਰਮਾ, ਪ੍ਰੀਤਮ ਚੰਦ, ਵਿਸ਼ਾਲ ਆਨੰਦ, ਰਾਕੇਸ਼ ਭਾਟੀਆ, ਜਤਿੰਦਰ ਮਿੰਟੂ, ਰਵੀ ਕੁਮਾਰ ਅਤੇ ਨੀਰਜ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



## ਹਾਕੀ ਚੈਂਪੀਅਨਸ਼ਿਪ 10 ਨੂੰ

**ਜਲੰਧਰ (ਸੁਰਿੰਦਰ ਕੁਮਾਰ)**- ਫੌਜ ਦੀ ਵਜਰਾ ਕੋਰ 10 ਅਪ੍ਰੈਲ ਤੱਕ ਵਾਜਰਾ ਐਸਟ੍ਰੋਟਰਫ ਹਾਕੀ ਸਟੇਡੀਅਮ ਜਲੰਧਰ ਛਾਉਣੀ ਵਿਖੇ ਵੱਕਾਰੀ ਇੰਟਰ ਫਾਰਮੇਸ਼ਨ ਹਾਕੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰਨ ਲਈ ਤਿਆਰ ਹੈ। ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਫਾਰਮੇਸ਼ਨਾਂ ਵਿਚਕਾਰ ਮੁਕਾਬਲੇ ਵਾਲੇ ਮੈਚ ਹੋਣਗੇ, ਜੋ ਸੈਨਿਕਾਂ ਦੀ ਖੇਡ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨਗੇ। ਚੈਂਪੀਅਨਸ਼ਿਪ ਦੀ ਸ਼ਾਨ ਨੂੰ ਵਧਾਉਣ ਲਈ, ਕਈ ਪ੍ਰਸਿੱਧ ਹਸਤੀਆਂ ਅਤੇ ਪ੍ਰਸਿੱਧ ਓਲੰਪਿਕ ਹਾਕੀ ਖਿਡਾਰੀ ਵੀ ਹਿੱਸਾ ਲੈਣਗੇ। ਇਹ ਟੂਰਨਾਮੈਂਟ ਰੋਮਾਂਚਕ ਮੈਚਾਂ ਦਾ ਵਾਅਦਾ ਕਰਦਾ ਹੈ ਜੋ ਦ੍ਰਿੜਤਾ, ਦੋਸਤੀ ਅਤੇ ਰਾਸ਼ਟਰੀ ਮਾਣ ਦੇ ਮੁੱਲਾਂ ਨੂੰ ਦਰਸਾਉਂਦਾ ਹੈ।

ਸਮੇਂ-ਸਮੇਂ 'ਤੇ ਆਯੋਜਿਤ ਕੀਤੀਆਂ ਜਾਣ ਵਾਲੀਆਂ ਅਜਿਹੀਆਂ ਚੈਂਪੀਅਨਸ਼ਿਪਾਂ ਹਥਿਆਰਬੰਦ ਸੈਨਾਵਾਂ ਦੇ ਅੰਦਰ ਸਰੀਰਕ ਤੰਦਰੁਸਤੀ ਨੂੰ ਬਿਹਤਰ ਬਣਾਉਣ, ਵੱਖ-ਵੱਖ ਫਾਰਮੇਸ਼ਨਾਂ ਵਿੱਚ ਤਾਲਮੇਲ ਵਧਾਉਣ ਅਤੇ ਲੜਾਈ ਦੀ ਭਾਵਨਾ ਨੂੰ ਵਿਕਸਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

## ਜਨਮ ਦਿਨ ਮੁਬਾਰਕ



ਕਾਰਤਿਕ ਕਪਿਲਾ
ਦੋਰਾਹਾ



ਪੰਸ਼ੁਲ ਜਿੰਦਲ
ਸੁਨਾਮ

# ਅੱਖਾਂ ਦਾ ਫ੍ਰੀ ਚੈੱਕਅੱਪ ਕੈਂਪ ਲਗਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਲਾਇਨਜ਼ ਕਲੱਬ ਆਦਮਪੁਰ ਤੇ ਲਾਇਨਜ਼ ਆਈ ਹਸਪਤਾਲ ਸੋਸਾਇਟੀ ਆਦਮਪੁਰ ਵੱਲੋਂ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ.ਅਜਨੋਹਾ ਤੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ 5 ਵਾਂ ਅੱਖਾਂ ਦਾ ਫ੍ਰੀ ਚੈੱਕਅੱਪ ਕੈਂਪ ਸਿੰਘ ਸਭਾ ਗੁਰਦੁਆਰਾ ਸਾਹਿਬ ਪਿੰਡ ਟੋਡਰਪੁਰ ਵਿਖੇ ਲਗਾਇਆ ਗਿਆ ਸੀ। ਪਿੰਡ ਟੋਡਰਪੁਰ ਤੋਂ 55 ਮਰੀਜ਼ਾਂ ਨੂੰ ਅੱਖਾਂ ਦੇ ਆਪਰੇਸ਼ਨ ਲਈ ਲਾਇਨਜ਼ ਆਈ ਹਸਪਤਾਲ ਆਦਮਪੁਰ ਵਿਖੇ ਲਜਾਇਆ ਗਿਆ । ਇਸ ਮੌਕੇ ਹਾਜ਼ਰ ਗੁਰੂ ਘਰ ਵਜ਼ੀਰ ਭਾਈ ਸਰਵਣ ਸਿੰਘ ਜੀ, ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਰਸ਼ਪਾਲ ਸਿੰਘ ਖਾਲਸਾ ਟੋਡਰਪੁਰ, ਪ੍ਰਧਾਨ ਬਲਵੀਰ ਸਿੰਘ, ਬਲਜੀਤ ਸਿੰਘ ਬਿੱਲਾ ਅਜਨੋਹਾ, ਜਤਿੰਦਰ ਸਿੰਘ ਰਾਣਾ ਖਾਲਸਾ ਮੁੱਖਲਿਆਣਾ, ਅਰਸ਼ਦੀਪ ਸਿੰਘ, ਮਨਜੀਤ ਕੌਰ, ਤੇਜਿੰਦਰ ਕੌਰ,ਸਰਨਜੀਤ ਕੌਰ, ਏਕਮ ਸਿੰਘ, ਨਿਮਰਤਾ ਕੌਰ, ਜਪਨੂਰ ਸਿੰਘ, ਗੁਰਪ੍ਰੀਤ ਸਿੰਘ, ਕੁਲਜਿੰਦਰ ਕੌਰ, ਜਸਪ੍ਰੀਤ ਕੌਰ ਪਰਮਜੀਤ ਕੌਰ, ਕੁਲਵਿੰਦਰ ਕੌਰ, ਬਲਜੀਤ ਕੌਰ, ਬਲਵੀਰ ਸਿੰਘ , ਗੁਰਦੇਵ ਸਿੰਘ, ਬਤਨਵੀਰ ਸਿੰਘ, ਜਸਵੰਤ ਕੌਰ, ਇੰਦਰਜੀਤ ਕੌਰ, ਬਲਵੀਰ ਕੌਰ, ਮਨਜੀਤ ਕੌਰ ਗੁਰਲੀਨ ਕੌਰ , ਸ਼ਰਨਦੀਪ ਕੌਰ , ਹਰਸ਼ਦੀਪ ਸਿੰਘ, ਧਰਮਪਾਲ ਸਿੰਘ ,ਦਿਲਬਾਗ ਸਿੰਘ ਕਮਲਾ ਦੇਵੀ, ਰਸ਼ਪਾਲ ਕੌਰ, ਜਸਪਾਲ ਕੌਰ, ਕੁਲਵੰਤ ਕੌਰ, ਜੀਤ ਰਾਮ , ਸੁਰਿੰਦਰ ਕੌਰ ,ਰਾਮ ਪਿਆਰੀ, ਵਰਿੰਦਰ ਕੁਮਾਰ,ਹਰਜੀਤ ਸਿੰਘ ਆਦਿ ਹਾਜ਼ਰ ਸਨ।



# ਇਨੋਸੈਂਟ ਹਾਰਟਸ ਕਾਲਜ ਆਫ ਐਜੂਕੇਸ਼ਨ ਦੇ ਸ਼ਾਨਦਾਰ ਨਤੀਜੇ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਦੇ ਵਿਦਿਆਰਥੀ-ਅਧਿਆਪਕਾਂ ਨੇ ਜੀ ਐਨ ਡੀ ਯੂ ਬੀ.ਐੱਡ ਸਮੈਸਟਰ-1 ਦੀ ਪ੍ਰੀਖਿਆ (ਦਸੰਬਰ-2025) ਦੇ ਨਤੀਜਿਆਂ ਵਿੱਚ 93 ਪ੍ਰਤੀਸ਼ਤ ਫਸਟ ਡਵੀਜ਼ਨ ਪ੍ਰਾਪਤ ਕਰਕੇ ਪ੍ਰਸ਼ੰਸਾ ਪ੍ਰਾਪਤ ਕੀਤੀ। ਕਾਲਜ ਨੇ ਹਮੇਸ਼ਾ ਗੁਣਾਤਮਕ ਸਿੱਖਿਆ ਪ੍ਰਦਾਨ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਹੈ ਜੋ ਵਿਦਿਆਰਥੀਆਂ ਦੀ ਅਕਾਦਮਿਕ ਕਾਰਗੁਜ਼ਾਰੀ ਤੋਂ ਸਪਸ਼ਟ ਤੌਰ 'ਤੇ ਝਲਕਦਾ ਹੈ, ਜਿੱਥੇ 47 ਪ੍ਰਤੀਸ਼ਤ ਵਿਦਿਆਰਥੀ-ਅਧਿਆਪਕਾਂ ਨੇ 7.00 ਐਸ ਜੀ ਪੀ ਏ (ਸਮੈਸਟਰ ਗ੍ਰੇਡ ਪੁਆਇੰਟ ਔਸਤ) ਤੋਂ ਵੱਧ ਪ੍ਰਾਪਤ ਕੀਤਾ ਹੈ।ਸੁਮਨ 8.10 ਐਸ ਜੀ ਪੀ ਏ ਨਾਲ ਕਾਲਜ ਵਿੱਚੋਂ ਪਹਿਲੇ, ਰਾਧਿਕਾ ਸ਼ਰਮਾ 7.90 ਐਸ ਜੀ ਪੀ ਏ ਨਾਲ ਦੂਜੇ ਅਤੇ ਆਸ਼ੂ ਜੈਨ 7.70 ਐਸ ਜੀ ਪੀ ਏ ਨਾਲ ਕਾਲਜ ਵਿੱਚੋਂ ਤੀਜੇ ਸਥਾਨ 'ਤੇ ਰਹੀ। ਸੁਮਨ, ਰਾਧਿਕਾ ਸ਼ਰਮਾ, ਆਸ਼ੂ ਜੈਨ ਨੇ ਮਾਪਿਆਂ ਅਤੇ ਅਧਿਆਪਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮਾਣਮੱਤੇ ਮੌਕੇ ਕਾਰਜਕਾਰੀ ਡਾਇਰੈਕਟਰ (ਕਾਲਜ) ਅਰਾਧਨਾ ਬੌਰੀ ਨੇ ਸਾਰੇ ਪ੍ਰਾਪਤੀਆਂ ਕਰਨ ਵਾਲਿਆਂ ਨੂੰ ਤਹਿ ਦਿਲੋਂ ਵਧਾਈ ਦਿੱਤੀ ਅਤੇ ਫੈਕਲਟੀ ਦੇ ਸਮਰਪਣ ਦੀ ਸ਼ਲਾਘਾ ਕੀਤੀ।ਪ੍ਰਿੰਸੀਪਲ ਡਾ: ਅਰਜਿੰਦਰ ਸਿੰਘ ਨੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਹੋਰ ਵੀ ਇੱਛਾ ਸ਼ਕਤੀ ਅਤੇ ਦ੍ਰਿੜ੍ਹ ਇਰਾਦੇ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ । ਮੈਨੇਜਮੈਂਟ ਦੇ ਮੈਂਬਰਾਂ, ਪ੍ਰਿੰਸੀਪਲ ਅਤੇ ਫੈਕਲਟੀ ਮੈਂਬਰਾਂ ਨੇ ਵਿਦਿਆਰਥੀ-ਅਧਿਆਪਕਾਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਵਧਾਈ ਦਿੱਤੀ।ਸਾਰੇ ਵਿਦਿਆਰਥੀ-ਅਧਿਆਪਕਾਂ ਨੇ ਨਿੱਜੀ ਧਿਆਨ ਦੇਣ ਅਤੇ ਉਨ੍ਹਾਂ ਵਿੱਚ ਸਕਾਰਾਤਮਕਤਾ ਪੈਦਾ ਕਰਨ ਲਈ ਆਪਣੇ ਸਲਾਹਕਾਰਾਂ ਦਾ ਧੰਨਵਾਦ ਕੀਤਾ।



# ਡਿਜੀਟਲ ਮਾਰਕੀਟਿੰਗ ਤੇ ਏ ਆਈ ਆਟੋਮੇਸ਼ਨ 'ਤੇ ਗੈਸਟ ਲੈਕਚਰ

**ਮੁਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ ਮੈਨੇਜਮੈਂਟ ਸਟਡੀਜ਼ (ਯੂ ਐੱਸ ਐੱਮ ਐੱਸ) ਵੱਲੋਂ ਡਿਜੀਟਲ ਮਾਰਕੀਟਿੰਗ ਤੇ ਆਧੁਨਿਕ ਕਾਰੋਬਾਰਾਂ ਲਈ ਏਆਈ ਆਟੋਮੇਸ਼ਨ ਵਿਸ਼ੇ 'ਤੇ ਇੱਕ ਪ੍ਰਭਾਵਸ਼ਾਲੀ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਧੁਨਿਕ ਕਾਰੋਬਾਰੀ ਤਰੀਕਿਆਂ ਅਤੇ ਨਵੀਂ ਤਕਨੀਕੀ ਰੁਝਾਨਾਂ ਬਾਰੇ ਜਾਣੂ ਕਰਵਾਉਣਾ ਸੀ।ਕਾਰਜਕ੍ਰਮ ਦੀ ਸ਼ੁਰੂਆਤ ਡਾ. ਸੁਨੈਨਾ ਖੁਰਾਨਾ ਡੀਨ ਯੂ ਐੱਸ ਐੱਮ ਐੱਸ ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ। ਉਨ੍ਹਾਂ ਨੇ ਅਕਾਦਮਿਕ ਅਤੇ ਉਦਯੋਗਿਕ ਖੇਤਰਾਂ ਵਿਚਕਾਰ ਸਾਂਝ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਏ ਆਈ ਆਧਾਰਿਤ ਮਾਰਕੀਟਿੰਗ ਅੱਜ ਦੇ ਸਮੇਂ ਦੀ ਲੋੜ ਬਣ ਚੁੱਕੀ ਹੈ ਅਤੇ ਵਿਦਿਆਰਥੀਆਂ ਨੂੰ ਨਵੀਂ ਤਕਨਾਲੋਜੀ ਨਾਲ ਅਪਡੇਟ ਰਹਿਣਾ ਚਾਹੀਦਾ ਹੈ।ਇਸ ਮੌਕੇ ਵਿਭਾਗ ਮੁਖੀ ਡਾ. ਅੰਸ਼ੂ ਗੌਬਾ ਨੇ ਵੀ ਸੰਬੋਧਨ ਕਰਦੇ ਹੋਏ ਵਿਦਿਆਰਥੀਆਂ ਨੂੰ ਅਜਿਹੇ ਗਿਆਨਵਰਧਕ ਸੈਸ਼ਨਾਂ ਵਿੱਚ ਸਰਗਰਮ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਪ੍ਰਬੰਧਨ ਸਿੱਖਿਆ ਵਿੱਚ ਡਿਜੀਟਲ ਪਰਿਵਰਤਨ ਦੀ ਅਹਿਮ ਭੂਮਿਕਾ ਨੂੰ ਰੋਸ਼ਨ ਕੀਤਾ।ਲੈਕਚਰ ਦੀ ਪ੍ਰਸਤੁਤੀ ਕਿੰਗਸਲੈਂਡ ਡਿਜੀਟਲ ਦੀ ਸੀਈਓ ਅਤੇ ਸੰਸਥਾਪਕ ਸ਼੍ਰੀਮਤੀ ਜੋਤੀ ਮਲਹੋਤਰਾ ਵੱਲੋਂ ਆਪਣੇ ਉਦਯੋਗ ਮਾਹਿਰਾਂ ਦੀ ਟੀਮ ਸਮੇਤ ਕੀਤੀ ਗਈ।




## ਵਰ੍ਹੇਗੰਢ ਮੁਬਾਰਕ



ਮਨਜੀਤ ਰਾਜ ਤੇ ਸਤਿੰਦਰ ਕੌਰ ਵਾਸੀ ਬਟਾਲਾ ਨੇ ਆਪਣੇ ਵਿਆਹ ਦੀ 26ਵੀਂ ਵਰ੍ਹੇਗੰਢ ਮਨਾਈ।



ਪਰਵਿੰਦਰ ਸਿੰਘ ਅਤੇ ਸਰਬਜੀਤ ਕੌਰ ਨੇ ਆਪਣੇ ਵਿਆਹ ਦੀ 26ਵੀਂ ਵਰ੍ਹੇਗੰਢ ਮਨਾਈ।